ਸੋਮਵਾਰ, 17 ਫਰਵਰੀ, 2025
6 ਫੱਗਣ { ਨਾਨਕਸ਼ਾਹੀ 556 / ਬਿਕਰਮੀ 2081 }
ਜਿਲਦ/VOL. : 73
ਅੰਕ/NO. : 258

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 17 FEBRUARY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਹੱਥਕੜੀਆਂ ਲਾ ਕੇ ਤੇ ਦਸਤਾਰਾਂ ਲੁਹਾ ਕੇ ਲਿਆਂਦਾ

ਅੰਮ੍ਰਿਤਸਰ : ਅਮਰੀਕਾ ਵਿੱਚ ਗੈਰਕਾਨੂੰਨੀ ਢੰਗ ਨਾਲ ਰਹਿੰਦੇ ਪ੍ਰਵਾਸੀਆਂ ਨੂੰ ਦੇਸ਼ ਵਿੱਚੋਂ ਬਾਹਰ ਕੱਢਣ ਦੀ ਮੁਹਿੰਮ ਤਹਿਤ ਸਨਿੱਚਰਵਾਰ ਰਾਤ ਅੰਮ੍ਰਿਤਸਰ ਦੇ ਹਵਾਈ ਅੱਡੇ 'ਤੇ ਪੁੱਜੇ ਭਾਰਤੀਆਂ ਨੂੰ ਮੁੜ ਹੱਥਕੜੀਆਂ ਲਾ ਕੇ ਅਤੇ ਸਿੱਖ ਵਿਅਕਤੀਆਂ ਨੂੰ ਦਸਤਾਰਾਂ ਉਤਰਵਾ ਕੇ ਅਮਰੀਕੀ ਜਹਾਜ਼ ਵਿੱਚ ਲਿਆਂਦਾ ਗਿਆ। ਅੰਮ੍ਰਿਤਸਰ ਦੇ ਹਵਾਈ ਅੱਡੇ 'ਤੇ ਪੁੱਜਣ ਉਪਰੰਤ ਜਦੋਂ ਇਨ੍ਹਾਂ ਵਿਅਕਤੀਆਂ ਦੀ ਇਮੀਗ੍ਰੇਸ਼ਨ ਅਤੇ ਹੋਰ ਦਸਤਾਵੇਜ਼ ਸੰਬੰਧੀ ਜਾਂਚ ਚੱਲ ਰਹੀ ਸੀ ਤਾਂ ਇਨ੍ਹਾਂ ਵਿੱਚੋਂ ਕਈ ਵਿਅਕਤੀਆਂ ਨੂੰ ਹਵਾਈ ਅੱਡੇ ਦੇ ਅੰਦਰ ਨੰਗੇ ਸਿਰ ਦੇਖਿਆ ਗਿਆ। ਇਨ੍ਹਾਂ ਨੂੰ ਹਵਾਈ ਅੱਡੇ ਦੇ ਅੰਦਰ ਫਰਸ਼ 'ਤੇ ਇੱਕ ਥਾਂ ਬਿਠਾਇਆ ਹੋਇਆ ਸੀ ਅਤੇ ਪੁੱਛਗਿੱਛ ਕੀਤੀ ਜਾ ਰਹੀ ਸੀ।

ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਇਨ੍ਹਾਂ ਨੌਜਵਾਨਾਂ ਨਾਲ ਜਦੋਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਹਰਭਜਨ ਸਿੰਘ ਨੇ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਹੱਥਕੜੀਆਂ ਲਾ ਕੇ ਲਿਆਂਦਾ ਗਿਆ ਹੈ। ਇੱਥੇ ਪੁੱਜਣ ਤੋਂ ਕੁਝ ਸਮਾਂ ਪਹਿਲਾਂ ਉਨ੍ਹਾਂ ਦੇ ਹੱਥ-ਪੈਰ ਖੋਲ੍ਹ ਦਿੱਤੇ ਗਏ ਸਨ, ਪਰ ਸਿਰ ਢਕਣ ਲਈ ਕੋਈ ਪਟਕਾ ਜਾਂ ਪਰਨਾ ਨਹੀਂ ਦਿੱਤਾ ਗਿਆ। ਉਨ੍ਹਾਂ ਨੂੰ ਪਰਨਾ ਜਾਂ ਪਟਕਾ ਇੱਥੇ ਹਵਾਈ ਅੱਡੇ 'ਤੇ ਪੁੱਜਣ ਮਗਰੋਂ ਹੀ ਉਪਲੱਬਧ ਕਰਵਾਇਆ ਗਿਆ ਹੈ।

ਵਾਪਸ ਪਰਤੇ ਇਨ੍ਹਾਂ ਵਿਅਕਤੀਆਂ ਵਿੱਚੋਂ ਕਈਆਂ ਨੇ ਖੁਲਾਸਾ ਕੀਤਾ ਹੈ ਕਿ ਉਹ ਡੰਕੀ ਰੂਟ ਰਾਹੀਂ ਜਦੋਂ ਅਮਰੀਕਾ ਵਿੱਚ ਦਾਖਲ ਹੋਏ ਤਾਂ ਉਨ੍ਹਾਂ ਨੂੰ ਕਾਬੂ ਕਰ ਲਿਆ ਗਿਆ ਅਤੇ ਕਈ ਦਿਨ ਕੈਂਪ ਵਿੱਚ ਰੱਖਿਆ ਗਿਆ, ਜਿੱਥੇ ਉਨ੍ਹਾਂ ਦੇ ਹੱਥ ਬੰਨ੍ਹ ਕੇ ਰੱਖੇ ਗਏ ਅਤੇ ਉਨ੍ਹਾਂ ਵਿੱਚੋਂ ਕਈਆਂ ਨੇ ਪਿਛਲੇ ਕਈ ਦਿਨਾਂ ਤੋਂ ਕੱਪੜੇ ਵੀ ਨਹੀਂ ਬਦਲੇ ਸਨ। ਇਨ੍ਹਾਂ ਵਿਅਕਤੀਆਂ ਨੇ ਜਾਣਕਾਰੀ ਦਿੱਤੀ ਕਿ ਕੈਂਪਾਂ ਵਿੱਚ ਸਰੀਰਕ ਤਸ਼ੱਦਦ ਵੀ ਕੀਤਾ ਗਿਆ ਹੈ। ਇਨ੍ਹਾਂ ਭਾਰਤੀ ਵਿਅਕਤੀਆਂ ਨੂੰ ਲੈ ਕੇ ਆਇਆ ਹਵਾਈ ਜਹਾਜ਼ ਰਾਤ ਲਗਭਗ 11:35 ਵਜੇ ਹਵਾਈ ਅੱਡੇ 'ਤੇ ਉਤਰਿਆ ਸੀ ਅਤੇ ਲਗਭਗ ਪੰਜ ਘੰਟੇ ਦੀ ਪੁੱਛਗਿੱਛ ਅਤੇ ਜਾਂਚ ਤੋਂ ਬਾਅਦ ਇਨ੍ਹਾਂ ਨੂੰ ਪੁਲਸ ਦੇ ਨਾਲ ਇਨ੍ਹਾਂ ਦੇ ਘਰਾਂ ਨੂੰ ਭੇਜਿਆ ਗਿਆ।



ਜਦੋਂ ਇਨ੍ਹਾਂ ਨੂੰ ਰਵਾਨਾ ਕੀਤਾ ਗਿਆ ਤਾਂ ਉਸ ਵੇਲੇ ਕਈ ਨੌਜਵਾਨਾਂ ਦੇ ਪਰਵਾਰਕ ਮੈਂਬਰ ਅਤੇ ਰਿਸ਼ਤੇਦਾਰ ਹਵਾਈ ਅੱਡੇ 'ਤੇ ਪੁੱਜੇ ਹੋਏ ਸਨ, ਪਰ ਉਨ੍ਹਾਂ ਨੂੰ ਹਵਾਈ ਅੱਡੇ 'ਤੇ ਉਨ੍ਹਾਂ ਦੀ ਇੱਕ ਝਲਕ ਵੀ ਦੇਖਣ ਨੂੰ ਨਹੀਂ ਮਿਲੀ। ਇਸ ਦੌਰਾਨ ਕੁਝ ਵਿਅਕਤੀਆਂ ਨਾਲ ਵਾਪਸ ਪਰਤੇ ਲੋਕਾਂ ਦੀ ਫੋਨ 'ਤੇ ਗੱਲ ਜ਼ਰੂਰ ਹੋਈ। ਇੱਕ ਵਿਅਕਤੀ ਨੇ ਦੱਸਿਆ ਕਿ ਉਸ ਨੇ ਆਪਣੇ ਬੇਟੇ ਨੂੰ ਹਵਾਈ ਅੱਡੇ ਦੇ ਅੰਦਰਲੇ ਪਾਸੇ ਜ਼ਰੂਰ ਦੇਖਿਆ ਸੀ, ਪਰ ਉਹ ਉਸ ਨਾਲ ਨਾ ਗੱਲ ਕਰ ਸਕਿਆ ਅਤੇ ਨਾ ਹੀ ਮਿਲ ਸਕਿਆ। ਮਾਪਿਆਂ ਅਤੇ ਰਿਸ਼ਤੇਦਾਰਾਂ ਨੇ ਇਤਰਾਜ਼ ਕੀਤਾ ਕਿ ਜੇ ਉਨ੍ਹਾਂ ਨੂੰ ਹਵਾਈ ਅੱਡੇ 'ਤੇ ਪਰਵਾਰਕ ਮੈਂਬਰਾਂ ਨਾਲ ਮਿਲਣ ਨਹੀਂ ਦਿੱਤਾ ਜਾਣਾ ਸੀ ਤਾਂ ਉਨ੍ਹਾਂ ਨੂੰ ਹਵਾਈ ਅੱਡੇ 'ਤੇ ਆਉਣ ਸੰਬੰਧੀ ਜਾਣਕਾਰੀ ਕਿਉਂ ਦਿੱਤੀ ਗਈ ਸੀ।

ਹਵਾਈ ਅੱਡੇ 'ਤੇ ਪੁੱਜੇ ਮਾਪਿਆਂ ਤੇ ਰਿਸ਼ਤੇਦਾਰਾਂ ਵਿੱਚੋਂ ਵਧੇਰੇ ਲੋਕਾਂ ਨੇ ਜਾਣਕਾਰੀ ਦਿੱਤੀ ਕਿ ਵਿਦੇਸ਼ ਗਏ ਇਨ੍ਹਾਂ ਵਿਅਕਤੀਆਂ ਨੂੰ ਅਮਰੀਕਾ ਭੇਜਣ ਵਾਸਤੇ 45 ਤੋਂ 50 ਲੱਖ ਰੁਪਏ ਹਰੇਕ ਨੇ ਏਜੰਟਾਂ ਨੂੰ ਦਿੱਤੇ ਅਤੇ ਲਗਭਗ ਸਾਰੇ ਹੀ ਡੰਕੀ ਰੂਟ ਰਾਹੀਂ ਅਮਰੀਕਾ ਗਏ। ਇਨ੍ਹਾਂ ਵਿੱਚੋਂ ਕਈ ਵਿਅਕਤੀ ਤਿੰਨ ਤੋਂ ਚਾਰ ਮਹੀਨੇ ਪਹਿਲਾਂ ਘਰੋਂ ਨਿਕਲੇ ਸਨ ਅਤੇ ਕਈ ਦੇਸ਼ਾਂ ਵਿੱਚੋਂ ਲੰਘਦੇ ਹੋਏ, ਔਕੜਾਂ ਝੱਲਦੇ ਹੋਏ, ਜੰਗਲਾਂ ਅਤੇ ਨਦੀਆਂ ਵਿੱਚੋਂ ਲੰਘਦੇ ਹੋਏ ਡੰਕੀ ਰੂਟ ਰਾਹੀਂ ਅਮਰੀਕਾ ਦੀ ਸਰਹੱਦ 'ਤੇ ਪੁੱਜੇ। ਸਰਹੱਦ ਪਾਰ ਕਰਨ ਮਗਰੋਂ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਕੈਂਪਾਂ ਵਿੱਚ ਰੱਖਿਆ ਗਿਆ। ਪੀੜਤ ਮਾਪਿਆਂ ਦੀ ਸਰਕਾਰਾਂ ਕੋਲੋਂ ਮੰਗ ਹੈ ਕਿ ਅਜਿਹੇ ਏਜੰਟਾਂ ਖਿਲਾਫ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਲਏ ਗਏ ਲੱਖਾਂ ਰੁਪਿਆਂ ਦੀ ਵਾਪਸੀ ਕਰਵਾਈ ਜਾਵੇ, ਵਾਪਸ ਪਰਤੇ ਨੌਜਵਾਨਾਂ ਦੇ ਮੁੜ ਵਸੇਬੇ ਵਾਸਤੇ ਵੀ ਸਰਕਾਰ ਪ੍ਰਬੰਧ ਕਰੇ।

ਕੁਝ ਦਿਨ ਪਹਿਲਾਂ ਵਾਪਸ ਪਰਤੇ 104 ਭਾਰਤੀ ਵਿਅਕਤੀਆਂ ਵਿੱਚ ਬੱਚਿਆਂ ਨੂੰ ਛੱਡ ਕੇ ਬਾਕੀ ਸਾਰਿਆਂ ਨੂੰ ਹੱਥਕੜੀਆਂ ਅਤੇ ਪੈਰਾਂ ਵਿੱਚ ਬੇੜੀਆਂ ਲਾ ਕੇ ਲਿਆਂਦਾ ਗਿਆ ਸੀ, ਜਿਸ ਦਾ ਸਖਤ ਵਿਰੋਧ ਹੋਇਆ ਸੀ।

ਸੰਸਦ ਵਿੱਚ ਵੀ ਇਹ ਮਸਲਾ ਉੱਠਿਆ ਸੀ ਅਤੇ ਵਿਦੇਸ਼ ਮੰਤਰੀ ਨੇ ਭਰੋਸਾ ਦਿੱਤਾ ਸੀ ਕਿ ਭਾਰਤ ਵੱਲੋਂ ਆਪਣਾ ਇਹ ਵਿਰੋਧ ਅਮਰੀਕਾ ਕੋਲ ਜਤਾਇਆ ਗਿਆ ਹੈ। ਇਸ ਦੇ ਬਾਵਜੂਦ ਇਸ ਵਾਰ ਵੀ ਅਮਰੀਕਾ ਤੋਂ ਵਾਪਸ ਭੇਜੇ ਗਏ ਭਾਰਤੀਆਂ ਨੂੰ ਪਹਿਲਾਂ ਵਾਲੇ ਢੰਗ-ਤਰੀਕੇ ਨਾਲ ਹੀ ਹੱਥਕੜੀਆਂ ਤੇ ਬੇੜੀਆਂ ਲਾ ਕੇ ਅਤੇ ਸਿਰਾਂ ਤੋਂ ਦਸਤਾਰਾਂ ਹਟਾ ਕੇ ਭੇਜਿਆ ਗਿਆ।

## ਅਮਰੀਕਾ ਤੋਂ ਪਰਤੇ ਦੋ ਭਰਾ ਗ੍ਰਿਫਤਾਰ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਅਮਰੀਕਾ ਤੋਂ ਡਿਪੋਰਟ ਹੋ ਕੇ ਅੰਮ੍ਰਿਤਸਰ ਉਤਰੇ ਰਾਜਪੁਰਾ ਦੇ ਵਿਕਾਸ ਨਗਰ ਦੇ ਦੋ ਨੌਜਵਾਨਾਂ ਨੂੰ ਥਾਣਾ ਸਿਟੀ ਰਾਜਪੁਰਾ ਦੀ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ। ਐੱਸ ਐੱਸ ਪੀ ਡਾ. ਨਾਨਕ ਸਿੰਘ ਮੁਤਾਬਕ ਉਹ 2023 ਵਿੱਚ ਹੋਏ ਇੱਕ ਕਤਲ ਦੇ ਕੇਸ ਵਿੱਚ ਲੋੜੀਂਦੇ ਸਨ। ਸੰਦੀਪ ਸਿੰਘ ਤੇ ਪ੍ਰਦੀਪ ਸਿੰਘ ਚਾਚੇ-ਤਾਏ ਦੇ ਪੁੱਤ ਹਨ।

## ਪਾਰਸ ਦੇ ਘਰ ਵਾਲੇ ਘਰ ਛੱਡ ਕੇ ਚਲੇ ਗਏ



ਭੋਗਪੁਰ : ਅਮਰੀਕਾ ਤੋਂ ਵਾਪਸ ਭੇਜੇ ਭਾਰਤੀਆਂ ਵਿੱਚ ਭੋਗਪੁਰ ਦੇ ਮੁਹੱਲਾ ਰੂਪ ਨਗਰ (ਵਾਰਡ ਨੰਬਰ 4) ਦਾ ਨੌਜਵਾਨ ਪਾਰਸ ਪੁੱਤਰ ਜਗਤਾਰ ਸਿੰਘ ਵੀ ਸ਼ਾਮਲ ਹੈ, ਜਿਹੜਾ ਆਪਣਾ ਚੰਗਾ ਭਵਿੱਖ ਬਣਾਉਣ ਲਈ 40 ਦਿਨ ਪਹਿਲਾਂ ਲੱਖਾਂ ਰੁਪਏ ਖਰਚ ਕੇ ਇੱਕ ਟਰੈਵਲ ਏਜੰਟ ਰਾਹੀਂ ਅਮਰੀਕਾ ਪੁੱਜਿਆ, ਪਰ ਉਸ ਨੂੰ ਅਮਰੀਕਾ ਦੇ ਬਾਰਡਰ 'ਤੇ ਉੱਥੋਂ ਦੀ ਪੁਲਸ ਨੇ ਗ੍ਰਿਫਤਾਰ ਕਰ ਲਿਆ। ਥਾਣਾ ਭੋਗਪੁਰ ਦੇ ਮੁਖੀ ਇੰਸਪੈਕਟਰ ਯਾਦਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਪਾਰਸ ਦਾ ਪਰਵਾਰ ਸੰਬੰਧਤ ਟਰੈਵਲ ਏਜੰਟ ਵਿਰੁੱਧ ਸ਼ਿਕਾਇਤ ਨਹੀਂ ਲਿਖਵਾ ਰਿਹਾ। ਉਸ ਦਾ ਪਿਤਾ ਪੀ ਏ ਪੀ ਜਲੰਧਰ ਕੈਂਟ ਵਿੱਚ ਨੌਕਰੀ ਕਰਦਾ ਹੈ। ਸਾਰਾ ਪਰਵਾਰ ਸੋਸ਼ਲ ਮੀਡੀਆ ਅਤੇ ਪੱਤਰਕਾਰਾਂ ਤੋਂ ਡਰਦਾ ਹੋਇਆ ਆਪਣਾ ਘਰ ਛੱਡ ਕੇ ਕਿਸੇ ਰਿਸ਼ਤੇਦਾਰ ਕੋਲ ਚਲਾ ਗਿਆ ਹੈ।

# ਦੋ ਇਮੀਗ੍ਰੇਸ਼ਨ ਏਜੰਟਾਂ ਖਿਲਾਫ਼ ਪਰਚਾ ਦਰਜ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਕਪੂਰਥਲਾ ਪੁਲਸ ਦੋ ਇਮੀਗ੍ਰੇਸ਼ਨ ਏਜੰਟਾਂ ਦੀ ਭਾਲ ਕਰ ਰਹੀ ਹੈ, ਜਿਨ੍ਹਾਂ ਦੀ ਸੁਲਤਾਨਪੁਰ ਲੋਧੀ ਸਥਿਤ ਇੱਕ ਯੂ ਐੱਸ ਡਿਪੋਰਟੀ ਨੇ ਉਸ ਨਾਲ ਧੋਖਾਧੜੀ ਕਰਨ ਅਤੇ ਡੰਕੀ ਰੂਟ ਰਾਹੀਂ ਉਸ ਨੂੰ ਸੁਰੱਖਿਅਤ ਪਹੁੰਚਾਉਣ ਦੀ ਗੱਲ ਨੂੰ ਯਕੀਨੀ ਬਣਾਉਣ ਲਈ ਸਹਿਮਤੀ ਤੋਂ ਵੱਧ ਰਕਮ ਵਸੂਲਣ ਦਾ ਦੋਸ਼ ਲਾਇਆ ਹੈ।

ਪਿੰਡ ਤਰਫ ਨੇਹਬਲ ਬਹਾਦਰ ਵਾਸੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਏਜੰਟਾਂ ਨੇ ਉਸ ਦੀ ਗੈਰ-ਹਾਜ਼ਰੀ ਵਿੱਚ ਉਸ ਦੇ ਪਰਵਾਰ ਤੋਂ ਵਾਅਦੇ ਤੋਂ ਵਾਧੂ ਪੈਸੇ ਲਏ ਹਨ। ਪੁਲਸ ਨੇ ਇਮੀਗ੍ਰੇਸ਼ਨ ਏਜੰਟ ਮਨਿੰਦਰ, ਜੋ ਕਿ ਲੁਧਿਆਣਾ ਦੇ ਸ਼ੇਰਪੁਰ ਦਾ ਵਸਨੀਕ ਹੈ ਅਤੇ ਧਰਮਿੰਦਰ, ਜੋ ਕਿ ਦਿੱਲੀ ਦੇ ਪਹਾੜਗੰਜ ਦਾ ਵਸਨੀਕ ਹੈ, ਵਿਰੁੱਧ ਧੋਖਾਧੜੀ, ਲੋਕਾਂ ਦੀ ਤਸਕਰੀ ਅਤੇ ਭਰੋਸੇ ਨੂੰ ਤੋੜਨ ਦੇ ਦੋਸ਼ਾਂ ਦੇ ਤਹਿਤ ਮਾਮਲਾ ਦਰਜ ਕੀਤਾ ਹੈ। 10ਵੀਂ ਜਮਾਤ ਪਾਸ ਆਊਟ ਗੁਰਪ੍ਰੀਤ ਨੇ ਦੱਸਿਆ ਕਿ ਉਸ ਨੂੰ ਮਨਿੰਦਰ ਸਿੰਘ ਦਾ ਸੰਪਰਕ ਨੰਬਰ ਇੱਕ ਦੋਸਤ ਤੋਂ ਮਿਲਿਆ ਸੀ। ਗੁਰਪ੍ਰੀਤ ਨੇ ਦੱਸਿਆ ਕਿ ਮਨਿੰਦਰ ਨੇ ਉਸ ਨੂੰ ਕਿਹਾ ਕਿ ਉਸ ਨੂੰ ਇਕ ਮਹੀਨੇ ਦੇ ਅੰਦਰ 38 ਲੱਖ ਰੁਪਏ ਵਿਚ ਮੈਕਸੀਕੋ ਰਾਹੀਂ ਅਮਰੀਕਾ ਭੇਜ ਦਿੱਤਾ ਜਾਵੇਗਾ। ਗੁਰਪ੍ਰੀਤ ਨੇ ਦੋਸ਼ ਲਾਇਆ ਕਿ ਅਸਲ ਸਹਿਮਤੀ ਵਾਲੀ ਰਕਮ 38 ਲੱਖ ਰੁਪਏ ਹੋਣ ਦੇ ਬਾਵਜੂਦ ਦੋਵੇਂ ਏਜੰਟਾਂ ਨੇ ਉਸ ਦੇ ਪਰਵਾਰ ਤੋਂ 40 ਲੱਖ ਰੁਪਏ ਲੈ ਲਏ।ਐਡੀਸ਼ਨਲ ਇੰਸਪੈਕਟਰ ਜਨਰਲ ਆਫ ਪੁਲਿਸ (ਐੱਨ ਆਰ ਆਈ ਵਿੰਗ), ਜਲੰਧਰ ਬਲਵੀਰ ਸਿੰਘ ਭੱਟੀ ਨੇ ਕਿਹਾ ਕਿ ਜਲਦੀ ਹੀ ਏਜੰਟਾਂ ਦਾ ਪਤਾ ਲਗਾ ਲਿਆ ਜਾਵੇਗਾ।

ਗੁਰਪ੍ਰੀਤ ਪਿਛਲੇ ਸਾਲ 28 ਅਗਸਤ ਨੂੰ ਗੁਆਨਾ ਲਈ ਫਲਾਈਟ ਲੈ ਕੇ ਅਗਲੇ ਦਿਨ ਉੱਥੇ ਪਹੁੰਚ ਗਿਆ ਸੀ। ਏਜੰਟਾਂ ਦਾ ਇੱਕ ਸਾਥੀ ਉਸ ਨੂੰ ਇੱਕ ਹੋਟਲ ਵਿੱਚ ਲੈ ਗਿਆ, ਜਿੱਥੇ ਗੁਰਪ੍ਰੀਤ 25 ਦਿਨਾਂ ਤੱਕ ਰਿਹਾ। ਗੁਆਨਾ ਤੋਂ ਉਸ ਨੂੰ ਬ੍ਰਾਜ਼ੀਲ, ਬੋਲੀਵੀਆ, ਪੇਰੂ, ਇਕਵਾਡੋਰ ਅਤੇ ਕੋਲੰਬੀਆ ਲਿਜਾਇਆ ਗਿਆ ਅਤੇ ਅੱਗੇ ਪੈਦਲ ਡੰਕੀ ਰੂਟ ਰਾਹੀਂ ਪਨਾਮਾ ਤੱਕ ਪਹੁੰਚਾਇਆ ਗਿਆ। ਪਨਾਮਾ ਤੋਂ ਗ੍ਰਿਫਤਾਰ ਕਰ ਲਿਆ ਗਿਆ ਅਤੇ ਉਸ ਨੂੰ ਤਿੰਨ ਹੋਰਨਾਂ ਨਾਲ ਪੁਲਸ ਨੇ 15 ਦਿਨਾਂ ਲਈ ਇੱਕ ਕੈਂਪ ਵਿੱਚ ਰੱਖਿਆ। ਫਿਰ ਪੁਲਸ ਦੀ ਇੱਕ ਬੱਸ ਉਨ੍ਹਾਂ ਨੂੰ ਹੋਂਡੂਰਸ ਅਤੇ ਗੁਆਟੇਮਾਲਾ ਲੈ ਗਈ। ਗੁਆਟੇਮਾਲਾ ਤੋਂ ਡੋਂਕਰ ਉਨ੍ਹਾਂ ਨੂੰ ਮੈਕਸੀਕੋ ਲੈ ਗਏ। 15 ਜਨਵਰੀ ਨੂੰ ਉਹ ਅਮਰੀਕਾ ਚਲਾ ਗਿਆ, ਜਿੱਥੇ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ।

## ਲੁਟੇਰਿਆਂ ਹੱਥੋਂ ਕਾਰੋਬਾਰੀ ਗੰਭੀਰ ਜ਼ਖਮੀ, ਪਤਨੀ ਦੀ ਮੌਤ



ਲੁਧਿਆਣਾ : ਸਨਿੱਚਰਵਾਰ ਅੱਧੀ ਰਾਤੇ ਚਾਰ-ਪੰਜ ਹਥਿਆਰਬੰਦ ਲੁਟੇਰਿਆਂ ਨੇ ਸ਼ਹਿਰ ਦੇ ਕਾਰੋਬਾਰੀ ਅਨੋਖ ਮਿੱਤਲ ਤੇ ਉਨ੍ਹਾ ਦੀ ਪਤਨੀ ਮਾਨਵੀ ਮਿੱਤਲ 'ਤੇ ਡੇਹਲੋਂ ਨੇੜੇ ਹਮਲਾ ਕਰ ਦਿੱਤਾ। ਲੁਟੇਰਿਆਂ ਨੇ ਪਹਿਲਾਂ ਉਨ੍ਹਾਂ ਦੀ ਕਾਰ, ਮੋਬਾਇਲ ਤੇ ਹੋਰ ਕੀਮਤੀ ਸਮਾਨ ਲੁੱਟਿਆ ਤੇ ਫਿਰ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਦੋਵਾਂ ਨੂੰ ਅਧਮਰਿਆ ਕਰ ਕੇ ਸੁੱਟ ਗਏ। ਮਾਨਵੀ ਮਿੱਤਲ ਦੀ ਮੌਤ ਹੋ ਗਈ ਤੇ ਅਨੋਖ ਮਿੱਤਲ ਗੰਭੀਰ ਜ਼ਖ਼ਮੀ ਹੈ, ਜਿਸ ਦਾ ਡੀ ਐੱਮ ਸੀ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਇਸ ਘਟਨਾ ਤੋਂ ਬਾਅਦ ਕਾਰੋਬਾਰੀਆਂ ਵਿੱਚ ਰੋਸ ਹੈ। ਲੋਕਾਂ ਦਾ ਕਹਿਣਾ ਹੈ ਕਿ ਪੁਲਸ ਸ਼ਹਿਰ ਵਾਸੀਆਂ ਦੀ ਸੁਰੱਖਿਆ ਕਰਨ ਵਿੱਚ ਫੇਲ੍ਹ ਸਾਬਤ ਹੋ ਰਹੀ ਹੈ। ਕਾਰੋਬਾਰੀ ਦੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਅਨੋਖ ਮਿੱਤਲ ਨੇ ਆਪਣੇ-ਆਪ ਨੂੰ ਬਚਾਉਣ ਲਈ ਹਮਲਾਵਰਾਂ ਨਾਲ ਲੜਨ ਦੀ ਕੋਸ਼ਿਸ਼ ਕੀਤੀ, ਪਰ ਹਮਲਾਵਰ ਤੇਜ਼ਧਾਰ ਹਥਿਆਰਾਂ ਨਾਲ ਲੈਸ ਸਨ। ਲੋਕਾਂ ਨੇ ਜੋੜੇ ਨੂੰ ਡੀ ਐੱਮ ਸੀ ਹਸਪਤਾਲ ਲਿਆਂਦਾ, ਜਿੱਥੇ ਮਾਨਵੀ ਮਿੱਤਲ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਦੋਵੇਂ ਮਾਲੇਰਕੋਟਲਾ-ਡੇਹਲੋਂ ਰੋਡ 'ਤੇ ਇੱਕ ਰੇਸਤਰਾਂ ਵਿੱਚ ਖਾਣਾ ਖਾ ਕੇ ਪਰਤ ਰਹੇ ਸਨ।

## ਮੰਤਰੀ ਦਾ 'ਪੀ ਏ' ਗ੍ਰਿਫਤਾਰ



ਲੁਧਿਆਣਾ : ਪੁਲਸ ਨੇ ਸ਼ਹਿਰ ਵਿੱਚ ਆਪਣੇ ਆਪ ਨੂੰ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦਾ ਪੀ ਏ ਦੱਸਣ ਵਾਲੇ ਨਕਲੀ ਪੀ ਏ ਕੁਲਦੀਪ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ। ਦੋਸ਼ ਹੈ ਕਿ ਉਸ ਨੇ ਲੋਕਾਂ ਨਾਲ ਲੱਖਾਂ ਰੁਪਏ ਦੀ ਠੱਗੀ ਮਾਰੀ। ਦੱਸਿਆ ਜਾ ਰਿਹਾ ਹੈ ਕਿ ਉਹ ਮੁੰਡੀਆਂ ਦਾ ਪੀ ਏ ਦੱਸ ਕੇ ਕੰਮ ਕਰਵਾਉਣ ਦਾ ਲਾਰਾ ਲਾ ਕੇ ਲੋਕਾਂ ਤੋਂ ਪੈਸੇ ਲੈਂਦਾ ਸੀ। ਜਾਣਕਾਰੀ ਅਨੁਸਾਰ ਉਸ ਨੇ ਵਿੱਕੀ ਵਰਮਾ ਨਾਂਅ ਦੇ ਇੱਕ ਪ੍ਰਾਪਰਟੀ ਡੀਲਰ ਤੋਂ ਕਿਸੇ ਹੋਰ ਦੇ ਨਾਂਅ 'ਤੇ 3 ਲੱਖ ਰੁਪਏ ਲਏ ਸਨ। ਜਦੋਂ ਉਸ ਨੂੰ ਇਸ ਦੀ ਅਸਲੀਅਤ ਬਾਰੇ ਪਤਾ ਲੱਗਾ ਤਾਂ ਉਸ ਨੇ ਕੈਬਨਿਟ ਮੰਤਰੀ ਮੁੰਡੀਆਂ ਨੂੰ ਸ਼ਿਕਾਇਤ ਕੀਤੀ, ਜਿਸ ਤੋਂ ਬਾਅਦ ਕੁਲਦੀਪ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ।

## ਨਿਗਰਾਨ ਕਮੇਟੀ ਦੀ ਮੀਟਿੰਗ ਭਲਕ ਤੱਕ ਟਲੀ



ਅੰਮ੍ਰਿਤਸਰ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਤ ਜ਼ਰੂਰੀ ਨਿੱਜੀ ਪਰਵਾਰਕ ਰੁਝੇਵਿਆਂ ਕਾਰਨ ਅਕਾਲੀ ਦਲ ਦੀ ਭਰਤੀ ਦੀ ਨਿਗਰਾਨੀ ਲਈ ਅਕਾਲ ਤਖ਼ਤ ਵੱਲੋਂ ਕਾਇਮ ਕੀਤੀ ਗਈ 7 ਮੈਂਬਰੀ ਕਮੇਟੀ ਦੀ ਐਤਵਾਰ ਨੂੰ ਹੋਣ ਵਾਲੀ ਇਕੱਤਰਤਾ ਹੁਣ 18 ਫਰਵਰੀ ਨੂੰ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਵਿਖੇ 12:30 ਵਜੇ ਰੱਖੀ ਹੈ। ਇਸ ਤੋਂ ਪਹਿਲਾਂ ਦੋ ਇਕੱਤਰਤਾਵਾਂ ਹੋ ਚੁੱਕੀਆਂ ਹਨ, ਪਰ ਉਨ੍ਹਾਂ ਵਿੱਚ ਅਕਾਲੀ ਦਲ ਵੱਲੋਂ ਆਪਣੇ ਤੌਰ 'ਤੇ ਸ਼ੁਰੂ ਕੀਤੀ ਹੋਈ ਭਰਤੀ ਬਾਰੇ ਰੇੜਕਾ ਖਤਮ ਨਹੀਂ ਹੋਇਆ।

## ਪੰਜਾਬ 'ਚ ਕਾਂਗਰਸ ਦਾ ਨਵਾਂ ਪ੍ਰਧਾਨ ਬਣਾਉਣ ਦੀ ਚਰਚਾ

ਚੰਡੀਗੜ੍ਹ : ਕਾਂਗਰਸ ਪਾਰਟੀ ਵੱਲੋਂ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਨਿਯੁਕਤ ਕਰਨ ਤੋਂ ਬਾਅਦ ਸੂਬਾ ਪ੍ਰਧਾਨ ਬਦਲੇ ਜਾਣ ਦੀ ਚਰਚਾ ਚੱਲ ਪਈ ਹੈ। ਜਾਣਕਾਰੀ ਮੁਤਾਬਕ ਨਵੇਂ ਪ੍ਰਧਾਨ, ਕਾਰਜਕਾਰੀ ਪ੍ਰਧਾਨ ਤੇ ਜਨਰਲ ਸਕੱਤਰ ਬਣਾਏ ਜਾਣਗੇ। ਚਰਨਜੀਤ ਸਿੰਘ ਚੰਨੀ, ਪ੍ਰਤਾਪ ਸਿੰਘ ਬਾਜਵਾ, ਭਾਰਤ ਭੂਸ਼ਣ ਆਸ਼ੂ, ਰਾਣਾ ਗੁਰਜੀਤ ਤੇ ਪਰਗਟ ਸਿੰਘ ਪ੍ਰਧਾਨ ਦੀ ਰੇਸ 'ਚ ਅੱਗੇ ਦੱਸੇ ਜਾ ਰਹੇ ਹਨ। ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦਲਿਤ ਕਾਰਡ ਵੀ ਖੇਡ ਸਕਦੀ ਹੈ।

## ਪਟਾਕਾ ਫੈਕਟਰੀ 'ਚ ਧਮਾਕਾ, 2 ਮੌਤਾਂ

ਨਾਗਪੁਰ : ਮਹਾਰਾਸ਼ਟਰ ਦੇ ਨਾਗਪੁਰ ਜ਼ਿਲ੍ਹੇ ਦੇ ਕਮਲੇਸ਼ਵਰ ਤਾਲੁਕਾ 'ਚ ਐਤਵਾਰ ਏਸ਼ੀਅਨ ਫਾਇਰ ਵਰਕਸ ਫੈਕਟਰੀ 'ਚ ਧਮਾਕੇ ਕਾਰਨ ਦੋ ਜਣੇ ਮਾਰੇ ਗਏ ਤੇ ਤਿੰਨ ਜ਼ਖਮੀ ਹੋ ਗਏ।

## ਇਮਾਰਤ 'ਚ ਅੱਗ, ਦੋ ਮੌਤਾਂ

ਮੁੰਬਈ : ਵਡਗਡੀ ਖੇਤਰ ਵਿੱਚ ਐਤਵਾਰ ਸਵੇਰੇ ਇੱਕ ਉੱਚੀ ਇਮਾਰਤ ਵਿੱਚ ਅੱਗ ਲੱਗਣ ਨਾਲ ਦੋ ਜਣਿਆਂ ਦੀ ਮੌਤ ਹੋ ਗਈ ਅਤੇ ਦੋ ਜ਼ਖ਼ਮੀ ਹੋ ਗਏ। ਅੱਗ ਬਿਜਲੀ ਦੀਆਂ ਤਾਰਾਂ ਅਤੇ ਮੀਟਰ ਬਕਸੇ ਤੋਂ ਲੱਗੀ ਤੇ ਅੱਗੇ ਫੈਲ ਗਈ।

# ਪ੍ਰਯਾਗਰਾਜ ਐੱਕਸਪ੍ਰੈੱਸ ਤੇ ਪ੍ਰਯਾਗਰਾਜ ਸਪੈਸ਼ਲ ਦੇ ਚੱਕਰ 'ਚ ਗਈਆਂ 18 ਜਾਨਾਂ!

## ਹਾਦਸੇ ਦੇ ਇੱਕ ਦਿਨ ਬਾਅਦ ਵੀ ਦਿੱਲੀ ਸਟੇਸ਼ਨ 'ਤੇ ਭਾਰੀ ਭੀੜ ਰਹੀ




ਨਵੀਂ ਦਿੱਲੀ : ਇਥੋਂ ਦੇ ਰੇਲਵੇ ਸਟੇਸ਼ਨ 'ਤੇ ਸਨਿੱਚਰਵਾਰ ਰਾਤ ਭਗਦੜ ਮਚਣ ਕਾਰਨ 18 ਜਣਿਆਂ ਦੀ ਮੌਤ ਹੋ ਜਾਣ ਤੋਂ ਇਕ ਦਿਨ ਬਾਅਦ ਐਤਵਾਰ ਵੀ ਸਟੇਸ਼ਨ 'ਤੇ ਕਾਫੀ ਭੀੜ ਜੁੜੀ। ਲਗਭਗ ਸਾਰੇ ਹੀ ਪਲੇਟਫਾਰਮਾਂ 'ਤੇ ਦੁਪਹਿਰ ਵੇਲੇ ਆਮ ਨਾਲੋਂ ਜ਼ਿਆਦਾ ਲੋਕ ਦੇਖਣ ਨੂੰ ਮਿਲੇ।

ਦਿੱਲੀ ਪੁਲਸ ਨੇ ਕਿਹਾ ਹੈ ਕਿ ਭਗਦੜ ਟਰੇਨਾਂ ਦੇ ਨਾਂਅ 'ਪ੍ਰਯਾਗਰਾਜ' ਤੋਂ ਹੋਣ ਕਾਰਨ ਪੈਦਾ ਹੋਏ ਭੰਬਲਭੂਸੇ ਕਾਰਨ ਮਚੀ। ਪ੍ਰਯਾਗਰਾਜ ਐੱਕਸਪ੍ਰੈੱਸ ਪਲੇਟਫਾਰਮ ਨੰਬਰ 14 'ਤੇ ਖੜ੍ਹੀ ਸੀ। ਇਸੇ ਦੌਰਾਨ ਅਨਾਊਂਸਮੈਂਟ ਹੋਈ ਕਿ ਪ੍ਰਯਾਗਰਾਜ ਸਪੈਸ਼ਲ ਪਲੇਟਫਾਰਮ ਨੰਬਰ 16 'ਤੇ ਆ ਰਹੀ ਹੈ। ਜਿਹੜੇ ਲੋਕ ਪਲੇਟਫਾਰਮ ਨੰਬਰ 14 ਵਾਲੀ ਟਰੇਨ ਤੱਕ ਨਹੀਂ ਪੁੱਜ ਸਕੇ, ਉਹ ਪ੍ਰਯਾਗਰਾਜ ਸੁਣ ਕੇ ਪਲੇਟਫਾਰਮ ਨੰਬਰ 16 ਵੱਲ ਭੱਜੇ ਤੇ ਭਗਦੜ ਮਚ ਗਈ। ਇਸ ਤੋਂ ਇਲਾਵਾ ਪ੍ਰਯਾਗਰਾਜ ਵੱਲ ਚਾਰ ਟਰੇਨਾਂ ਜਾਣੀਆਂ ਸਨ ਤੇ ਉਨ੍ਹਾਂ ਵਿੱਚੋਂ ਤਿੰਨ ਲੇਟ ਹੋ ਗਈਆਂ, ਨਤੀਜੇ ਵਜੋਂ ਅਣਕਿਆਸੀ ਭੀੜ ਹੋ ਗਈ।

ਰੇਲਵੇ ਨੇ ਜਾਂਚ ਲਈ ਦੋ ਮੈਂਬਰੀ ਕਮੇਟੀ ਬਣਾਈ ਹੈ, ਜਿਸ ਵਿੱਚ ਉਤਰੀ ਰੇਲਵੇ ਦੇ ਪ੍ਰਿੰਸੀਪਲ ਚੀਫ ਕਮਰਸ਼ੀਅਲ ਮੈਨੇਜਰ ਨਰਸਿੰਘ ਦਿਓ ਅਤੇ ਪ੍ਰਿੰਸੀਪਲ ਚੀਫ ਸਕਿਊਰਟੀ ਕਮਿਸ਼ਨਰ ਪੰਕਜ ਗੰਗਵਾਰ ਸ਼ਾਮਲ ਹਨ। ਜਾਂਚ ਦੇ ਹਿੱਸੇ ਵਜੋਂ ਕਮੇਟੀ ਨੇ ਰੇਲਵੇ ਸਟੇਸ਼ਨ ਤੋਂ ਸਾਰੇ ਵੀਡੀਓਜ਼ ਦੀ ਫੁਟੇਜ਼ ਤੇ ਹੋਰ ਰਿਕਾਰਡ ਸੀਲ ਕਰ ਦਿੱਤਾ ਹੈ।

ਦਿੱਲੀ ਪੁਲਸ ਨੇ ਵੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਸੀ ਸੀ ਟੀ ਵੀ ਫੁਟੇਜ਼ ਅਤੇ ਉਸ ਦੌਰਾਨ ਕੀਤੇ ਗਏ ਐਲਾਨਾਂ ਦਾ ਸਾਰਾ ਡਾਟਾ ਇਕੱਠਾ ਕਰੇਗੀ। ਇਸ ਭਗਦੜ ਵਿਚ ਰੇਲਵੇ ਦੀ ਵੀ ਵੱਡੀ ਲਾਪ੍ਰਵਾਹੀ ਸਾਹਮਣੇ ਆਈ ਹੈ ਕਿ ਏਨੀ ਵੱਡੀ ਭੀੜ ਨੂੰ ਕਾਬੂ ਕਰਨ ਲਈ ਕੋਈ ਇੰਤਜ਼ਾਮ ਨਹੀਂ ਕੀਤੇ ਗਏ ਤੇ ਨਾ ਹੀ ਲੋਕਾਂ ਦੇ ਵੱਧ ਗਿਣਤੀ ਵਿਚ ਇਕੱਠੇ ਹੋਣ 'ਤੇ ਪੁਲਸ ਪ੍ਰਸ਼ਾਸਨ ਨੇ ਕੋਈ ਅਗਾਊਂ ਇੰਤਜ਼ਾਮ ਕੀਤੇ। ਭਾਰਤੀ ਰੇਲਵੇ ਨੇ ਜਾਨਾਂ ਗਵਾਉਣ ਵਾਲੇ ਮ੍ਰਿਤਕਾਂ ਦੇ ਪਰਵਾਰਾਂ ਨੂੰ 10-10 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਹੈ। ਗੰਭੀਰ ਜ਼ਖਮੀਆਂ ਨੂੰ ਢਾਈ-ਢਾਈ ਲੱਖ ਰੁਪਏ ਅਤੇ ਮਾਮੂਲੀ ਜ਼ਖਮੀਆਂ ਨੂੰ ਲੱਖ-ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇਗਾ।

## ਦੋ ਵਿਆਹ, ਤਿੰਨ ਗਰਲ ਫਰੈਂਡਾਂ, 12 ਨਿਆਣੇ



ਨਵੀਂ ਦਿੱਲੀ : ਟੈਸਲਾ ਦਾ ਮਾਲਕ ਤੇ ਦੁਨੀਆ ਦਾ ਸਭ ਤੋਂ ਅਮੀਰ ਆਦਮੀ ਐਲਨ ਮਸਕ, ਜਿਹੜਾ ਹਮੇਸ਼ਾ ਸੁਰਖੀਆਂ ਵਿੱਚ ਰਹਿੰਦਾ ਹੈ, ਬਾਰੇ 14 ਫਰਵਰੀ ਨੂੰ ਸੋਸ਼ਲ ਮੀਡੀਆ ਪ੍ਰਭਾਵਕ ਐਸ਼ਲੇ ਸੇਂਟ ਨੇ ਸਨਸਨੀਖੇਜ਼ ਇੰਕਸ਼ਾਫ ਕੀਤਾ ਕਿ ਉਹ ਐਲਨ ਮਸਕ ਦੇ ਪੰਜ ਮਹੀਨੇ ਦੇ ਪੁੱਤਰ ਦੀ ਮਾਂ ਹੈ। ਇਹ ਸੱਚ ਵੀ ਹੋ ਸਕਦਾ ਹੈ, ਕਿਉਂਕਿ ਐਲਨ ਮਸਕ ਦੋ ਵਾਰ ਵਿਆਹ ਕਰਵਾ ਚੁੱਕਾ ਹੈ ਤੇ ਉਸ ਦੀਆਂ ਤਿੰਨ ਗਰਲ ਫਰੈਂਡ ਵੀ ਹਨ। ਉਸ ਦੇ 12 ਬੱਚੇ ਦੱਸੇ ਜਾਂਦੇ ਹਨ। ਐਲਨ ਮਸਕ ਨੂੰ ਅਕਸਰ ਆਪਣੇ ਬੱਚਿਆਂ ਨੂੰ ਪ੍ਰਮੁੱਖ ਨੇਤਾਵਾਂ ਨੂੰ ਮਿਲਾਉਂਦੇ ਦੇਖਿਆ ਜਾਂਦਾ ਹੈ। ਹਾਲ ਹੀ ਵਿੱਚ ਐਲਨ ਮਸਕ ਦੇ ਪੁੱਤਰ ਦੀ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਵੀਡੀਓ ਵੀ ਵਾਇਰਲ ਹੋਈ ਸੀ। ਪੀ ਐੱਮ ਮੋਦੀ ਦੇ ਅਮਰੀਕੀ ਦੌਰੇ ਦੌਰਾਨ ਉਨ੍ਹਾ ਨਾਲ ਮੁਲਾਕਾਤ ਸਮੇਂ ਵੀ ਐਲਨ ਮਸਕ ਦੇ ਬੱਚੇ ਮੌਜੂਦ ਸਨ। ਪ੍ਰਧਾਨ ਮੰਤਰੀ ਮੋਦੀ ਨੇ ਉਨ੍ਹਾਂ ਨੂੰ ਇੱਕ ਤੋਹਫ਼ਾ ਵੀ ਦਿੱਤਾ।

ਐਲਨ ਮਸਕ ਦਾ ਪਹਿਲਾ ਵਿਆਹ 2001 ਵਿੱਚ ਕੈਨੇਡੀਅਨ ਲੇਖਕਾ ਜਸਟਿਨ ਵਿਲਸਨ ਨਾਲ ਹੋਇਆ ਸੀ। ਉਹ ਪਹਿਲੀ ਵਾਰ 2002 ਵਿੱਚ ਪਿਤਾ ਬਣਿਆ। ਐਲਨ ਮਸਕ ਦੇ ਪਹਿਲੇ ਪੁੱਤਰ ਦਾ ਨਾਂਅ ਨੇਵਾਡਾ ਅਲੈਗਜ਼ੈਂਡਰ ਸੀ, ਪਰ ਉਹ 10 ਹਫਤਿਆਂ ਤੋਂ ਵੱਧ ਨਹੀਂ ਬਚ ਸਕਿਆ। ਜਸਟਿਨ ਵਿਲਸਨ ਨੇ ਪੰਜ ਹੋਰ ਬੱਚਿਆਂ ਨੂੰ ਜਨਮ ਦਿੱਤਾ। ਇਨ੍ਹਾਂ ਬੱਚਿਆਂ ਦੇ ਨਾਂਅ ਕਾਈ, ਸੈਕਸਨ, ਡੈਮੀਅਨ, ਵਿਵੀਅਨ ਅਤੇ ਗ੍ਰਿਫਿਨ ਹਨ। ਇਨ੍ਹਾਂ ਵਿੱਚ ਵਿਵੀਅਨ ਅਤੇ ਗ੍ਰਿਫਿਨ ਜੁੜਵਾਂ ਹਨ। ਐਲਨ ਮਸਕ ਤੇ ਵਿਲਸਨ ਦਾ 2008 ਵਿੱਚ ਤਲਾਕ ਹੋ ਗਿਆ। ਤਲਾਕ ਤੋਂ ਦੋ ਸਾਲ ਬਾਅਦ 2010 ਵਿੱਚ ਐਲਨ ਮਸਕ ਨੇ ਅਦਾਕਾਰਾ ਰਿਲੇ ਨਾਲ ਦੂਜਾ ਵਿਆਹ ਕੀਤਾ, ਪਰ ਇਹ ਰਿਸ਼ਤਾ ਸਿਰਫ ਦੋ ਸਾਲ ਹੀ ਟਿਕ ਸਕਿਆ। ਇੱਕ ਸਾਲ ਬਾਅਦ ਦੋਵਾਂ ਨੇ ਦੁਬਾਰਾ ਵਿਆਹ ਕਰਵਾ ਲਿਆ, ਪਰ 2016 ਵਿੱਚ ਤਲਾਕ ਤੋਂ ਬਾਅਦ ਉਹ ਦੋਵੇਂ ਵੱਖ ਹੋ ਗਏ। ਇਸ ਵਿਆਹ ਤੋਂ ਕੋਈ ਔਲਾਦ ਨਹੀਂ ਹੋਈ। ਗਾਇਕਾ ਗ੍ਰਾਈਮਜ਼ ਤੇ ● ਬਾਕੀ ਸਫ਼ਾ 2 'ਤੇ



ਗਦਰੀ ਬਾਬਾ ਰੂੜ ਸਿੰਘ ਚੂਹੜ ਚੱਕ ਦੇ ਪਰਵਾਰ ਵੱਲੋਂ ਨਰਿੰਦਰ ਸੋਹਲ ਰਾਹੀਂ 'ਰੋਜ਼ਾਨਾ ਨਵਾਂ ਜ਼ਮਾਨਾ' ਨੂੰ 2100 ਰੁਪਏ ਸਹਾਇਤਾ ਭੇਜੀ ਗਈ।

## ਅੱਜ-ਨਾਮਾ

ਮਾੜੀ ਦਿੱਲੀ ਤੋਂ ਫੇਰ ਇੱਕ ਖ਼ਬਰ ਆਈ,
ਭਗਦੜ ਗਈ ਅਚਾਨਕ ਕੁਝ ਮੱਚ ਬੇਲੀ।
ਵੇਖ ਲਏ ਫੱਟੜ ਤੇ ਮਰੇ ਕਈ ਲੋਕ ਤੱਕੇ,
ਹਾਲਤ ਵੇਖਦਿਆਂ ਭਰ ਗਿਆ ਗੱਚ ਬੇਲੀ।
ਸੁਣਿਆ ਓਦਾਂ ਪ੍ਰਬੰਧ ਹਨ ਬਹੁਤ ਤਕੜੇ,
ਆਉਂਦਾ ਬਾਹਰ ਤਾਂ ਰੁਕੇ ਨਾ ਸੱਚ ਬੇਲੀ।
ਝਲਕ ਜਿੰਦਾਂ ਦੀ ਚਾਹੇ ਦਿਖਲਾਈ ਜਾਂਦੀ,
ਹੁੰਦਾ ਜ਼ਾਹਰ ਤਾਂ ਆਖਰ ਆ ਸੱਚ ਬੇਲੀ।
ਕਰੀਏ ਗੱਲੀਂ ਗੁਤਾਵਾ ਤਾਂ ਬਹੁਤ ਬੇਸ਼ੱਕ,
ਕਰਨੀ ਮੁਸ਼ਕਲ ਕੰਟਰੋਲ ਤਾਂ ਭੀੜ ਬੇਲੀ।
ਆਸੇ-ਪਾਸੇ ਦਾ ਉੱਸਰਿਆ ਬਹੁਤ ਢਾਂਚਾ,
ਬਹੁਤੀ ਕਮਜ਼ੋਰ ਹੈ ਢਾਂਚੇ ਦੀ ਰੀੜ੍ਹ ਬੇਲੀ।

-ਤੀਸ ਮਾਰ ਖਾਂ

# 'ਜਦੋਂ ਮੁਸ਼ਕਲ 'ਚ ਹੁੰਦੀ ਹਾਂ, ਕਿਤਾਬਾਂ ਖੋਲ੍ਹ ਲੈਂਦੀ ਹਾਂ'

ਸ਼ਾਹਕੋਟ (ਗਿਆਨ ਸੈਦਪੁਰੀ)

ਲੇਖਕ ਤੇ ਚਿੰਤਕ ਲਾਲ ਸਿੰਘ ਸੁਲਹਾਣੀ ਦੀ ਲਿਖੀ ਕਿਤਾਬ 'ਸਾਹਿਬ ਸ੍ਰੀ ਕਾਸ਼ੀ ਰਾਮ ਤੇ ਪੰਥਕ ਆਗੂ' ਦਾ ਲੋਕ ਅਰਪਣ ਸਮਾਗਮ ਚਿਰਾਂ ਤੱਕ ਚੇਤਿਆਂ ਵਿੱਚ ਵਸਦਾ ਰਹੇਗਾ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਉੱਘੇ ਸਮਾਜਕ ਚਿੰਤਕ ਅਤੇ ਬਸਪਾ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਅੱਜ ਦੀ ਆਵਾਜ਼ ਦੇ ਸਾਬਕਾ ਪ੍ਰਬੰਧਕੀ ਸੰਪਾਦਕ ਗੁਰਦੀਪ ਸਿੰਘ ਬਠਿੰਡਾ ਨੇ ਕੀਤੀ। ਕਿਤਾਬ 'ਤੇ ਚਰਚਾ ਕਰਨ ਲਈ ਸਾਬਕਾ ਜਾਇੰਟ ਡਾਇਰੈਕਟਰ ਖੇਤੀਬਾੜੀ ਵਿਭਾਗ ਫਤਿਹ ਜੰਗ ਸਿੰਘ ਚੰਡੀਗੜ੍ਹ, ਉੱਘੇ ਕਹਾਣੀਕਾਰ ਗੁਰਮੀਤ ਕੜਿਆਲਵੀ ਅਤੇ ਸਾਬਕਾ ਸਿੱਖਿਆ ਅਧਿਕਾਰੀ ਓਮ ਪ੍ਰਕਾਸ਼ ਸਰੋਏ ਸਮਾਗਮ ਵਿੱਚ ਸ਼ਾਮਲ ਹੋਏ। ਜ਼ਿਲ੍ਹਾ ਲਾਇਬਰੇਰੀ, ਮਿਊਂਸਪਲ ਪਾਰਕ ਫ਼ਿਰੋਜ਼ਪੁਰ ਵਿਖੇ ਹੋਏ ਸਮਾਗਮ ਵਿੱਚ ਜਿੱਥੇ ਸਾਹਿਤਕ ਗੱਲਾਂ ਹੋਈਆਂ, ਉੱਥੇ ਸਮਾਜਿਕ ਤੇ ਸਿਆਸੀ ਸਰੋਕਾਰਾਂ 'ਤੇ ਵੀ ਚਿੰਤਨ ਹੋਇਆ। ਲੋਕ ਚੇਤਨਾ ਵਿਕਾਸ ਮੰਚ (ਰਜਿ.) ਵੱਲੋਂ ਸ਼ਬਦ ਸੱਭਿਆਚਾਰ ਨੂੰ ਸਮਰਪਿਤ ਇਸ ਸਮਾਗਮ ਵਿੱਚ ਸ਼ਾਮਲ ਅਦੀਬਾਂ, ਸਿਆਸੀ ਤੇ ਸਮਾਜਿਕ ਕਾਰਕੁਨਾਂ ਲਈ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਦੀਪ ਸਿੰਘ ਸੰਧੂ ਨੇ ਸਵਾਗਤੀ ਸ਼ਬਦ ਬੋਲਦਿਆਂ ਮੁੱਖ ਮਹਿਮਾਨ ਅਤੇ ਦੂਸਰੇ ਬੁਲਾਰਿਆਂ ਬਾਰੇ ਸੰਖੇਪ ਜਾਣਕਾਰੀ ਦਿੱਤੀ। ਉਪਰੰਤ ਸੰਬੰਧਤ ਕਿਤਾਬ ਦੇ ਕਰਤਾ ਦੀ ਅਧਿਆਪਕਾ ਬੇਟੀ ਗੁਰਲਗਨ ਕੌਰ ਨੇ ਸਰੋਦੀ ਆਵਾਜ਼ ਵਿੱਚ ਵੰਦਨਾ ਵਾਣੀ ਦਾ ਲਿਖਿਆ ਗੀਤ 'ਜਦੋਂ ਮੁਸ਼ਕਲ 'ਚ ਹੁੰਦੀ ਹਾਂ, ਕਿਤਾਬਾਂ ਖੋਲ੍ਹ ਲੈਂਦੀ ਹਾਂ,' ਪੇਸ਼ ਕੀਤਾ ਤਾਂ ਮਹਿਸੂਸ ਹੋਇਆ ਕਿ ਲਾਇਬਰੇਰੀ ਦਾ ਚੱਪਾ-ਚੱਪਾ ਸੰਗੀਤਕ ਹੋ ਗਿਆ ਹੋਵੇ।



ਕਿਤਾਬ ਲੋਕ ਅਰਪਣ ਕਰਦੇ ਹੋਏ ਵੱਖ-ਵੱਖ ਅਦੀਬ।

ਇਸੇ ਦੌਰਾਨ ਕਿਤਾਬ ਲੋਕ ਅਰਪਣ ਕੀਤੀ ਗਈ। ਸਟੇਜ ਚਲਾ ਰਹੇ ਡਾ. ਰਾਮੇਸ਼ਵਰ ਸਿੰਘ ਕਟਾਰਾ ਨੇ ਕਿਤਾਬ 'ਤੇ ਚਰਚਾ ਕਰਨ ਲਈ ਬੁਲਾਏ ਗਏ ਵਿਦਵਾਨਾਂ ਨੂੰ ਬੁਲਾਵਾ ਦੇਣ ਤੋਂ ਪਹਿਲਾਂ ਚਰਚਾ ਦੀ ਭੂਮਿਕਾ ਬੰਨ੍ਹਦਿਆਂ ਕਿਹਾ ਕਿ ਗੁਰੂ ਰਵਿਦਾਸ, ਬਾਬਾ ਨਾਨਕ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਨੇ ਇਨਕਲਾਬੀ ਕਦਮ ਚੁੱਕਦਿਆਂ ਮਨੁੱਖੀ ਬਰਾਬਰਤਾ ਦੀ ਲੋਚਾ ਕੀਤੀ ਸੀ। ਇਹ ਅਜੇ ਤੱਕ ਪੂਰੀ ਨਹੀਂ ਹੋ ਸਕੀ। ਸੁਲਹਾਣੀ ਦੀ ਕਿਤਾਬ ਇਸੇ ਦਰਦ 'ਚੋਂ ਉੱਠੀ ਚੀਸ ਹੈ। ਚਰਚਾ ਨੂੰ ਅੱਗੇ ਤੋਰਦਿਆਂ ਫਤਿਹ ਜੰਗ ਸਿੰਘ ਨੇ ਲੇਖਕ ਲਾਲ ਸਿੰਘ ਸੁਲਹਾਣੀ ਦੀ ਸ਼ਖ਼ਸੀਅਤ ਦੀ ਗੱਲ ਕੀਤੀ ਅਤੇ ਕਾਂਸ਼ੀ ਰਾਮ ਦੇ ਸੰਘਰਸ਼ ਦੀ ਵੀ। ਉਨ੍ਹਾ ਬਾਦਲਾਂ ਦੀ ਬੇਈਮਾਨੀ ਦੀ ਵੀ ਬਾਤ ਪਾਈ ਅਤੇ ਕੁਝ ਪੰਥਕ ਆਗੂਆਂ ਦੇ ਦੋਗਲੇ ਕਿਰਦਾਰ ਦਾ ਵੀ ਜ਼ਿਕਰ ਕੀਤਾ ਸਮੇਤ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ। ਉਨ੍ਹਾ ਕਿਹਾ ਕਿ ਲੇਖਕ ਨੇ ਆਪਣੀ ਕਿਤਾਬ ਵਿੱਚ ਇਤਿਹਾਸ ਨੂੰ ਸੰਭਾਲ ਲਿਆ ਹੈ।ਸੁਲਹਾਣੀ ਨੂੰ ਜੁਗਤ ਨਾਲ ਗੱਲ ਕਰਨੀ ਆਉਂਦੀ ਹੈ, ਕਿਤਾਬ ਦਾ ਪੰਨਾ-ਪੰਨਾ ਇਸ ਦਾ ਗਵਾਹ ਹੈ। ਫਤਿਹ ਜੰਗ ਸਿੰਘ ਨੇ ਮਜ਼੍ਹਬੀ ਸਿੱਖ ਅਤੇ ਰਵਿਦਾਸੀਆ ਭਾਈਚਾਰੇ ਨੂੰ ਹਮਜੋਲੀ ਬਣ ਕੇ ਵਿਚਰਨ ਦਾ ਵਾਸਤਾ ਵੀ ਪਾਇਆ।

ਸੱਦੇ ਗਏ ਹੋਰ ਵਿਦਵਾਨਾਂ ਤੋਂ ਪਹਿਲਾਂ ਲਾਲ ਸਿੰਘ ਸੁਲਹਾਣੀ ਨੇ ਕਿਤਾਬ ਦੀਆਂ ਜੰਮਣ ਪੀੜਾਂ ਨੂੰ ਸੰਖੇਪ ਵਿੱਚ ਬਿਆਨ ਕੀਤਾ। ਉਨ੍ਹਾ ਕਿਹਾ ਕਿ ਕਾਂਸ਼ੀ ਰਾਮ ਦੇ ਸੰਘਰਸ਼ ਮੌਕੇ ਜੋ ਕੌੜੇ-ਮਿੱਠੇ ਤਜਰਬੇ ਹਾਸਲ ਹੋਏ, ਉਨ੍ਹਾਂ ਨੂੰ ਕਾਗਜ਼ਾਂ 'ਤੇ ਉਤਾਰ ਦਿੱਤਾ ਹੈ। ਉਨ੍ਹਾ ਦੱਸਿਆ ਕਿ ਮੇਰੇ ਮਿੱਤਰ ਗੁਰਮੀਤ ਕੜਿਆਲਵੀ ਤੇ ਹਰਮੀਤ ਵਿਦਿਆਰਥੀ ਕਿਤਾਬ ਛਪਵਾਉਣ ਲਈ ਹੁੱਝਾਂ ਮਾਰਦੇ ਰਹੇ, ਜੋ ਕੰਮ ਆਈਆਂ।ਇਹ ਵੀ ਕਿਹਾ ਜਾ ਸਕਦਾ ਹੈ ਕਿ ਇਸ ਕਿਤਾਬ ਦੇ ਛਾਪਣ ਪਿੱਛੇ ਓਮ ਪ੍ਰਕਾਸ਼ ਸਰੋਏ ਦੀ ਮਿਹਨਤ ਹੈ। ਸੁਲਹਾਣੀ ਨੇ ਕਿਹਾ ਕਿ ਇਸ ਕਿਤਾਬ ਦੇ ਰੂਪ ਵਿੱਚ ਜੋ ਤਿਲਫੁੱਲ ਪਾਠਕਾਂ ਦੀ ਝੋਲੀ ਪਾਇਆ ਹੈ, ਉਸ ਨੂੰ ਕਿਵੇਂ ਸਵੀਕਾਰਿਆਂ ਜਾਂਦਾ ਹੈ, ਇਸ ਦਾ ਇੰਤਜ਼ਾਰ ਰਹੇਗਾ। ਉਨ੍ਹਾ ਬੇਹੱਦ ਰੁਝੇਵਿਆਂ ਦੇ ਬਾਵਜੂਦ ਸਮਾਗਮ ਵਿੱਚ ਸ਼ਾਮਲ ਹੋਣ ਲਈ ਡਾ. ਅਵਤਾਰ ● ਬਾਕੀ ਸਫ਼ਾ 2 'ਤੇ

## ਮਾਤਾ ਗੰਗਾ ਖਾਲਸਾ ਕਾਲਜ 'ਚ 'ਸਵਰਾਂ ਦੀ ਬਸੰਤ' ਪ੍ਰੋਗਰਾਮ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ ਕੋਟਾਂ (ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਦੇ ਸੰਗੀਤ ਵਿਭਾਗ (ਵੋਕਲ) ਨੇ 'ਸਵਰਾਂ ਦੀ ਬਸੰਤ' ਪ੍ਰੋਗਰਾਮ ਮਨਾਇਆ। ਕਾਲਜ ਦੇ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਪ੍ਰੋਗਰਾਮ ਦਾ ਉਦਘਾਟਨ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸ਼ਮ੍ਹਾ ਰੌਸ਼ਨ ਨਾਲ ਕੀਤਾ। ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਰਾਗ ਬਸੰਤ, ਸਰਸਵਤੀ ਵੰਦਨਾ ਅਤੇ ਵੱਖ-ਵੱਖ ਤਰ੍ਹਾਂ ਦੇ ਗੀਤਾਂ ਦੀ ਪੇਸ਼ਕਸ਼ ਕੀਤੀ।ਸੁਮਨਜੋਤ ਕੌਰ, ਗੁਰਸਿਮਰਨ ਸਿੰਘ, ਕਾਜਲ, ਗੁਰਵਿੰਦਰ ਸਿੰਘ, ਜਸਮੀਤ ਸਿੰਘ, ਇੰਦਰਜੋਤ ਸਿੰਘ, ਮਨਪ੍ਰੀਤ ਕੌਰ, ਵਰਿੰਦਰਜੋਤ ਕੌਰ, ਵਿਪਨਦੀਪ ਕੌਰ, ਨਵਨੀਤ ਕੌਰ, ਕੋਮਲਪ੍ਰੀਤ ਕੌਰ, ਲਵਪ੍ਰੀਤ ਕੌਰ, ਹਿਨਾ ਖਾਤੂਨ, ਨਵਜੋਤ ਕੌਰ, ਕੁਲਵੀਰ ਕੌਰ, ਹਰਸਿਮਰਨ ਕੌਰ, ਜਸਮੀਤ ਸਿੰਘ ਤੇ ਲਵਲੀਨ ਕੌਰ ਨੇ ਆਪਣੀਆਂ ਸੁਰੀਲੀਆਂ ਆਵਾਜ਼ਾਂ ਅਤੇ ਗੀਤਾਂ ਨਾਲ ਸਮਾਗਮ ਨੂੰ ਰੰਗਾ-ਰੰਗ ਬਣਾ ਦਿੱਤਾ। ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਰਾਜਿੰਦਰ ਕੌਰ ਅਤੇ ਰਾਜਵੀਰ ਸਿੰਘ ਦੀ ਇਸ ਉਪਰਾਲੇ ਲਈ ਪ੍ਰਸੰਸਾ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।

## ਕਾਰ ਸਵਾਰ ਚਾਰ ਲੁਟੇਰਿਆਂ ਨੇ ਮੋਟਰਸਾਈਕਲ ਸਵਾਰ ਨੂੰ ਜ਼ਖਮੀ ਕਰਕੇ ਲੁੱਟੇ 25 ਹਜ਼ਾਰ



**ਸਮਰਾਲਾ (ਸੁਰਜੀਤ ਸਿੰਘ)**-ਬੀਤੀ ਰਾਤ ਪਿੰਡ ਬਾਲਿਓ ਨਜ਼ਦੀਕ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਪਿੰਡ ਬਾਲਿਓ ਦੇ ਨਜ਼ਦੀਕ ਇੱਕ ਅਲਟੋ ਕਾਰ ਵਿੱਚ ਸਵਾਰ ਚਾਰ ਵਿਅਕਤੀਆਂ ਨੇ ਮੋਟਰਸਾਈਕਲ ਨੂੰ ਟੱਕਰ ਮਾਰ, ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਕਰੀਬ 25 ਹਜ਼ਾਰ ਰੁਪਏ ਲੁੱਟ ਕੇ ਫਰਾਰ ਹੋ ਗਏ।ਜ਼ਖਮੀ ਨੌਜਵਾਨ ਨੂੰ ਸਮਰਾਲਾ ਲਿਆਂਦਾ ਗਿਆ, ਜਿੱਥੇ ਉਸ ਦੀ ਗੰਭੀਰ ਹਾਲਤ ਦੇਖਦੇ ਹੋਏ ਚੰਡੀਗੜ੍ਹ ਦੇ 32 ਸੈਕਟਰ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ।ਹਮਲਾਵਰਾਂ ਵਲੋਂ ਤੇਜ਼ਧਾਰ ਹਥਿਆਰਾਂ ਨਾਲ ਨੌਜਵਾਨ ਦੇ ਦੋਨੇ ਗੁੱਟ ,ਪੈਰ ਅਤੇ ਪਟ ਤੇ ਬੁਰੀ ਤਰ੍ਹਾਂ ਵਾਰ ਕੀਤੇ ਗਏ।ਘਟਨਾ ਦਾ ਪਤਾ ਚੱਲ ਰਹੀ ਸਮਰਾਲਾ ਪੁਲਿਸ ਟੀਮ ਸਮਰਾਲਾ ਸਿਵਲ ਹਸਪਤਾਲ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਵਿੱਚ ਜੁੱਟ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਨੌਜਵਾਨ ਗਗਨਦੀਪ ਗੋਪੀ, ਜੋ ਕਿ ਮਾਛੀਵਾੜਾ ਸਾਹਿਬ ਵਿਖੇ ਮੀਟ ਦੀ ਦੁਕਾਨ ਕਰਦਾ ਹੈ, ਰੋਜ਼ਾਨਾ ਦੀ ਤਰ੍ਹਾਂ ਸ਼ਾਮ ਨੂੰ ਜਦੋਂ ਉਹ ਆਪਣੇ ਘਰ ਵਾਪਸ ਆਉਣ ਲਈ ਆਪਣੇ ਮੋਟਰਸਾਈਕਲ 'ਤੇ ਸਮਰਾਲੇ ਵੱਲ ਨੂੰ ਆਉਣ ਲੱਗਿਆ ਤਾਂ ਜਦੋਂ ਉਹ ਪਿੰਡ ਬਾਲਿਓ ਦੇ ਨਜ਼ਦੀਕ ਪਹੁੰਚਿਆ ਤਾਂ ਉਸ ਦੇ ਪਿੱਛੇ ਤੋਂ ਆ ਰਹੀ ਇੱਕ ਅਲਟੋ ਕਾਰ ਵਿੱਚ ਸਵਾਰ ਚਾਰ ਲੁਟੇਰਿਆਂ ਨੇ ਉਸ ਦੇ ਮੋਟਰਸਾਈਕਲ ਵਿੱਚ ਪਿੱਛੇ ਤੋਂ ਟੱਕਰ ਮਾਰ ਦਿੱਤੀ ਅਤੇ ਉਸ ਉੱਪਰ ਤੇਜਧਾਰ ਹਥਿਆਰਾਂ ਨਾਲ ਹਮਲਾ ਕਰ ਉਸ ਤੋਂ ਕਰੀਬ 25 ਹਜ਼ਾਰ ਰੁਪਏ ਲੁੱਟ ਕੇ ਫਰਾਰ ਹੋ ਗਏ।ਜ਼ਖਮੀ ਹਾਲਤ 'ਚ ਜਦੋਂ ਉਸ ਨੂੰ ਸਮਰਾਲਾ ਦੇ ਸਰਕਾਰੀ ਹਸਪਤਾਲ ਚ ਲਿਆਂਦਾ ਗਿਆ ਤਾਂ ਉਸ ਗੰਭੀਰ ਹਾਲਤ ਦੇਖਦਿਆਂ ਉਸ ਨੂੰ ਚੰਡੀਗੜ੍ਹ ਦੇ 32 ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ।ਇਸ ਸੰਬੰਧ ਵਿੱਚ ਸਮਰਾਲਾ ਪੁਲਿਸ ਦੇ ਡੀਐਸਪੀ ਤਰਲੋਚਨ ਸਿੰਘ ਦਾ ਕਹਿਣਾ ਹੈ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਜਲਦ ਹੀ ਇਸ ਗੁਥੀ ਨੂੰ ਸੁਲਝਾ ਲਿਆ ਜਾਵੇਗਾ।

## ਸੜਕ 'ਤੇ ਗੈਰ-ਕਾਨੂੰਨੀ ਢੰਗ ਨਾਲ ਖੜ੍ਹੇ ਵਾਹਨਾਂ ਦੇ ਕੱਟੇ ਚਲਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਐਸ ਐਸ ਪੀ ਤੁਸ਼ਾਰ ਗੁਪਤਾ ਦੇ ਨਿਰਦੇਸ਼ਾਂ ਅਨੁਸਾਰ ਟ੍ਰੈਫਿਕ ਪੁਲਿਸ ਨੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਤੇਜ਼ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਸ਼ਹਿਰ ਦੇ ਬੈਂਕ ਰੋਡ, ਰੇਲਵੇ ਰੋਡ ਅਤੇ ਮਲੋਟ ਰੋਡ 'ਤੇ ਲੋਕ ਅਕਸਰ ਸੜਕ ਦੇ ਦੋਵੇਂ ਪਾਸੇ ਛੋਟੇ ਅਤੇ ਵੱਡੇ ਵਾਹਨ ਖੜ੍ਹੇ ਕਰ ਦਿੰਦੇ ਹਨ, ਜਿਸ ਕਾਰਨ ਚੌੜੀਆਂ ਤੋਂ ਚੌੜੀਆਂ ਸੜਕਾਂ ਵੀ ਤੰਗ ਹੋ ਕੇ ਰਹਿ ਜਾਂਦੀਆਂ ਹਨ।ਅਕਸਰ ਇਨ੍ਹਾਂ ਸੜਕਾਂ 'ਤੇ ਬੇਤਰਤੀਬ ਢੰਗ ਨਾਲ ਖੜ੍ਹੇ ਵਾਹਨ ਆਵਾਜਾਈ 'ਚ ਵਿਘਨ ਪਾਉਂਦੇ ਹਨ ਅਤੇ ਜਾਮ ਦਾ ਕਾਰਨ ਬਣਦੇ ਹਨ। ਅਜਿਹੇ ਵਾਹਨਾਂ ਕਾਰਨ ਦੁਕਾਨਦਾਰਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸ਼ਨੀਵਾਰ ਤੋਂ ਟ੍ਰੈਫਿਕ ਪੁਲਿਸ ਨੇ ਸਰਗਰਮੀ ਦਿਖਾਉਂਦਿਆਂ ਆਵਾਜਾਈ 'ਚ ਰੁਕਾਵਟ ਪਾਉਣ ਵਾਲੇ ਵਾਹਨਾਂ ਅਤੇ ਦੋਪਹੀਆ ਵਾਹਨਾਂ 'ਤੇ ਤਿੰਨ ਲੋਕਾਂ ਦੇ ਬੈਠਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਹੈ ਅਤੇ ਕਈ ਵਾਹਨਾਂ ਦੇ ਚਲਾਨ ਕੀਤੇ ਹਨ। ਪੁਲਿਸ ਵੱਲੋਂ ਗਲਤ ਪਾਰਕਿੰਗ ਕਰਨ ਵਾਲੇ, ਨਾਬਾਲਿਗ ਵਾਹਨ ਚਾਲਕਾਂ ਅਤੇ ਬੁਲਟ ਨਾਲ ਪਟਾਖੇ ਮਾਰਨ ਵਾਲੇ ਨੌਜਵਾਨਾਂ ਦੇ ਵਾਹਨਾਂ ਦੇ ਚਲਾਨ ਵੀ ਕੱਟੇ ਗਏ।

## ਸਾਂਝੇ ਵਿਦਿਆਰਥੀ ਮੋਰਚੇ ਵੱਲੋਂ ਪੁਸਤਕ ਮੇਲਾ ਕਰਾਉਣ ਦੀ ਮੰਗ



**ਪਟਿਆਲਾ (ਅਵਤਾਰ ਜਟਾਣਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਸਾਂਝੇ ਵਿਦਿਆਰਥੀ ਮੋਰਚੇ ਦੀ ਮੀਟਿੰਗ ਕੀਤੀ ਗਈ।ਮੋਰਚੇ ਵਿੱਚ ਸ਼ਾਮਲ ਪੰਜ ਵਿਦਿਆਰਥੀ ਜਥੇਬੰਦੀਆਂ ਪੰਜਾਬ ਰੈਡੀਕਲ ਸਟੂਡੈਂਟਸ ਯੂਨੀਅਨ, ਆਲ ਇੰਡੀਆ ਸਟੂਡੈਂਟ ਫੈਡਰੇਸ਼ਨ, ਪੰਜਾਬ ਸਟੂਡੈਂਟਸ ਯੂਨੀਅਨ, ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ ਤੇ ਪੰਜਾਬ ਸਟੂਡੈਂਟਸ ਫੈਡਰੇਸ਼ਨ ਦੇ ਆਗੂਆਂ ਵੱਲੋਂ ਮੀਟਿੰਗ ਵਿੱਚ ਪੰਜਾਬੀ ਯੂਨੀਵਰਸਿਟੀ ਵਿੱਚ ਹਰ ਸਾਲ ਕਰਾਏ ਜਾਂਦੇ ਪੁਸਤਕ ਮੇਲੇ ਸੰਬੰਧੀ ਉੱਠੇ ਵਿਵਾਦ ਤੇ ਪੁਸਤਕ ਮੇਲਾ ਕਰਾਏ ਜਾਣ 'ਤੇ ਚਰਚਾ ਕੀਤੀ ਗਈ।ਆਗੂਆਂ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਵਿੱਚ ਪਿਛਲੇ ਦਸ ਸਾਲਾਂ ਤੋਂ ਪੁਸਤਕ ਮੇਲਾ ਕਰਾਇਆ ਜਾਂਦਾ ਹੈ, ਪ੍ਰੰਤੂ ਇਸ ਸਾਲ 18 ਫ਼ਰਵਰੀ ਤੋਂ ਕਰਾਏ ਜਾ ਰਹੇ ਪੁਸਤਕ ਮੇਲੇ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪ੍ਰਸ਼ਾਸਨ ਵੱਲੋਂ ਬਿਨਾਂ ਕਿਸੇ ਕਾਰਨਾਂ ਦੀ ਜਾਣਕਾਰੀ ਦਿੰਦਿਆਂ ਰੱਦ ਕਰ ਦਿੱਤਾ ਗਿਆ ਹੈ।ਵਿਦਿਆਰਥੀ ਆਗੂਆਂ ਨੇ ਕਿਹਾ ਕਿ ਇਹ ਮੇਲਾ ਪੰਜਾਬ ਭਰ ਵਿੱਚ ਬਹੁਤ ਮਕਬੂਲ ਹੋਇਆ ਹੈ ਤੇ ਨਾ ਸਿਰਫ ਯੂਨੀਵਰਸਿਟੀ ਬਲਕਿ ਦੇਸ਼ ਭਰ ਵਿੱਚੋਂ ਪੁਸਤਕ ਪ੍ਰੇਮੀ ਇਸ ਵਿੱਚ ਹਾਜ਼ਰੀ ਭਰਦੇ ਹਨ। ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਮੇਲਾ ਰੱਦ ਕਰਦਿਆਂ ਅਗਲੇ ਮਹੀਨੇ ਕਰਾਉਣ ਦੀ ਗੱਲ ਕਹੀ ਜਾ ਰਹੀ ਹੈ।ਇਸ ਸੰਬੰਧੀ ਸਾਂਝੇ ਵਿਦਿਆਰਥੀ ਮੋਰਚੇ ਵੱਲੋਂ ਜਾਂਚ ਕੀਤੀ ਗਈ।ਪਤਾ ਚੱਲਿਆ ਹੈ ਕਿ ਹੁਣ ਤੱਕ ਪੁਸਤਕ ਮੇਲੇ ਯੂਨੀਵਰਸਿਟੀ ਵਾਈਸ ਚਾਂਸਲਰ ਦੀ ਪ੍ਰਵਾਨਗੀ ਨਾਲ ਪਬਲੀਕੇਸ਼ਨ ਬਿਊਰੋ ਤੇ ਪ੍ਰਕਾਸ਼ਕਾਂ ਦੇ ਸਹਿਯੋਗ ਨਾਲ ਕਰਾਏ ਜਾਂਦੇ ਰਹੇ ਹਨ।ਵਿਦਿਆਰਥੀ ਆਗੂਆਂ ਨੇ ਕਿਹਾ ਕਿ ਵਾਈਸ ਚਾਂਸਲਰ ਨਾ ਹੋਣ ਕਾਰਨ ਯੂਨੀਵਰਸਿਟੀ ਦੇ ਬਹੁਤ ਸਾਰੇ ਕੰਮ ਅਧੂਰੇ ਪਏ ਹਨ।ਵਿਦਿਆਰਥੀ ਆਗੂਆਂ ਵੱਲੋਂ ਮੰਗ ਉਠਾਈ ਗਈ ਕਿ ਨਾ ਸਿਰਫ ਗਿਆਰਵਾਂ ਪੁਸਤਕ ਮੇਲਾ ਜਲਦ ਪੰਜਾਬੀ ਯੂਨੀਵਰਸਿਟੀ ਪਬਲੀਕੇਸ਼ਨ ਦੀ ਅਗਵਾਈ ਵਿੱਚ ਆਯੋਜਤ ਕੀਤਾ ਜਾਵੇ ਤੇ ਇਸਦੇ ਸਾਰੇ ਵਿੱਤੀ ਲੈਣ-ਦੇਣ ਸੰਬੰਧੀ ਸ਼ਰਤਾਂ ਅਤੇ ਜ਼ਿੰਮੇਵਾਰੀਆਂ ਯੂਨੀਵਰਸਿਟੀ ਅਦਾਰੇ ਵੱਲੋਂ ਨਿਭਾਈਆਂ ਜਾਣ।ਦੂਜਾ ਪਹਿਲਾਂ ਹੋਏ ਪੁਸਤਕ ਮੇਲਿਆਂ ਦੀ ਕੁੱਲ ਪ੍ਰਕਿਰਿਆ ਦੀ ਜਾਂਚ ਕੀਤੀ ਜਾਵੇ ਤੇ ਯੂਨੀਵਰਸਿਟੀ ਪ੍ਰਸ਼ਾਸਨ ਆਪਣਾ ਪੱਖ ਸਪੱਸ਼ਟ ਕਰੇ।

## ਸੰਵਿਧਾਨਕ ਕਦਰਾਂ-ਕੀਮਤਾਂ ਬਾਰੇ ਜ਼ਿਲ੍ਹਾ ਪੱਧਰੀ ਸੈਮੀਨਾਰ

**ਮਾਨਸਾ (ਆਤਮਾ ਸਿੰਘ ਪਮਾਰ)**-ਇੱਥੋਂ ਨੇੜਲੇ ਪਿੰਡ ਫ਼ਰੀਡਮ ਫ਼ਾਈਟਰ ਕੁੰਦਨ ਸਿੰਘ ਪੀ ਐਮ ਸ਼੍ਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੈਣੀ ਬਾਘਾ ਵਿਖੇ ਮਾਣਯੋਗ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿੰ) ਮਾਨਸਾ ਭੁਪਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਮੋਨਿਕਾ ਰਾਣੀ ਦੀ ਯੋਗ ਅਗਵਾਈ ਵਿੱਚ ਸੰਵਿਧਾਨਕ ਕਦਰਾਂ ਕੀਮਤਾਂ ਵਿਸ਼ੇ ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸਕੂਲ ਇੰਚਾਰਜ ਯੋਗਿਤਾ ਜੋਸ਼ੀ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਹਿਣ ਉਪਰੰਤ ਸੰਖੇਪ 'ਚ ਸਕੂਲ ਦੀ ਰਿਪੋਰਟ ਹਾਜ਼ਰੀਨ ਨਾਲ ਸਾਂਝੀ ਕੀਤੀ।ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਦੇ ਵਜੋਂ ਕਾਲਾ ਕਾਂਸਲ ਐਸ ਡੀ ਐਮ ਨੇ ਸ਼ਿਰਕਤ ਕੀਤੀ।ਉਹਨਾਂ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਜਿੱਥੇ ਸਕੂਲ ਵਿੱਚ ਮਿਲਣ ਵਾਲੀਆਂ ਸਹੂਲਤਾਂ ਦੀ ਪ੍ਰਸ਼ੰਸਾ ਕੀਤੀ, ਉੱਥੇ ਵਿਦਿਆਰਥੀਆਂ ਨੂੰ ਆਪਣੇ ਨਿਰਧਾਰਿਤ ਟੀਚਿਆਂ ਦੀ ਪ੍ਰਾਪਤੀ ਲਈ ਮਿਹਨਤ ਨੂੰ ਤਰਜੀਹੀ ਆਧਾਰ 'ਤੇ ਲੈਣ 'ਤੇ ਜ਼ੋਰ ਦਿੱਤਾ।ਵਿਸ਼ੇਸ਼ ਮਹਿਮਾਨ ਵਜੋਂ ਬੂਟਾ ਸਿੰਘ, ਡੀ ਐਸ ਪੀ ਮਾਨਸਾ ਨੇ ਆਪਣੇ ਸੰਬੋਧਨ ਵਿੱਚ ਅਧਿਆਪਕਾਂ ਦੇ ਸਤਿਕਾਰ ਦਾ ਮਹੱਤਵ ਦਸਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਮੰਜ਼ਲ ਤੱਕ ਪਹੁੰਚਾਉਣ ਲਈ ਅਧਿਆਪਕਾਂ ਦਾ ਵਿਸ਼ੇਸ਼ ਯੋਗਦਾਨ ਹੁੰਦਾ ਹੈ। ਇਸ ਲਈ ਆਪਣੇ ਅਧਿਆਪਕਾਂ ਦੀ ਕਦਰ ਕਰਨੀ ਨਹੀਂ ਭੁੱਲਣੀ ਚਾਹੀਦੀ। ਸੈਮੀਨਾਰ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਐਡਵੋਕੇਟ ਬਲਵੰਤ ਭਾਟੀ ਨੇ ਸੰਵਿਧਾਨ ਦੀ ਮੁੱਢਲੀ ਜਾਣਕਾਰੀ ਤੋਂ ਸ਼ੁਰੂ ਕਰਕੇ ਸੰਵਿਧਾਨਕ ਕਦਰਾਂ ਕੀਮਤਾਂ 'ਤੇ ਵਿਸਥਾਰ ਨਾਲ ਚਾਨਣਾ ਪਾਇਆ।ਉਹਨਾਂ ਕਿਹਾ ਕਿ ਸੰਵਿਧਾਨ ਹੀ ਇਕੋਂ ਇੱਕ ਮਹਾਨ ਗ੍ਰੰਥਹੈ, ਜੋ ਆਮ ਨਾਗਰਿਕਾਂ ਦੇ ਜਮਹੂਰੀ ਅਧਿਕਾਰਾਂ ਦੀ ਸੁਰੱਖਿਆ ਦੀ ਹਾਮੀ ਭਰਦਾ ਹੈ।ਜਗਮੀਤ ਸਿੰਘ ਸ.ਸ.ਮਾਸਟਰ ਵੱਲੋਂ ਵੀ ਬੁਲਾਰਿਆਂ ਵੱਲੋਂ ਪੁੱਛੇ ਗਏ ਸਵਾਲਾਂ ਦਾ ਉੱਤਰ ਦੇ ਕੇ ਅਧਿਆਪਕਾਂ ਦੀ ਬੁੱਧੀਮਤਾ ਦਾ ਸਬੂਤ ਦਿੱਤਾ।ਗੁਰਤੇਜ ਸਿੰਘ, ਲੈਕਚਰਾਰ ਅੰਗਰੇਜ਼ੀ ਨੇ ਸਕੂਲ ਦੀਆਂ ਵੱਖ ਵੱਖ ਪ੍ਰਾਪਤੀਆਂ ਦਾ ਵੀ ਜ਼ਿਕਰ ਕੀਤਾ। ਪ੍ਰੋਗਰਾਮ ਦੇ ਅਖੀਰ 'ਚ ਸ਼੍ਰੀਮਤੀ ਮੀਨਾ ਕੁਮਾਰੀ ਪੰਜਾਬੀ ਲੈਕਚਰਾਰ ਨੇ ਮਹਿਮਾਨਾਂ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਨਵਰੂਪ ਕੌਰ ਅਤੇ ਮਿਸ ਕੁਲਵਿੰਦਰ ਕੌਰ ਵੱਲੋਂ ਸਾਂਝੇ ਤੌਰ ਤੇ ਬਾਖ਼ੂਬੀ ਨਿਭਾਈ।ਸਮੂਹ ਸਟਾਫ਼ ਵੱਲੋਂ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਅਤੇ ਯਾਦਗਾਰੀ ਤੋਹਫ਼ੇ ਭੇਟ ਕਰਕੇ ਸਨਮਾਨਿਤ ਵੀ ਕੀਤਾ।

# ਸਾਥੀ ਜਗਦੀਸ਼ ਧਰਮੂਵਾਲਾ ਦੀ ਬਰਸੀ ਨੂੰ ਸਮਰਪਤ ਸਿਧਾਂਤਕ ਤੇ ਜਥੇਬੰਦਕ ਕੈਂਪ ਦਾ ਆਯੋਜਨ




**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**
ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਰਹੇ ਮਰਹੂਮ ਆਗੂ ਸਾਥੀ ਜਗਦੀਸ਼ ਧਰਮੂ ਵਾਲਾ ਦੀ ਬਰਸੀ ਨੂੰ ਸਮਰਪਤ ਘੁਬਾਇਆ ਵਿਖੇ ਸਿਧਾਂਤਕ ਤੇ ਜਥੇਬੰਦਕ ਕੈਂਪ ਲਾਇਆ ਗਿਆ। ਕੈਂਪ ਵਿੱਚ ਵਿਦਿਆਰਥੀਆਂ ਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ। ਸਾਥੀ ਚਰਨਜੀਤ ਛਾਂਗਾ ਰਾਏ ਤੇ ਪਰਮਜੀਤ ਢਾਬਾਂ ਨੇ ਆਏ ਹੋਏ ਨੌਜਵਾਨਾਂ ਨੂੰ ਸਿਧਾਂਤਕ ਤੇ ਜਥੇਬੰਦਕ ਸੇਧ ਦਿੱਤੀ। ਕੈਂਪ ਵਿੱਚ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਕਰਾਉਣ ਤੇ ਰੁਕੇ ਵਜੀਫਿਆਂ ਨੂੰ ਜਾਰੀ ਕਰਾਉਣ ਲਈ ਵੀ ਟ੍ਰੇਨਿੰਗ ਦਿੱਤੀ ਗਈ। ਉਹ ਸਾਰੀ ਕਿਰਤੀ ਲਾਭਪਾਤਰੀਆਂ ਦੇ ਵਿਦਿਆਰਥੀ ਬੱਚਿਆਂ ਦੇ ਵਜੀਫੇ ਜਾਰੀ ਕਰਾਉਣ ਲਈ ਤਕਨੀਕੀ ਤਰੁੱਟੀਆਂ ਨੂੰ ਦੂਰ ਕਰਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਕੈਂਪ ਵਿੱਚ ਪਹੁੰਚੇ ਨੌਜਵਾਨਾਂ ਨੂੰ ਸਰਬ ਭਾਰਤ ਨੌਜਵਾਨ ਸਭਾ ਪਿੰਡ ਦੀ ਇਕਾਈ ਦੇ ਪ੍ਰਧਾਨ ਬਲਦੇਵ ਘੁਬਾਇਆ ਵੱਲੋਂ ਜੀ ਆਇਆ ਕਿਹਾ ਗਿਆ। ਨੌਜਵਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਤਰ੍ਹਾਂ ਦੇ ਹੋਰ ਵੀ ਕੈਂਪ ਲਵਾਉਣਗੇ। ਇਸ ਮੌਕੇ ਸਾਥੀ ਜੰਮੂ ਰਾਮ ਬਨਵਾਲਾ, ਸਟਾਲਿਨ ਲਮੋਚੜ, ਸੁਰਿੰਦਰ ਬਾਹਮਣੀ ਵਾਲਾ ਤੇ ਕ੍ਰਿਸ਼ਨ ਧਰਮੂ ਵਾਲਾ ਨੇ ਵੀ ਸੰਬੋਧਨ ਕੀਤਾ। ਨੌਜਵਾਨ ਸਭਾ ਦੇ ਸੂਬਾ ਸਕੱਤਰ ਸਾਥੀ ਚਰਨਜੀਤ ਛਾਂਗਾ ਰਾਏ ਅਤੇ ਜ਼ਿਲ੍ਹਾ ਫਾਜ਼ਿਲਕਾ ਦੇ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ ਨੇ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਤਹਿਤ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ (ਬਨੇਗਾ) ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਾਉਣ ਲਈ ਨੌਜਵਾਨਾਂ ਨੂੰ ਬਨੇਗਾ ਵਲੰਟੀਅਰਜ਼ ਬਣ ਕੇ ਦੇਸ਼ ਦੇ ਨੌਜਵਾਨਾਂ ਦੀ ਅਗਵਾਈ ਕਰਕੇ ਕੰਮ ਕਰਨਾ ਪਵੇਗਾ। ਇਸ ਮੌਕੇ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਵਿਦਿਆਰਥੀ ਬੱਚਿਆਂ ਤੇ ਵਜ਼ੀਫੇ ਜਾਰੀ ਨਾ ਹੋਣ ਦਾ ਜ਼ਿਕਰ ਕਰਦਿਆਂ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਏਟਕ) ਦੇ ਸੂਬਾ ਮੀਤ ਸਕੱਤਰ ਪਰਮਜੀਤ ਢਾਬਾਂ ਤੇ ਏਆਈਐਸਐਫ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਸਾਥੀ ਸਟਾਲਿਨ ਲਮੋਚੜ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵਜ਼ੀਫਾ ਰਾਸ਼ੀ ਜਾਰੀ ਕਰਾਉਣ ਲਈ ਕਈ ਤਕਨੀਕੀ ਤਰੁੱਟੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਗੂਆਂ ਨੇ ਕਿਹਾ ਕਿ ਤਕਨੀਕੀ ਤਰੁੱਟੀਆਂ ਤੁਰੰਤ ਦੂਰ ਕਰਕੇ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਬੱਚਿਆਂ ਦੇ ਵਜ਼ੀਫੇ ਤੁਰੰਤ ਜਾਰੀ ਕੀਤੇ ਜਾਣ। ਕੈਂਪ ਵਿੱਚ ਨਵੇਂ ਆਏ ਹੋਏ ਵਿਦਿਆਰਥੀਆਂ 'ਤੇ ਨੌਜਵਾਨਾਂ ਨੇ ਇਸ ਕੈਂਪ ਵਿੱਚ ਵੱਡਾ ਉਤਸਾਹ ਲਿਆ ਅਤੇ ਭਵਿੱਖ ਵਿੱਚ ਇਸ ਤਰਾਂ ਦੇ ਕੈਂਪਾਂ ਵਿੱਚ ਆਉਣ ਦਾ ਵਿਸ਼ਵਾਸ ਦਿਵਾਇਆ।

## ਸਪੌਂਸਰਸ਼ਿਪ ਫੋਸਟਰ ਕੇਅਰ ਸਕੀਮ ਦੇ ਲਾਭਪਾਤਰੀਆਂ ਨਾਲ ਮੀਟਿੰਗ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਵੱਲੋਂ ਸਪੌਂਸਰਸ਼ਿਪ ਫੋਸਟਰ ਕੇਅਰ ਸਕੀਮ ਦਾ ਲਾਭ ਲੈ ਰਹੇ ਲਾਭਪਾਤਰੀਆਂ ਨਾਲ 17 ਫਰਵਰੀ ਨੂੰ ਸਵੇਰੇ 10.00 ਵਜੇ ਮਿਮਿਟ ਕਾਲਜ ਮਲੋਟ ਵਿਖੇ ਮਿਲਣੀ ਕੀਤੀ ਜਾਵੇਗੀ।ਡਾ. ਬਲਜੀਤ ਕੌਰ ਕੈਬਨਿਟ ਮੰਤਰੀ ਵਲੋ ਦੱਸਿਆ ਗਿਆ ਕਿ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋੜ ਤੇ ਸਾਂਭ ਸੰਭਾਲ ਅਤੇ ਜ਼ਰੂਰਤਮੰਦ 689 ਬੱਚਿਆਂ ਨੂੰ ਸਪੋਂਸਰਸ਼ਿਪ ਫੋਸਟਰ ਕੇਅਰ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਹੈ। ਪ੍ਰੋਜੈਕਟ ਜੀਵਨ ਜੋਤ ਤਹਿਤ ਬਾਲ ਭਿੱਖਿਆ ਦੀ ਪ੍ਰਵਿਰਤੀ ਨੂੰ ਰੋਕਣ ਲਈ ਅਤੇ ਬੱਚਿਆ ਦੇ ਸਰਵ ਪੱਖੀ ਵਿਕਾਸ ਲਈ ਮੁਕਤਸਰ ਅਤੇ ਮਲੋਟ ਦੇ ਕੁੱਲ 9 ਬੱਚਿਆ ਨੂੰ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਹੈ ਇਸ ਸਪੌਂਸਰਸ਼ਿਪ ਫੋਸਟਰ ਕੇਅਰ ਸਕੀਮ ਦਾ ਲਾਭ ਦੇਣ ਲਈ 1,09,40,000 ਦੀ ਰਾਸ਼ੀ ਜਾਰੀ ਕੀਤੀ ਗਈ ਹੈ।

# ਦੇਸ਼ ਭਗਤ ਯੂਨੀਵਰਸਿਟੀ 'ਚ ਅਲੂਮਨੀ ਮੀਟ-2025 ਦਾ ਆਯੋਜਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**
ਦੇਸ਼ ਭਗਤ ਯੂਨੀਵਰਸਿਟੀ ਨੇ ਐਲੂਮਨੀ ਮੀਟ-2025 ਦਾ ਆਯੋਜਨ ਕੀਤਾ, ਜਿਸ ਦੌਰਾਨ ਸਾਬਕਾ ਵਿਦਿਆਰਥੀਆਂ ਨੇ ਮੌਜੂਦਾ ਵਿਦਿਆਰਥੀਆਂ ਨਾਲ ਆਪਣੀ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ। ਇਹ ਇਕੱਠ ਭਾਵਨਾਵਾਂ ਨਾਲ ਭਰਿਆ ਹੋਇਆ ਸੀ, ਕਿਉਂਕਿ ਸਾਬਕਾ ਵਿਦਿਆਰਥੀਆਂ ਨੇ ਯੂਨੀਵਰਸਿਟੀ ਵਿੱਚ ਆਪਣੇ ਸਮੇਂ ਨੂੰ ਯਾਦ ਕੀਤਾ ਅਤੇ ਉਨ੍ਹਾਂ ਦੇ ਕਰੀਅਰ ਨੂੰ ਆਕਾਰ ਦੇਣ ਵਿੱਚ ਇਸ ਦੁਆਰਾ ਨਿਭਾਈ ਗਈ ਭੂਮਿਕਾ ਲਈ ਧੰਨਵਾਦ ਪ੍ਰਗਟ ਕੀਤਾ।

ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਪ੍ਰਧਾਨ ਡਾ. ਸੰਦੀਪ ਸਿੰਘ ਨੇ ਸਾਬਕਾ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਚੁਣੌਤੀਆਂ ਨੂੰ ਦੂਰ ਕਰਨ ਲਈ ਬੁੱਧੀ ਦੇ ਸ਼ਬਦ ਪੇਸ਼ ਕੀਤੇ ਅਤੇ ਸੂਝ ਸਾਂਝੀ ਕੀਤੀ।

ਸਾਬਕਾ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਮੌਜੂਦਾ ਵਿਦਿਆਰਥੀਆਂ ਨੇ ਜੀਵੰਤ ਸੱਭਿਆਚਾਰਕ ਪ੍ਰਦਰਸ਼ਨੀਆਂ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਸਮਾਗਮ ਦੇ ਖੁਸ਼ੀ ਭਰੇ ਮਾਹੌਲ ਵਿੱਚ ਵਾਧਾ ਹੋਇਆ। ਇਸ ਤੋਂ ਪਹਿਲਾਂ ਦੇਸ਼ ਭਗਤ ਯੂਨੀਵਰਸਿਟੀ ਨੇ ਆਪਣੀ ਸ਼ਾਨਦਾਰ ਸਲਾਨਾ ਕਨਵੋਕੇਸ਼ਨ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਉਨ੍ਹਾਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਇਆ ਗਿਆ ਜਿਨ੍ਹਾਂ ਨੇ ਆਪਣੇ ਗ੍ਰੈਜੂਏਸ਼ਨ ਤੇ ਪੋਸਟ-ਗ੍ਰੈਜੂਏਸ਼ਨ ਪ੍ਰੋਗਰਾਮਾਂ ਨੂੰ ਸਫਲਤਾਪੂਰਵਕ ਪੂਰਾ ਕੀਤਾ। ਸਮਾਗਮ ਵਿੱਚ ਵਿਸ਼ੇਸ਼ ਮਹਿਮਾਨਾਂ ਦੀ ਮੌਜੂਦਗੀ ਦੇਖਣ ਨੂੰ ਮਿਲੀ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਕੀਮਤੀ ਸ਼ਬਦਾਂ ਨਾਲ ਪ੍ਰੇਰਤ ਕੀਤਾ।

ਇਸ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮਹਿਮਾਨ ਹਰਭਜਨ ਸਿੰਘ ਈਟੀਓ, ਬਿਜਲੀ ਤੇ ਲੋਕ ਨਿਰਮਾਣ ਮੰਤਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਇੱਕ ਸੂਝਵਾਨ ਭਾਸ਼ਣ ਨਾਲ ਪ੍ਰੇਰਿਤ ਕੀਤਾ। ਇੱਕ ਉੱਜਵਲ ਭਵਿੱਖ ਨੂੰ ਬਣਾਉਣ ਵਿੱਚ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਇਹ ਮੀਲ ਪੱਥਰ ਗ੍ਰੈਜੂਏਟਾਂ ਦੇ ਜੀਵਨ ਵਿੱਚ ਇੱਕ ਨਵਾਂ ਮੋੜ ਹੈ ਅਤੇ ਉਨ੍ਹਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਉੱਤਮਤਾ ਲਈ ਯਤਨ ਕਰਨ ਲਈ ਉਤਸ਼ਾਹਤ ਕੀਤਾ।

ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਦੀ ਮੌਜੂਦਗੀ ਵਿੱਚ ਸਫਲਤਾਪੂਰਵਕ ਆਪਣੇ ਕੋਰਸ ਪੂਰੇ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਅਕਾਦਮਿਕ ਉੱਤਮਤਾ ਲਈ ਸੋਨੇ, ਚਾਂਦੀ ਤੇ ਕਾਂਸੀ ਦੇ ਤਗਮਿਆਂ ਨਾਲ ਸਨਮਾਨਤ ਵੀ ਕੀਤਾ ਗਿਆ। ਮੁੱਖ ਮਹਿਮਾਨ ਹਰਭਜਨ ਸਿੰਘ ਈਟੀਓ ਨੇ ਸਾਰੇ ਗ੍ਰੈਜੂਏਟਾਂ ਨੂੰ ਦਿਲੋਂ ਵਧਾਈ ਦਿੱਤੀ ਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਵਿੱਚ ਸਫ਼ਲਤਾ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖਿਆ ਰਚਨਾਤਮਕਤਾ ਨੂੰ ਉਤਸ਼ਾਹਤ ਕਰਦੀ ਹੈ, ਰਚਨਾਤਮਕਤਾ ਆਲੋਚਨਾਤਮਕ ਸੋਚ ਵੱਲ ਲੈ ਜਾਂਦੀ ਹੈ, ਆਲੋਚਨਾਤਮਕ ਸੋਚ ਗਿਆਨ ਵਿੱਚ ਵਾਧਾ ਕਰਦੀ ਹੈ ਤੇ ਗਿਆਨ ਵਿਅਕਤੀਆਂ ਨੂੰ ਮਹਾਨ ਬਣਾਉਂਦਾ ਹੈ। ਉਨ੍ਹਾਂ ਦੇਸ਼ ਭਗਤ ਯੂਨੀਵਰਸਿਟੀ ਦੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਦੀ ਵੀ ਸ਼ਲਾਘਾ ਕੀਤੀ।

## ਕੁੱਲ ਹਿੰਦ ਕਿਸਾਨ ਸਭਾ ਵੱਲੋਂ ਭਾਰਤ-ਅਮਰੀਕਾ ਵਪਾਰ ਸੌਦੇ ਦਾ ਵਿਰੋਧ

**ਲੁਧਿਆਣਾ (ਐਮ ਐਸ ਭਾਟੀਆ)**
ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਭਾਰਤ-ਅਮਰੀਕਾ ਵਪਾਰ ਨੂੰ 87 ਬਿਲੀਅਨ ਡਾਲਰ ਤੋਂ ਵਧਾ ਕੇ 500 ਬਿਲੀਅਨ ਡਾਲਰ ਕਰਨ ਦੀ ਆਪਣੀ ਕੋਸ਼ਿਸ਼ ਵਿੱਚ ਭਾਰਤੀ ਲੋਕਾਂ, ਖਾਸ ਕਰਕੇ ਕਿਸਾਨਾਂ ਦੇ ਹਿੱਤਾਂ ਨੂੰ ਪੂਰੀ ਤਰ੍ਹਾਂ ਦਾ ਤੇ ਲਾਅ ਦਿੱਤਾ ਹੈ।ਇਹ ਕਦਮ ਭਾਰਤੀ ਖੇਤੀਬਾੜੀ ਅਤੇ ਛੋਟੇ ਉਦਯੋਗਾਂ ਨੂੰ ਖਤਰੇ ਵਿੱਚ ਪਾਉਂਦਾ ਹੈ।ਭਾਰਤ ਪਹਿਲਾਂ ਹੀ ਅਮਰੀਕਾ ਤੋਂ 1.73 ਬਿਲੀਅਨ ਡਾਲਰ ਦੇ ਖੇਤੀਬਾੜੀ ਉਤਪਾਦ ਆਯਾਤ ਕਰਦਾ ਹੈ, ਜਿਸ ਵਿੱਚ ਟੈਕਸ-ਮੁਕਤ ਕੱਚੀ ਕਪਾਹ, ਦਾਲਾਂ, ਸੋਇਆਬੀਨ ਤੇਲ ਤੇ ਸੋਇਆ-ਕੇਕ ਸ਼ਾਮਲ ਹਨ, ਜੋ ਕਿਸਾਨਾਂ ਨੂੰ ਤਬਾਹ ਕਰ ਰਹੇ ਹਨ ਤੇ ਕਿਸਾਨ ਖੁਦਕੁਸ਼ੀਆਂ ਵਿੱਚ ਚਿੰਤਾਜਨਕ ਵਾਧਾ ਹੋਣ ਵਿੱਚ ਜ਼ਿੰਮੇਵਾਰ ਹਨ।ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਨਿਕਾਲੇ ਦੀ ਆੜ ਵਿੱਚ ਭਾਰਤੀ ਪ੍ਰਵਾਸੀਆਂ ਦੇ ਕੀਤੇ ਗਏ ਅਪਮਾਨ ਤੇ ਅਣਮਨੁੱਖੀ ਵਿਹਾਰ 'ਤੇ ਚੁੱਪ ਰਹੇ।ਕੁੱਲ ਹਿੰਦ ਕਿਸਾਨ ਸਭਾ ਰਾਸ਼ਟਰੀ ਹਿੱਤਾਂ ਨਾਲ ਇਸ ਵਿਸ਼ਵਾਸਘਾਤ ਦੀ ਸਖ਼ਤ ਨਿੰਦਾ ਕਰਦੀ ਹੈ।ਮੋਦੀ ਦੇ ਕਾਰਜਕਾਲ ਦੌਰਾਨ

**22 ਨੂੰ ਵਿਰੋਧ ਦਿਵਸ ਵਜੋਂ ਮਨਾਉਣ ਦੀ ਅਪੀਲ**

ਅਮਰੀਕਾ ਤੋਂ ਭਾਰਤ ਦਾ ਖੇਤੀਬਾੜੀ ਆਯਾਤ ਅਸਮਾਨ ਛੂਹ ਗਿਆ ਹੈ।2014 ਵਿੱਚ ਭਾਰਤ ਨੇ ਅਮਰੀਕਾ ਤੋਂ 7.67 ਬਿਲੀਅਨ ਡਾਲਰ ਮੁੱਲ ਦੇ ਖੇਤੀਬਾੜੀ ਉਤਪਾਦ ਆਯਾਤ ਕੀਤੇ।2024 ਤੱਕ ਕੁੱਲ ਖੇਤੀਬਾੜੀ ਆਯਾਤ 2.6 ਟ੍ਰਿਲੀਅਨ ਤੋਂ ਵੱਧ ਹੋ ਗਏ ਹਨ, ਜਿਸ ਨਾਲ ਭਾਰਤ ਅਮਰੀਕੀ ਖੇਤੀਬਾੜੀ ਨਿਰਯਾਤ ਲਈ 12ਵਾਂ ਸਭ ਤੋਂ ਵੱਡਾ ਬਾਜ਼ਾਰ ਬਣ ਗਿਆ।ਸਿਰਫ਼ 2022 ਤੇ 2024 ਦੇ ਵਿਚਕਾਰ ਭਾਰਤ ਨੇ ਖੇਤੀਬਾੜੀ ਵਸਤੂਆਂ ਵਿੱਚ 2.15 ਬਿਲੀਅਨ ਡਾਲਰ ਦਾ ਆਯਾਤ ਕੀਤਾ।ਅਮਰੀਕਾ ਦੇ ਖੇਤੀਬਾੜੀ ਵਿਭਾਗ ਦੇ ਅਨੁਸਾਰ ਮੁੱਖ ਖੇਤੀਬਾੜੀ ਆਯਾਤ ਵਿੱਚ ਗਿਰੀਦਾਰ ਰੁੱਖਾਂ ਜਿਵੇਂ ਬਦਾਮ, ਅਖਰੋਟ, ਪੇਕਨ ਆਦਿ ਪਿਛਲੇ ਦਹਾਕੇ ਦੌਰਾਨ 84% ਵਾਧੇ ਦੇ ਨਾਲ, 1.12 ਬਿਲੀਅਨ ਡਾਲਰ ਦੀ ਕੀਮਤ ਤੇ ਪਹੁੰਚ ਗਏ ਹਨ।2023 ਵਿੱਚ ਘਟੇ ਹੋਏ ਟੈਰਿਫ ਤੋਂ ਲਾਭ ਪ੍ਰਾਪਤ ਹੋਇਆ।

# ਕੇ ਐੱਸ ਬੀ ਵਰਲਡ ਸਕੂਲ ਵੱਲੋਂ ਪ੍ਰਦਰਸ਼ਨੀਆਂ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**
ਕੇਐਸਬੀ ਵਰਲਡ ਪਬਲਿਕ ਸਕੂਲ ਵੱਲੋਂ ਵਿਦਿਆਰਥੀਆਂ ਦੀ ਬੇਮਿਸਾਲ ਪ੍ਰਤਿਭਾ ਤੇ ਸਿਰਜਣਾਤਮਕਤਾ ਨੂੰ ਉਜਾਗਰ ਕਰਦਿਆਂ ਵੱਖ-ਵੱਖ ਅਕਾਦਮਿਕ ਵਿਸ਼ਿਆਂ ਵਿੱਚ ਪ੍ਰਦਰਸ਼ਤ ਸ਼ਾਨਦਾਰ ਪ੍ਰਦਰਸ਼ਨੀਆਂ ਦਾ ਆਯੋਜਨ ਕੀਤਾ ਗਿਆ।ਉਪ ਮੰਡਲ ਮੈਜਿਸਟਰੇਟ ਪਾਤੜਾਂ ਅਸ਼ੋਕ ਕੁਮਾਰ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ, ਜਦੋਂਕਿ ਵਿਸ਼ੇਸ਼ ਮਹਿਮਾਨਾਂ ਵਜੋਂ ਪਾਤੜਾਂ ਫੂਡਜ ਪ੍ਰਾਈਵੇਟ ਲਿਮ: ਦੇ ਐਮਡੀ ਨਰੇਸ਼ ਕੁਮਾਰ, ਟਰੱਕ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ ਡਰੋਲੀ, ਕਾਰ ਡੀਲਰ ਐਸੋਸੀਏਸ਼ਨ ਦੇ ਪ੍ਰਧਾਨ ਰਵਿੰਦਰ ਸਿੰਘ ਭਿੰਡਰ ਤੇ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਸ਼ਿਵਜੀ ਕੁਮਾਰ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ।ਪ੍ਰਦਰਸ਼ਨੀ ਦੁਆਰਾ ਸਕੂਲ ਦੀਆਂ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਸਾਇੰਸ, ਹਿਸਾਬ, ਸਮਾਜਿਕ, ਕਲਾ, ਭਾਸ਼ਾ ਤੇ ਸੱਭਿਆਚਾਰ ਨੂੰ ਪੇਸ਼ ਕਰਦੇ ਮਾਡਲ ਪ੍ਰਦਰਸ਼ਿਤ ਕੀਤੇ ਗਏ।ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਵਿਸ਼ੇਸ਼ ਤੌਰ 'ਤੇ ਸ਼ਲਾਘਾਯੋਗ ਸੀ।

ਪ੍ਰਦਰਸ਼ਨੀਆਂ ਦੌਰਾਨ ਸਕੂਲ ਦੇ ਪੰਜਾਬੀ ਵਿਭਾਗ ਨੇ ਪੰਜਾਬ ਦੇ ਅਲੋਪ ਹੋ ਰਹੇ ਸੱਭਿਆਚਾਰ ਦੀ ਬਾਖੂਬੀ ਝਾਕੀ ਪੇਸ਼ ਕੀਤੀ।ਅੰਗਰੇਜ਼ੀ ਵਿਸ਼ੇ ਦੇ ਵਿਦਿਆਰਥੀਆਂ ਨੇ ਵੀ 'ਸੈਂਡਰੇਲਾ' ਨਾਮੀ ਦੀ ਇੱਕ ਲੜਕੀ ਦੀ ਕਹਾਣੀ ਨੂੰ ਤਸਵੀਰਾਂ ਰਾਹੀਂ ਪੇਸ਼ ਕੀਤਾ, ਜਿਸ ਨੂੰ ਸਾਰੇ ਦਰਸ਼ਕਾਂ ਨੇ ਖੂਬ ਸਲਾਹਿਆ।ਹਿੰਦੀ ਵਿਭਾਗ ਨੇ ਸਤੀ ਪ੍ਰਥਾ ਵਰਗੀ ਪੁਰਾਤਨ ਸਮਾਜਿਕ ਕੁਰੀਤੀ ਤੇ ਔਸ਼ਧੀ ਪਹਾੜ, ਜਿਸ ਵਿੱਚੋਂ ਹਨੂੰਮਾਨ ਜੀ ਨੇ ਸੰਜੀਵਨੀ ਬੂਟੀ ਲਿਆ ਕੇ ਸ਼੍ਰੀ ਲਕਸ਼ਮਣ ਜੀ ਦੀ ਜਾਨ ਬਚਾਈ ਸੀ ਦਾ ਮਾਡਲ ਪੇਸ਼ ਕੀਤਾ।ਕੈਲੀਗ੍ਰਾਫੀ ਦੇ ਅਧਿਆਪਕ ਸਿਮਰਨ ਅੱਖਰਕਾਰੀ ਨੇ ਆਪਣੀ ਸੁੰਦਰ ਲਿਖਾਈ ਨਾਲ ਸਾਰੇ ਪਤਵੰਤਿਆਂ ਦਾ ਮਨ ਮੋਹ ਲਿਆ।ਕਲਾ ਅਧਿਆਪਕ ਨੇ ਸਕੂਲ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਵਿਦਿਆਰਥੀਆਂ ਦੀਆਂ ਕਲਾਕ੍ਰਿਤੀਆਂ ਨਾਲ ਸਜਾਇਆ।ਡਾਂਸ ਤੇ ਸੰਗੀਤ ਅਧਿਆਪਕਾਂ ਨੇ ਬਹੁਤ ਹੀ ਬਾਖੂਬੀ ਨਾਲ ਵੱਖ-ਵੱਖ ਪ੍ਰਾਂਤਾਂ ਦੇ ਨਾਚ ਤੇ ਸੰਗੀਤ ਨਾਲ ਮੁੱਖ ਮਹਿਮਾਨ ਅਤੇ ਪ੍ਰਦਰਸ਼ਨੀ ਦੇਖਣ ਆਏ ਦਰਸ਼ਕਾਂ ਦਾ ਸਵਾਗਤ ਕੀਤਾ।ਸਕੂਲ ਦੇ ਪ੍ਰੀ-ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਦੁਆਰਾ ਬਣਾਏ ਗਏ ਬਹੁਤ ਹੀ ਸੋਹਣੇ ਮਾਡਲ ਪ੍ਰਦਰਸ਼ਨੀ ਵਿੱਚ ਪੇਸ਼ ਕੀਤੇ ਗਏ।

ਸਕੂਲ ਦੇ ਪ੍ਰਧਾਨ ਗੁਰਲਾਡ ਸਿੰਘ ਕਾਹਲੋਂ ਦੁਆਰਾ ਕੀਤਾ ਇਹ ਉਪਰਾਲਾ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਬਹੁਤ ਸਹਾਇਕ ਸਿੱਧ ਹੋਇਆ।ਪ੍ਰੈਜ਼ੀਡੈਂਟ ਸ੍ਰੀ ਗੁਰਲਾਡ ਸਿੰਘ ਕਾਹਲੋਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪ੍ਰਦਰਸ਼ਨੀ ਲਈ ਕੀਤੀ ਜੀਅ ਤੋੜ ਮਿਹਨਤ ਲਈ ਪ੍ਰਸੰਸਾ ਦਿੱਤੀ।ਮੈਨੇਜਰ ਮੈਡਮ ਰੀਨਾ ਚੀਮਾ ਨੇ ਵਿਦਿਆਰਥੀਆਂ ਦੀ ਕੀਤੀ ਕਾਰਗੁਜ਼ਾਰੀ ਲਈ ਉਨ੍ਹਾਂ ਨੂੰ ਹੱਲਾਸ਼ੇਰੀ ਦਿੱਤੀ।

## ਫਾਰਮੇਸੀ ਕਾਨਫ਼ਰੰਸ ਦੇ ਦੂਜੇ ਦਿਨ ਮਾਹਰਾਂ ਵੱਲੋਂ ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਹੋਰ ਵਿਸ਼ਿਆਂ 'ਤੇ ਵਿਚਾਰ-ਚਰਚਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬੀ ਯੂਨੀਵਰਸਿਟੀ ਦੇ ਫਾਰਮਿਊਸਟੀਕਲ ਤੇ ਡਰੱਗ ਰਿਸਰਚ ਵਿਭਾਗ ਵੱਲੋਂ ਕਰਾਈ ਜਾ ਰਹੀ ਤਿੰਨ ਦਿਨਾ ਅੰਤਰਰਾਸ਼ਟਰੀ ਕਾਨਫ਼ਰੰਸ ਦੇ ਦੂਜੇ ਦਿਨ ਚੱਲੇ ਅਕਾਦਮਿਕ ਸੈਸ਼ਨਾਂ ਦੌਰਾਨ ਆਰਟੀਫਿਸ਼ੀਅਲ ਇੰਟੈਲੀਜੈਂਸ ਸਣੇ ਹੋਰ ਵਿਸ਼ਿਆਂ ਉੱਤੇ ਮਾਹਿਰਾਂ ਨੇ ਗੰਭੀਰ ਵਿਚਾਰ ਚਰਚਾ ਕੀਤੀ।ਵਿਭਾਗ ਮੁਖੀ ਪ੍ਰੋ. ਗੁਲਸ਼ਨ ਬਾਂਸਲ ਨੇ ਦੱਸਿਆ ਕਿ ਐਸੋਸੀਏਸ਼ਨ ਆਫ਼ ਫਾਰਮਿਊਸਟੀਕਲ ਟੀਚਰਜ਼ ਆਫ਼ ਇੰਡੀਆ (ਏ.ਪੀ.ਟੀ.ਆਈ.) ਦੀ ਪੰਜਾਬ ਸਟੇਟ ਬ੍ਰਾਂਚ ਅਤੇ ਵਿਮੈਨ ਫ਼ੋਰਮ ਤੋਂ ਇਲਾਵਾ ਬਾਇਓਇਨਫਰਮੈਟਿਕ ਸੋਸਾਇਟੀ ਆਫ਼ ਸਿਚੁਅਨ ਪ੍ਰੋਵਿੰਸ ਚਾਈਨਾ (ਬੀ.ਆਈ.ਐੱਸ. ਐੱਸ. ਸੀ.) ਦੇ ਸਹਿਯੋਗ ਨਾਲ਼ ਕਰਾਈ ਜਾ ਰਹੀ ਇਸ ਕਾਨਫ਼ਰੰਸ ਦੇ ਦੂਜੇ ਦਿਨ ਸਾਇੰਸ ਆਡੀਟੋਰੀਅਮ ਵਿਖੇ ਹੋਏ ਟੈਕਨੀਕਲ ਸੈਸ਼ਨ ਵਿੱਚ ਮਾਹਿਰਾਂ ਵੱਲੋਂ ਆਪਣੇ ਵਿਚਾਰ ਪ੍ਰਗਟਾਏ ਗਏ।ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਸੰਸਾਰ ਭਰ ਵਿੱਚ ਤਕਨਾਲੋਜੀ ਤੇ ਵਿਸ਼ੇਸ਼ ਤੌਰ ਉੱਤੇ ਅਰਟੀਫਿਸ਼ੀਅਲ ਇੰਟੈਲੀਜੈਂਸ ਦੇ ਵਧ ਰਹੇ ਪ੍ਰਭਾਵ ਨਾਲ਼ ਗਿਆਨ ਦੇ ਹਰੇਕ ਖੇਤਰ ਵਿੱਚ ਨਵੇਂ ਰੁਝਾਨ ਪੈਦਾ ਹੋ ਰਹੇ ਹਨ।ਉਨ੍ਹਾਂ ਦੱਸਿਆ ਕਿ ਫਾਰਮੇਸੀ ਖੇਤਰ ਵੀ ਇਨ੍ਹਾਂ ਖੇਤਰਾਂ ਵਿੱਚ ਸ਼ੁਮਾਰ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰਸੰਗ ਵਿੱਚ ਮਾਹਿਰਾਂ ਵੱਲੋਂ ਫਾਰਮੇਸੀ ਖੇਤਰ ਦੀਆਂ ਨਵੀਆਂ ਲੋੜਾਂ, ਰੁਝਾਨਾਂ, ਤਬਦੀਲੀਆਂ ਆਦਿ ਦੇ ਹਵਾਲੇ ਨਾਲ਼ ਚਰਚਾ ਕੀਤੀ।ਚਰਚਾ ਦੌਰਾਨ ਵੱਖ-ਵੱਖ ਨੁਕਤਿਆਂ ਉੱਤੇ ਭਰਪੂਰ ਵਿਚਾਰ ਵਟਾਂਦਰਾ ਹੋਇਆ, ਜਿਸ ਦੇ ਕਿ ਭਵਿੱਖ ਵਿੱਚ ਇਸ ਖੇਤਰ ਲਈ ਚੰਗੇ ਨਤੀਜੇ ਨਿਕਲਣ ਦੀ ਉਮੀਦ ਹੈ। ਕਾਨਫ਼ਰੰਸ ਦੇ ਦੂਜੇ ਦਿਨ ਕਲਾ ਭਵਨ ਵਿੱਚ ਅਲੂਮਨੀ ਮੀਟ ਦਾ ਪ੍ਰੋਗਰਾਮ ਵੀ ਰੱਖਿਆ ਗਿਆ, ਜਿਸ ਵਿੱਚ ਵਿਭਾਗ ਦੇ ਸਾਬਕਾ ਵਿਦਿਆਰਥੀਆਂ ਨੇ ਵਿਭਾਗ ਤੇ ਯੂਨੀਵਰਸਿਟੀ ਕੈਂਪਸ ਨਾਲ ਜੁੜੀਆਂ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ।ਦੂਜੇ ਦਿਨ ਹੋਣ ਵਾਲੀਆਂ ਗਤੀਵਿਧੀਆਂ ਵਿੱਚ ਚਾਰ ਵੱਖ-ਵੱਖ ਥਾਵਾਂ 'ਤੇ ਹੋਈ ਓਰਲ ਪ੍ਰੈਜ਼ੈਂਟੇਸ਼ਨ ਗਤੀਵਿਧੀ, ਕੁਇਜ਼, ਡਿਬੇਟ, ਪੋਸਟਰ ਪ੍ਰੈਜ਼ੈਂਟੇਸ਼ਨ ਤੇ ਪਲੇਸਮੈਂਟ ਡਰਾਈਵ ਸ਼ਾਮਲ ਸੀ।ਕਾਨਫ਼ਰੰਸ ਵਿੱਚ ਸ਼ਿਰਕਤ ਕਰ ਰਹੇ ਡੈਲੀਗੇਟਸ ਲਈ ਕਲਾ ਭਵਨ ਵਿਖੇ ਇੱਕ ਸੱਭਿਆਚਾਰਕ ਪ੍ਰੋਗਰਾਮ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿੱਥੇ ਵੱਖ-ਵੱਖ ਕਲਾਕਾਰਾਂ ਨੇ ਆਪਣੀਆਂ ਕਲਾਤਮਕ ਵੰਨਗੀਆਂ ਪੇਸ਼ ਕੀਤੀਆਂ।ਵਰਨਣਯੋਗ ਹੈ ਕਿ ਪਹਿਲੇ ਦਿਨ ਇਸ ਕਾਨਫ਼ਰੰਸ ਦੇ ਉਦਘਾਟਨੀ ਸੈਸ਼ਨ ਦੌਰਾਨ ਐਸੋਸੀਏਸ਼ਨ ਆਫ਼ ਫਾਰਮਿਊਸਟੀਕਲ ਟੀਚਰਜ਼ ਆਫ਼ ਇੰਡੀਆ (ਏ.ਪੀ.ਟੀ.ਆਈ.) ਦੇ ਕੌਮੀ ਪ੍ਰਧਾਨ ਡਾ. ਮਿਲਿੰਦ ਜਾਨਰਾਓ ਉਮੇਕਰ ਵੱਲੋਂ ਆਪਣੇ ਵਿਚਾਰ ਪ੍ਰਗਟਾਏ ਗਏ ਸਨ ਤੇ ਫ਼ਾਰਮੇਸੀ ਕੌਂਸਲ ਆਫ਼ ਇੰਡੀਆ ਦੇ ਮੁਖੀ ਮੋਂਟੂਕੁਮਾਰ ਪਟੇਲ ਨੇ ਆਨਲਾਈਨ ਵਿਧੀ ਰਾਹੀਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਸੀ।

## ਪਸ਼ੂਆਂ ਨੂੰ ਲੰਪੀ ਸਕਿੱਨ ਬਿਮਾਰੀ ਤੋਂ ਬਚਾਉਣ ਲਈ ਟੀਕਾਕਰਨ ਮੁਹਿੰਮ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਗਾਵਾਂ ਨੂੰ ਲੰਪੀ ਸਕਿਨ ਬੀਮਾਰੀ ਤੋਂ ਬਚਾਉਣ ਲਈ ਰਾਜ ਪੱਧਰੀ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਮਹਾਵੀਰ ਗਊਸ਼ਾਲਾ ਮਲੋਟ ਤੋਂ ਕੀਤੀ ਗਈ, ਜਿਸ ਦਾ ਉਦਘਾਟਨ ਸ. ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਅਤੇ ਫੂਡ ਪ੍ਰੋਸਿੰਗ ਮੰਤਰੀ ਪੰਜਾਬ ਨੇ ਕੀਤਾ।ਇਸ ਮੌਕੇ 'ਤੇ ਪਸ਼ੂ ਪਾਲਕਾਂ ਨੂੰ ਸੰਬੋਧਨ ਕਰਦੇ ਹੋਏ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰੋੜ 31 ਲੱਖ 25 ਹਜ਼ਾਰ ਰੁਪਏ ਦੀ ਲਾਗਤ ਨਾਲ ਲੰਪੀ ਸਕਿਨ ਬੀਮਾਰੀ ਦੀ ਵੈਕਸੀਨ ਦੀਆਂ 25 ਲੱਖ ਖੁਰਾਕਾਂ ਖਰੀਦੀਆਂ ਗਈਆਂ ਹਨ। ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਘਰ—ਘਰ ਜਾ ਕੇ ਸੂਬੇ ਦੀਆਂ ਸਮੁੱਚੀਆਂ ਗਾਵਾਂ ਦਾ ਟੀਕਾਕਰਨ ਕਰਨਗੀਆਂ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਸ਼ੂ ਪਾਲਕਾਂ ਦੀ ਸਹੂਲੀਅਤ ਨੂੰ ਮੁੱਖ ਰੱਖਦੇ ਹੋਏ ਇਕ ਨਿਵੇਕਲੀ ਪਹਿਲ ਕਦਮੀ ਕਰਦੇ ਹੋਏ ਸੂਬੇ ਦੇ ਸਾਰੇ 22 ਵੈਟਨਰੀ ਪੋਲੀਕਲੀਨਿਕ ਅਤੇ 97 ਤਹਿਸੀਲ ਪੱਧਰ ਦੇ ਹਸਪਤਾਲਾਂ ਵਿੱਚ ਪਸ਼ੂਆਂ ਨੂੰ ਸੱਪ ਦੇ ਕੱਟਣ ਤੇ ਮੁਫਤ ਇਲਾਜ ਲਈ ਦਵਾਈ ਮੁਹੱਈਆ ਕਰਵਾਈ ਗਈ ਹੈ।ਇਸ ਮੌਕੇ 'ਤੇ ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀਬਾੜੀ ਦੇ ਨਾਲ—ਨਾਲ ਖੇਤੀਬਾੜੀ ਨਾਲ ਜੁੜੇ ਸਹਾਇਕ ਧੰਦਿਆਂ ਪਸ਼ੂ ਪਾਲਣ, ਘੋੜੇ ਘੋੜੀਆਂ ਪਾਲਣ, ਮੁਰਗੀ ਪਾਲਣ, ਸੂਰ ਪਾਲਣ ਅਤੇ ਬਾਗਬਾਨੀ ਵਰਗੇ ਕਿੱਤਿਆਂ ਨੂੰ ਜਰੂਰਤ ਅਪਨਾਉਣਾ ਚਾਹੀਦਾ ਹੈ ਤਾਂ ਜੋ ਉਹਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ।ਇਸ ਮੌਕੇ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਸ਼ੂ ਪਾਲਕਾਂ ਨੂੰ ਲੰਪੀ ਸਕਿਨ ਬੀਮਾਰੀ ਦੇ ਦੁਰਪ੍ਰਭਾਵ ਪ੍ਰਤੀ ਜਾਗਰੂਕ ਕਰਦਾ ਪੋਸਟਰ ਵੀ ਰਲੀਜ ਕੀਤਾ ਗਿਆ ।ਇਸ ਮੌਕੇ ਡਾ. ਗੁਰਸ਼ਰਨਜੀਤ ਸਿੰਘ ਬੇਦੀ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਨੇ ਪਸ਼ੂ ਪਾਲਕਾਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ। ਸ੍ਰੀ ਸੰਦੀਪ ਪਾਰੀਕ ਮੁੱਖ ਸੇਵਾਦਾਰ ਸ੍ਰੀ ਮਹਾਵੀਰ ਗਊਸ਼ਾਲਾ ਮਲਟ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਹਥਿਆਰਬੰਦ ਤਿਆਰੀ ਜ਼ਰੂਰੀ ਪਰ ਵਾਤਾਵਰਣ, ਵਿਕਾਸ ਤੇ ਤਰੱਕੀ ਲਈ ਅਮਨ-ਸ਼ਾਂਤੀ ਲਾਜ਼ਮੀ : ਡਾ. ਬਲਬੀਰ ਸਿੰਘ



**ਪਟਿਆਲਾ (ਇਕਬਾਲ ਸਿੰਘ ਬੱਲ)**
ਪਟਿਆਲਾ ਹੈਰੀਟੇਜ ਫੈਸਟੀਵਲ 2025 ਤਹਿਤ ਖ਼ਾਲਸਾ ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਤੀਜੀ ਵਾਰ ਸਫ਼ਲਤਾ ਪੂਰਵਕ ਕਰਾਏ ਗਏ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ ਨੇ ਫ਼ੌਜੀ ਸ਼ਾਨ-ਓ-ਸ਼ੌਕਤ ਨਾਲ ਪਟਿਆਲਵੀਆਂ ਨੂੰ ਮਿਲਟਰੀ ਇਤਿਹਾਸ ਤੋਂ ਵਾਕਫ਼ ਕਰਾਇਆ।ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਤੇ ਮੈਡੀਕਲ ਸਿੱਖਿਆ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਫ਼ੌਜ ਤੇ ਫ਼ੌਜੀ ਇਤਿਹਾਸ ਦੇ ਗੌਰਵ ਬਾਰੇ ਜਾਣੂ ਕਰਾਉਣ ਲਈ ਇਹ ਮੇਲੇ ਕਰਾਏ ਜਾ ਰਹੇ ਹਨ। ਸਿਹਤ ਮੰਤਰੀ ਨੇ ਸਮਾਗਮ ਦੌਰਾਨ ਰਕਸ਼ਕ ਓਪਰੇਸ਼ਨ 'ਚ ਪਟਿਆਲਾ ਜ਼ਿਲ੍ਹੇ ਦੇ ਸ਼ਹੀਦ ਹੋਏ ਫ਼ੌਜੀਆਂ ਦੀਆਂ ਪਤਨੀਆਂ-ਵੀਰ ਨਾਰੀਆਂ ਦਾ ਸਨਮਾਨ ਕਰਦਿਆਂ ਵਿਸ਼ਵ ਜੰਗਾਂ ਦੇ ਹਵਾਲੇ ਨਾਲ ਕਿਹਾ ਕਿ ਲੜਾਈਆਂ ਪਿੱਛੇ ਕੇਵਲ ਸਿਆਸੀ ਕਾਰਨ ਹੁੰਦੇ ਹਨ, ਪ੍ਰੰਤੂ ਅਸੀਂ ਨਹੀਂ ਚਾਹੁੰਦੇ ਕਿ ਸਾਡੇ ਨੌਜਵਾਨ ਸਰਹੱਦਾਂ 'ਤੇ ਸ਼ਹੀਦ ਹੋਣ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਡੇ ਸ਼ਹੀਦਾਂ ਦੇ ਪਰਵਾਰਾਂ ਨੂੰ ਸੰਭਾਲਣ ਲਈ ਵਚਨਬੱਧ ਹੈ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿੱਖਿਆ, ਰੋਜ਼ਗਾਰ, ਸਿਹਤ 'ਤੇ ਕੰਮ ਕਰਦਿਆਂ ਨਸ਼ਿਆਂ ਨੂੰ ਠੱਲ੍ਹ ਪਾਈ ਹੈ।ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਫ਼ੌਜੀ ਸ਼ਾਨੋ ਸ਼ੌਕਤ ਨਾਲ ਸੰਪਨ ਹੋਏ ਫ਼ੌਜੀ ਸਾਹਿਤ ਮੇਲੇ ਦੀ ਸਫ਼ਲਤਾ ਲਈ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਤੇ ਭਾਰਤੀ ਫ਼ੌਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮੇਲਾ ਨੌਜਵਾਨਾਂ ਤੇ ਵਿਦਿਆਰਥੀਆਂ ਲਈ ਇੱਕ ਨਵੀਂ ਸ਼ੁਰੂਆਤ ਹੈ। ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਚੇਅਰਮੈਨ ਲੈਫ. ਜਨ. ਟੀ.ਐਸ. ਸ਼ੇਰਗਿੱਲ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਕਰਾਏ ਮਿਲਟਰੀ ਲਿਟਰੇਚਰ ਫੈਸਟੀਵਲ ਕਰਾਉਣਾ ਸ਼ਲਾਘਾਯੋਗ ਉਪਰਾਲਾ ਹੈ।

ਭਾਰਤੀ ਫ਼ੌਜ ਦੀ 43ਵੀਂ ਆਰਮਡ ਬ੍ਰਿਗੇਡ ਦੇ ਬ੍ਰਿਗੇਡੀਅਰ ਤੇਜਿੰਦਰ ਸਿੰਘ ਬਾਵਾ ਸੈਨਾ ਮੈਡਲ ਨੇ ਦੱਸਿਆ ਕਿ ਪਟਿਆਲਾ ਲਈ ਇਹ ਮਾਣ ਵਾਲੀ ਗੱਲ ਹੈ ਕਿ ਭਾਰਤੀ ਫ਼ੌਜ ਦੀ ਆਰਮਡ ਡਵੀਜਨ ਘਰ ਪਟਿਆਲਾ ਵਿਖੇ ਹੀ ਹੈ।ਉਨ੍ਹਾਂ ਕਿਹਾ ਕਿ ਸਾਡੀ ਭਾਰਤੀ ਫ਼ੌਜ ਦੁਨੀਆਂ ਦੀ ਬਿਹਤਰੀਨ ਫ਼ੌਜ ਹੈ ਤੇ ਕਈ ਮੁਲਕਾਂ ਦੀ ਫ਼ੌਜ ਸਾਡੀ ਫ਼ੌਜ ਤੋਂ ਟ੍ਰੇਨਿੰਗ ਲੈਂਦੀ ਹੈ।ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਐਸ.ਐਸ.ਪੀ. ਡਾ. ਨਾਨਕ ਸਿੰਘ ਨੇ ਵੀ ਸੰਬੋਧਨ ਕੀਤਾ ਤੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਸਫ਼ਲਤਾ ਪੂਰਵਕ ਪਟਿਆਲਾ ਹੈਰੀਟੇਜ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਕਰਾ ਕੇ ਆਪਣੀ ਅਮੀਰ ਵਿਰਾਸਤ ਤੋਂ ਨੌਜਵਾਨਾਂ ਤੇ ਪਟਿਆਲਵੀਆਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ।

ਮੇਲੇ ਦੇ ਨੋਡਲ ਅਫ਼ਸਰ ਏ.ਡੀ.ਸੀ. ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ ਤੇ ਸੰਯੁਕਤ ਕਮਿਸ਼ਨਰ ਨਗਰ ਨਿਗਮ ਬਬਨਦੀਪ ਸਿੰਘ ਨੇ ਦੱਸਿਆ ਕਿ ਪਟਿਆਲਾ ਹੈਰੀਟੇਜ਼ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਦੀ ਸਮਾਪਤੀ ਮੌਕੇ ਬੁੱਢਾ ਦਲ ਨਿਹੰਗ ਸਿੰਘ ਜਥੇਬੰਦੀ ਦੇ ਬਾਬਾ ਸੁਖਦੇਵ ਸਿੰਘ ਦੀ ਦੇਖ-ਰੇਖ ਹੇਠ ਘੋੜਸਵਾਰਾਂ ਨੇ ਘੋੜਿਆਂ ਦੇ ਜਥੇਦਾਰ ਬਲਦੇਵ ਸਿੰਘ ਤੇ ਗਤਕੇ ਦੇ ਜੌਹਰ ਜਥੇਦਾਰ ਦਰਸ਼ਨ ਸਿੰਘ ਦੀ ਅਗਵਾਈ ਹੇਠ ਦਿਖਾਏ।ਪੀ.ਪੀ.ਐਸ. ਨਾਭਾ ਸਕੂਲ ਦੇ ਵਿਦਿਆਰਥੀਆਂ ਨੇ ਵੀ ਜਾਂਬਾਜ ਖੇਡ ਘੋੜਸਵਾਰੀ ਦੇ ਕਰਤੱਬ ਦਿਖਾਏ।ਏ.ਡੀ.ਸੀ. ਸੇਖੋਂ ਨੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਵੱਲੋਂ ਲੰਗਰ ਦੇ ਪ੍ਰਬੰਧ ਲਈ ਸਹਿਯੋਗ ਕਰਨ ਸਮੇਤ ਹੋਰ ਵਿਭਾਗਾਂ ਦੇ ਖ਼ਾਲਸਾ ਕਾਲਜ ਵੱਲੋਂ ਵਿਸ਼ੇਸ਼ ਸਹਿਯੋਗ ਕਰਨ ਲਈ ਸਭ ਦਾ ਧੰਨਵਾਦ ਕੀਤਾ।

## ...ਸਫ਼ਾ 1 ਦੇ ਬਾਕੀ

### ਦੋ ਵਿਆਹ, ਤਿੰਨ...

ਐਲਨ ਮਸਕ ਨੇ 2018 ਵਿੱਚ ਇੱਕ-ਦੂਜੇ ਨੂੰ ਡੇਟ ਕਰਨਾ ਸ਼ੁਰੂ ਕੀਤਾ ਸੀ। ਦੋ ਸਾਲ ਬਾਅਦ 2020 ਵਿੱਚ ਗਾਇਕਾ ਨੇ ਬੱਚੇ ਨੂੰ ਜਨਮ ਦਿੱਤਾ। ਹਾਲਾਂਕਿ 2022 ਵਿੱਚ ਐਲਨ ਮਸਕ ਅਤੇ ਗ੍ਰਾਈਮਜ਼ ਦਾ ਤਲਾਕ ਹੋ ਗਿਆ। ਮਸਕ ਦਾ ਆਪਣੀ ਕੰਪਨੀ ਨਿਊਰਲਿੰਕ ਦੀ ਇੱਕ ਮਹਿਲਾ ਕਾਰਜਕਾਰੀ ਨਾਲ ਵੀ ਸੰਬੰਧ ਹੈ। ਇਸ ਔਰਤ ਦਾ ਨਾਂਅ ਸ਼ਿਵੋਨ ਗਿਲਿਸ ਹੈ। 2021 ਵਿੱਚ ਉਸ ਨੇ ਐਲਨ ਮਸਕ ਦੇ ਜੁੜਵਾਂ ਬੱਚਿਆਂ ਨੂੰ ਜਨਮ ਦਿੱਤਾ। ਉਨ੍ਹਾਂ ਦੇ ਨਾਂਅ ਸਟਰਾਈਡਰ ਅਤੇ ਅਜ਼ੂਰ ਹਨ। ਜੂਨ 2024 ਵਿੱਚ ਮਸਕ ਦੇ 12ਵੇਂ ਬੱਚੇ ਨੇ ਜਨਮ ਲਿਆ ਤੇ ਗਿਲਿਸ ਨੇ ਆਪਣੇ ਤੀਜੇ ਬੱਚੇ ਨੂੰ ਜਨਮ ਦਿੱਤਾ। ਬੱਚੇ ਦਾ ਨਾਂਅ ਅਜੇ ਤੱਕ ਸਾਹਮਣੇ ਨਹੀਂ ਆਇਆ। ਮਸਕ ਨੇ ਲਗਭਗ ਇੱਕ ਸਾਲ ਤੱਕ ਅਦਾਕਾਰਾ ਅੰਬਰ ਹਰਡ ਨੂੰ ਡੇਟ ਕੀਤਾ। ਇਸ ਗੱਲ ਦਾ ਖੁਲਾਸਾ ਅੰਬਰ ਦੇ ਪਤੀ ਜੌਨੀ ਡੈਪ ਨੇ ਕੀਤਾ। ਹਾਲਾਂਕਿ ਐਲਨ ਮਸਕ ਅਤੇ ਅੰਬਰ ਨੇ ਪਹਿਲਾਂ ਇਸ ਰਿਸ਼ਤੇ ਤੋਂ ਇਨਕਾਰ ਕੀਤਾ ਸੀ, ਪਰ ਬਾਅਦ ਵਿੱਚ ਐਲਨ ਮਸਕ ਨੇ ਆਪਣੇ ਪਿਆਰ ਨੂੰ ਸਵੀਕਾਰ ਕਰ ਲਿਆ।

### 'ਜਦੋਂ ਮੁਸ਼ਕਲ 'ਚ...

ਸਿੰਘ ਕਰੀਮਪੁਰੀ ਦਾ ਉਚੇਚ ਨਾਲ ਧੰਨਵਾਦ ਕੀਤਾ।

ਸਾਹਿਤਕ ਖੇਤਰ ਵਿੱਚ ਵੱਡਾ ਮੁਰਾਤਬਾ ਹਾਸਲ ਕਰਨ ਵਾਲੇ ਗੁਰਮੀਤ ਕੜਿਆਲਵੀ ਨੇ ਕਿਤਾਬ ਦੇ ਸਾਹਿਤਕ ਮੁੱਲ ਅਤੇ ਮਹੱਤਤਾ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾ ਕਿਹਾ ਕਿ ਬਾਬੂ ਕਾਂਸ਼ੀ ਰਾਮ ਵੱਲੋਂ ਚਲਾਈ ਲਹਿਰ ਜਿਹੜੀਆਂ ਸਥਿਤੀਆਂ ਵਿੱਚੋਂ ਗੁਜ਼ਰੀ, ਕਿਤਾਬ ਉਨ੍ਹਾਂ ਦਾ ਜੀਵੰਤ ਇਤਿਹਾਸ ਹੈ।ਕਿਤਾਬ ਦੀ ਭਾਸ਼ਾ ਰਵਾਨੀ ਵਾਲੀ ਹੈ। ਕੜਿਆਲਵੀ ਨੇ ਕਿਹਾ ਕਿ ਕਿਤਾਬ ਪੜ੍ਹਦਿਆਂ ਕਈ ਪੰਥਕ ਆਗੂਆਂ ਦੀ ਅੱਖ ਦਾ ਟੀਰ ਵੀ ਨਜ਼ਰ ਆਉਂਦਾ ਹੈ। ਕਿਤਾਬ ਦੇ ਲੇਖਕ ਲਾਲ ਸਿੰਘ ਸੁਲਹਾਣੀ ਦੀ ਸਿਆਸੀ ਫ਼ਕੀਰੀ ਦਾ ਜ਼ਿਕਰ ਕਰਦਿਆਂ ਕੜਿਆਲਵੀ ਨੇ ਕਿਹਾ ਕਿ ਉਹ ਸਾਡੇ ਲਈ ਰਾਜਨੀਤਕ ਰਾਂਝਾ ਹੈ।

ਸੇਵਾ-ਮੁਕਤ ਸਿੱਖਿਆ ਅਧਿਕਾਰੀ ਓਮ ਪ੍ਰਕਾਸ਼ ਸਰੋਏ ਨੇ ਕਿਹਾ ਕਿ ਸੁਲਹਾਣੀ ਨੇ ਜੋ ਕੁਝ ਤਨ-ਮਨ 'ਤੇ ਹੰਢਾਇਆ ਹੈ, ਉਸੇ ਨੂੰ ਸ਼ਬਦਾਂ ਦਾ ਰੂਪ ਦਿੱਤਾ ਹੈ। ਉਨ੍ਹਾ ਕਿਹਾ ਕਿ ਕਿਤਾਬ ਦੇ ਟਾਇਟਲ ਤੋਂ ਹੀ ਕਾਂਸ਼ੀ ਰਾਮ ਦੀ ਪੂਰੀ ਫਿਲਾਸਫੀ ਨਜ਼ਰ ਆਉਂਦੀ ਹੈ। ਸਿੱਖਿਆ ਸ਼ਾਸਤਰੀ ਓਂਕਾਰ ਨਾਥ ਨੇ ਸੁਨੇਹਾ ਦਿੱਤਾ ਕਿ ਸਾਨੂੰ ਸਭ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣੇ ਚਾਹੀਦੇ ਹਨ।ਗੁਰਦੀਪ ਸਿੰਘ ਬਠਿੰਡਾ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਮੁੱਲਵਾਨ ਗੱਲਾਂ ਕੀਤੀਆਂ।ਗੁਰਬਤ ਬਾਰੇ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਇਹ ਕਈ ਤਰ੍ਹਾਂ ਦੀ ਹੁੰਦੀ ਹੈ।ਇਨ੍ਹਾਂ ਵਿੱਚੋਂ ਸਾਹਿਤਕ ਗੁਰਬਤ ਨੂੰ ਅਸੀਂ ਖੁਦ ਦੂਰ ਕਰ ਸਕਦੇ ਹਾਂ।

ਡਾ. ਕਰੀਮਪੁਰੀ ਨੇ ਕਿਤਾਬ ਬਾਰੇ ਚਰਚਾ ਕਰਦਿਆਂ ਕਿਹਾ ਕਿ ਇਸ ਦੇ ਲੇਖਕ ਸੁਲਹਾਣੀ ਨੇ ਵਿਚਾਰਧਾਰਕ ਵਚਨਬੱਧਤਾ ਨਿਭਾਉਣਾ ਲਈ ਸਰਕਾਰੀ ਨੌਕਰੀ ਨੂੰ ਲੱਤ ਮਾਰ ਦਿੱਤੀ ਸੀ। ਮੈਂ ਉਸੇ ਤਿਆਗ ਦਾ ਸਤਿਕਾਰ ਕਰਨ ਲਈ ਆਇਆ ਹਾਂ। ਉਨ੍ਹਾ ਕਿਹਾ ਕਿ ਬੁੱਧੀਜੀਵੀ ਹੋਣਾ ਵੱਡੀ ਗੱਲ ਨਹੀ, ਸਗੋਂ ਬੁੱਧੀ ਦੀ ਦਿਸ਼ਾ ਕੀ ਹੈ, ਇਹ ਮਹੱਤਵਪੂਰਨ ਹੈ। ਆਖ਼ਰ ਵਿੱਚ ਹਰਮੀਤ ਵਿਦਿਆਰਥੀ ਦੇ ਧੰਨਵਾਦੀ ਸ਼ਬਦ ਸਮਾਗਮ ਦੀ ਸਮੇਟਵੀਂ ਟਿੱਪਣੀ ਹੋ ਨਿੱਬੜੇ। ਉਨ੍ਹਾ ਕਿਹਾ ਕਿ ਸਮਾਜਕ, ਸਾਹਿਤਕ ਤੇ ਸਿਆਸੀ ਨੌਈਅਤ ਵਾਲੇ ਫ਼ਿਰੋਜ਼ਪੁਰ ਵਿੱਚ ਇਹ ਪਹਿਲਾ ਸਮਾਗਮ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

17 Feb Page-3.qxd 2/16/2025 10:18 PM Page 1



# ਦੁਨੀਆਂ ਸੰਧੂ 'ਚ ਗਰੀਬ ਪਰਿਵਾਰਾਂ ਨੂੰ ਪੱਕੇ ਘਰ ਨਸੀਬ ਹੋਣ ਲੱਗੇ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਪੱਧਰ ਨੂੰ ਲਗਾਤਾਰ ਉੱਚਾ ਚੁੱਕਣ ਦੇ ਤਹਿਤ ਗਰੀਬ ਪਰਿਵਾਰਾਂ ਨੂੰ ਕੱਚੇ ਘਰਾਂ ਤੋਂ ਪੱਕੇ ਬਣਾਉਣ ਦੇ ਤਹਿਤ ਵਿਧਾਨ ਸਭਾ ਹਲਕਾ ਬਟਾਲਾ ਤੋਂ ਨੌਜਵਾਨ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਸੂਬਾ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਵਿੱਚ ਹਲਕੇ ਦੇ ਪਿੰਡ ਦੁਨੀਆਂ ਸੰਧੂ ਵਿੱਚ ਗਰੀਬ ਪਰਿਵਾਰਾਂ ਨੂੰ ਕੱਚੇ ਕੋਠਿਆਂ ਤੋਂ ਪੱਕਾ ਮਕਾਨ ਬਣਾਉਣ ਦਾ ਕੰਮ ਉਲੀਕਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਦੇ ਸਰਪੰਚ ਜਸਬੀਰ ਸਿੰਘ ਫੌਜੀ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਹਲਕਾ ਬਟਾਲਾ ਦੇ ਵੱਲੋਂ ਦੱਸਿਆ ਗਿਆ ਕਿ ਲਗਾਤਾਰ ਪੰਜਾਬ ਸਰਕਾਰ ਪਿੰਡਾਂ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਯਤਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਲੋੜਵੰਦ ਪਰਿਵਾਰਾਂ ਦੀ ਮਦਦ ਕੀਤੀ ਜਾ ਰਹੀ ਹੈ ਅਤੇ ਇਸੇ ਤਹਿਤ ਅੱਜ ਗਰੀਬ ਪਰਿਵਾਰਾਂ ਦੇ ਕੱਚੇ ਕੋਠਿਆਂ ਤੋਂ ਪੱਕੇ ਮਕਾਨਾਂ ਵਿੱਚ ਬਦਲਿਆ ਜਾ ਰਿਹਾ। ਉਨ੍ਹਾਂ ਕਿਹਾ ਕਿ ਪਿੰਡ ਵਿੱਚ ਹੋਰ ਵੀ ਜਿਹੜੇ ਕੱਚੇ ਕੋਠੇ ਹਨ ਉਨ੍ਹਾਂ ਨੂੰ ਵੀ ਜਲਦੀ ਪੱਕਿਆਂ ਕਰ ਦਿੱਤਾ ਜਾਵੇਗਾ।ਕਿਸੇ ਵੀ ਗਰੀਬ ਪਰਿਵਾਰ ਨੂੰ ਬਿਨਾਂ ਛੱਤ ਤੋਂ ਰਹਿਣ ਨਹੀਂ ਦਿੱਤਾ ਜਾਵੇਗਾ।ਇਸ ਮੌਕੇ ਗਰੀਬ ਪਰਿਵਾਰਾਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਹਲਕਾ ਬਟਾਲਾ ਤੋਂ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਪਿੰਡ ਦੇ ਸਰਪੰਚ ਜਸਬੀਰ ਸਿੰਘ ਫੌਜੀ ਸਮੇਤ ਸਮੁੱਚੀ ਪੰਚਾਇਤ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ।

# ਚੰਗੀ ਸਿਹਤ ਲਈ ਮੂਲ ਅਨਾਜ ਨੂੰ ਰੋਜ਼ਾਨਾ ਦੇ ਖਾਣੇ 'ਚ ਸ਼ਾਮਿਲ ਕਰਨਾ ਜ਼ਰੂਰੀ : ਧਾਲੀਵਾਲ

## ਵਿਧਾਇਕ ਸੰਧੂ ਨੇ ਸ਼ਮ੍ਹਾ ਰੌਸ਼ਨ ਕਰਕੇ ਈਟ ਰਾਈਟ ਮੇਲੇ ਦਾ ਕੀਤਾ ਉਦਘਾਟਨ



**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਮੁੱਖ ਮੰਤਰੀ ਮਾਨ ਵੱਲੋਂ ਰੰਗਲੇ ਪੰਜਾਬ ਦੇ ਲਏ ਸੁਪਨੇ ਨੂੰ ਪੂਰਾ ਕਰਨ ਲਈ ਸਿਹਤ ਵਿਭਾਗ ਪੰਜਾਬ ਵੱਲੋਂ ਪੰਜਾਬੀਆਂ ਦੀ ਚੰਗੀ ਸਿਹਤ ਲਈ ਜਾਗਰੂਕਤਾ ਫੈਲਾਉਣ ਦੇ ਯਤਨ ਨਾਲ ਅੰਮ੍ਰਿਤਸਰ ਵਿੱਚ ਈਟ ਰਾਈਟ ਮੇਲਾ ਕਰਵਾਇਆ ਗਿਆ।ਫੂਡਜ਼ ਐਂਡ ਡਰੱਗ ਐਡਮਨਿਸਟਰੇਸ਼ਨ ਪੰਜਾਬ (ਐੱਫਡੀਏ) ਵੱਲੋਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੇ ਸਹਿਯੋਗ ਨਾਲ ਕੰਪਨੀ ਬਾਗ ਵਿਖੇ ਕਰਵਾਏ ਗਏ ਈਟ ਰਾਈਟ ਮਿਲੇਟ ਦਾ ਉਦਘਾਟਨ ਕਰਦਿਆਂ ਵਿਧਾਇਕ ਜਸਬੀਰ ਸਿੰਘ ਸੰਧੂ ਨੇ ਸਮਾਗਮ ਵਿੱਚ ਹਾਜ਼ਰ ਕਿਸਾਨਾਂ, ਖੁਰਾਕ ਮਾਹਰਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਮੂਲ ਅਨਾਜ ਦੀ ਪੈਦਾਵਾਰ ਕਰਨ 'ਤੇ ਜ਼ੋਰ ਦਿੱਤਾ।ਡਾ. ਸੰਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਪਣੀ ਧਰਤੀ ਨੂੰ ਜ਼ਹਿਰ ਕੋਲੋਂ ਬਚਾਉਣ ਲਈ ਸਾਨੂੰ ਕੁਦਰਤੀ ਖੇਤੀ ਕਰਨੀ ਚਾਹੀਦੀ ਹੈ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੋਟਾ ਅਨਾਜ ਜਿਸ ਵਿਚ ਮੁੱਖ ਤੌਰ ਤੇ ਬਾਜਰਾ, ਕੰਗਣੀ, ਕੋਦਰਾ, ਜਵਾਰ, ਕੁੱਟਕੀ, ਸਾਂਵਾਂ, ਅਤੇ ਰਾਗੀ ਆਉਂਦੇ ਹਨ, ਨੂੰ ਬਿਲਕੁਲ ਹੀ ਅਸੀਂ ਭੁੱਲ ਗਏ ਹਾਂ ਜਦਿਕ ਸਾਡੀ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਇਨ੍ਹਾਂ ਦਾ ਸੇਵਨ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੋਟੇ ਅਨਾਜ ਦੀ ਪੈਦਾਵਾਰ ਕਰਨ ਨਾਲ ਜਿਥੇ ਪਾਣੀ ਦੀ ਬੱਚਤ ਹੁੰਦੀ ਹੈ ਉਥੇ ਦਵਾਈਆਂ ਵੀ ਘੱਟ ਵਰਤਣੀਆਂ ਪੈਂਦੀਆਂ ਹਨ ਜਿਸ ਨਾਲ ਸਾਡੀ ਮਿੱਟੀ ਦੀ ਉਪਜਾਊ ਬਣੀ ਰਹਿੰਦੀ ਹੈ। ਧਾਲੀਵਾਲ ਨੇ ਕਿਹਾ ਕਿ ਪੋਸ਼ਕ ਤੱਤਾਂ ਨਾਲ ਭਰਪੂਰ ਮੋਟੇ ਅਨਾਜ ਦੇ ਫਾਇਦੇ ਬਾਰੇ ਜਾਗਰੂਕਤਾ ਲਹਿਰ ਫੈਲਾਉਣ ਵਾਲਿਆਂ ਨਾਗਰਿਕਾਂ ਦੀ ਸਰਕਾਰ ਵੀ ਮਦਦ ਕਰੇਗੀ।ਇਸ ਮੌਕੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਨੇ ਕਿਹਾ ਕਿ ਕਿਸੇ ਸਮੇਂ ਮੋਟਾ ਅਨਾਜ ਸਾਡੀ ਖੁਰਾਕ ਦਾ ਅਹਿਮ ਹਿੱਸਾ ਹੁੰਦੀ ਸੀ ਪਰ ਸਾਡੇ ਰਹਿਣ ਸਹਿਣ ਵਿਚ ਆਏ ਵੱਡੇ ਬਦਲਾਅ ਕਾਰਨ ਇਹ ਸਾਡੀ ਥਾਲੀ ਵਿਚੋਂ ਗਾਇਬ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਅਸੀਂ ਕਣਕ ਅਤੇ ਝੋਨੇ ਦੀ ਜ਼ਿਆਦਾ ਵਰਤੋਂ ਕਰਕੇ ਖੁਦ ਬਿਮਾਰੀਆਂ ਨੂੰ ਸੱਦਾ ਦਿੱਤਾ ਹੈ ਅਤੇ ਸਾਨੂੰ ਮੁੜ ਆਪਣਾ ਮੂਲ ਅਨਾਜ ਵੱਲ ਮੁੜਨਾ ਪਵੇਗਾ।ਵਿਧਾਇਕਾ ਜੀਵਨਜੋਤ ਕੌਰ ਜਿਨ੍ਹਾਂ ਨੇ ਸਵੇਰੇ ਵਾਕਾਥਾਨ ਦੀ ਸ਼ੁਰੂਆਤ ਵੀ ਕਰਵਾਈ, ਨੇ ਕਿਹਾ ਕਿ ਕਣਕ ਵਿੱਚ ਗਲੂਟਨ ਦੀ ਜ਼ਿਆਦਾ ਮਾਤਰਾ ਹੋਣ ਕਰਕੇ ਅਸੀਂ ਬਿਮਾਰ ਹੋ ਰਹੇ ਹਾਂ ਅਤੇ ਕੈਮੀਕਲਾਂ ਦੀ ਵਰਤੋਂ ਕਰਕੇ ਆਪਣੀ ਮਿੱਟੀ ਵੀ ਖਰਾਬ ਕਰ ਰਹੇ ਹਾਂ, ਜਿਸ ਨੂੰ ਤੁਰੰਤ ਰੋਕਣ ਦੀ ਲੋੜ ਹੈ।ਇਸ ਮੌਕੇ ਮਹਿਮਾਨਾਂ ਨੇ ਮੇਲੇ ਵਿੱਚ ਕੁਦਰਤੀ ਖੇਤੀ ਅਤੇ ਮੋਟੇ ਅਨਾਜ ਦੇ ਪ੍ਰਚਾਰ ਹਿੱਤ ਲੱਗੇ ਹੋਏ ਵੱਖ-ਵੱਖ ਸਟਾਲਾਂ ਨੂੰ ਬੜੀ ਗਹੁ ਨਾਲ ਵੇਖਿਆ ਅਤੇ ਮੇਲੇ ਦੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ।ਮੇਲੇ ਵਿਚ ਵਧੀਕ ਡਿਪਟੀ ਕਮਿਸ਼ਨਰ ਜੋਤੀ ਬਾਲਾ, ਸਹਾਇਕ ਕਮਿਸ਼ਨਰ ਗੁਰਸਿਮਰਨ ਕੌਰ, ਸਿਵਲ ਸਰਜਨ ਡਾ. ਕਿਰਨਪ੍ਰੀਤ ਕੌਰ, ਡੀਈਓ ਹਰਭਗਵੰਤ ਸਿੰਘ, ਸਹਾਇਕ ਫੂਡ ਕਮਿਸ਼ਨਰ ਰਾਜਿੰਦਰ ਸਿੰਘ ਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਮਾਣੋਚਾਹਲ ਕਲਾਂ 'ਚ ਭਾਜਪਾ ਪ੍ਰਧਾਨ ਦਾ ਵਿਰੋਧ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਪਿੰਡ ਇਕਾਈ ਮਾਣੋਚਾਹਲ ਕਲਾਂ ਵਿਖੇ ਤਰਨ ਤਾਰਨ ਜ਼ਿਲ੍ਹੇ ਦੇ ਭਾਜਪਾ ਪ੍ਰਧਾਨ ਮਨਜੀਤ ਸਿੰਘ ਮੀਆਂਵਿੰਡ ਦਾ ਪਿੰਡ ਮਾਣੋਚਾਹਲ ਆਉਣ ਦਾ ਪਤਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਲੱਗਾ ਤੇ ਸਮਾਂ 1 ਵਜੇ ਦਾ ਰੱਖਿਆ ਸੀ। ਕਿਸਾਨ/ਮਜ਼ਦੂਰ ਇਕੱਠੇ ਹੋਣ ਲੱਗੇ। ਭਾਜਪਾ ਪ੍ਰਧਾਨ 9 ਵਜੇ ਹੀ ਚੋਰੀ ਜਲਸਾ ਕਰਕੇ ਨਿਕਲ ਗਿਆ। ਕਿਸਾਨਾਂ ਦੇ ਰੋਸ ਅੱਗੇ ਭਾਜਪਾ ਆਗੂ ਨਿਰਉੱਤਰ ਰਹੇ। ਇਸ ਮੌਕੇ ਆਗੂਆਂ ਨੇ ਫੈਸਲਾ ਕਾਤਾ ਕਿ ਪਿੰਡ-ਪਿੰਡ ਭਾਜਪਾ ਆਗੂਆਂ ਦਾ ਕਾਲੀਆਂ ਝੰਡੀਆਂ ਵਿਖਾ ਕੇ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ, ਇਕਾਈ ਪ੍ਰਧਾਨ ਸੁਖਦੇਵ ਸਿੰਘ, ਸਕੱਤਰ ਸਿੰਘ, ਰੇਸ਼ਮ ਸਿੰਘ, ਲੱਖਾ ਸਿੰਘ, ਸੁਖਵਿੰਦਰ ਸਿੰਘ, ਲਖਬੀਰ ਸਿੰਘ, ਜੋਗਿੰਦਰ ਸਿੰਘ, ਰਣਜੀਤ ਸਿੰਘ, ਰਾਜਵਿੰਦਰ ਸਿੰਘ, ਲਖਵਿੰਦਰ ਸਿੰਘ, ਨਿਸ਼ਾਨ ਸਿੰਘ, ਨਿਰਮਲ ਸਿੰਘ, ਜੋਗਿੰਦਰ ਸਿੰਘ, ਅਵਤਾਰ ਸਿੰਘ, ਸੁਖਰਾਜ ਸਿੰਘ, ਕਾਬਲ ਸਿੰਘ, ਅਵਤਾਰ ਸਿੰਘ ਅਤੇ ਜੱਸਾ ਸਿੰਘ ਹਾਜ਼ਰ ਸਨ ।

# ਸਵ: ਸਰਦੂਲ ਸਿੰਘ ਨਮਿਤ ਅੰਤਿਮ ਅਰਦਾਸ ਭਲਕੇ

**ਵੇਰਕਾ (ਰਾਣਾ)**- ਬਲਾਕ ਸਿੱਖਿਆ ਅਫ਼ਸਰ (ਐਲੀ:) ਬਲਾਕ ਅੰਮ੍ਰਿਤਸਰ-4 ਅਤੇ ਵਾਧੂ ਚਾਰਜ ਬਲਾਕ ਵੇਰਕਾ ਅੰਮ੍ਰਿਤਸਰ ਦਿਲਬਾਗ ਸਿੰਘ ਸਹਾਬਪੁਰ ਦੇ ਪਿਤਾ ਸਵ: ਸਰਦੂਲ ਸਿੰਘ ਸਹਾਬਪੁਰ ਜੋ ਬੀਤੇ ਦਿਨ 9 ਫਰਵਰੀ 2025 ਦਿਨ ਐਤਵਾਰ ਨੂੰ



ਸੰਖੇਪ ਜਿਹੀ ਬਿਮਾਰੀ ਕਾਰਨ ਪਰਿਵਾਰ ਨੂੰ ਸਦੀਵੀ ਵਿਛੋੜਾ ਦਿੰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਰੂਹ ਦੀ ਕਲਿਆਣਤਾ ਅਤੇ ਆਤਮਿਕ ਸ਼ਾਂਤੀ ਨਮਿਤ ਪਰਿਵਾਰ ਵੱਲੋਂ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਭੋਗ ਤੇ ਅੰਤਿਮ ਅਰਦਾਸ ਭਲਕੇ 18 ਫਰਵਰੀ ਦਿਨ ਮੰਗਲਵਾਰ ਨੂੰ ਭਾਈ ਕਰਮ ਸਿੰਘ ਹਾਲ, ਜੰਡਿਆਲਾ ਰੋਡ, ਤਰਨ ਤਾਰਨ (ਨੇੜੇ ਐਚਡੀਐੱਫਸੀ ਬੈਂਕ) ਵਿਖੇ ਦੁਪਹਿਰ 12:00 ਤੋਂ 1:00 ਵਜੇ ਪਾਏ ਜਾਣਗੇ ਜਿਸ ਉਪਰੰਤ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਜਾਵੇਗਾ।ਇਸ ਮੌਕੇ ਸਵ: ਸਰਦੂਲ ਸਿੰਘ ਨੂੰ ਵੱਖ-ਵੱਖ ਸਮਾਜਿਕ, ਰਾਜਨੀਤਕ, ਧਾਰਮਿਕ, ਮੁਲਾਜ਼ਮ, ਮਜ਼ਦੂਰ, ਪੈਨਸ਼ਨਰਜ਼, ਸਮਾਜ-ਸੇਵੀ ਸੰਗਠਨਾਂ ਅਤੇ ਅਧਿਆਪਕ ਜਥੇਬੰਦੀਆਂ ਦੇ ਆਗੂ ਸ਼ਰਧਾ ਦੇ ਸੁਮਨ ਵੀ ਭੇਟ ਕਰਨਗੇ।

# ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਪਾਠ ਕਰਵਾਏ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਮਾਤਾ ਸਾਹਿਬ ਕੌਰ ਮਾਡਰਨ ਸੀਨੀ. ਸੈਕੰ. ਸਕੂਲ ਭਰੋਵਾਲ ਵੱਲੋਂ ਗਿਆਨ ਦੇ ਅਥਾਹ ਸਮੁੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਵਨ ਓਟ ਆਸਰਾ ਅਤੇ ਅਸ਼ੀਰਵਾਦ ਲੈਣ ਲਈ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਦੇ ਬੋਰਡ ਦੇ ਇਮਤਿਹਾਨਾਂ ਨੂੰ ਮੁੱਖ ਰੱਖਦਿਆਂ ਸ੍ਰੀ ਜਪੁਜੀ ਸਾਹਿਬ, ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕਰਵਾਏ ਗਏ।ਅਰਦਾਸ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ।ਇਸ ਮੌਕੇ ਸਮੂਹ ਮੈਨੇਜਮੈਂਟ ਕਮੇਟੀ ਦੇ ਪ੍ਰੈਜ਼ੀਡੈਂਟ ਮੈਡਮ ਸੁਖਵਿੰਦਰ ਕੌਰ, ਐੱਮ. ਡੀ. ਤੇਜਿੰਦਰ ਸਿੰਘ, ਸੈਕਟਰੀ ਬਨਵੀਰ ਸਿੰਘ, ਮੈਡਮ ਸੰਗੀਤ ਕੌਰ, ਰਮਨਦੀਪ ਕੌਰ ਅਤੇ ਪ੍ਰਿੰਸੀਪਲ ਮੈਡਮ ਨਵਜੋਤੀ ਵੀ ਹਾਜ਼ਰ ਰਹੇ।ਅੰਤ ਪ੍ਰਿੰ. ਮੈਡਮ ਨਵਜੋਤੀ ਨੇ ਬੱਚਿਆਂ ਨੂੰ ਬੋਰਡ ਦੇ ਇਮਤਿਹਾਨਾਂ ਵਿੱਚ ਆਪਣੀ ਚੰਗੀ ਕਾਰਗੁਜ਼ਾਰੀ ਕਰਨ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਅਸ਼ੀਰਵਾਦ ਦਿੰਦਿਆਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਚੰਗੇ ਅਸੂਲਾਂ 'ਤੇ ਪਹਿਰਾ ਦੇਣ ਦੇ ਨਾਲ-ਨਾਲ ਨਿਵੇਕਲਾ ਸਮਾਜ ਸਿਰਜਣ ਲਈ ਵੀ ਪ੍ਰੇਰਿਤ ਕੀਤਾ।

# ਨਾਥਪੁਰ 'ਚ ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ ਤਹਿਤ ਕੈਂਪ ਲੱਗਾ




**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਮੁੱਖ ਖੇਤੀਬਾੜੀ ਅਫਸਰ ਅਮਰੀਕ ਸਿੰਘ ਦੀ ਅਗਵਾਈ ਹੇਠ ਬਲਾਕ ਕਾਦੀਆਂ ਦੇ ਪਿੰਡ ਨਾਥਪੁਰ ਵਿਖੇ ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ ਤਹਿਤ ਕੈਂਪ ਲਗਾਇਆ ਗਿਆ ਜਿਸ ਵਿੱਚ ਆਏ ਹੋਏ ਖੇਤੀਬਾੜੀ ਮਾਹਰਾਂ ਨੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ ਬਾਰੇ ਜਾਣਕਾਰੀ ਦਿੱਤੀ ਅਤੇ ਉਸ ਤੋਂ ਹੋਣ ਵਾਲੇ ਫਾਇਦਿਆਂ ਬਾਰੇ ਜਾਣੂ ਕਰਵਾਇਆ ਗਿਆ।ਆਏ ਹੋਏ ਖੇਤੀਬਾੜੀ ਮਾਹਰਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਕੇਂਦਰ ਸਰਕਾਰ ਦੀ ਇੱਕ ਮਹੱਤਵਪੂਰਨ ਯੋਜਨਾ ਹੈ, ਜਿਸ ਦੇ ਤਹਿਤ ਦੇਸ਼ ਦੇ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਸਾਲਾਨਾ 6 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ।ਇਹ ਰਕਮ ਤਿੰਨ ਕਿਸ਼ਤਾਂ (ਪ੍ਰਤੀ ਕਿਸ਼ਤ 2,000 ਰੁਪਏ) ਵਿੱਚ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਡਾਇਰੈਕਟ ਬੈਨੀਫਿਟ ਟ੍ਰਾਂਸਫਰ (ਡੀਬੀਟੀ) ਰਾਹੀਂ ਭੇਜੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਕਿਸਾਨ ਵੱਧ ਤੋਂ ਵੱਧ ਇਸ ਯੋਜਨਾ ਦਾ ਲਾਭ ਲੈਣ।ਜਿਹੜੇ ਕਿਸਾਨਾਂ ਨੂੰ ਇਸ ਯੋਜਨਾ ਬਾਰੇ ਨਹੀਂ ਪਤਾ ਉਨ੍ਹਾਂ ਕਿਸਾਨਾਂ ਨੂੰ ਪਿੰਡ ਦੇ ਲੋਕ ਅਤੇ ਕਿਸਾਨ ਉਨ੍ਹਾਂ ਨੂੰ ਜ਼ਰੂਰ ਜਾਗਰੂਕ ਕਰਨ ।ਇਸ ਮੌਕੇ ਆਏ ਹੋਏ ਖੇਤੀਬਾੜੀ ਮਾਹਰਾਂ ਦਾ ਪਿੰਡ ਨਾਥਪੁਰ ਦੇ ਵਸਨੀਕਾਂ ਵੱਲੋਂ ਤਹਿ ਦਿਲ ਤੋਂ ਧੰਨਵਾਦ ਕੀਤਾ ਗਿਆ।ਇਸ ਕੈਂਪ ਵਿੱਚ ਐਗਰੀਕਲਚਰ ਐਕਸਟੈਂਸ਼ਨ ਅਫਸਰ ਮਨਪ੍ਰੀਤ ਸਿੰਘ, ਐਗਰੀਕਲਚਰ ਐਕਸਟੈਂਸ਼ਨ ਅਫਸਰ ਹਰਪ੍ਰੀਤ ਸਿੰਘ, ਸੁਖਦੀਪ ਸਿੰਘ, ਨਿਰਵੈਰ ਸਿੰਘ, ਹਰਜਿੰਦਰ ਸਿੰਘ ਅਤੇ ਅਤੇ ਕਿਸਾਨ ਸਤਨਾਮ ਸਿੰਘ, ਕਰਨਪ੍ਰੀਤ ਸਿੰਘ, ਸਾਬਕਾ ਸਰਪੰਚ ਮਲਕੀਤ ਸਿੰਘ, ਬਲਕਾਰ ਸਿੰਘ ਸ਼ੇਰ, ਮੇਜਰ ਸਿੰਘ ਨਾਥਪੁਰ, ਸੁਖਦੇਵ ਸਿੰਘ, ਰਵਿੰਦਰ ਸਿੰਘ, ਦਲਬੀਰ ਸਿੰਘ, ਮੰਗਲ ਸਿੰਘ ਆਦਿ ਹਾਜ਼ਰ ਸਨ।

# ਕਾਲੀਆ ਸਕੱਤਰਾ 'ਚ ਵਾਲੀਬਾਲ ਟੂਰਨਾਮੈਂਟ ਕਰਵਾਇਆ

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ



**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਪਿੰਡ ਕਾਲੀਆ ਸਕੱਤਰਾ ਵਿੱਚ ਵਾਲੀਬਾਲ ਦਾ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕ ਐਕਸ ਸਰਵਿਸਮੈਨ ਵੱਲੋਂ ਕਾਲੀਆ ਸਕੱਤਰਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਵਿਚ ਆਰਮੀ ਦੇ ਸਹਿਯੋਗ ਨਾਲ ਨਸ਼ਿਆਂ ਦੀ ਰੋਕਥਾਮ ਲਈ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਗਿਆ ਅਤੇ ਖੇਡਾਂ ਵੱਲ ਧਿਆਨ ਦੇਣ ਲਈ ਉਤਸ਼ਾਹਿਤ ਕੀਤਾ। ਇਸ ਸੁਹਿਰਦ ਉਪਰਾਲੇ ਲਈ ਕੋਚ ਪ੍ਰਤਾਪ ਸਿੰਘ ਕਾਲੀਆ ਸਕੱਤਰਾ ਨੇ ਆਰਮੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਆਰਮੀ ਹਮੇਸ਼ਾ ਖਿਡਾਰੀਆਂ ਦਾ ਸਨਮਾਨ ਕਰਦੀ ਆਈ ਹੈ। ਨਸ਼ਿਆਂ ਨੂੰ ਪੰਜਾਬ ਵਿੱਚੋਂ ਜੜ੍ਹੋਂ ਖਤਮ ਕਰਨ ਲਈ ਜਿਸ ਆਰਮੀ ਪਹਿਲ ਦੇ ਆਧਾਰ 'ਤੇ ਕੰਮ ਕਰ ਰਹੀ ਹੈ ਉਹ ਦਿਨ ਦੂਰ ਨਹੀਂ ਜਦੋਂ ਅਸੀਂ ਤੰਦਰੁਸਤ ਪੰਜਾਬ ਅਤੇ ਹਰਿਆ ਭਰਿਆ ਪੰਜਾਬ ਬਣਾਉਣ ਵਿੱਚ ਸਫ਼ਲ ਹੋ ਜਾਵਾਂਗੇ। ਵਾਲੀਬਾਲ ਟੂਰਨਾਮੈਂਟ ਵਿਚ ਤਿੰਨ ਟੀਮਾਂ ਨੇ ਭਾਗ ਲਿਆ ਜਿਸ ਵਿਚ ਪਿੰਡ ਕਲੰਜਰ ਉਤਾਰ, ਪਿੰਡ ਕਾਲੀਆ, ਪਿੰਡ ਸਕੱਤਰਾ ਸਨ। ਕਾਲੀਆ ਸਕੱਤਰਾ ਦੀ ਟੀਮ ਜੇਤੂ ਰਹੀ। ਇਸ ਮੌਕੇ ਇਲਾਕੇ ਅਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ ਜਿਨ੍ਹਾਂ ਵਿੱਚ ਮਨਪ੍ਰੀਤ ਸਿੰਘ ਮੱਖਣ, ਜੱਗਾ ਕਾਲੀਆ, ਕਵਲਜੀਤ ਸਿੰਘ ਪੀਏ, ਕੋਚ ਪ੍ਰਤਾਪ ਸਿੰਘ ਕਾਲੀਆ ਸਕੱਤਰਾ, ਰਾਣਾ ਸਿੰਘ ਕਲੰਜਰ, ਸੂਬੇਦਾਰ ਹਰਪਾਲ ਸਿੰਘ, ਸੂਬੇਦਾਰ ਦਵਿੰਦਰ ਸਿੰਘ, ਐਕਸ ਸਰਵਿਸਮੈਨ ਦਰਸ਼ਨ ਸਿੰਘ, ਆਨਰੇਰੀ ਕੈਪਟਨ ਜੋਗਾ ਸਿੰਘ ਅਤੇ ਪ੍ਰਗਟ ਸਿੰਘ ਹਾਜ਼ਰ ਸਨ। ਆਰਮੀ ਨੇ ਕੋਚ ਪ੍ਰਤਾਪ ਸਿੰਘ ਕਾਲੀਆ ਸਕੱਤਰਾ ਦਾ ਵਿਸ਼ੇਸ਼ ਸਨਮਾਨ ਅਤੇ ਧੰਨਵਾਦ ਕੀਤਾ।

# ਫ਼ੀਲਡ ਪੱਤਰਕਾਰ ਐਸੋਸੀਏਸ਼ਨ ਸਬ-ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਨਵੇਂ ਵਰ੍ਹੇ ਦੀ ਡਾਇਰੀ ਰਿਲੀਜ਼



**ਬੁਤਾਲਾ (ਨਿਰਮਲ ਸਿੰਘ ਸੰਘਾ)**-ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਬਾਬਾ ਬਕਾਲਾ ਸਾਹਿਬ ਵਿਖੇ ਫ਼ੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਫ਼ੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਦੌਰਾਨ ਫ਼ੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਨਵੇਂ ਵਰ੍ਹੇ ਦੀ ਡਾਇਰੀ 2025 ਰਿਲੀਜ਼ ਕੀਤੀ ਗਈ।ਇਸ ਤੋਂ ਇਲਾਵਾ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਵਿਚਾਰਾਂ ਕੀਤੀਆ ਗਈਆਂ ।ਇਸ ਮੌਕੇ ਸਰਪ੍ਰਸਤ ਹਰਜੀਪਰੀਤ ਸਿੰਘ ਕੰਗ, ਮਹਿਤਾ ਇਕਾਈ ਦੇ ਪ੍ਰਧਾਨ ਕੈਪਟਨ ਸਿੰਘ ਮਹਿਤਾ, ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਗੌਰਵ ਜੋਸ਼ੀ, ਪਰਮਜੀਤ ਸਿੰਘ ਰੱਖੜਾ, ਬਲਵਿੰਦਰ ਸਿੰਘ ਅਠੌਲਾ, ਜਗੀਰ ਸਿੰਘ ਸਫ਼ਰੀ, ਸਕੱਤਰ ਸਿੰਘ ਪੁਰੇਵਾਲ, ਧਰਮਿੰਦਰ ਸਿੰਘ ਭੰਮਰਾ, ਸੁਖਵਿੰਦਰ ਸਿੰਘ ਚਾਹਲ, ਸੁਸ਼ੀਲ ਅਰੋੜਾ, ਕਮਲਦੀਪ ਸਿੰਘ ਹੈਪੀ, ਰਣਜੀਤ ਸਿੰਘ ਕੰਗ, ਬਾਬਾ ਸੁਖਵੰਤ ਸਿੰਘ, ਰਣਜੀਤ ਸਿੰਘ ਸੰਧੂ, ਸੁਰਜੀਤ ਸਿੰਘ ਬੁਤਾਲਾ, ਹਰਮਨਪ੍ਰੀਤ ਸਿੰਘ ਗਿੱਲ, ਸੁਖਵਿੰਦਰ ਸਿੰਘ ਗਿੱਲ, ਲਖਾ ਸਿੰਘ ਆਜ਼ਾਦ, ਜਸਪਾਲ ਸਿੰਘ ਗੱਗੜਭਾਣਾ, ਦਿਲਰਾਜ ਸਿੰਘ ਦਰਦੀ, ਰਾਜਦੀਪ ਸਿੰਘ ਮਹਿਤਾ, ਸਤਨਾਮ ਸਿੰਘ ਨੌਰੰਗਾਬਾਦੀ, ਗੁਰਮੁੱਖ ਸਿੰਘ ਪੱਡਾ, ਨਿਰਮਲ ਸਿੰਘ ਸੰਘਾ, ਜੱਗਾ ਸਿੰਘ ਖ਼ਾਨਪੁਰ ਆਦਿ ਪੱਤਰਕਾਰ ਹਾਜ਼ਰ ਸਨ।

# ਬੀਡੀਪੀਓ ਦਫ਼ਤਰ ਮਜੀਠਾ ਵਿਖੇ ਬੀਆਈਐੱਸ ਵੱਲੋਂ ਸੰਵੇਦਨਸ਼ੀਲਤਾ ਵਿਸ਼ੇ 'ਤੇ ਪ੍ਰੋਗਰਾਮ ਆਯੋਜਿਤ



**ਵੇਰਕਾ (ਰਾਣਾ)**- ਬੀ. ਡੀ. ਪੀ. ਓ. ਦਫ਼ਤਰ ਬਲਾਕ ਮਜੀਠਾ (ਅੰਮ੍ਰਿਤਸਰ) ਵਿਖੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ ਦੇ ਦਿਸ਼ਾ-ਨਿਰਦੇਸ਼ਾ ਅਧੀਨ ਬਿਊਰੋ ਆਫ ਇੰਡੀਅਨ ਸਟੈਂਡਰਡ (ਬੀਆਈਐੱਸ) ਜੰਮੂ-ਕਸ਼ਮੀਰ ਸ਼ਾਖਾ ਦਫ਼ਤਰ (ਜੇਕੇਬੀਓ) ਵੱਲੋਂ ਸੰਵੇਦਨਸ਼ੀਲਤਾ ਵਿਸ਼ੇ 'ਤੇ ਪ੍ਰੋਗਰਾਮ ਦਾ ਸਫਲ ਆਯੋਜਨ ਕਰਵਾਇਆ ਗਿਆ ਜਿਸ ਦੀ ਸਮੁੱਚੀ ਅਗਵਾਈ ਬੀਡੀਪੀਓ ਅਮਨਦੀਪ ਸਿੰਘ ਮੰਨਣ ਬਲਾਕ ਮਜੀਠਾ ਨੇ ਕੀਤੀ।ਇਸ ਮੌਕੇ ਬਲਾਕ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਸਰਪੰਚ/ਮੁਖੀਆਂ, ਪੰਚਾਂ ਅਤੇ ਪੰਚਾਇਤ ਸਕੱਤਰ, ਸੁਪਰਡੈਂਟ ਸਣੇ ਬਲਾਕ ਸੰਮਤੀ ਦੇ ਅਮਲੇ-ਫੈਲੇ ਆਦਿ ਨੇ ਵੀ ਸੰਵੇਦਨਸ਼ੀਲਤਾ ਪ੍ਰੋਗਰਾਮ 'ਚ ਵੱਧ ਚੜ੍ਹ ਕੇ ਭਾਗ ਲਿਆ।ਇਸ ਉਪਰੋਕਤ ਪ੍ਰੋਗਰਾਮ ਦਾ ਮੁੱਖ ਟੀਚਾ ਬੀਆਈਐੱਸ ਮਾਨਕੀਕਰਨ, ਜ਼ਮੀਨੀ ਪੱਧਰ ਉਪਰ ਸਾਸ਼ਨ ਅਤੇ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਇਸ ਦੀ ਭੂਮਿਕਾ ਬਾਰੇ ਜਾਗਰੂਕ ਕਰਨਾ ਸੀ।ਇਸ ਦੌਰਾਨ ਕਰਵਾਏ ਗਏ ਪ੍ਰੋਗਰਾਮ ਵਿਚ ਲਗਭਗ 50 ਗ੍ਰਾਮ ਪੰਚਾਇਤਾਂ ਦੇ ਪ੍ਰਤੀਨਿਧੀਆਂ ਨੇ ਭਰਪੂਰ ਦਿਲਚਸਪੀ ਨਾਲ ਭਾਗ ਲਿਆ ਅਤੇ ਪੇਂਡੂ ਸ਼ਾਸਨ ਵਿੱਚ ਗੁਣਵੱਤਾ ਦੇ ਮਿਆਰਾਂ ਦੀ ਪਾਲਣਾ ਕਰਨ ਦੀ ਮਹੱਤਤਾ ਸੰਬੰਧੀ ਵੱਡਮੁੱਲੀ ਜਾਣਕਾਰੀ ਹਾਸਿਲ ਕੀਤੀ।ਇਸ ਮੌਕੇ ਕਮਲਜੀਤ ਸਿੰਘ ਘਈ ਨੇ ਹਾਜ਼ਰੀਨ ਨੂੰ ਸੰਬੋਧਨ ਕਰਦੇ ਹੋਏ ਪੰਚਾਇਤਾਂ ਦੀ ਕੁਸ਼ਲਤਾ ਅਤੇ ਪ੍ਰਭਾਵਸ਼ੀਲਤਾ ਨੂੰ ਵਧੇਰੇ ਬੇਹਤਰੀਨ ਬਣਾਉਣ ਵਿੱਚ ਮਾਨਕੀਕਰਨ ਦੀ ਮਹੱਤਤਾ ਉਪਰ ਚਾਨਣਾ ਪਾਇਆ।ਉਨ੍ਹਾਂ ਦੱਸਿਆ ਕਿ ਕਿੰਦਾਂ ਬੀਆਈਐੱਸ ਮਿਆਰਾਂ ਨੂੰ ਅਪਣਾਉਣ ਨਾਲ ਬੁਨਿਆਦੀ ਪੇਂਡੂ ਢਾਂਚੇ ਵਿੱਚ ਵਾਧਾ ਹੋ ਸਕਦਾ ਹੈ।ਖਪਤਕਾਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ ਅਤੇ ਪਿੰਡਾਂ ਦੇ ਸਮੁੱਚੇ ਵਿਕਾਸ ਲਈ ਯੋਗਦਾਨ ਪਾਇਆ ਜਾ ਸਕਦਾ ਹੈ।ਇਹ ਐਪ ਉਪਭੋਗਤਾਵਾਂ ਨੂੰ ਬੀਆਈਐੱਸ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਅਤੇ ਘਟੀਆ ਵਸਤੂਆਂ ਦੀ ਰਿਪੋਰਟ ਕਰਨ ਦੀ ਇਜਾਜ਼ਤ ਦਿੰਦੀ ਹੈ ਜਿਸ ਨਾਲ ਖਪਤਕਾਰ/ਉਪਭੋਗਤਾਵਾਂ ਦੇ ਅਧਿਕਾਰਾਂ ਨੂੰ ਮਜ਼ਬੂਤੀ ਮਿਲਦੀ ਹੈ ਅਤੇ ਗੁਣਵੱਤਾ, ਭਰੋਸੇ ਨੂੰ ਉਤਸਾਹਿਤ ਕੀਤਾ ਜਾਂਦਾ ਹੈ।ਇਸ ਮੌਕੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਮਨਦੀਪ ਸਿੰਘ ਮੰਨਣ ਬਲਾਕ ਮਜੀਠਾ, ਸੁਪਰਡੈਂਟ ਪਲਵਿੰਦਰ ਸਿੰਘ ਲੁੱਧੜ, ਨਰਿੰਦਰ ਸਿੰਘ ਖਹਿਰਾ ਐੱਸਈਪੀਓ ਮਜੀਠਾ, ਅਮਨਪ੍ਰੀਤ ਸਿੰਘ ਪੰਚਾਇਤ ਸਕੱਤਰ, ਗੁਰਿੰਦਰਬੀਰ ਸਿੰਘ ਪੰਚਾਇਤ ਸਕੱਤਰ, ਗੁਰਮੁੱਖ ਸਿੰਘ ਪੰਚਾਇਤ ਸਕੱਤਰ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਸਰਪੰਚ ਸੋਨੀਆ ਗ੍ਰਾਮ ਪੰਚਾਇਤ ਡੱਡੀਆਂ, ਸਰਪੰਚ ਤਰਸੇਮ ਸਿੰਘ ਨਾਂਗ ਕਲਾਂ, ਸਰਪੰਚ ਲਖਵਿੰਦਰ ਕੌਰ ਕੋਟਲਾ ਖੁਰਦ, ਪੰਚ ਜੱਗਾ ਸਿੰਘ, ਪੰਚ ਗੁਰਪ੍ਰੀਤ ਸਿੰਘ, ਸਰਪੰਚ ਨਿਰੰਜਣ ਸਿੰਘ ਆਦਿ ਸਮੇਤ ਕਈ ਹੋਰ ਸਰਪੰਚ ਤੇ ਪੰਚ ਵੀ ਮੌਜੂਦ ਸਨ।

# ਜਲ ਮਹਿਲ (ਬਾਰਾਂਦਰੀ) ਸਮਾਰਕ ਬਟਾਲਾ ਦਾ ਨਵੀਨੀਕਰਨ ਤੇ ਸੁੰਦਰੀਕਰਨ ਤੇਜ਼ੀ ਨਾਲ ਸ਼ੁਰੂ : ਸ਼ੈਰੀ ਕਲਸੀ



**ਬਟਾਲਾ, (ਡਾ. ਮਲਵਿੰਦਰ ਸਿੰਘ)**- ਬਟਾਲਾ ਦੇ ਨੌਜਵਾਨ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਦੇ ਇਤਿਹਾਸਕ ਸਥਾਨਾਂ ਨੂੰ ਬਰਕਰਾਰ ਰੱਖਣ, ਸਾਂਭ ਸੰਭਾਲ ਕਰਨ ਅਤੇ ਸੁੰਦਰੀਕਰਨ ਲਈ ਨਿਰੰਤਰ ਯਤਨ ਜਾਰੀ ਹਨ।ਉਨ੍ਹਾਂ ਵੱਲੋਂ ਜਲ ਮਹਿਲ (ਬਾਂਰਾਦਰੀ) ਸਮਾਰਕ ਬਟਾਲਾ ਦੇ ਨਵੀਨੀਕਰਨ ਤੇ ਸੁੰਦਰੀਕਰਨ ਕਰਨ ਲਈ ਕੀਤੇ ਯਤਨਾਂ ਤਹਿ ਜਲ ਮਹਿਲ ਵਿਖੇ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ।ਵਿਧਾਇਕ ਨੇ ਦੱਸਿਆ ਕਿ 75ਵੇਂ ਆਜ਼ਾਦੀ ਕਾ ਅੰਮ੍ਰਿਤ ਮਹਾਂਉਤਸ਼ਵ ਤਹਿਤ ਪੂਰੇ ਪੰਜਾਬ ਵਿਚੋਂ ਜਲ ਮਹਿਲ (ਬਾਰਾਂਦਰੀ) ਸਮਾਰਕ ਬਟਾਲਾ ਦੀ ਚੋਣ ਕੀਤੀ ਗਈ ਹੈ ਅਤੇ ਅਮੀਰ ਵਿਰਾਸਤ ਨੂੰ ਸੰਭਾਲਣ ਦੇ ਨਾਲ ਇਸਦਾ ਨਵੀਨੀਕਰਨ ਕਰਕੇ ਇਸ ਵਿੱਚ ਪਾਣੀ ਭਰਕੇ ਇਸਨੂੰ 'ਤਾਲਾਬ' ਦੀ ਪੁਰਾਤਨ ਦਿੱਖ ਦਿੱਤੀ ਜਾਵੇਗੀ, ਜਿਸ ਦੇ ਚੱਲਦਿਆਂ ਜਲ ਮਹਿਲ ਵਿਖੇ ਵੱਖ-ਵੱਖ ਵਿਕਾਸ ਕੰਮ ਚੱਲ ਰਹੇ ਹਨ।ਨੌਜਵਾਨ ਅਤੇ ਅਗਾਂਹਵਧੂ ਸੋਚ ਰੱਖਣ ਵਾਲੇ ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਬਟਾਲਾ ਸ਼ਹਿਰ, ਆਪਣੇ ਅੰਦਰ ਅਮੀਰ ਵਿਰਾਸਤ ਸਮੋਈ ਬੈਠਾ ਹੈ ਅਤੇ ਉਨ੍ਹਾਂ ਦੀ ਹਮੇਸ਼ਾ ਪਹਿਲ ਰਹੀ ਹੈ ਕਿ ਇਸ ਅਮੀਰ ਵਿਰਾਸਤ ਨੂੰ ਸੰਭਾਲਣ ਦੇ ਨਾਲ ਇਸਦਾ ਸੁੰਦਰੀਕਰਨੀ ਵੀ ਕੀਤਾ ਜਾਵੇ ਅਤੇ ਇਨ੍ਹਾਂ ਦੀ ਪੁਰਾਤਨ ਦਿੱਖ ਵੀ ਬਹਾਲ ਰਹੇ।ਉਨ੍ਹਾਂ ਦੁਹਰਾਇਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਦੇ ਵਿਕਾਸ ਤੇ ਸੁੰਦਰੀਕਰਨ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।

# ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸਕੂਲ ਦੀ ਦਸਵੀਂ ਜਮਾਤ ਦਾ ਵਿਦਾਇਗੀ ਸਮਾਗਮ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)** - ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਵਿਖੇ ਪ੍ਰਿੰਸੀਪਲ ਡਾ. ਗਗਨਜੀਤ ਕੌਰ ਦੀ ਰਹਿਨੁਮਾਈ ਹੇਠ ਦਸਵੀਂ ਦੇ ਵਿਦਿਆਰਥੀਆਂ ਦਾ ਵਿਦਾਇਗੀ ਪਾਰਟੀ ਸਮਾਗਮ ਹੋਇਆ। ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਅਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਨ ਤੋਂ ਇਲਾਵਾ ਬਿਊਟੀ ਕੰਟੈਸਟ ਵੀ ਕਰਵਾਇਆ ਗਿਆ, ਜਿਸ ਵਿੱਚ ਮਿਸ ਫੇਅਰਵੈੱਲ ਸੁਨੇਹਾ, ਮੋਸਟ ਪੰਕਚੁਅਲ ਵੰਸ਼ਿਕਾ, ਬਿਊਟੀਫੁੱਲ ਅਟਾਇਰ ਰਾਜਵਿੰਦਰ ਕੌਰ, ਬਿਊਟੀਫੁੱਲ ਹੇਅਰ ਜੈਸਮੀਨ ਕੌਰ, ਮਿਸ ਚਾਰਮਿੰਗ ਪਾਰੁਲ, ਬੈਸਟ ਵਲੰਟੀਅਰ ਤਨਵੀਰ ਕੌਰ, ਸਟੂਡੈਂਟ ਆਫ ਦਾ ਯੀਅਰ ਪਾਇਲ, ਹੈੱਡ ਗਰਲ ਸੋਨਮਪ੍ਰੀਤ ਕੌਰ, ਇਸੇ ਤਰ੍ਹਾਂ ਹੀ ਲੜਕਿਆਂ ਵਿੱਚੋਂ ਮਿਸਟਰ ਫੇਅਰਵੈੱਲ ਸੁਖਜੀਤ ਸਿੰਘ, ਮਿਸਟਰ ਪਰਸਨੈਲਿਟੀ ਆਕਾਸ਼ਪ੍ਰੀਤ ਸਿੰਘ, ਬੈਸਟ ਵਲੰਟੀਅਰ ਅਨਿਕੇਤ, ਸਟੂਡੈਂਟ ਆਫ ਦਾ ਯੀਅਰ ਵਿਕਰਮਜੀਤ ਸਿੰਘ, ਮੋਸਟ ਪੰਕਚੁਅਲ ਦਮਨਪ੍ਰੀਤ ਸਿੰਘ, ਵਧੀਆ ਟਰਬਨ ਮਨਜੋਤ ਸਿੰਘ, ਹੈੱਡ ਬੁਆਏ ਜਪਨੀਤ ਸਿੰਘ ਚੁਣੇ ਗਏ। ਇਸ ਸਮੇਂ ਜੱਜਮੈਂਟ ਦੀ ਭੂਮਿਕਾ ਅਧਿਆਪਕਾ ਸੁਖਜੀਤ ਕੌਰ, ਮਿਸਟਰ ਰਜਤ ਵੋਹਰਾ ਅਤੇ ਮੈਡਮ ਜਸਨਦੀਪ ਕੌਰ ਨੇ ਨਿਭਾਈ। ਪ੍ਰਿੰਸੀਪਲ ਡਾ. ਗਗਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਅਤੇ ਪੂਰੀ ਲਗਨ ਨਾਲ ਸਲਾਨਾ ਪ੍ਰੀਖਿਆ ਲਈ ਦਿਨ ਰਾਤ ਮਿਹਨਤ ਕਰਨ ਲਈ ਪ੍ਰੇਰਿਆ। ਇਸ ਸਮੇਂ ਸਮੂਹ ਸਕੂਲ ਸਟਾਫ ਹਾਜ਼ਰ ਸੀ।

# ਰੋਟਰੀ ਕਲੱਬ ਕੈਂਟ ਨੇ ਨਸ਼ਾ ਮੁਕਤੀ ਤੇ ਮਾਨਸਿਕ ਸਿਹਤ ਸੰਬੰਧੀ ਵਿਮੁਕਤੀ ਯਾਤਰਾ ਦਾ ਕੀਤਾ ਸਵਾਗਤ



**ਅੰਮ੍ਰਿਤਸਰ (ਅਰੋੜਾ)**: ਰੋਟਰੀ ਕਲੱਬ ਕੈਂਟ ਵੱਲੋਂ ਸਮਾਜ ਵਿੱਚ ਨਸ਼ਿਆਂ ਅਤੇ ਮਾਨਸਿਕ ਸਿਹਤ ਸਮੱਸਿਆਵਾਂ ਦੇ ਬਾਰੇ ਜਾਗਰੂਕ ਕਰਨ ਲਈ ਆਰੰਭ ਕੀਤੀ ਗਈ ਮੁਹਿੰਮ ਵਿਮੁਕਤੀ ਯਾਤਰਾ ਦਾ ਭਰਪੂਰ ਸਵਾਗਤ ਕੀਤਾ ।ਕਲੱਬ ਦੇ ਪ੍ਰਧਾਨ ਚਮੜੀ ਰੋਗ ਮਾਹਿਰ ਡਾ. ਅਮਰਜੀਤ ਸਿੰਘ ਸਚਦੇਵਾ ਨੇ ਇੱਕ ਸਾਦਾ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਯੋਗਾ ਅਤੇ ਖੇਡ ਕੇਂਦਰ ਖੋਲ੍ਹਣ ਅਤੇ ਬੇਰੁਜ਼ਗਾਰੀ ਨੂੰ ਦੂਰ ਕਰਨ, ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਮਹੱਤਤਾ ਤੇ ਬਲ ਦਿੱਤਾ ਜੋ ਨੌਜਵਾਨਾਂ ਨੂੰ ਨਸ਼ਿਆਂ ਦੇ ਨਾਲ ਲੜਨ ਅਤੇ ਮਾਨਸਿਕ ਤੰਦਰੁਸਤੀ ਕਾਇਮ ਕਰਨ ਵਿੱਚ ਮਦਦਗਾਰ ਹੋਵੇਗਾ।ਪ੍ਰਾਜੈਕਟ ਚੇਅਰਮੈਨ ਸਾਬਕਾ ਪ੍ਰਧਾਨ ਏ. ਐੱਸ. ਤੁਲੀ ਦੀ ਦੇਖ ਰੇਖ ਵਿੱਚ ਕਰਵਾਏ ਗਏ ਸਮਾਗਮ ਵਿੱਚ ਰੋਟਰੀ ਕਲੱਬ ਮੁੰਬਈ ਦੇ ਪ੍ਰਸਿੱਧ ਰੋਟੇਰੀਅਨ ਡਾ. ਸਿਧਾਰਥ ਅਤੇ ਰੋਟੇਰੀਅਨ ਵਿਸ਼ਾਲ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤੀ ਦਵਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਤ ਲਈ ਪ੍ਰੇਰਿਤ ਕਰਨ ਦੇ ਲਈ 17 ਰਾਜਾਂ ਵਿੱਚ 10,000 ਕਿਲੋਮੀਟਰ ਦਾ ਸਫ਼ਰ ਕਰ ਰਹੇ ਹਨ। ਡਾ. ਸਿਧਾਰਥ ਨੇ ਕਿਹਾ ਕਿ ਅਜਿਹੇ ਪਹਿਲਕਦਮੀਆਂ ਵੱਲੋਂ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਨਸ਼ਾਖੋਰੀ ਦੇ ਨਾਲ ਜੂਝ ਰਹੇ ਲੋਕਾਂ ਨੂੰ ਸਵੱਸਥ ਵਿਕਲਪ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।ਕਲੱਬ ਦੇ ਹੋਰ ਮੈਂਬਰਾਂ ਉਪਕਾਰ ਸਿੰਘ, ਅੰਕੁਰ, ਨਵਜੋਤ ਕੌਰ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਨਸ਼ਿਆਂ ਦੀ ਰੋਕਥਾਮ ਲਈ ਆਪਣੇ ਬਹੁਮੁੱਲੇ ਸੁਝਾਅ ਦਿੱਤੇ। ਮੁੰਬਈ ਤੋਂ ਆਏ ਰੋਟਰੀ ਮੈਂਬਰਾਂ ਦਾ ਕਲੱਬ ਦੇ ਅਹੁੱਦੇਦਾਰਾਂ ਵੱਲੋਂ ਭਰਪੂਰ ਸਵਾਗਤ ਕੀਤਾ ਗਿਆ।ਡਾ. ਅਮਰਜੀਤ ਸਿੰਘ ਸਚਦੇਵਾ ਨੇ ਕਿਹਾ ਕਿ ਰੋਟਰੀ ਕਲੱਬ ਕੈਂਟ ਇਸ ਤਰ੍ਹਾਂ ਦੇ ਪ੍ਰਭਾਵਸ਼ਾਲੀ ਪ੍ਰਾਜੈਕਟਾਂ ਵੱਲੋਂ ਨਾਗਰਿਕਾਂ ਦੀ ਸਿਹਤ ਸੰਬੰਧੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਜਾਵੇਗੀ।ਇਸ ਮੌਕੇ ਤੇ ਪ੍ਰਿੰ. ਰਿਪੁਦਮਨ, ਰੋਟੇਰੀਅਨ ਕੌਂਸਲਰ ਮਨਦੀਪ ਸਿੰਘ, ਕਟਾਰੀਆ, ਰੋਹਿਤ ਅਰੋੜਾ, ਡਾ. ਕਰੁਣ ਧਵਨ, ਮਮਤਾ ਅਰੋੜਾ ਸਹਿਤ ਰੋਟਰੀ ਕਲੱਬ ਕੈਂਟ ਦੇ ਸਮੂਹ ਮੈਂਬਰ ਮੌਜੂਦ ਸਨ।

# ਪੰਜਾਬ ਸਰਕਾਰ ਜਲਦ ਹੀ 111 ਬਾਗਬਾਨੀ ਵਿਕਾਸ ਅਫ਼ਸਰ ਕਰੇਗੀ ਭਰਤੀ : ਸੇਖਵਾਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ 111 ਬਾਗਬਾਨੀ ਵਿਕਾਸ ਅਫ਼ਸਰਾਂ (ਐੱਚਡੀਓਜ਼) ਦੀ ਭਰਤੀ ਨੂੰ ਮਨਜ਼ੂਰੀ ਦੇ ਦਿੱਤੀ ਹੈ।ਰਾਜ ਸਰਕਾਰ ਨੇ ਇਸ ਫੈਸਲੇ ਨਾਲ ਸੂਬੇ ਵਿੱਚ ਬਾਗਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਿਆ ਹੈ।ਇਸ ਪਹਿਲਕਦਮੀ ਦਾ ਉਦੇਸ਼ ਬਾਗਬਾਨੀ ਖੇਤਰ ਦਾ ਸਮੁੱਚਾ ਵਿਕਾਸ ਕਰਨਾ, ਕਿਸਾਨਾਂ ਨੂੰ ਸਹਿਯੋਗ ਦੇਣਾ ਅਤੇ ਸੂਬੇ ਵਿੱਚ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਇਨ੍ਹਾਂ ਬਾਗਬਾਨੀ ਵਿਕਾਸ ਅਫਸਰਾਂ ਦੀਆਂ 111 ਅਸਾਮੀਆਂ ਦੀ ਭਰਤੀ ਪ੍ਰਕਿਰਿਆ ਸ਼ੁਰੂ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਸੀਨੀਅਰ ਅਧਿਕਾਰੀਆਂ ਨੂੰ ਚੋਣ ਪ੍ਰਕਿਰਿਆ ਜਲਦ ਤੋਂ ਜਲਦ ਸ਼ੁਰੂ ਕਰਨ ਲਈ ਲੋੜੀਂਦੇ ਵੇਰਵੇ ਪੰਜਾਬ ਲੋਕ ਸੇਵਾ ਕਮਿਸ਼ਨ (ਪੀਪੀਐੱਸਸੀ) ਨੂੰ ਭੇਜਣ ਦੀ ਹਦਾਇਤ ਕੀਤੀ ਹੈ।ਚੇਅਰਮੈਨ ਐਡਵੋਕੇਟ ਸੇਖਵਾਂ ਨੇ ਕਿਹਾ ਕਿ ਬਾਗਬਾਨੀ ਵਿਕਾਸ ਅਫਸਰਾਂ ਦੀ ਭਰਤੀ ਕਿਸਾਨਾਂ ਨੂੰ ਤਕਨੀਕੀ ਮੁਹਾਰਤ, ਆਧੁਨਿਕ ਖੇਤੀਬਾੜੀ ਅਭਿਆਸਾਂ ਅਤੇ ਬਿਹਤਰ ਸਹਾਇਤਾ ਸੇਵਾਵਾਂ ਪ੍ਰਦਾਨ ਕਰਕੇ ਬਾਗਬਾਨੀ ਖੇਤਰ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਵੇਗੀ।ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਦੀ ਭਰਤੀ ਨਾਲ ਸੂਬੇ ਦੇ ਖੇਤੀਬਾੜੀ ਅਰਥਚਾਰੇ 'ਤੇ ਦੂਰਗਾਮੀ ਪ੍ਰਭਾਵ ਪੈਣ ਦੀ ਸੰਭਾਵਨਾ ਹੈ।ਇਨ੍ਹਾਂ ਸਿਖਲਾਈ ਪ੍ਰਾਪਤ ਪੇਸੇਵਰਾਂ ਦੀ ਸਹਾਇਤਾ ਨਾਲ, ਕਿਸਾਨਾਂ ਨੂੰ ਫਸਲ ਪ੍ਰਬੰਧਨ, ਜੈਵਿਕ ਖੇਤੀ ਅਤੇ ਉੱਨਤ ਕਾਸ਼ਤ ਤਕਨੀਕਾਂ ਵਿੱਚ ਬਿਹਤਰ ਮਦਦ ਮਿਲੇਗੀ, ਜਿਸ ਨਾਲ ਕਿਸਾਨਾਂ ਦੀ ਉਤਪਾਦਕਤਾ ਅਤੇ ਆਮਦਨ ਵਿੱਚ ਵਾਧਾ ਹੋਵੇਗਾ। ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਖੇਤੀਬਾੜੀ ਅਤੇ ਬਾਗਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਅਤੇ ਸੂਬੇ ਭਰ ਵਿੱਚ ਸਥਾਈ ਵਿਕਾਸ ਅਤੇ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਲਈ ਵਚਨਬੱਧ ਹੈ।

# ਕਟਾਰੂਚੱਕ ਵੱਲੋਂ ਪੇਂਡੂ ਵਿਕਾਸ ਕਾਰਜਾਂ ਤੇ ਬੁਨਿਆਦੀ ਢਾਂਚਾ ਸਹੂਲਤਾਂ ਲਈ ਵੱਖ-ਵੱਖ ਪਿੰਡਾਂ ਨੂੰ ਕਰੀਬ 2.50 ਕਰੋੜ ਰੁਪਏ ਦੀਆਂ ਗ੍ਰਾਂਟਾਂ ਤਕਸੀਮ



**ਪਠਾਨਕੋਟ (ਦਵਿੰਦਰ ਸਿੰਘ)**- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਿੰਡਾਂ ਦੇ ਵੱਖ-ਵੱਖ ਵਿਕਾਸ ਕਾਰਜਾਂ ਅਤੇ ਲੋਕਾਂ ਲਈ ਬੁਨਿਆਦੀ ਢਾਂਚਾ ਸਹੂਲਤਾਂ ਦੇ ਨਿਰਮਾਣ ਲਈ ਵਿਧਾਨ ਸਭਾ ਹਲਕਾ ਭੋਆ ਦੀਆਂ 48 ਨਵੀਆਂ ਪੰਚਾਇਤਾਂ ਨੂੰ ਕਰੀਬ 2.50 ਕਰੋੜ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਤਕਸੀਮ ਕੀਤੇ।ਕਟਾਰੂਚੱਕ ਵਿਖੇ ਕਰਵਾਏ ਸਮਾਗਮ ਦੌਰਾਨ ਮੰਤਰੀ ਕਟਾਰੂਚੱਕ ਨੇ ਇਕੱਤਰ ਹੋਏ ਸਮੂਹ ਸਰਪੰਚਾਂ ਅਤੇ ਪੰਚਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਵੰਡੀ ਗਈ 2 ਕਰੋੜ 47 ਲੱਖ ਰੁਪਏ ਦੀ ਰਾਸ਼ੀ ਨਾਲ ਵੱਖ-ਵੱਖ ਵਿਕਾਸ ਕਾਰਜਾਂ ਜਿਵੇਂ ਕਮਿਊਨਿਟੀ ਹਾਲਾਂ ਦੀ ਉਸਾਰੀ, ਗੰਦੇ ਪਾਣੀ ਦੀ ਨਿਕਾਸੀ, ਨਾਲੀਆਂ ਦਾ ਨਿਰਮਾਣ, ਸੋਲਰ ਲਾਈਟਾਂ ਲਾਉਣ, ਡੂੰਘੇ ਬੋਰ ਲਾਉਣਾ, ਲਿਕੁਇਡ ਅਤੇ ਸੋਲਿਡ ਵੇਸਟ ਪ੍ਰਬੰਧਨ, ਸਮਾਰਟ ਪਿੰਡ ਬਣਾਉਣ, ਖੇਡ ਮੈਦਾਨਾਂ ਦੀ ਉਸਾਰੀ, ਤਲਾਬਾਂ ਤੇ ਨਿਕਾਸੀ ਛੱਪੜਾਂ ਦੀ ਉਸਾਰੀ ਆਦਿ ਦੇ ਕਾਰਜ ਨੇਪਰੇ ਚਾੜ੍ਹੇ ਜਾਣਗੇ।ਉਨ੍ਹਾਂ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਰਾਸ਼ੀ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣ।ਉਨ੍ਹਾਂ ਭਰੋਸਾ ਦਿਵਾਇਆ ਕਿ ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਪਿੰਡ ਭਟੋਆ ਨੂੰ 12 ਲੱਖ ਤਲਾਬ ਅਤੇ ਗੰਦੇ ਨਾਲੇ ਦੀ ਉਸਾਰੀ ਲਈ, ਪਹਾੜੋਚੱਕ ਨੂੰ 4 ਲੱਖ ਰੁਪਏ ਗੰਦੇ ਨਾਲੇ ਦੀ ਉਸਾਰੀ ਲਈ, ਮੈਰਾਕਲਾਂ ਨੂੰ 5 ਲੱਖ ਰੁਪਏ ਡੂੰਘੇ ਬੋਰ ਲਈ, ਬਲੌਰ ਨੂੰ 8 ਲੱਖ ਰੁਪਏ ਗੰਦੇ ਨਾਲੇ ਦੀ ਉਸਾਰੀ ਲਈ, ਸ਼ਾਹੂਚੱਕ ਨੂੰ 5 ਲੱਖ ਰੁਪਏ ਗੰਦੇ ਨਾਲੇ ਦੀ ਨਿਕਾਸੀ ਲਈ, ਗੁਰੂ ਨਾਭਾ ਦਾਸ ਬਸਤੀ ਨੂੰ 5 ਲੱਖ ਰੁਪਏ ਡੂੰਘੇ ਬੋਰ ਲਈ, ਮਦਾਰਪੁਰ ਨੂੰ 7 ਲੱਖ ਰੁਪਏ ਛੱਪੜ ਅਤੇ ਕਮਿਊਨਿਟੀ ਹਾਲ ਦੀ ਉਸਾਰੀ ਲਈ, ਆਸਾ ਬਾਨੋ ਨੂੰ 5 ਲੱਖ ਰੁਪਏ ਡੂੰਘੇ ਬੋਰ ਲਈ, ਗੋਤਰਾ ਲਾਹੜੀ ਨੂੰ 10 ਲੱਖ ਰੁਪਏ ਡੂੰਘੇ ਬੋਰ ਲਈ ਪਾਈਪਾਂ ਪਾਉਣ ਵਾਸਤੇ, ਰਮਕਾਲਮਾ ਨੂੰ 11.40 ਲੱਖ ਰੁਪਏ ਪੀਣ ਵਾਲੇ ਪਾਣੀ ਅਤੇ ਕਮਿਊਨਿਟੀ ਹਾਲ ਦੀ ਉਸਾਰੀ ਲਈ, ਪਿੰਡ ਰਾਜਪੁਰਾ ਨੂੰ 2 ਲੱਖ ਰੁਪਏ ਸੋਲਰ ਪੰਪ ਲਈ, ਰਕਵਾਲ ਨੂੰ 5 ਲੱਖ ਰੁਪਏ ਗੰਦੇ ਨਾਲੇ ਦੀ ਨਿਕਾਸੀ ਲਈ, ਪਿੰਡ ਰਛਪਾਲਵਾਂ ਨੂੰ 3 ਲੱਖ ਗੰਦੇ ਪਾਣੀ ਦੀ ਨਿਕਾਸੀ ਲਈ, ਬਾਰਠ ਸਾਹਿਬ ਨੂੰ 3 ਲੱਖ ਗੰਦੇ ਨਾਲੇ ਦੀ ਨਿਕਾਸੀ ਲਈ, ਸਿਹੋੜਾਕਲਾਂ ਨੂੰ 8 ਲੱਖ ਰੁਪਏ ਗੰਦੇ ਨਾਲੇ ਦੀ ਨਿਕਾਸੀ ਲਈ, ਦਰਸੋਪੁਰ ਨੂੰ 7 ਲੱਖ ਰੁਪਏ ਗੰਦੇ ਨਾਲੇ ਦੀ ਉਸਾਰੀ ਲਈ, ਫਿਰੋਜ਼ਪੁਰ ਕਲਾਂ ਨੂੰ 5 ਲੱਖ ਰੁਪਏ ਛੱਪੜ ਦੀ ਉਸਾਰੀ ਲਈ, ਅੰਬੀ ਖੜਕੜਾ ਨੂੰ 3 ਲੱਖ ਰੁਪਏ ਗੰਦੇ ਨਾਲੇ ਲਈ, ਪਤਰਾਲਮਾ ਟਿੱਕਾ ਸਤੀਨ ਨੂੰ 3 ਲੱਖ ਰੁਪਏ ਡੂੰਘੇ ਬੋਰ ਲਈ, ਸਮਰਾਲਾ ਨੂੰ 7 ਲੱਖ ਰੁਪਏ ਛੱਪੜ ਅਤੇ ਗੰਦੇ ਨਾਲੇ ਲਈ, ਗੁਜਰਾਤ ਨੂੰ 4 ਲੱਖ ਰੁਪਏ ਡੂੰਘੇ ਬੋਰ ਲਈ, ਬਗਿਆਲ ਨੂੰ 3 ਲੱਖ ਰੁਪਏ ਗੰਦੇ ਨਾਲੇ ਲਈ, ਪਿੰਡ ਜਖਵੜ ਨੂੰ 3 ਲੱਖ ਗੰਦੇ ਨਾਲੇ ਲਈ, ਕੋਹਲੀਆਂ ਨੂੰ 17 ਲੱਖ ਰੁਪਏ ਕਮਿਊਨਿਟੀ ਹਾਲ ਲਈ, ਨੱਕੀ ਨੂੰ 7 ਲੱਖ ਰੁਪਏ ਕਮਿਊਨਟੀ ਹਾਲ ਲਈ, ਮਨਵਾਲ ਉਪਰਲਾ ਨੂੰ 4 ਲੱਖ ਰੁਪਏ ਕਮਿਊਨਿਟੀ ਹਾਲ ਲਈ, ਘੋਹ ਨੂੰ 7 ਲੱਖ ਰੁਪਏ ਕਮਿਊਨਿਟੀ ਹਾਲ ਲਈ, ਜਕਰੋਰ ਨੂੰ 7 ਲੱਖ ਰੁਪਏ ਖੇਡ ਮੈਦਾਨ ਲਈ, ਕਟਾਰੂਚੱਕ ਨੂੰ 7 ਲੱਖ ਰੁਪਏ ਕਮਿਊਨਿਟੀ ਹਾਲ ਲਈ ਅਤੇ 8.5 ਲੱਖ ਰੁਪਏ ਸਮਾਰਟ ਪਿੰਡ ਮੁਹਿੰਮ ਲਈ, ਚਸ਼ਮਾ ਨੂੰ 6 ਲੱਖ ਰੁਪਏ ਕਮਿਊਨਿਟੀ ਹਾਲ ਲਈ, ਸ਼ਾਹੂਚੱਕ ਨੂੰ 7 ਲੱਖ ਰੁਪਏ ਕਮਿਊਨਿਟੀ ਹਾਲ ਲਈ, ਡੇਰਾ ਬਾਬਾ ਬਸੰਤਪੁਰੀ ਨੂੰ 8 ਲੱਖ ਰੁਪਏ ਕਮਿਊਨਟੀ ਹਾਲ ਅਤੇ 1.69 ਲੱਖ ਰੁਪਏ ਸਮਾਰਟ ਪਿੰਡ ਮੁਹਿੰਮ ਲਈ, ਸੁਕਾਲਗੜ੍ਹ ਨੂੰ 6.5 ਲੱਖ ਰੁਪਏ ਕਮਿਊਨਿਟੀ ਹਾਲ ਲਈ, ਖੜਕੜਾ ਨੂੰ 1 ਲੱਖ ਰੁਪਏ ਸੋਲਰ ਲਾਈਟਾਂ ਲਈ, ਫਰਵਾਲ ਨੂੰ 2 ਲੱਖ ਲਿਕੁਇਡ ਵੇਸਟ ਪ੍ਰਬੰਧਨ ਲਈ, ਭਾਖੜੀ ਨੂੰ 1.5 ਲੱਖ ਰੁਪਏ ਸੋਲਿਡ ਵੇਸਟ ਪ੍ਰਬੰਧਨ ਲਈ, ਰਕਵਾਲ ਨੂੰ 2 ਲੱਖ ਰੁਪਏ ਵਿਕਾਸ ਕਾਰਜਾਂ ਲਈ, ਹੈਜਾਤੀਚੱਕ ਨੂੰ 1 ਲੱਖ ਰੁਪਏ ਸੋਲਰ ਲਾਈਟਾਂ ਲਈ, ਚੜਕ ਨੂੰ 2 ਲੱਖ ਰੁਪਏ ਲਿਕੁਇਡ ਵੇਸਟ ਪ੍ਰਬੰਧਨ ਲਈ, ਮੁੱਠੀ ਨੂੰ 2 ਲੱਖ ਰੁਪਏ ਵਿਕਾਸ ਕਾਰਜਾਂ ਲਈ, ਮਿਰਜ਼ਾਪੁਰ ਨੂੰ 3 ਲੱਖ ਰੁਪਏ ਸੋਲਰ ਲਾਈਟਾਂ ਅਤੇ ਨਾਲੀਆਂ ਲਈ, ਪਹਾੜੀਪੁਰ ਨੂੰ 1.5 ਲੱਖ ਰੁਪਏ ਸੋਲਿਡ ਵੇਸਟ ਪ੍ਰਬੰਧਨ ਲਈ, ਝਲੋਆ ਨੂੰ 3 ਲੱਖ ਰੁਪਏ ਲਿਕੁਇਡ ਵੇਸਟ ਪ੍ਰਬੰਧਨ ਲਈ ਕੋਟਲੀ ਮੁਗ਼ਲਾਂ ਨੂੰ 2 ਲੱਖ ਰੁਪਏ ਵਿਕਾਸ ਕਾਰਜਾਂ ਲਈ ਅਤੇ ਸਹਾਰਨਪੁਰ ਨੂੰ 10 ਲੱਖ ਰੁਪਏ ਸ਼ਹੀਦੀ ਗੇਟ ਦੇ ਨਿਰਮਾਣ ਲਈ ਦਿੱਤੇ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਖੁਸ਼ਬੀਰ ਕਾਟਲ, ਰਾਜਾ ਬਕਨੌਰ, ਕਟਾਰੂਚੱਕ ਸਰਪੰਚ ਉਰਮਿਲਾ ਦੇਵੀ, ਸੌਰਭ ਬਹਿਲ, ਭੁਪਿੰਦਰ ਸਿੰਘ ਠਾਕੁਰ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।

# ਪਰਾਲੀ ਪ੍ਰਬੰਧਨ ਪਾਰਕ ਬਾਰੇ ਲੱਗੇ ਜਾਗਰੂਕਤਾ ਕੈਂਪ 'ਚ ਕਿਸਾਨਾਂ ਦੇ ਸ਼ੰਕੇ ਦੂਰ ਕੀਤੇ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਕੀਤੇ ਜਾ ਰਹੇ ਉਪਰਾਲਿਆਂ ਵਜੋਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਦੇ ਦਿਸ਼ਾ-ਨਿਰਦੇਸ਼ਾਂ ਤੇ ਫੀਡ ਬੈਕ ਫਾਊਂਡੇਸ਼ਨ ਦੀ ਭਾਗੀਦਾਰੀ ਨਾਲ ਪਿੰਡ ਜੱਟੂਵਾਲ ਅਤੇ ਭਗਵਾਨਪੁਰ ਵਿਚ ਪਰਾਲੀ ਪ੍ਰਬੰਧਨ ਪਾਰਕ ਬਣਾਇਆ ਜਾ ਰਿਹਾ ਜਿਸ ਵਿਚ ਸਿਰਫ ਪਰਾਲੀ, ਪਸ਼ੂਆਂ ਦਾ ਗੋਬਰ ਅਤੇ ਬਾਇਓ ਡੀਕੰਮਪੋਜ਼ਰ ਦੀ ਵਰਤੋਂ ਕਰਕੇ ਦੇਸੀ ਖਾਦ ਤਿਆਰ ਕੀਤੀ ਜਾਣੀ ਹੈ। ਇਸ ਮੌਕੇ ਡਾ. ਗਗਨਦੀਪ ਸਿੰਘ, ਡਾ. ਬਲਜਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ ਦੀਨਾਨਗਰ , ਡਾ. ਪ੍ਰਭਜੋਤ ਸਿੰਘ ਡਿਪਟੀ ਪ੍ਰੋਜੈਕਟ ਡਾਇਰੈਕਟਰ ਆਤਮਾ, ਪ੍ਰਭਜੋਤ ਕੌਰ ਖੇਤੀਬਾੜੀ ਵਿਸਥਾਰ ਅਫਸਰ, ਗੁਰਮਿੰਦਰ ਸਿੰਘ ਖੇਤੀਬਾੜੀ ਤਕਨਾਲੋਜੀ ਪ੍ਰਬੰਧਕ ਸਮੇਤ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ। ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਕੁਝ ਸਮਾਜਿਕ ਸ਼ਰਾਰਤੀ ਅੰਸਰਾਂ ਵੱਲੋ ਇਹ ਅਫਵਾਹ ਫੈਲਾਈ ਜਾ ਰਹੀ ਹੈ ਕਿ ਇਸ ਪਰਾਲੀ ਪ੍ਰਬੰਧਨ ਪਾਰਕ ਵਿੱਚ ਗੁਰਦਾਸਪੁਰ ਅਤੇ ਦੀਨਾਨਗਰ ਸ਼ਹਿਰ ਦਾ ਕੂੜਾ ਸੁਟਿਆ ਜਾਣਾ ਹੈ ਪਰ ਇਹ ਬਿਲਕੁਲ ਗਲਤ ਹੈ। ਇਸ ਸਥਾਨ ਤੇ ਨਰੋਲ ਪਰਾਲੀ ਪ੍ਰਬੰਧਨ ਦਾ ਪ੍ਰੋਜੈਕਟ ਹੀ ਲਗਾਇਆ ਜਾਣਾ ਹੈ ਅਤੇ ਇਸ ਸਥਾਨ ਤੇ ਇਸ ਤੋਂ ਇਲਾਵਾ ਕੋਈ ਵੀ ਕੰਮ ਹੁਣ ਜਾਂ ਭਵਿੱਖ ਵਿੱਚ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਮਨਰੇਗਾ ਤਹਿਤ ਜੋ ਲੇਬਰ ਸਾਰਾ ਸਾਲ ਕੰਮ ਕਰੇਗੀ ਜੋ ਕਿ 15 ਤੋਂ 20 ਵਿਅਕਤੀ ਪ੍ਰਤੀ ਦਿਨ ਬਣਦੇ ਹਨ ਉਹ ਸਾਰੀ ਲੇਬਰ ਪਿੰਡ ਭਗਵਾਨਪੁਰ ਅਤੇ ਜੱਟੂਵਾਲ ਤੋਂ ਲੈਣ ਦੀ ਪਹਿਲ ਹੋਵੇਗੀ। ਇਹ ਕੰਮ ਸਾਲ ਭਰ ਲਈ ਜਾਰੀ ਰਹੇਗਾ। ਇਸ ਪ੍ਰੋਜੈਕਟ ਤੋਂ ਬਣਨ ਵਾਲੀ ਖਾਦ ਇਹਨਾਂ ਪਿੰਡਾਂ ਦੇ ਕਿਸਾਨਾਂ ਨੂੰ 60 ਪ੍ਰਤੀਸ਼ਤ ਸਬਸਿਡੀ ਤੇ ਦਿੱਤੀ ਜਾਵੇਗੀ ਜੋ ਕਿ ਕਿਸਾਨ ਆਪਣਾ ਆਧਾਰ ਕਾਰਡ ਦਿਖਾ ਕੇ ਪ੍ਰਾਪਤ ਕਰ ਸਕਣਗੇ ਇਹ ਪ੍ਰੋਜੈਕਟ ਅਧੀਨ ਪਿੰਡ ਭਗਵਾਨਪੁਰ ਅਤੇ ਜੱਟੂਵਾਲ ਦੇ ਸਾਰੇ ਰਕਬੇ ਦੀ ਪਰਾਲੀ ਦੀ ਬੇਲਿੰਗ ਦੀ ਫੀਡਬੈਕ ਫਾਊਂਡੇਸ਼ਨ' ਵੱਲੋਂ ਬੇਲਰ ਮੁਹੱਈਆ ਕਰਵਾ ਕੇ ਕਰਵਾਈ ਜਾਵੇਗੀ। ਇਸ ਦੇ ਨਾਲ ਜੈਵਿਕ ਖੇਤੀ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਜੋ ਛੋਟੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ।

ਨਵਾਂ ਜ਼ਮਾਨਾ
ਸੋਮਵਾਰ, 17 ਫ਼ਰਵਰੀ 2025

# ਫਸਲੀ ਬੀਮਾ, ਲੁੱਟ ਦਾ ਸਾਧਨ

ਬੀਮਾ ਕੰਪਨੀਆਂ ਫਸਲੀ ਬੀਮਾ ਦੇ ਭੁਗਤਾਨ ਵਿੱਚ ਸਦਾ ਹੀ ਹੱਥ ਘੁੱਟ ਕੇ ਰੱਖਦੀਆਂ ਹਨ, ਤਾਂ ਜੋ ਉਨ੍ਹਾਂ ਦਾ ਮੁਨਾਫ਼ਾ ਵਧਦਾ ਰਹੇ। ਇਸ ਦੇ ਸਿੱਟੇ ਵਜੋਂ ਕਿਸਾਨ ਫਸਲੀ ਬੀਮੇ ਵੱਲੋਂ ਮੂੰਹ ਮੋੜ ਰਹੇ ਹਨ। ਸੰਸਦ ਵਿੱਚ ਪੁੱਛੇ ਗਏ ਇਕ ਸਵਾਲ ਦੇ ਜਵਾਬ ਵਿੱਚ ਕੇਂਦਰ ਸਰਕਾਰ ਨੇ ਕਿਹਾ ਸੀ ਕਿ ਦੇਸ਼ ਭਰ ਵਿੱਚ ਕਿਸਾਨਾਂ ਦੇ ਦਾਅਵਿਆਂ ਦਾ ਬੀਮਾ ਕੰਪਨੀਆਂ ਵੱਲੋਂ 2022-23 ਵਿੱਚ 18, 211.73 ਕਰੋੜ ਰੁਪਏ ਭੁਗਤਾਨ ਕੀਤਾ ਗਿਆ, ਜੋ 2023-24 ਵਿੱਚ ਘਟ ਕੇ 15,504.87 ਕਰੋੜ ਰੁਪਏ ਰਹਿ ਗਿਆ ਹੈ।

ਖੇਤੀ ਆਫ਼ਤ ਖੇਤਰ ਵਾਲੇ ਕੁਝ ਰਾਜਾਂ ਹਰਿਆਣਾ, ਰਾਜਸਥਾਨ, ਮੱਧ ਪ੍ਰਦੇਸ਼ ਤੇ ਓਡੀਸ਼ਾ ਵਿੱਚ ਕਲੇਮ ਭੁਗਤਾਨ ਦੇ ਮਾਮਲੇ ਵਿੱਚ ਹਾਲਤ ਸਭ ਤੋਂ ਮਾੜੀ ਹੈ। ਹਰਿਆਣਾ ਵਿੱਚ ਫਸਲ ਬੀਮਾ ਯੋਜਨਾ ਅਧੀਨ 2022-23 ਵਿੱਚ 2496,86 ਕਰੋੜ ਦਾ ਭੁਗਤਾਨ ਕੀਤਾ ਗਿਆ ਸੀ, ਜੋ 2023-24 ਵਿੱਚ ਘਟ ਕੇ 224.43 ਕਰੋੜ ਰੁਪਏ ਰਹਿ ਗਿਆ ਹੈ। ਇਸੇ ਤਰ੍ਹਾਂ ਰਾਜਸਥਾਨ ਵਿੱਚ ਖੇਤੀ ਬੀਮਾ ਦਾਅਵਿਆਂ ਦਾ ਭੁਗਤਾਨ 2022-23 ਵਿੱਚ 4,141,98 ਕਰੋੜ ਤੋਂ ਘਟ ਕੇ 2023-24 ਵਿੱਚ 2066.82 ਕਰੋੜ ਰਹਿ ਗਿਆ ਹੈ। ਓਡੀਸ਼ਾ ਵਿੱਚ 2022-23 ਦੇ 568.01 ਕਰੋੜ ਰੁਪਏ ਭੁਗਤਾਨ ਦੇ ਮੁਕਾਬਲੇ 2023-24 ਵਿੱਚ 209 ਕਰੋੜ ਰੁਪਏ ਭੁਗਤਾਨ ਹੋਇਆ। ਮੱਧ ਪ੍ਰਦੇਸ਼ ਵਿੱਚ 2022-23 ਵਿੱਚ 1027,48 ਕਰੋੜ ਰੁਪਏ ਭੁਗਤਾਨ ਦੀ ਥਾਂ 2023-24 ਵਿੱਚ 565.28 ਕਰੋੜ ਭੁਗਤਾਨ ਹੋਇਆ। ਕਈ ਰਾਜਾਂ ਵਿੱਚ ਤਾਂ ਬੀਤੇ ਇਕ ਸਾਲ ਦੌਰਾਨ ਬੀਮਾ ਦਾਅਵਿਆਂ ਦੇ ਭੁਗਤਾਨ ਵਿੱਚ 90 ਫ਼ੀਸਦੀ ਦੀ ਗਿਰਾਵਟ ਹੋਈ ਹੈ।

ਅਸਲ ਵਿੱਚ 'ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ' ਕਿਸਾਨਾਂ ਦੇ ਪਸੀਨੇ ਦੀ ਕਮਾਈ ਨੂੰ ਲੁੱਟ ਕੇ ਬੀਮਾ ਕੰਪਨੀਆਂ ਦੇ ਖਜ਼ਾਨੇ ਭਰਨ ਦਾ ਸਾਧਨ ਬਣ ਚੁੱਕੀ ਹੈ। ਮੱਧ ਪ੍ਰਦੇਸ਼ ਦਾ ਇਕ ਮਾਮਲਾ ਸੁਰਖੀਆਂ ਵਿੱਚ ਆਇਆ ਸੀ ਕਿ ਕਿਸਾਨ ਵੱਲੋਂ 1800 ਰੁਪਏ ਪ੍ਰੀਮੀਅਮ ਭਰਨ ਤੋਂ ਬਾਅਦ ਉਸ ਨੂੰ ਫਸਲ ਖ਼ਰਾਬੇ ਦੇ ਮੁਆਵਜ਼ੇ ਵਜੋਂ 100 ਰੁਪਏ ਦਾ ਚੈਕ ਦਿੱਤਾ ਗਿਆ ਸੀ। ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਧੀਨ ਬੀਮਾ ਕੰਪਨੀਆਂ ਭਾਰੀ ਮੁਨਾਫ਼ਾ ਕਮਾ ਰਹੀਆਂ ਹਨ। 2022-23 ਦੌਰਾਨ ਬੀਮਾ ਕੰਪਨੀਆਂ ਨੇ ਪ੍ਰੀਮੀਅਮ ਵਜੋਂ 30,677 ਕਰੋੜ ਰੁਪਏ ਹਾਸਲ ਕੀਤੇ ਸਨ, ਜਦੋਂ ਕਿ ਭੁਗਤਾਨ 18,211.73 ਕਰੋੜ ਰੁਪਏ ਕੀਤਾ ਸੀ। ਸੰਨ 2022-23 ਵਿੱਚ ਬੀਮਾ ਕੰਪਨੀਆਂ ਨੇ 32,011 ਕਰੋੜ ਰੁਪਏ ਪ੍ਰੀਮੀਅਮ ਵਜੋਂ ਹਾਸਲ ਕੀਤੇ। ਭੁਗਤਾਨ ਦੇ ਤੌਰ ਉੱਤੇ ਕੰਪਨੀਆਂ ਨੇ ਕਿਸਾਨਾਂ ਨੂੰ 15,504 ਕਰੋੜ ਰੁਪਏ ਅਦਾ ਕੀਤੇ ਸਨ।

ਇਹ ਰਿਪੋਰਟਾਂ ਲਗਾਤਾਰ ਆਉਂਦੀਆਂ ਰਹਿੰਦੀਆਂ ਹਨ ਕਿ ਪ੍ਰੀਮੀਅਮ ਭਰਨ ਦੇ ਬਾਵਜੂਦ ਕਿਸਾਨਾਂ ਨੂੰ ਕਲੇਮ ਲੈਣ ਲਈ ਦਰ-ਦਰ ਭਟਕਣਾ ਪੈਂਦਾ ਹੈ। ਇਸ ਦੇ ਬਾਵਜੂਦ ਉਨ੍ਹਾਂ ਨੂੰ ਮਿਲਣ ਵਾਲਾ ਪੈਸਾ ਉਨ੍ਹਾਂ ਦੇ ਨੁਕਸਾਨ ਦੀ ਅੱਧ-ਪਚੱਧੀ ਹੀ ਪੂਰਤੀ ਕਰਦਾ ਹੈ।

# ਸਵਾਰਥੀ ਤੱਤਾਂ ਤੋਂ ਸਿੱਖੀ ਨੂੰ ਦਰਪੇਸ਼ ਚੁਣੌਤੀਆਂ



ਮੰਗਤ ਰਾਮ ਪਾਸਲਾ

ਇਤਿਹਾਸ ਦੇ ਵੱਖੋ-ਵੱਖ ਪੜਾਆਂ 'ਤੇ ਹੋਂਦ 'ਚ ਆਈਆਂ ਪਿੱਛਲਖੁਰੀ ਸਮਾਜਿਕ ਕਦਰਾਂ-ਕੀਮਤਾਂ ਤੇ ਆਮ ਲੋਕਾਂ ਨਾਲ ਕੀਤੇ ਜਾਂਦੇ ਅਨਿਆਂ ਤੇ ਵਿਤਕਰਿਆਂ ਵਿਰੁੱਧ ਉਸ ਦੌਰ ਦੇ ਚੇਤਨ ਲੋਕਾਂ ਵੱਲੋਂ ਆਵਾਜ਼ ਉਠਾਈ ਜਾਂਦੀ ਰਹੀ ਹੈ। ਇਨ੍ਹਾਂ ਸਥਾਪਤੀ ਵਿਰੋਧੀ ਵਿਚਾਰਾਂ ਨੂੰ ਅਮਲ 'ਚ ਲਿਆਉਣ ਖਾਤਰ ਹੀ ਹਰ ਦੌਰ ਦੇ ਰਹਿਬਰਾਂ ਤੇ ਕ੍ਰਾਂਤੀਕਾਰੀਆਂ ਵੱਲੋਂ ਵੰਨ-ਸੁਵੰਨੇ ਧਰਮ ਤੇ ਸੰਸਥਾਵਾਂ ਕਾਇਮ ਕੀਤੀਆਂ ਗਈਆਂ ਸਨ। ਅਜਿਹਾ ਕਰਦਿਆਂ ਇਨ੍ਹਾਂ ਮਹਾਪੁਰਖਾਂ ਨੂੰ ਸਬੰਧਤ ਕਾਲਖੰਡ ਦੇ ਸਥਾਪਤ ਲੋਟੂ ਪ੍ਰਬੰਧ, ਸਵਾਰਥੀ ਤੱਤਾਂ ਤੇ ਪਿਛਾਖੜੀ ਸ਼ਕਤੀਆਂ ਦੇ ਡਟਵੇਂ ਵਿਰੋਧ ਦਾ ਸਾਹਮਣਾ ਕਰਦਿਆਂ ਅਣਕਿਆਸੀਆਂ ਤਕਲੀਫ਼ਾਂ ਨਾਲ ਦੋ-ਚਾਰ ਹੋਣਾ ਪਿਆ ਹੈ। ਇਹ ਵਰਤਾਰਾ ਕਿਸੇ ਖਾਸ ਦੇਸ਼-ਕੌਮ ਜਾਂ ਖਿੱਤੇ ਤਾਈਂ ਮਹਿਦੂਦ ਨਾ ਹੋ ਕੇ ਸੰਸਾਰ-ਵਿਆਪੀ ਹੈ।

ਨਵੇਂ ਵਿਚਾਰ ਤੇ ਸੰਸਥਾਵਾਂ ਹੌਲੀ-ਹੌਲੀ ਜਨ ਸਧਾਰਣ ਦੇ ਦਿਲੋ-ਦਿਮਾਗ ਅੰਦਰ ਆਪਣੀ ਪੁਖਤਾ ਜਗ੍ਹਾ ਬਣਾਉਂਦੇ ਰਹੇ ਹਨ, ਜਿਸ ਨੇ ਸਮੇਂ ਦੇ ਹੁਕਮਰਾਨਾਂ ਲਈ ਹਮੇਸ਼ ਨਵੀਆਂ ਚੁਣੌਤੀਆਂ ਪੇਸ਼ ਕੀਤੀਆਂ ਹਨ। ਇਸ ਨੂੰ ਸਮਾਜ ਅੰਦਰ ਦੋ ਵਿਰੋਧੀ ਵਿਚਾਰਾਂ ਤੇ ਧੜਿਆਂ (ਜਮਾਤਾਂ) ਵਿਚਲੇ ਅਜਿਹੇ 'ਘਮਸਾਣ' ਦਾ ਨਾਂਅ ਦਿੱਤਾ ਜਾ ਸਕਦਾ ਹੈ, ਜੋ ਪੁਰਾਤਨ ਸਮੇਂ ਤੋਂ ਸ਼ੁਰੂ ਹੋ ਕੇ ਅੱਜ ਤਾਈਂ ਜਾਰੀ ਹੈ। ਅਸਲ 'ਚ ਇਹੋ 'ਘਮਸਾਣ' ਸਮਾਜਿਕ ਵਿਕਾਸ ਦੀ ਚਾਲਕ ਸ਼ਕਤੀ ਹੈ।

ਅਜਿਹੇ ਨਵੇਂ ਵਿਚਾਰਾਂ ਨੂੰ ਵਕਤ ਦੀ ਸਥਾਪਤ ਸੱਤਾ ਨੇ ਸਭ ਤੋਂ ਪਹਿਲਾਂ ਜਬਰ ਨਾਲ ਦਬਾਉਣ ਦਾ ਯਤਨ ਕੀਤਾ ਹੈ। ਸ਼ਾਤਰ ਹਾਕਮਾਂ ਤੇ ਉਨ੍ਹਾਂ ਦੇ ਦਰਬਾਰੀਆਂ ਵੱਲੋਂ ਨਵੇਂ ਪੁੰਗਰਦੇ ਵਿਚਾਰਾਂ ਨੂੰ ਅਕਸਰ ਅਣਗੌਲਿਆ ਵੀ ਕੀਤਾ ਗਿਆ, ਤਾਂ ਜੋ ਇਹ ਵਿਚਾਰਧਾਰਾ ਜਨ-ਸਾਧਾਰਨ ਦੇ ਜ਼ਿਹਨ 'ਚ ਸਮਾਅ ਨਾ ਸਕੇ। ਜਦੋਂ ਫਿਰ ਵੀ ਇਹ ਨਿਵੇਕਲੀ ਤੇ ਲੋਕ ਮੁੱਖੀ ਧਾਰਾ ਅੱਗੇ ਵਧਣ ਤੋਂ ਰੋਕੀ ਨਾ ਜਾ ਸਕੀ ਤਾਂ ਸੱਤਾ 'ਤੇ ਕਾਬਜ਼ ਧੜੇ ਨੇ ਇਨ੍ਹਾਂ ਵਿਚਾਰਾਂ 'ਚ ਖੋਟ ਰਲਾਉਣ ਦੇ ਛੜਯੰਤਰ ਰਚੇ। ਇਨ੍ਹਾਂ ਛੜਯੰਤਰਾਂ ਨੂੰ ਸਿਰੇ ਚਾੜ੍ਹਨ ਲਈ ਹੀ ਸੱਤਾਧਾਰੀਆਂ ਨੇ ਅਗਾਂਹਵਧੂ ਵਿਚਾਰਾਂ ਨਾਲ ਉਗਮ ਰਹੀਆਂ ਨਵੀਆਂ ਲਹਿਰਾਂ ਤੇ ਸੰਸਥਾਵਾਂ ਅੰਦਰ ਆਪਣੇ ਏਜੰਟਾਂ ਦੀ ਘੁਸਪੈਠ ਕਰਵਾਈ। ਇਹਨਾਂ 'ਘੁਸਪੈਠੀਆਂ' ਨੇ ਝੂਠੀਆਂ, ਮਨੋ ਕਲਪਤ ਕਹਾਣੀਆਂ ਘੜਣ ਰਾਹੀਂ ਸੱਤ ਨੂੰ ਕੁਸੱਤ ਬਣਾ ਕੇ ਪੇਸ਼ ਕਰਨ ਵਾਸਤੇ ਅਨੇਕਾਂ ਕੁਕਰਮ ਕੀਤੇ ਹਨ। ਇਸੇ ਲਈ ਸਮਾਜ ਨੂੰ ਸਵਾਰਥੀ ਤੇ ਮਾਨਵਤਾ ਵਿਰੋਧੀ ਤੱਤਾਂ ਤੋਂ ਮੁਕਤ ਕਰਨ ਲਈ ਹਰ ਦੌਰ ਦੀ ਨਵੀਂ ਵਿਚਾਰਧਾਰਾ ਦੇ ਪੈਰੋਕਾਰਾਂ ਤੇ ਇਨ੍ਹਾਂ ਨਾਲ ਸੰਬੰਧਤ ਸੰਸਥਾਵਾਂ ਨੂੰ ਦੋਹਰੇ ਸੰਘਰਸ਼ ਲੜਣ ਦੀ ਜ਼ਿੰਮੇਵਾਰੀ ਨਿਭਾਉਣੀ ਪਈ। ਪਹਿਲੀ-ਸਥਾਪਤ ਗਲਤ ਕਦਰਾਂ-ਕੀਮਤਾਂ ਤੇ ਰਸਮਾਂ-ਰਿਵਾਜਾਂ ਤੋਂ ਲੋਕਾਈ ਨੂੰ ਮੁਕਤ ਕਰਾਉਣ ਲਈ ਵਿਚਾਰਧਾਰਕ ਜੰਗ; ਦੂਜੀ-ਪੁਰਾਤਨ ਪੰਥੀ ਪਿੱਛਲਖੁਰੀ ਸੋਚ ਦੀ ਮਾਲਕ 'ਸੱਤਾ' ਵਿਰੁੱਧ ਯੁੱਧ ਅਤੇ ਤੀਜੀ-ਨਵੀਂ ਵਿਚਾਰਧਾਰਾ ਦੇ ਪਸਾਰ ਨੂੰ ਰੋਕਣ ਲਈ ਛੜਯੰਤਰਾਂ ਤਹਿਤ ਵਿਛਾਏ ਕੰਡਿਆਂ ਦੀ ਪਛਾਣ ਕਰਨ ਤੇ ਇਨ੍ਹਾਂ ਨੂੰ ਚੁਗਣ ਦੀ ਸਮਰੱਥਾ ਪੈਦਾ ਕਰਨ ਦੀ ਜੱਦੋਜਹਿਦ।

ਦੇਸ਼ ਦੇ ਆਜ਼ਾਦੀ ਸੰਗਰਾਮ 'ਚ ਕੁੱਦੇ ਦੇਸ਼ ਭਗਤਾਂ ਤੇ ਸੂਰਬੀਰਾਂ ਦੀ ਵਿਚਾਰਧਾਰਾ ਤੇ ਅਮਲੀ ਕਾਰਵਾਈਆਂ ਨੂੰ ਗਲਤ ਢੰਗ ਨਾਲ ਪੇਸ਼ ਕਰਕੇ ਜਨ-ਸਧਾਰਨ ਦੇ ਮਨਾਂ 'ਚ ਭੁਲੇਖੇ ਖੜ੍ਹੇ ਕਰਨ ਦੀ ਕਵਾਇਦ ਦੀ ਪੁਣਛਾਣ ਕਰਦਿਆਂ ਉਦੋਂ ਦੇ ਸਾਮਰਾਜੀ ਸ਼ਾਸਕਾਂ ਤੇ ਉਨ੍ਹਾਂ ਦੇ ਭਾਰਤੀ ਹੱਥਠੋਕਿਆਂ ਦੇ ਕਿਰਦਾਰ ਨੂੰ ਬਾਖੂਬੀ ਦੇਖਿਆ-ਸਮਝਿਆ ਜਾ ਸਕਦਾ ਹੈ। ਗਦਰੀ ਬਾਬਿਆਂ ਨੂੰ ਸਿੱਖੀ 'ਚੋਂ ਖਾਰਜ ਕਰਨ ਵਰਗੇ ਫਰਮਾਨ ਜਾਰੀ ਕਰਨੇ, ਸ਼ਹੀਦ-ਇ- ਆਜ਼ਮ ਭਗਤ ਸਿੰਘ ਨੂੰ ਅੱਤਵਾਦੀ ਕਹਿਣਾ ਜਾਂ ਹਿੰਦੂ-ਸਿੱਖ ਤੇ ਆਰੀਆ ਸਮਾਜੀ ਆਦਿ ਦੱਸ ਕੇ ਉਨ੍ਹਾਂ ਦੇ ਸਰਵ-ਸਾਂਝੇ ਅਕਸ ਤੇ ਵਿਗਿਆਨਕ ਸੋਚ ਨੂੰ ਪ੍ਰਨਾਏ ਕਿਰਦਾਰ ਨੂੰ ਵਿਗਾੜ ਕੇ ਪੇਸ਼ ਕਰਨਾ ਅਤੇ ਹੈਟ ਜਾਂ ਪਗੜੀ-ਟੋਪੀ ਦਾ ਝਗੜਾ ਖੜ੍ਹਾ ਕਰਨਾ, ਇਹ ਸਭ ਉਨ੍ਹਾਂ ਦੀ ਇਨਕਲਾਬੀ ਵਿਚਾਰਧਾਰਾ ਨੂੰ ਮੇਟਣ ਦੀਆਂ ਕਾਰਵਾਈਆਂ ਹੀ ਕਹੀਆਂ ਜਾ ਸਕਦੀਆਂ ਹਨ।

ਇਹੋ ਵਿਹਾਰ ਅੱਜ ਸਿੱਖ ਗੁਰੂ ਸਾਹਿਬਾਨ ਤੇ ਭਗਤੀ ਲਹਿਰ ਦੇ ਮਹਾਪੁਰਸ਼ਾਂ, ਜਿਨ੍ਹਾਂ ਸਮੇਂ ਦੇ ਸਮਾਜ ਅੰਦਰ ਸਥਾਪਤ ਗਲਤ ਤੇ ਅਮਾਨਵੀ ਮਾਨਤਾਵਾਂ ਵਿਰੁੱਧ ਰੋਹਲੀ, ਬਾਦਲੀਲ ਆਵਾਜ਼ ਬੁਲੰਦ ਕੀਤੀ ਤੇ ਅਮਲੀ ਜੱਦੋ-ਜਹਿਦਾਂ ਦਾ ਸਿਲਸਿਲਾ ਵਿੱਢਣ ਰਾਹੀਂ ਮਾਨਮੱਤੀਆਂ ਕੁਰਬਾਨੀਆਂ ਕੀਤੀਆਂ, ਦੀਆਂ ਸਿੱਖਿਆਵਾਂ ਨਾਲ ਕੀਤਾ ਜਾ ਰਿਹਾ ਹੈ। ਗੁਰੂ ਨਾਨਕ ਦੇਵ ਜੀ ਵੱਲੋਂ ਭਾਈ ਲਾਲੋ ਤੇ ਮਾਈ ਭਾਗੋ ਪ੍ਰਤੀ ਅਪਣਾਏ ਵਤੀਰੇ ਤੋਂ ਉਨ੍ਹਾਂ ਦੀ ਸੋਚ ਵਿਚਲੇ ਲੁਟੇਰੇ ਵਰਗਾਂ ਤੇ ਲੁੱਟੇ ਜਾਣ ਵਾਲੇ ਕਿਰਤੀਆਂ ਵਿਚਕਾਰ ਸਪੱਸ਼ਟ ਨਿਖੇੜਾ ਨਜ਼ਰ ਆਉਂਦਾ ਹੈ। ਜਾਤਪਾਤ ਦਾ ਖਾਤਮਾ ਕਰਨ ਲਈ ਗੁਰੂ ਜੀ ਵਲੋਂ ਆਪਣੇ ਆਪ ਨੂੰ 'ਨੀਚੀ ਹੂੰ ਅੱਤ ਨੀਚ' ਦੱਸਣਾ, ਨਿਮਾਣੇ ਤੇ ਲਤਾੜੇ ਲੋਕਾਂ ਪ੍ਰਤੀ ਪੂਰਨ ਹਮਦਰਦੀ ਨੂੰ ਦਰਸਾਉਂਦਾ ਹੈ। ਇਸ ਤੋਂ ਵੀ ਅਗਾਂਹ ਇਹ ਗੁਰੂ ਨਾਨਕ ਜੀ ਦੀ ਇਕ ਅਜਿਹੀ ਕਾਰਗਰ ਯੁਕਤੀ ਵੀ ਕਹੀ ਜਾ ਸਕਦੀ ਹੈ, ਜਿਸ ਰਾਹੀਂ ਦੱਬੇ-ਕੁਚਲੇ ਜਨ-ਸਮੂਹਾਂ ਦੇ ਮਨਾਂ ਅੰਦਰ ਸਵੈਮਾਣ ਦੀ ਐਸੀ ਭਾਵਨਾ ਭਰੀ ਜਾ ਸਕੇ, ਜਿਸ ਸਦਕਾ ਇਹ ਧਰਤ ਦੇ ਜਾਏ ਆਪਣੇ ਨਾਲ ਹੋ ਰਹੇ ਅਨਿਆਂ ਵਿਰੁੱਧ ਸੰਘਰਸ਼ ਕਰਨ ਦੇ ਸਮਰੱਥ ਬਣ ਸਕਨ। ਔਰਤ-ਮਰਦ ਦੀ ਬਰਾਬਰੀ ਦੀ ਪੈਰੋਕਾਰ, ਔਰਤਾਂ ਪ੍ਰਤੀ ਸਨਮਾਨ ਪ੍ਰਗਟਾਉਂਦੀ ਤਰਕਸ਼ੀਲ ਬਾਣੀ, ਪਾਖੰਡੀ ਸਾਧਾਂ ਦੀਆਂ ਮਨੌਤਾਂ ਤੇ ਵਹਿਮ-ਭਰਮ ਦਾ ਬੇਕਿਰਕੀ ਨਾਲ ਖੰਡਨ ਤੇ ਹਕੀਕੀ ਸੱਚੀ-ਸੁੱਚੀ ਕਿਰਤ ਰਾਹੀਂ ਜ਼ਿੰਦਗੀ ਨੂੰ ਖ਼ੂਬਸੂਰਤ ਬਣਾਉਣ ਦਾ ਪੈਗਾਮ ਗੁਰੂ ਨਾਨਕ ਤੇ ਹੋਰ ਸਿੱਖ ਗੁਰੂ ਸਾਹਿਬਾਨ ਅਤੇ ਭਗਤੀ ਲਹਿਰ ਦੇ ਮਹਾਨ ਰਹਿਬਰਾਂ ਤੇ ਸਮਾਜ ਸੁਧਾਰਕਾਂ ਦੀਆਂ ਸਿੱਖਿਆਵਾਂ ਦਾ ਮੂਲ ਮੰਤਰ ਹੈ। ਸਮਾਂ ਬੀਤਣ ਨਾਲ ਇਹਨਾਂ ਅਗਾਂਹਵਧੂ ਵਿਚਾਰਾਂ ਦੇ ਤੂਫ਼ਾਨ ਨੇ ਝੂਠ ਦੀਆਂ ਬੁਨਿਆਦਾਂ ਤੇ ਕੰਧਾਂ ਨੂੰ ਝਟਕੇ ਦੇਣੇ ਸ਼ੁਰੂ ਕਰ ਦਿੱਤੇ। ਜਿਹੜੇ ਲੋਕ, ਇਸ ਵਿਚਾਰਧਾਰਾ ਦੀ ਸ਼ਕਤੀ ਨੂੰ ਹੌਲੀ-ਹੌਲੀ ਆਪਣੇ-ਆਪ ਮੁੱਕ ਜਾਣ ਵਾਲਾ ਇਕ ਵਕਤੀ ਵਾਵਰੋਲਾ ਜਾਂ ਸਿਰਫ ਮਨਪ੍ਰਚਾਵੇ ਦਾ ਸਾਧਨ ਮਾਤਰ ਸਮਝਦੇ ਸਨ, ਉਹ ਪਿੱਛੋਂ ਜਾ ਕੇ ਇਸ ਦੇ ਨਿਰੰਤਰ ਵਧ ਰਹੇ ਅਸਰ ਤੇ ਵਿਆਪਕ ਪ੍ਰਸਾਰ ਨੂੰ ਠੱਲ੍ਹਣ ਲਈ ਇਸ 'ਚ ਖੋਟ ਰਲਾਉਣ ਤੇ ਇਸ ਧਾਰਾ ਦੀਆਂ ਵਾਗਾਂ ਆਪਣੇ ਹੱਥੀਂ ਲੈਣ ਦੇ ਸਾਜ਼ਿਸ਼ੀ ਯਤਨ ਜੁਟਾਉਣ ਲੱਗੇ।

ਸਿੱਖ ਗੁਰੂ ਸਾਹਿਬਾਨ ਦੀ ਬਾਣੀ ਤੇ ਭਗਤੀ ਲਹਿਰ ਦੀਆਂ ਸਿੱਖਿਆਵਾਂ ਮੌਜੂਦਾ ਹਾਲਤਾਂ 'ਚ ਹੋਰ ਵੀ ਸਾਰਥਕ ਹਨ, ਕਿਉਂਕਿ ਆਰ ਐੱਸ ਐੱਸ ਦੀ ਹੱਥਠੋਕਾ ਕੇਂਦਰ ਸਰਕਾਰ ਤੇ ਸਮੁੱਚਾ ਸੰਘ ਪਰਵਾਰ ਸਿੱਖੀ ਅਤੇ ਭਗਤੀ ਲਹਿਰ ਦੇ ਮਾਨਵੀ ਸਰੋਕਾਰਾਂ ਨੂੰ ਮਿਟਾ ਕੇ ਸਮਾਜ ਦੇ ਸਿਰ ਮੁੜ ਕੇ ਪਿਛਾਖੜੀ ਸਨਾਤਨੀ ਵਿਚਾਰਧਾਰਾ 'ਤੇ ਆਧਾਰਤ ਮਨੂੰਵਾਦੀ ਰਾਜਕੀ ਢਾਂਚਾ ਥੋਪਣਾ ਚਾਹੁੰਦੇ ਹਨ।

ਇਸ ਖਿੱਤੇ ਅੰਦਰ ਸਮਾਜਿਕ ਕ੍ਰਾਂਤੀ ਦੇ ਨਿਸ਼ਾਨੇ ਦੀ ਪ੍ਰਾਪਤੀ ਲਈ ਮਿਹਨਤਕਸ਼ਾਂ ਨੂੰ ਇਸ ਮਾਨਵੀ ਫਲਸਫੇ, ਤਰਕਵਾਦੀ ਵਿਚਾਰਾਂ ਦੁਆਲੇ ਸਿੱਖਿਅਤ ਤੇ ਸੰਗਠਤ ਕਰਕੇ ਇਕ ਮਜ਼ਬੂਤ ਇਨਕਲਾਬੀ ਲਹਿਰ ਸਿਰਜਣ ਦੀਆਂ ਵੱਡੀਆਂ ਸੰਭਾਵਨਾਵਾਂ ਮੌਜੂਦ ਹਨ।

ਸਵਾਰਥੀ ਤੱਤ ਭਾਵੇਂ ਉਹ ਧਰਮ ਦਾ ਚੋਗਾ ਪਾਈ ਬੈਠੇ ਹੋਣ ਜਾਂ ਰਾਜਨੀਤੀ ਵਿਚਲੇ 'ਧੰਦੇਬਾਜ਼' ਕਰਦੇ ਹੋਣ, ਕ੍ਰਾਂਤੀ ਦੇ ਇਸ ਰਾਹ ਤੋਂ ਭਟਕਾਉਣ ਲਈ ਹੀ ਗੁਰੂ ਸਾਹਿਬਾਨ ਦੀ ਬਾਣੀ ਤੇ ਭਗਤੀ ਲਹਿਰ ਦੀਆਂ ਸਿੱਖਿਆਵਾਂ ਤੋਂ ਲੋਕਾਂ ਨੂੰ ਬੇਮੁੱਖ ਕਰਨਾ ਚਾਹੁੰਦੇ ਹਨ। ਜਿਸ ਗੁਰਬਾਣੀ ਤੇ ਭਗਤੀ ਲਹਿਰ ਦੇ ਮਹਾਂਪੁਰਸ਼ਾਂ ਦੇ ਬਚਨਾਂ ਨੂੰ ਜਨ-ਸਧਾਰਨ ਦੇ ਬਿਲਕੁਲ ਨਜ਼ਦੀਕ ਲਿਆਉਣ ਦੀ ਜ਼ਰੂਰਤ ਹੈ, ਤਾਂ ਜੋ ਉਹ ਇਨ੍ਹਾਂ ਵਿਚਾਰਾਂ ਨੂੰ ਸਮਝ ਕੇ ਹੱਕ-ਸੱਚ ਦੀ ਪ੍ਰਾਪਤੀ ਲਈ ਜਮਾਤੀ ਜੰਗ ਵਿੱਢ ਸਕਣ, ਨਾਮ ਨਿਹਾਦ ਧਰਮ ਪ੍ਰਚਾਰਕਾਂ ਤੇ ਅਖੌਤੀ ਬਾਬਿਆਂ ਤੇ 'ਧਰਮ ਗੁਰੂਆਂ' ਨੇ 'ਆਸਥਾ' ਤੇ 'ਸਤਿਕਾਰ' ਦੇ ਨਾਂਅ 'ਤੇ ਮਾਨਵ ਜਾਤੀ ਦੇ ਉਸੇ ਅਦੁੱਤੀ ਖਜ਼ਾਨੇ ਨੂੰ ਪੂਰੀ ਤਰ੍ਹਾਂ ਆਮ ਆਦਮੀ ਦੀ ਨਿਗਾਹ ਤੋਂ ਲਾਂਭੇ ਕਰ ਦਿੱਤਾ ਹੈ। ਸਿੱਖ ਧਰਮ ਦੇ ਆਰਥਕ-ਸਮਾਜਕ ਬਰਾਬਰੀ ਤੇ ਔਰਤਾਂ ਦੇ ਸਮਾਨ ਅਧਿਕਾਰਾਂ ਦੇ ਮੁੱਦਈ, ਜਾਤੀਪਾਤੀ ਵਿਰੋਧੀ ਫਲਸਫੇ ਦੇ ਉਲਟ ਗੁਰੂ ਘਰਾਂ 'ਚ ਯੂ ਪੀ ਤੇ ਬਿਹਾਰ ਤੋਂ ਆਏ ਕਿਰਤੀਆਂ ਨੂੰ ਭਜਾਉਣ ਦੇ ਫ਼ੈਸਲੇ, ਕਦੀ ਆਪਣੇ ਮੰਗਾਂ-ਮਸਲਿਆਂ ਲਈ ਜੂਝਦੇ ਬੇਜ਼ਮੀਨੇ 'ਭਾਈ ਲਾਲੋਆਂ' ਦੇ ਸਮਾਜਿਕ ਬਾਈਕਾਟ ਦੇ ਗੁਰਮਤੇ ਤੇ ਕਦੀ ਦੂਜੇ ਧਰਮਾਂ ਜਾਂ ਵਿਚਾਰਾਂ ਵਾਲੇ ਲੋਕਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ 'ਚ ਧਾਰਮਿਕ ਸਮਾਗਮ ਕਰਨ ਅਤੇ ਸ਼ਮਸ਼ਾਨਘਾਟਾਂ 'ਚ ਮੁਰਦੇ ਦਬਾਉਣ ਦੀ ਮਨਾਹੀ ਕਰਦੇ ਮਤੇ ਪਾਸ ਕਰਕੇ ਹਕੀਕਤ 'ਚ ਗੁਰੂਆਂ ਦੀ ਬਾਣੀ ਦੀ ਬੇਹੁਰਮਤੀ ਕੀਤੀ ਜਾ ਰਹੀ ਹੈ। ਪਿਛਲੇ ਦਿਨੀਂ ਇਕ ਔਰਤ ਜਦੋਂ ਸਰਦੀ ਤੋਂ ਬਚਣ ਲਈ ਜੁਰਾਬਾਂ ਪਾ ਕੇ ਮੱਥਾ ਟੇਕਣ ਲਈ ਗੁਰਦੁਆਰੇ ਅੰਦਰ ਦਾਖਲ ਹੋਈ ਤਾਂ 'ਮਨਮਤੀਆਂ' ਨੇ ਇਸ ਨੂੰ ਵੀ ਸਿੱਖ ਧਰਮ ਦੀ ਬੇਹੁਰਮਤੀ ਦੱਸ ਕੇ ਉਸ ਔਰਤ ਨੂੰ ਸਜ਼ਾ ਵਜੋਂ ਗੁਰਦੁਆਰੇ ਦੇ ਇਕ ਥੰਮ੍ਹ ਨਾਲ ਬੰਨ੍ਹ ਦਿੱਤਾ। ਕਿਸ ਗੁਰੂ ਜਾਂ ਭਗਤੀ ਲਹਿਰ ਦੇ ਕਿਹੜੇ ਮਹਾਂਪੁਰਸ਼ ਨੇ ਅਜਿਹੇ ਕੰਮਾਂ ਦੀ ਵਕਾਲਤ ਕੀਤੀ ਹੈ? ਪਹਿਲਾਂ ਹੀ ਪੰਜਾਬੀਆਂ ਤੋਂ ਬਿਨਾਂ ਕਿਸੇ ਹੋਰ ਪ੍ਰਾਂਤ ਜਾਂ ਕੌਮ ਦੇ ਲੋਕਾਂ ਦਾ ਸਿੱਖੀ ਵੱਲ ਨੂੰ ਰੁਝਾਨ ਨਾ-ਮਾਤਰ ਹੀ ਹੈ। ਸਿੱਖ ਧਰਮ ਦੀਆਂ ਬੁਨਿਆਦੀ ਸਿੱਖਿਆਵਾਂ 'ਤੇ ਚੱਲਣ ਦੀ ਬਜਾਏ ਕੁਝ ਲੋਕ ਸਿੱਖੀ ਨੂੰ ਸਿਰਫ ਬਾਣਿਆਂ ਜਾਂ ਬਾਹਰਮੁਖੀ ਦਿੱਖ ਤੱਕ ਹੀ ਸੀਮਤ ਕਰਕੇ ਆਮ ਸਿੱਖ ਪਰਵਾਰਾਂ ਦੇ ਵੱਡੇ ਹਿੱਸੇ ਨੂੰ ਸਿੱਖ ਧਰਮ ਤੋਂ ਬਾਹਰ ਧੱਕ ਰਹੇ ਹਨ। ਪੰਜਾਬ ਅੰਦਰ ਅਜਿਹੇ ਗੈਰ-ਜ਼ਿੰਮੇਵਾਰ ਤੇ ਮੂੜ-ਮੱਤੀਏ ਲੋਕਾਂ ਦੇ ਵਰਤਾਅ ਤੇ ਸਮਾਜਿਕ ਵਿਤਕਰਿਆਂ ਕਾਰਨ ਦਲਿਤ ਪਰਵਾਰਾਂ ਤੇ ਹੋਰ ਬੇਜ਼ਮੀਨੇ ਲੋਕਾਂ ਦਾ ਬਹੁਤ ਵੱਡਾ ਹਿੱਸਾ ਨਾਨਕ ਤੇ ਕਬੀਰ ਦੀਆਂ ਸਿੱਖਿਆਵਾਂ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀਆਂ ਅਦੁੱਤੀ ਕੁਰਬਾਨੀਆਂ ਤੋਂ ਪ੍ਰੇਰਨਾ ਲੈ ਕੇ ਸਿੱਖ ਫਲਸਫ਼ੇ ਦੇ ਲੜ ਲੱਗਣ ਦੀ ਥਾਂ ਹੋਰਨਾਂ ਧਰਮਾਂ ਜਾਂ ਧਾਰਮਿਕ ਡੇਰਿਆਂ ਤੇ ਭੇਖੀ ਸਾਧਾਂ ਦਾ ਪੈਰੋਕਾਰ ਬਣਦਾ ਜਾ ਰਿਹਾ ਹੈ।

ਸਿੱਖ ਗੁਰੂਆਂ ਤੇ ਭਗਤੀ ਲਹਿਰ ਦੇ ਰਹਿਬਰਾਂ ਦੀਆਂ ਸਿੱਖਿਆਵਾਂ, ਜੋ ਸਵੈਮਾਣ, ਆਜ਼ਾਦੀ ਤੇ ਬਰਾਬਰੀ ਦੇ ਅਸੂਲਾਂ 'ਤੇ ਅਧਾਰਤ ਸਮਾਜ ਦੀ ਸਿਰਜਣਾ ਦੇ ਸੰਘਰਸ਼ ਲਈ ਪ੍ਰੇਰਦੀਆਂ ਹਨ, ਕਿਸੇ ਖਾਸ ਧਰਮ, ਫਿਰਕੇ, ਜਾਤੀ ਜਾਂ ਕੌਮੀਅਤ ਲਈ ਨਹੀਂ, ਬਲਕਿ ਸਮੁੱਚੀ ਮਾਨਵਤਾ ਲਈ ਰਾਹ-ਦਸੇਰਾ ਹਨ। ਭਗਤੀ ਕਾਲ ਤੋਂ ਪਿੱਛੋਂ ਸੰਸਾਰ ਭਰ 'ਚ ਵਿਗਿਆਨ ਨੇ ਹਰ ਖੇਤਰ 'ਚ ਵੱਡੀਆਂ ਮੱਲਾਂ ਮਾਰੀਆਂ ਹਨ ਤੇ ਲੁੱਟ-ਖਸੁੱਟ ਰਹਿਤ ਸਮਾਜ ਦੀ ਸਿਰਜਣਾ ਦੇ ਸੁਪਨੇ ਨੂੰ ਵੀ ਸੋਵੀਅਤ ਯੂਨੀਅਨ ਤੇ ਚੀਨ ਵਿਚ ਸਿਰੇ ਚੜ੍ਹੇ ਇਨਕਲਾਬਾਂ ਦੇ ਰੂਪ 'ਚ ਬੂਰ ਪਿਆ ਹੈ। ਕਾਰਲ ਮਾਰਕਸ, ਲੈਨਿਨ, ਮਾਓ-ਜ਼ੇ-ਤੁੰਗ ਤੇ ਹੋਰ ਅਨੇਕਾਂ ਸਮਾਜ ਵਿਗਿਆਨੀਆਂ ਤੇ ਇਨਕਲਾਬੀਆਂ ਦੇ ਰੂਪ 'ਚ ਬਹੁਤ ਸਾਰੀਆਂ ਮਹਾਨ ਹਸਤੀਆਂ ਨੇ ਮਨੁੱਖੀ ਗਿਆਨ 'ਚ ਢੇਰਾਂ ਵਾਧਾ ਕੀਤਾ ਹੈ। ਇਸ ਲਈ ਉਪਰੋਕਤ ਦੱਸੀਆਂ ਮਾਨਵੀ ਸਿੱਖਿਆਵਾਂ ਤੇ ਸਮਾਜਿਕ ਤਬਦੀਲੀ ਲਈ ਪਾਈਆਂ ਨਵੀਆਂ ਪੈੜਾਂ ਤੋਂ ਲਾਹਾ ਲੈ ਕੇ ਅੱਜ ਇਹ ਕਾਰਜ ਕਮਿਊਨਿਸਟਾਂ ਤੇ ਹੋਰ ਖੱਬੇ-ਪੱਖੀ ਤੇ ਅਗਾਂਹਵਧੂ ਲੋਕਾਂ ਦੇ ਜ਼ਿੰਮੇ ਆ ਪਿਆ ਹੈ। ਅਸੀਂ ਸਿੱਖ ਧਰਮ ਤੇ ਭਗਤੀ ਲਹਿਰ ਦੀਆਂ ਮਾਨਮੱਤੀਆਂ ਸਿੱਖਿਆਵਾਂ ਕਿਸੇ ਹੋਰ ਧਰਮ, ਫਿਰਕੇ ਜਾਂ ਰਾਜਨੀਤਕ ਪਾਰਟੀ ਤੋਂ ਹਾਸਲ ਨਹੀਂ ਕਰਨੀਆਂ, ਬਲਕਿ ਖੁਦ ਇਨ੍ਹਾਂ ਜੁਗ-ਪਲਟਾਊ ਵਿਚਾਰਾਂ ਦੇ ਧਾਰਨੀ ਬਣ ਕੇ ਮਾਨਵਤਾ ਦੀ ਸੇਵਾ ਦਾ ਮਹਾਨ ਕਾਰਜ ਨੇਪਰੇ ਚਾੜ੍ਹਨਾ ਹੈ। ਸਿੱਖ ਧਰਮ ਦੀਆਂ ਮੁੱਲਵਾਨ ਸਿੱਖਿਆਵਾਂ ਨੂੰ ਸੁਆਰਥੀ ਲੋਕਾਂ ਦੀ ਇਜ਼ਾਰੇਦਾਰੀ ਤੋਂ ਮੁਕਤ ਕਰਾਉਣ ਦੀ ਜ਼ਿੰਮੇਵਾਰੀ ਵੀ ਖੱਬੀ ਧਾਰਾ ਦੇ ਲੋਕਾਂ ਤੇ ਸੰਸਥਾਵਾਂ ਸਿਰ ਹੀ ਹੈ। ਇਨ੍ਹਾਂ ਸਵਾਰਥੀ ਤੱਤਾਂ ਤੋਂ ਸਿੱਖੀ ਨੂੰ ਦਰਪੇਸ਼ ਚੁਣੌਤੀਆਂ ਦੇ ਟਾਕਰੇ ਦੀ ਆਸ ਕਰਨਾ ਮੂਰਖਤਾ ਹੋਵੇਗੀ, ਕਿਉਂਕਿ ਇਨ੍ਹਾਂ ਹੀ ਤਾਂ ਲੋਕਾਂ ਦੇ ਇਸ ਫਲਸਫੇ ਨੂੰ 'ਆਸਥਾ ਤੇ ਅੰਧ ਵਿਸ਼ਵਾਸ' ਦੇ ਪਰਦੇ ਹੇਠਾਂ ਸੱਚੀ-ਸੁੱਚੀ ਕਿਰਤ ਕਰਨ ਵਾਲੇ ਲੋਕਾਂ ਤੋਂ ਖੋਹਣ ਲਈ ਅਡੰਬਰ ਰਚੇ ਹਨ।

**# ਸੰਪਰਕ : 98141-82998**

# ਇੰਟਰਨੈੱਟ ਦੀ ਅਸੁਰੱਖਿਅਤ ਵਰਤੋਂ ਲਿਆ ਸਕਦੀ ਹੈ ਬਰਬਾਦੀ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਇੰਟਰਨੈੱਟ ਨੂੰ ਜੇਕਰ ਅਜੋਕੇ ਮਨੁੱਖ ਦੇ ਜੀਵਨ ਦੀ ਜੀਵਨਧਾਰਾ ਅਤੇ ਰਹਿਣ-ਸਹਿਣ ਦਾ ਅਹਿਮ ਅੰਗ ਮੰਨ ਲਿਆ ਜਾਵੇ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ। ਸੰਨ 2024 ਦੇ ਅੰਕੜਿਆਂ ਅਨੁਸਾਰ ਦੁਨੀਆ ਭਰ ਵਿਚ 5.50 ਬਿਲੀਅਨ ਭਾਵ 550 ਕਰੋੜ ਇੰਟਰਨੈੱਟ ਉਪਭੋਗਤਾ ਸਨ, ਜੋ ਕਿ ਦੁਨੀਆ ਦੀ ਕੁੱਲ ਆਬਾਦੀ ਦਾ 67 ਫ਼ੀਸਦੀ ਦੇ ਕਰੀਬ ਬਣਦੇ ਸਨ। ਇਨ੍ਹਾਂ ਵਿੱਚੋਂ 522 ਕਰੋੜ ਲੋਕ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਸਨ, ਜੋ ਕਿ ਵਿਸ਼ਵ ਭਰ ਦੇ ਕੁੱਲ ਇੰਟਰਨੈੱਟ ਉਪਭੋਗਤਾਵਾਂ ਦਾ 95 ਫ਼ੀਸਦੀ ਅਤੇ ਵਿਸ਼ਵ ਦੀ ਕੁੱਲ ਆਬਾਦੀ ਦਾ 63.8 ਫ਼ੀਸਦੀ ਬਣਦੇ ਹਨ। ਇਸ ਸੰਬੰਧ ਵਿਚ ਜੇਕਰ ਸਾਡੇ ਦੇਸ਼ ਭਾਰਤ ਦੀ ਗੱਲ ਕੀਤੀ ਜਾਵੇ ਤਾਂ ਪਤਾ ਲੱਗਦਾ ਹੈ ਕਿ ਸਾਲ 2024 ਵਿਚ ਭਾਰਤ ਭਰ ਵਿਚ 140 ਕਰੋੜ ਦੀ ਆਬਾਦੀ ਵਿੱਚੋਂ 89 ਕਰੋੜ ਦੇ ਕਰੀਬ ਲੋਕ ਇੰਟਰਨੈੱਟ ਦੀ ਵਰਤੋਂ ਕਰਦੇ ਸਨ, ਜਿਨ੍ਹਾਂ ਵਿੱਚੋਂ 50 ਕਰੋੜ ਤੋਂ ਵੱਧ ਲੋਕ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਸਨ। ਪਿੱਛਲਝਾਤ ਮਾਰਿਆਂ ਪਤਾ ਲੱਗਦਾ ਹੈ ਕਿ ਭਾਰਤ ਅੰਦਰ ਸਾਲ 2017 ਵਿਚ 21 ਫ਼ੀਸਦੀ ਘਰਾਂ ਵਿੱਚ ਇੰਟਰਨੈੱਟ ਵਰਤਿਆ ਜਾਂਦਾ ਸੀ, ਜੋ ਕਿ ਜਨਵਰੀ 2021 ਵਿਚ ਇਹ 61 ਫ਼ੀਸਦੀ ਘਰਾਂ ਅੰਦਰ ਪੁੱਜ ਗਿਆ ਸੀ। ਭਾਰਤ ਵਿਚ ਸਾਲ 2020 ਵਿਚ ਇੰਟਰਨੈੱਟ ਦੀ ਵਰਤੋਂ ਕਰਨ ਵਾਲਿਆਂ ਦੀ ਸੰਖਿਆ 80 ਮਿਲੀਅਨ ਸੀ, ਜਦੋਂ ਕਿ ਕੋਰੋਨਾ ਕਾਲ ਦੌਰਾਨ ਸੰਨ 2021 ਅੰਦਰ ਇਹ ਸੰਖਿਆ ਵਧ ਕੇ 130 ਮਿਲੀਅਨ ਤੱਕ ਜਾ ਪੁੱਜੀ ਸੀ। 'ਨੋਡਗ੍ਰਾਫ਼' ਨਾਮਕ ਇਕ ਏਜੰਸੀ ਦੀ ਰਿਪੋਰਟ ਅਨੁਸਾਰ ਵਿਸ਼ਵ ਅੰਦਰ ਸਾਲ 2017 ਵਿਚ 2.7 ਜ਼ੀਟਾਬਾਈਟ ਡਾਟਾ ਇੰਟਰਨੈੱਟ ਲਈ ਵਰਤਿਆ ਜਾਂਦਾ ਸੀ, ਜੋ ਕਿ ਸਾਲ 2019 ਵਿਚ 4.4 ਜ਼ੀਟਾਬਾਈਟ ਦਾ ਅੰਕੜਾ ਪਾਰ ਕਰ ਗਿਆ ਸੀ ਤੇ ਸਾਲ 2025 ਦੇ ਅੰਤ ਤੱਕ ਇਸਦੇ 181 ਜ਼ੀਟਾਬਾਈਟ ਦੀ ਉੱਚੀ ਹੱਦ ਤੱਕ ਪੁੱਜਣ ਦਾ ਅਨੁਮਾਨ ਹੈ।

ਇੰਟਰਨੈੱਟ ਨੇ ਸੂਚਨਾ ਦੇ ਸੰਚਾਰ, ਸਿੱਖਿਆ, ਸਿਹਤ, ਵਪਾਰ, ਰੁਜ਼ਗਾਰ ਅਤੇ ਮਨੋਰੰਜਨ ਦੇ ਖੇਤਰ ਵਿੱਚ ਹੈਰਾਨੀਜਨਕ ਤਬਦੀਲੀ ਲਿਆਂਦੀ ਹੈ। ਕੋਰੋਨਾ ਕਾਲ ਦੌਰਾਨ ਇੰਟਰਨੈੱਟ ਦੀ ਮਦਦ ਨਾਲ ਆਨਲਾਈਨ ਕਲਾਸਾਂ, ਆਨਲਾਈਨ ਦਫ਼ਤਰੀ ਕੰਮਕਾਜ, ਸੂਚਨਾਵਾਂ ਦੇ ਆਦਾਨ-ਪ੍ਰਦਾਨ ਅਤੇ ਮਨੋਰੰਜਨ ਦੀ ਉਪਲੱਬਧਤਾ ਨੇ ਘਰਾਂ ਅੰਦਰ ਤਾੜੇ ਲੋਕਾਂ ਦੀ ਜੀਵਨਧਾਰਾ ਨੂੰ ਠੱਪ ਹੋਣ ਤੋਂ ਬਚਾਇਆ ਸੀ ਤੇ ਉਸ ਵੱਡੇ ਸੰਕਟ ਤੋਂ ਬਾਅਦ ਇੰਟਰਨੈੱਟ ਡਾਟਾ ਦੀ ਵਰਤੋਂ ਵਿਚ ਵੱਡਾ ਵਾਧਾ ਦਰਜ ਕੀਤਾ ਗਿਆ ਸੀ, ਜੋ ਅਜੇ ਵੀ ਜਾਰੀ ਹੈ। ਸਾਰ ਇਹ ਹੈ ਕਿ ਇੰਟਰਨੈੱਟ ਦੀ ਵਰਤੋਂ ਅਜੋਕੀ ਜੀਵਨਸ਼ੈਲੀ ਲਈ ਕਾਫੀ ਲਾਹੇਵੰਦ ਹੈ, ਪਰ ਇਸ ਦਾ ਲਾਭ ਤਾਂ ਹੀ ਹੈ, ਜੇਕਰ ਇੰਟਰਨੈੱਟ ਦੀ ਵਰਤੋਂ ਸੁਰੱਖਿਅਤ ਹੋਵੇ।

ਅੱਜ ਇੰਟਰਨੈੱਟ ਕਈ ਤਰ੍ਹਾਂ ਦੇ ਸਾਈਬਰ ਕ੍ਰਾਈਮ ਨਾਲ ਜੁੜੇ ਅਪਰਾਧਿਕ ਸੋਚ ਵਾਲੇ ਵਿਅਕਤੀਆਂ ਦੀ ਵਧਦੀ ਗਿਣਤੀ ਨਾਲ ਘਿਰਦਾ ਜਾ ਰਿਹਾ ਹੈ। ਹੁਣ ਦੁਨੀਆ ਵਿਚ 'ਡੀਪਫ਼ੇਕ' ਅਤੇ ਕਈ ਤਰ੍ਹਾਂ ਦੇ ਹੋਰ ਆਰਟੀਫ਼ਿਸ਼ੀਅਲ ਇੰਟੈਲੀਜੈਂਸ ਭਾਵ ਬਣਾਉਟੀ ਬੁੱਧੀ ਨਾਲ ਸਬੰਧਤ ਅਪਰਾਧਿਕ ਕਾਰੇ ਕੀਤੇ ਜਾ ਰਹੇ ਹਨ। ਫ਼ਰਜ਼ੀ ਵਿਦੇਸ਼ੀ ਕਾਲਾਂ ਕਰਨ ਵਾਲੇ ਸ਼ਾਤਿਰ ਦਿਮਾਗ ਅਪਰਾਧੀਆਂ ਦੇ ਝਾਂਸੇ ਵਿਚ ਆ ਕੇ ਅੱਜ ਹਜ਼ਾਰਾਂ ਲੋਕ ਪ੍ਰਤੀ ਦਿਨ ਆਪਣਾ ਲੱਖਾਂ ਰੁਪਿਆ ਗੁਆ ਰਹੇ ਹਨ। ਲਾਟਰੀ ਨਿਕਲਣ ਦੇ ਨਾਂਅ 'ਤੇ ਜਾਂ ਕੋਈ ਹੋਰ ਕਾਰਨ ਦੱਸ ਕੇ ਸਾਈਬਰ ਅਪਰਾਧੀਆਂ ਵੱਲੋਂ ਆਮ ਲੋਕਾਂ ਦੇ ਬੈਂਕ ਖਾਤਿਆਂ ਸੰਬੰਧੀ ਜਾਣਕਾਰੀ ਹਾਸਲ ਕਰ ਲਈ ਜਾਂਦੀ ਹੈ ਤੇ ਫਿਰ ਬੜੇ ਹੀ ਸ਼ਾਤਰਾਨਾ ਢੰਗ ਨਾਲ ਉਹ ਬੈਂਕ ਖਾਤੇ ਖਾਲੀ ਕਰ ਦਿੱਤੇ ਜਾਂਦੇ ਹਨ। ਸਾਈਬਰਕ੍ਰਾਈਮ ਦੇ ਅੰਕੜਿਆਂ ਦੀ ਜੇ ਗੱਲ ਕਰੀਏ ਤਾਂ ਪਤਾ ਲੱਗਦਾ ਹੈ ਕਿ ਭਾਰਤ ਦੇ 80 ਫ਼ੀਸਦੀ ਇੰਟਰਨੈੱਟ ਧਾਰਕਾਂ ਨੂੰ ਕਿਸੇ ਛੋਟੇ ਜਾਂ ਵੱਡੇ ਸਾਈਬਰ ਕ੍ਰਾਈਮ ਦੇ ਦਰਪੇਸ਼ ਹੋਣਾ ਪਿਆ ਹੈ ਜਦੋਂ ਕਿ ਅਮਰੀਕਾ, ਫ਼ਰਾਂਸ, ਨਿਊਜ਼ੀਲੈਂਡ, ਇਟਲੀ ਅਤੇ ਜਪਾਨ ਆਦਿ ਮੁਲਕਾਂ ਵਿਚ ਇਹ ਦਰ ਕ੍ਰਮਵਾਰ 61 ਫ਼ੀਸਦੀ 60 ਫ਼ੀਸਦੀ, 59 ਫ਼ੀਸਦੀ, 53 ਫ਼ੀਸਦੀ ਅਤੇ 42 ਫ਼ੀਸਦੀ ਦੇ ਕਰੀਬ ਹੈ। ਸੰਨ 2023 ਵਿਚ ਪ੍ਰਾਪਤ ਹੋਈ ਇਕ ਰਿਪੋਰਟ ਅਨੁਸਾਰ ਦੁਨੀਆ ਭਰ ਵਿਚ ਹਰ ਰੋਜ਼ ਤੀਹ ਹਜ਼ਾਰ ਦੇ ਕਰੀਬ ਵੈੱਬਸਾਈਟਾਂ ਹੈਕ ਕੀਤੀਆਂ ਜਾਂਦੀਆਂ ਸਨ। ਉਸ ਸਾਲ ਹੋਏ ਕੁੱਲ ਸਾਈਬਰ ਹਮਲਿਆਂ ਵਿੱਚੋਂ 43 ਫ਼ੀਸਦੀ ਹਮਲੇ ਛੋਟੇ ਵਪਾਰੀਆਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਸਨ।

ਭਾਰਤ ਸਰਕਾਰ ਨੇ ਅਗਸਤ, 2019 ਵਿਚ 'ਨੈਸ਼ਨਲ ਸਾਈਬਰ ਕ੍ਰਾਈਮ ਰਿਪੋਰਟਿੰਗ ਸੈੱਲ' ਕਾਇਮ ਕੀਤਾ ਸੀ, ਜਿਸ ਕੋਲ ਸਾਲ 2023 ਤੱਕ 32.6 ਲੱਖ ਸ਼ਿਕਾਇਤਾਂ ਰਿਪੋਰਟ ਹੋਈਆਂ ਸਨ ਤੇ ਜਾਂਚ ਕਰਨ 'ਤੇ ਇਨ੍ਹਾਂ ਵਿੱਚੋਂ 66 ਹਜ਼ਾਰ ਮਾਮਲਿਆਂ ਵਿਚ ਐੱਫ਼.ਆਈ.ਆਰ. ਵੀ ਦਰਜ ਕੀਤੀਆਂ ਗਈਆਂ ਸਨ। ਜ਼ਿਕਰਯੋਗ ਹੈ ਕਿ ਉਕਤ ਸ਼ਿਕਾਇਤਾਂ ਵਿੱਚੋਂ 15.6 ਲੱਖ ਸ਼ਿਕਾਇਤਾਂ ਕੇਵਲ ਸਾਲ 2023 ਵਿਚ ਹੀ ਪ੍ਰਾਪਤ ਹੋਈਆਂ ਸਨ, ਜੋ ਕਿ ਦੇਸ਼ ਅੰਦਰ ਵਧਦੀ ਸਾਈਬਰ ਕ੍ਰਾਈਮ ਦਰ ਦਾ ਪ੍ਰਤੱਖ ਪ੍ਰਮਾਣ ਸੀ। 'ਦਿ ਹਿੰਦੂ' ਵੱਲੋਂ 4 ਜਨਵਰੀ, 2024 ਨੂੰ ਛਾਪੀ ਗਈ ਇਕ ਰਿਪੋਰਟ ਅਨੁਸਾਰ ਭਾਰਤ ਵਿਚ ਸਾਲ 2021 ਵਿਚ ਸਾਈਬਰ ਕ੍ਰਾਈਮ ਦੇ 4.52 ਲੱਖ ਮਾਮਲੇ ਸੂਚਿਤ ਹੋਏ ਸਨ, ਜਦੋਂ ਕਿ ਸਾਲ 2022 ਵਿਚ 113 ਫ਼ੀਸਦੀ ਵਾਧੇ ਨਾਲ ਇਹ ਸੰਖਿਆ 9.66 ਲੱਖ ਤੱਕ ਪੁੱਜ ਗਈ ਸੀ। ਇਹ ਵਾਧਾ ਦਰ ਆਰਥਿਕ ਮਾਮਲਿਆਂ, ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਨਾਲ ਸਬੰਧਤ ਸਾਈਬਰ ਮਾਮਲਿਆਂ ਵਿਚ ਕਾਫੀ ਜ਼ਿਆਦਾ ਸੀ। ਸੋ ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਲਈ ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਬੇਹੱਦ ਜ਼ਰੂਰੀ ਹੈ।

ਭਾਰਤ ਅੰਦਰ ਸੰਨ 2023 ਵਿਚ ਪ੍ਰਤੀ ਇਕ ਲੱਖ ਦੀ ਆਬਾਦੀ ਪਿੱਛੇ ਸਾਈਬਰ ਕ੍ਰਾਈਮ ਦੇ ਸੂਚਿਤ ਹੋਏ ਮਾਮਲਿਆਂ ਦੀ ਸੰਖਿਆ 129 ਸੀ, ਜਦੋਂ ਕਿ ਰਾਜਧਾਨੀ ਦਿੱਲੀ ਵਿਖੇ ਇਹ ਸੰਖਿਆ ਪ੍ਰਤੀ ਇਕ ਲੱਖ ਆਬਾਦੀ ਪਿੱਛੇ 755 ਅਤੇ ਹਰਿਆਣਾ ਵਿਚ 381 ਸੀ। ਇਸੇ ਤਰ੍ਹਾਂ ਸਾਲ 2023 ਵਿਚ ਸਾਡੇ ਮੁਲਕ ਅੰਦਰ ਪ੍ਰਤੀ ਦਿਨ ਹੋਣ ਵਾਲੇ ਸਾਈਬਰ ਹਮਲਿਆਂ ਦੀ ਸੰਖਿਆ 2200 ਦੇ ਕਰੀਬ ਸੀ। ਸਾਲ 2024 ਦੇ ਪਹਿਲੇ ਚਾਰ ਮਹੀਨਿਆਂ ਅੰਦਰ ਸਾਈਬਰ ਜੁਰਮਾਂ ਦੀਆਂ 7,40,000 ਵਾਰਦਾਤਾਂ ਦਰਜ ਕੀਤੀਆਂ ਗਈਆਂ ਸਨ, ਜਿਨ੍ਹਾ ਵਿੱਚੋਂ 85 ਫ਼ੀਸਦੀ ਵਾਰਦਾਤਾਂ ਵਿੱਤੀ ਧੋਖਾਧੜੀ ਨਾਲ ਸਬੰਧਤ ਸਨ। ਭਾਰਤ ਵਿਚ ਅੱਜ ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਕੀਤੇ ਜਾਣ ਸੰਬੰਧੀ ਲੋੜੀਂਦੀਆਂ ਸਾਵਧਾਨੀਆਂ ਪ੍ਰਤੀ ਜਾਣਕਾਰੀ ਦੀ ਭਾਰੀ ਘਾਟ ਹੈ, ਜਿਸ ਕਰਕੇ ਸਰਕਾਰ ਅਤੇ ਨਿੱਜੀ ਅਦਾਰਿਆਂ ਨੂੰ ਇਸ ਸਮੱਸਿਆ ਦੇ ਹੱਲ ਪ੍ਰਤੀ ਜਾਗਰੂਕਤਾ ਫ਼ੈਲਾਉਣ ਲਈ ਵਿਦਿਅਕ ਅਦਾਰਿਆਂ ਅਤੇ ਸੰਚਾਰ ਮਾਧਿਅਮਾਂ ਦੀ ਸੁਚੱਜੀ ਵਰਤੋਂ ਕਰਨੀ ਚਾਹੀਦੀ ਹੈ। ਇੰਟਰਨੈੱਟ ਉਪਭੋਗਤਾਵਾਂ ਨੂੰ ਵੀ ਅੱਖਾਂ ਤੇ ਕੰਨ ਖੋਲ੍ਹ ਕੇ ਇੰਟਰਨੈੱਟ ਦੀ ਵਰਤੋਂ ਕਰਨੀ ਚਾਹੀਦੀ ਹੈ ਤੇ ਕਿਸੇ ਵੀ ਆਨਲਾਈਨ ਬੈਠੇ ਸ਼ਖ਼ਸ ਜਾਂ ਅਦਾਰੇ ਨੂੰ ਆਪਣੀ ਨਿੱਜੀ ਜਾਣਕਾਰੀ ਪ੍ਰਦਾਨ ਕਰਨ ਤੋਂ ਹਰ ਹਾਲ ਵਿਚ ਬਚਣਾ ਚਾਹੀਦਾ ਹੈ। ਇਕ ਰਿਪੋਰਟ ਅਨੁਸਾਰ 1 ਅਪ੍ਰੈਲ, 2021 ਤੋਂ ਅਪੈਲ 2024 ਤੱਕ ਸਾਈਬਰ ਅਪਰਾਧੀ 10,300 ਕਰੋੜ ਰੁਪਏ ਦਾ ਚੂਨਾ ਲਾ ਚੁੱਕੇ ਸਨ, ਜਦੋਂ ਕਿ 1127 ਕਰੋੜ ਰੁਪਏ ਬਚਾਉਣ ਵਿਚ ਭਾਰਤੀ ਸੁਰੱਖਿਆ ਏਜੰਸੀਆਂ ਸਫ਼ਲ ਰਹੀਆਂ ਸਨ। ਬਹੁਤੇ ਭਾਰਤ ਵਾਸੀ ਅਜੇ ਵੀ ਨਹੀਂ ਜਾਣਦੇ ਕਿ ਭਾਰਤ ਵਿਚ ਸਾਈਬਰ ਕ੍ਰਾਈਮ ਹੈਲਪਲਾਈਨ ਨੰਬਰ 1930 ਹੈ। ਸੋ ਆਰਥਿਕ ਸਾਈਬਰ ਕ੍ਰਾਈਮ ਸੰਬੰਧੀ ਭਾਰਤੀ ਰਿਜ਼ਰਵ ਬੈਂਕ ਵੱਲੋਂ ਚਲਾਈ ਜਾਂਦੀ ਟੈਗਲਾਈਨ ਬੜੀ ਹੀ ਮਹੱਤਵਪੂਰਨ ਅਤੇ ਭਾਵਪੂਰਤ ਹੈ, ਜੋ ਇਹ ਆਖ਼ਦੀ ਹੈ-"ਜਾਣਕਾਰ ਬਣੋ ਤੇ ਚੌਕੰਨੇ ਰਹੋ"।

**# ਸੰਪਰਕ : 97816-46008**

# ਨਸ਼ਿਆਂ ਦਾ ਪ੍ਰਕੋਪ

**ਜਗਦੇਵ ਸ਼ਰਮਾ**

ਪੰਜਾਬ, ਜਿਸ ਨੂੰ ਪੰਜ ਦਰਿਆਵਾਂ ਦੇ ਦੇਸ਼ ਵਜੋਂ ਜਾਣਿਆ ਜਾਂਦਾ ਹੈ , ਉਸ ਨੂੰ ਛੇਵੇਂ , ਯਾਨੀ ਕਿ ਨਸ਼ਿਆਂ ਦੇ ਦਰਿਆ ਨੇ ਆਪਣੀ ਜਕੜ ਵਿੱਚ ਲੈ ਰੱਖਿਆ ਹੈ ।ਸਰਕਾਰਾਂ ਦੀਆਂ ਲਾਪਰਵਾਹੀਆਂ ਕਾਰਨ ਪੰਜਾਬ ਦੀ ਜਵਾਨੀ, ਜਿਸ ਦੀਆਂ ਵਾਰਾਂ ਗਾਈਆਂ ਜਾਂਦੀਆਂ ਸਨ , ਕੁਰਾਹੇ ਪੈ ਚੁੱਕੀ ਹੈ । ਜਵਾਨੀ ਵਿਚ ਪੈਰ ਧਰਦਾ ਸਕੂਲ, ਕਾਲਜੀ ਬੱਚਾ ਚਿੱਟੇ ਤੇ ਗਿੱਝ ਜਾਂਦਾ ਹੈ । ਸ਼ਾਇਦ ਹੀ ਕੋਈ ਦਿਨ ਐਸਾ ਜਾਂਦਾ ਹੋਵੇ, ਜਿਸ ਦਿਨ ਕਿਤੇ ਨਾ ਕਿਤੇ ਨਸ਼ਿਆਂ ਦੀ ਓਵਰ ਡੋਜ਼ ਨਾਲ ਪੰਜਾਬ ਦੇ ਨੌਜਵਾਨ ਦੀ ਮੌਤ ਨਾ ਹੋਈ ਹੋਵੇ । ਪੰਜਾਬ , ਜਿਹੜਾ ਪਹਿਲਾਂ ਨਸ਼ਿਆਂ ਦਾ ਟਰਾਂਜਿਟ ਰੂਟ ਹੁੰਦਾ ਸੀ, ਹੁਣ ਖਪਤ ਕੇਂਦਰ ਬਣ ਗਿਆ ਹੈ । ਨਸ਼ਿਆਂ ਦੇ ਨਿੱਤ ਦਿਨ ਵਧ ਰਹੇ ਪ੍ਰਕੋਪ ਦੇ ਡਰੋਂ ਮਾਪਿਆਂ ਨੇ ਬੱਚਿਆਂ ਦੇ ਵਿਦੇਸ਼ੀਂ ਸੈਟਲ ਹੋਣ ਨੂੰ ਤਰਜੀਹ ਦਿੱਤੀ, ਪ੍ਰੰਤੂ ਰਿਪੋਰਟਾਂ ਹਨ ਕਿ ਵਿਦੇਸ਼ਾਂ , ਖਾਸ ਤੌਰ 'ਤੇ ਏਸ਼ੀਅਨ ਨਾਗਰਿਕਾਂ ਵਾਲੀਆਂ ਬੈਲਟਾਂ ਵਿੱਚ ਵੀ ਨਸ਼ਿਆਂ ਦੇ ਵਿਉਪਾਰੀਆਂ ਨੇ ਪੈਰ ਜਮਾਉਣੇ ਸ਼ੁਰੂ ਕਰ ਦਿੱਤੇ ਹਨ, ਯਾਨੀ ਕਿ ਮੂਸਾ ਭੱਜਿਆ ਮੌਤ ਤੋਂ ਅੱਗੇ ਮੌਤ ਖੜ੍ਹੀ ।

ਅੰਕੜਿਆਂ 'ਤੇ ਨਜ਼ਰ ਮਾਰਿਆਂ ਪਤਾ ਚਲਦਾ ਹੈ ਕਿ ਅਫ਼ਗ਼ਾਨਿਸਤਾਨ, ਬੋਲੀਵੀਆ, ਬ੍ਰਾਜ਼ੀਲ, ਕੋਲੰਬੀਆ, ਡੋਮਿਨਿਕਾ ਰਿਪਬਲਿਕ , ਲਾਓਸ , ਮੈਕਸੀਕੋ, ਨਾਇਜੀਰੀਆ ਅਤੇ ਫਿਲਪੀਨਜ਼ ਨਸ਼ਿਆਂ ਦੇ ਕਾਰੋਬਾਰ ਵਿੱਚ ਮੋਹਰੀ ਦੇਸ਼ ਹਨ । ਨਸ਼ਿਆਂ ਦੀ ਓਵਰ ਡੋਜ਼ ਕਾਰਨ ਹੋਈਆਂ ਮੌਤਾਂ ਦੇ ਅੰਕੜੇ ਅਨੁਸਾਰ ਦੁਨੀਆ ਭਰ ਵਿੱਚੋਂ ਅਮਰੀਕਾ ਦਾ ਪਹਿਲਾ ਸਥਾਨ ਹੈ । ਸਕਾਟਲੈਂਡ ਅਤੇ ਕੈਨੇਡਾ ਕ੍ਰਮਵਾਰ ਦੂਜੇ ਅਤੇ ਤੀਜੇ ਸਥਾਨ ਦੇ ਦੇਸ਼ ਹਨ । ਗਲੋਬਲ ਡਰੱਗ ਪਾਲਿਸੀ ਇੰਡੈਕਸ ਅਨੁਸਾਰ ਨਸ਼ਿਆਂ ਦੀ ਖਪਤ ਵਿੱਚ ਭਾਰਤ 30 ਦੇਸ਼ਾਂ ਵਿਚੋਂ 18 ਵੀ ਪੁਜ਼ੀਸ਼ਨ 'ਤੇ ਹੈ । ਰਿਪੋਰਟ ਹੈ ਕਿ ਪੰਜਾਬ ਵਿੱਚ 2017 ਤੋਂ 2021 ਤੱਕ 4 ਸਾਲਾਂ ਵਿਚ ਨਸ਼ੇ ਕਾਰਨ 272 ਮੌਤਾਂ ਹੋਈਆਂ ਹਨ। 2022 ਤੋਂ ਹੁਣ ਤੱਕ 20 ਮਹੀਨਿਆਂ ਵਿਚ 310 ਮੌਤਾਂ ਹੋ ਚੁੱਕੀਆਂ ਹਨ । ਐੱਨ ਸੀ ਆਰ ਬੀ ਦੀ ਰਿਪੋਰਟ ਅਨੁਸਾਰ ਮਾਲਵਾ ਨਸ਼ਿਆਂ ਨਾਲ ਸਭ ਤੋਂ ਵੱਧ ਪ੍ਰਭਾਵਤ ਹੋਇਆ ਹੈ। 2022 ਵਿੱਚ ਦੇਸ਼ ਦੀ 2 ਫੀਸਦੀ ਆਬਾਦੀ ਵਾਲੇ ਇੱਕਲੇ ਪੰਜਾਬ ਵਿੱਚੋਂ 144 ਮੌਤਾਂ ਹੋਈਆਂ, ਜੋ ਕਿ ਕੁੱਲ ਮੌਤਾਂ ਦਾ 21 ਫੀਸਦੀ ਬਣਦਾ ਹੈ । ਪੰਜਾਬ ਤੋਂ ਬਾਅਦ ਰਾਜਸਥਾਨ ਵਿੱਚ 117 ਅਤੇ ਮੱਧ ਪ੍ਰਦੇਸ਼ ਵਿੱਚ 74 ਮੌਤਾਂ ਹੋਈਆਂ ਹਨ।

24.61 ਫੀਸਦੀ ਬਾਲਗ ਅਤੇ 6.07 ਫੀਸਦੀ ਨਾਬਾਲਗ ਭਾਰਤੀ ਮੁੱਖ ਤੌਰ ਤੇ 8 ਕਿਸਮ ਦੇ ਨਸ਼ੇ ਕਰਦੇ ਹਨ, ਜਿਨ੍ਹਾਂ ਵਿੱਚ ਸ਼ਰਾਬ , ਅਫੀਮ , ਗਾਂਜਾ , ਕੋਕੀਨ , ਹੈਰੋਇਨ ਅਤੇ ਪੇਨਕਿਲਰ ਪ੍ਰਮੁੱਖ ਹਨ । ਇਹ ਨਸ਼ੇ ਮਨੁੱਖ ਦੇ ਕੇਂਦਰੀ ਨਰਵਸ ਸਿਸਟਮ ਨੂੰ ਪ੍ਰਭਾਵਤ ਕਰਕੇ ਉਸ ਨੂੰ ਲੋਰ ਦੀ ਅਵਸਥਾ ਵਿੱਚ ਪਹੁੰਚਾਉਂਦੇ ਹਨ । ਪੰਜਾਬੀ ਜ਼ਿਆਦਾਤਰ ਚਰਸ , ਕੋਕੀਨ ਅਤੇ ਹੈਰੋਇਨ ਵਰਗੇ ਸਿੰਥੈਟਿਕ ਡਰੱਗ ਦੇ ਨਸ਼ਿਆਂ ਵਿਚ ਫਸੇ ਹੋਏ ਹਨ । ਯੂ ਐੱਨ ਓ ਡੀ ਸੀ ਨਾਂਅ ਦੀ ਅੰਤਰਰਾਸ਼ਟਰੀ ਸੰਸਥਾ ਨਸ਼ਿਆਂ ਨੂੰ ਕਾਬੂ ਕਰਨ ਵਿੱਚ ਭਾਰਤੀ ਏਜੰਸੀ ਐੱਨ ਸੀ ਬੀ ਦੀ ਸਹਾਇਤਾ ਕਰਦੀ ਹੈ । ਜਨਵਰੀ 2025 ਤੱਕ 35000 ਐਨ ਡੀ ਪੀ ਸੀ ਕੇਸ ਅਦਾਲਤਾਂ ਵਿਚ ਬਕਾਇਆ ਪਏ ਹਨ । ਜੇਕਰ ਹੋਰ ਨਵੇਂ ਕੇਸ ਨਹੀਂ ਆਉਂਦੇ ਤਾਂ ਵੀ ਇਹਨਾਂ ਕੇਸਾਂ ਦੀ ਸੁਣਵਾਈ ਪੂਰੀ ਕਰਨ ਵਿੱਚ 11 ਸਾਲ ਲੱਗ ਜਾਣਗੇ । ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਵੇਂ-ਨਵੇਂ ਸਿਸਟਮ ਜਿਵੇਂ ਕਿ ਡਾਰਕ ਵੈਬ, ਕ੍ਰਿਪਟੋ ਕਰੰਸੀ, ਡ੍ਰੋਨ , ਆਨਲਾਈਨ ਮਾਰਕੀਟ ਪਲੇਸ ਨੂੰ ਦੇਸ਼ ਦੀ ਪੁਲਸ ਸਾਹਮਣੇ ਵੱਡੀਆਂ ਚੁਣੌਤੀਆਂ ਦੇ ਤੌਰ 'ਤੇ ਕਬੂਲਿਆ ਹੈ । ਇਸੇ ਕਾਨਫਰੰਸ ਜ਼ਰੀਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ 79 ਨਵੀਆਂ ਵਿਸ਼ੇਸ਼ ਐੱਨ ਡੀ ਪੀ ਸੀ ਅਦਾਲਤਾਂ ਦੀ ਸਥਾਪਨਾ ਲਈ ਬੇਨਤੀ ਕੀਤੀ ਹੈ । ਮੁੱਖ ਮੰਤਰੀ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ ਵਿਸ਼ੇਸ਼ ਐੱਨ ਡੀ ਪੀ ਐੱਸ ਅਦਾਲਤਾਂ ਸਥਾਪਤ ਕਰਨ ਅਤੇ ਸਰਕਾਰੀ ਵਕੀਲਾਂ ਦੇ ਨਾਲ—ਨਾਲ ਹੋਰ ਸਹਾਇਕ ਸਟਾਫ ਦੀ ਭਰਤੀ ਕਰਨ ਲਈ 10 ਸਾਲਾਂ ਲਈ ਯਕਮੁਸ਼ਤ ਤੌਰ ਉਤੇ 600 ਕਰੋੜ ਰੁਪਏ ਦੀ ਵਿੱਤੀ ਸਹਾਇਤਾ (60 ਕਰੋੜ ਰੁਪਏ ਪ੍ਰਤੀ ਸਾਲ) ਦਿੱਤੀ ਜਾਵੇ।

ਸਰਕਾਰ ਨੇ ਦੱਸਿਆ ਕਿ 'ਆਪ' ਦੀ ਢਾਈ ਸਾਲਾਂ ਦੀ ਸਰਕਾਰ ਦੇ ਸਮੇਂ ਦੌਰਾਨ 31500 ਕੇਸ ਦਰਜ ਕਰਕੇ 43000 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਨਸ਼ਾ ਤਸਕਰਾਂ ਦੀ 449 ਕਰੋੜ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ । ਸਰਕਾਰ ਨੇ ਪੰਜਾਬ ਮਸ਼ਨੂਈ ਇੰਟੈਲੀਜੈਂਸ ਨਾਂਅ ਦਾ ਸਾਫਟਵੇਅਰ ਤਿਆਰ ਕੀਤਾ ਹੈ , ਜਿਸ ਵਿਚ 332976 ਅਪਰਾਧੀਆਂ ਦਾ ਡੇਟਾਬੇਸ ਹੈ ।

ਪੰਜਾਬ ਰਾਜ ਵਿੱਚ ਨਸ਼ਿਆਂ ਦੇ ਵਪਾਰ ਨੂੰ ਕੁਚਲਣ ਲਈ ਅਤੇ ਪੰਜਾਬੀਆਂ ਨੂੰ ਇਸ ਵਬਾ ਤੋਂ ਰਾਹਤ ਦਿਵਾਉਣ ਲਈ ਸਮਰਪਿਤ ਪੁਲਸ ਅਧਿਕਾਰੀਆਂ ਦੀ ਐਂਟੀ ਨਾਰਕੋਟਿਕ ਟਾਸਕ ਫੋਰਸ ਬਣਾਈ ਹੋਈ ਹੈ, ਜਿਸ ਦੀ ਅਗਵਾਈ ਇੱਕ ਸਪੈਸ਼ਲ ਡੀ ਜੀ ਪੀ ਦੁਆਰਾ ਕੀਤੀ ਜਾਂਦੀ ਹੈ । ਸਰਕਾਰ ਨੇ ਐਨ ਸੀ ਬੀ ( ਨਾਰਕੋਟਿਕ ਕੰਟਰੋਲ ਬਿਊਰੋ) ਦੇ ਇੱਕ ਨਵੇਂ ਖੇਤਰੀ ਦਫਤਰ ਨੂੰ ਮਨਜ਼ੂਰੀ ਦਿੱਤੀ ਹੈ ਅਤੇ ਸਬ ਜ਼ੋਨਲ ਇਕਾਈ ਅੰਮ੍ਰਿਤਸਰ ਨੂੰ ਉੱਨਤ ਕਰਕੇ ਜ਼ੋਨਲ ਇਕਾਈ ਵਿੱਚ ਤਬਦੀਲ ਕੀਤਾ ਹੈ ਅਤੇ ਇਹ ਦੋਵੇਂ ਦਫਤਰ ਅੱਜਕੱਲ੍ਹ ਕਾਰਜਸ਼ੀਲ ਹਨ । ਕੇਂਦਰ ਅਤੇ ਰਾਜ ਨਾਲ ਸੰਬੰਧਤ ਏਜੰਸੀਆਂ ਵਿੱਚ ਤਾਲਮੇਲ ਵਧਾਉਣ ਲਈ ਸਮੇਂ-ਸਮੇਂ 'ਤੇ ਸਰਕਾਰਾਂ ਕਦਮ ਚੁੱਕਦੀਆਂ ਰਹਿੰਦੀਆਂ ਹਨ।

ਏਮਜ਼ ਦਿੱਲੀ ਨੇ 2019 ਵਿੱਚ ਇੱਕ ਸਰਵੇ ਕੀਤਾ ਸੀ । ਸਟੈਂਡਿੰਗ ਕਮੇਟੀ ਆਨ ਸੋਸ਼ਲ ਜਸਟਿਸ ਐਂਡ ਇੰਪਾਵਰਮੈਂਟ ਨੇ 2022 - 23 ਲਈ ਆਪਣੀ 51ਵੀਂ ਰਿਪੋਰਟ ਵਿੱਚ ਖੁਲਾਸਾ ਕੀਤਾ ਹੈ ਕਿ ਪੰਜਾਬ ਦੇ 10 ਤੋਂ 17 ਸਾਲ ਦੀ ਉਮਰ ਦੇ 143000 ਬੱਚੇ ਚਰਸ ਦਾ ਨਸ਼ਾ ਕਰਦੇ ਹਨ ।343000 ਅਫੀਮ ਛਕਦੇ ਹਨ ਅਤੇ ਲੱਗਭੱਗ 138000 ਨਾਬਾਲਗ ਹੋਰ ਕਿਸਮਾਂ ਦੇ ਨਸ਼ੇ ਕਰਦੇ ਹਨ । ਬਾਲਗਾਂ ਵਿੱਚ ਚਰਸ ਦਾ ਨਸ਼ਾ ਕਰਨ ਵਾਲੇ ਪੰਜਾਬੀਆਂ ਦੀ ਗਿਣਤੀ 3068000, ਅਫੀਮ ਛਕਦੇ ਪੰਜਾਬੀ ਬਾਲਗ 2136000 ਦੇ ਕਰੀਬ ਹਨ ਅਤੇ 1156600 ਲੋਕ ਹੋਰ ਕਿਸਮ ਦੇ ਨਸ਼ੇ ਕਰਦੇ ਹਨ ਜਿਨ੍ਹਾਂ ਵਿੱਚ ਸੈਡੇਟਿਵਜ ਅਤੇ ਏ ਟੀ ਐੱਸ ਵਰਗੇ ਘਾਤਕ ਅਤੇ ਜਾਨਲੇਵਾ ਨਸ਼ੇ ਸ਼ਾਮਲ ਹਨ।

ਉਪਰੋਕਤ ਤੋਂ ਇੱਕ ਗੱਲ ਤਾਂ ਚਿੱਟੇ ਦਿਨ ਦੀ ਤਰ੍ਹਾਂ ਸਾਫ ਹੈ ਕਿ ਦੁਨੀਆ ਦੇ ਨਸ਼ਿਆਂ ਦੇ ਨਕਸ਼ੇ ਉੱਤੇ ਪੰਜਾਬ ਦਾ ਵੀ ਨਾਂਅ ਹੈ । ਸੋਚਣ ਦਾ ਵਿਸ਼ਾ ਹੈ ਕਿ ਜਿਸ ਪੱਧਰ 'ਤੇ ਪੰਜਾਬ ਵਿੱਚ ਨਸ਼ਾ ਇਧਰੋਂ ਉਧਰ ਹੋ ਰਿਹਾ ਹੈ , ਕੀ ਇਹ ਵੱਡੇ ਮਗਰਮੱਛਾਂ ਦੀ ਸ਼ਮੂਲੀਅਤ ਤੋਂ ਬਿਨਾ ਸੰਭਵ ਹੈ ? ਗੱਲ ਬੇਸ਼ੱਕ ਕੌੜੀ ਹੈ, ਪਰ ਹੈ ਇੱਕ ਸਚਾਈ ਕਿ ਇਹ ਸਭ ਕੁਛ ਰਾਜਨੀਤਕ ਅਤੇ ਪ੍ਰਸ਼ਾਸਨਿਕ ਉੱਚ ਅਧਿਕਾਰੀਆਂ ਦੀ ਸ਼ਹਿ ਤੇ ਹੀ ਹੋ ਰਿਹਾ ਹੈ । ਇੱਕ ਕਿਲੋਗ੍ਰਾਮ ਹੈਰੋਇਨ ਦੀ ਅੰਤਰਰਾਸ਼ਟਰੀ ਮਾਰਕੀਟ ਵਿੱਚ ਕੀਮਤ ਪੰਜ ਕਰੋੜ ਰੁਪਏ ਤੱਕ ਹੈ, ਯਾਨੀ ਕਿ ਇੱਕ ਗ੍ਰਾਮ ਹੈਰੋਇਨ 50000 ਰੁਪਏ ਦੀ । ਨਸ਼ਿਆਂ ਦੇ ਵਪਾਰ ਤੋਂ ਅੰਤਰਰਾਸ਼ਟਰੀ ਤਸਕਰ 32 ਬਿਲੀਅਨ ਡਾਲਰ ਹਰ ਸਾਲ ਕਮਾਉਂਦੇ ਹਨ । ਪੈਸੇ ਦਾ ਐਡਾ ਵੱਡਾ ਕਾਰੋਬਾਰ ਹੀ ਇੱਕ ਮੁੱਖ ਕਾਰਨ ਹੈ ਕਿ ਜਿਹੜੇ ਤਸਕਰਾਂ ਦੇ ਲਹੂ ਮੂੰਹ ਲੱਗ ਚੁੱਕਿਆ ਹੈ,ਉਹ ਕਿਸੇ ਵੀ ਕੀਮਤ 'ਤੇ ਪਿੱਛੇ ਹਟਣ ਨੂੰ ਤਿਆਰ ਨਹੀਂ । ਏ ਆਈ ਜੀ ਤੱਕ ਦੇ ਪੁਲੀਸ ਅਧਿਕਾਰੀ ਨਸ਼ਾ ਤਸਕਰੀ ਵਿੱਚ ਲਿਪਤ ਪਾਏ ਗਏ ਹਨ । ਇਸ ਗੋਰਖ ਧੰਦੇ ਵਿੱਚ ਲੱਗੇ ਪਰਵਾਰਾਂ ਦੇ ਬੱਚੇ ਅਤੇ ਔਰਤਾਂ ਵੀ ਤਸਕਰੀ ਦੇ ਕਾਰੋਬਾਰ ਵਿੱਚ ਸ਼ਾਮਲ ਹੁੰਦੇ ਹਨ ਅਤੇ ਹੋਮ ਡਿਲੀਵਰੀ ਦਾ ਕੰਮ ਕਰਦੇ ਹਨ । ਲੋੜ ਹੈ ਰਾਜਨੀਤੀ ਅਤੇ ਪ੍ਰਸ਼ਾਸ਼ਨ ਵਿਚਲੀਆਂ ਕਾਲੀਆਂ ਭੇਡਾਂ ਦੀ ਉਚਿੱਤ ਨਿਸ਼ਾਨਦੇਹੀ ਕਰਕੇ ਬਿਨਾਂ ਕਿਸੇ ਰੁਤਬੇ ਅਤੇ ਅਹੁਦੇ ਦਾ ਲਿਹਾਜ਼ ਕੀਤਿਆਂ ਸਖਤ ਕਾਰਵਾਈ ਕੀਤੀ ਜਾਵੇ ।

ਜੇਕਰ ਇਹ ਮੰਨ ਵੀ ਲਿਆ ਜਾਵੇ ਕਿ ਕਿਸੇ ਖਾਸ ਨਸ਼ੇੜੀ ਬਾਰੇ ਕਿਸੇ ਬਾਹਰਲੇ ਨੂੰ ਪਤਾ ਨਹੀਂ , ਉਸ ਦੇ ਪਰਵਾਰ ਤੋਂ ਤਾਂ ਇਹ ਕਿਸੇ ਤਰ੍ਹਾਂ ਵੀ ਲੁਕਿਆ-ਛੁਪਿਆ ਨਹੀਂ ਹੁੰਦਾ । ਸਭ ਤੋਂ ਮੁੱਢਲੀ ਭੂਮਿਕਾ ਨਸ਼ੇੜੀ ਦੇ ਪਰਵਾਰ ਦੀ ਬਣਦੀ ਹੈ । ਇਉਂ ਮੰਨ ਕੇ ਚੱਲੋ ਕਿ ਨਸ਼ੇੜੀ ਨੇ ਇੱਕ ਦਿਨ ਅਣਿਆਈ ਮੌਤੇ ਮਰਨਾ ਹੀ ਹੁੰਦਾ ਹੈ । ਫਿਰ ਵੀ ਨਸ਼ੇ ਦੇ ਤੋੜੇ ਜਾਂ ਨਸ਼ਾ ਛੱਡ ਕੇ ਬਚ ਜਾਣ ਦੀ ਕੁਝ ਗੁੰਜਾਇਸ਼ ਬਾਕੀ ਜ਼ਰੂਰ ਹੁੰਦੀ ਹੈ । ਪਰਵਾਰ ਵਾਲਿਆਂ ਦੇ ਦ੍ਰਿੜ੍ਹ ਨਿਸਚੇ ਅੱਗੇ ਨਸ਼ੇੜੀ ਨੂੰ ਗੋਡੇ ਟੇਕਣੇ ਹੀ ਪੈਣਗੇ । ਦੂਜੇ ਨੰਬਰ 'ਤੇ ਆਉਂਦਾ ਹੈ ਸਾਡਾ ਸਮਾਜ । ਨਸ਼ੇੜੀ ਨੂੰ ਮੁਜਰਮ ਨਾ ਮੰਨ ਕੇ ਉਸ ਨਾਲ ਭਟਕੇ ਹੋਏ ਜਵਾਨ ਵਾਲਾ ਵਿਹਾਰ ਕੀਤਾ ਜਾਵੇ , ਸਹੀ ਥਾਂ ਤੋਂ ਸਹੀ ਇਲਾਜ ਕਰਵਾਇਆ ਜਾਵੇ। ਸਜ਼ਾ ਦੀ ਥਾਂ, ਰੈਗੂਲਰ ਕਾਉਂਸਲਿੰਗ ਕੀਤੀ ਜਾਵੇ ।ਫਿਰ ਵਾਰੀ ਆਉਂਦੀ ਹੈ ਪ੍ਰਸ਼ਾਸਨ ਦੀ । ਨਿੱਕੇ ਮੋਟੇ ਨਸ਼ਈਆਂ 'ਤੇ ਪਰਚੇ ਪਾਉਣ ਦੀ ਥਾਂ ਮਗਰਮੱਛਾਂ ਨੂੰ ਹੱਥ ਪਾਇਆ ਜਾਵੇ । ਚੋਰ ਨੂੰ ਨਹੀਂ , ਚੋਰ ਦੀ ਮਾਂ ਨੂੰ ਮਾਰੋ । ਸਰਕਾਰੀ / ਗੈਰ-ਸਰਕਾਰੀ ਸੰਗਠਨ ਨਸ਼ੇੜੀਆਂ ਨੂੰ ਪ੍ਰੇਰ ਕੇ ਨਸ਼ੇ ਛੁਡਵਾਉਣ ਅਤੇ ਉਹਨਾਂ ਨੂੰ ਯੋਗ ਰੁਜ਼ਗਾਰ ਮੁਹੱਈਆ ਕਰਵਾਉਣ । ਹੇਠਲੇ ਪੱਧਰ ਦੇ ਤਸਕਰਾਂ ਨੂੰ ਇਸ ਧੰਦੇ 'ਚੋਂ ਬਾਹਰ ਕੱਢ ਕੇ ਉਹਨਾਂ ਲਈ ਵੀ ਬਦਲਵੀਂ ਉਪਜੀਵਿਕਾ ਦੇ ਸਾਧਨ ਜੁਟਾਏ ਜਾਣ।ਅਜਿਹੇ ਪਰਵਾਰਾਂ ਨੂੰ ਬੈਂਕਾਂ ਤੋਂ ਸਰਕਾਰੀ ਸਕੀਮਾਂ ਤਹਿਤ ਸਵੈ-ਰੋਜ਼ਗਾਰ ਲਈ ਆਸਾਨ ਸ਼ਰਤਾਂ 'ਤੇ ਕਰਜ਼ੇ ਦਿਵਾਏ ਜਾਣ।

ਮੁਮਕਿਨ ਹੈ ਕਿ ਜੁਰਮ ਨੂੰ ਸਖਤੀ ਨਾਲ ਕੁਚਲਦਿਆਂ ਸਮਰਪਿਤ ਅਧਿਕਾਰੀਆਂ ਕੋਲੋਂ ਅਣਜਾਣੇ ਵਿੱਚ ਕੁਝ ਵਧੀਕੀਆਂ ਵੀ ਹੋ ਜਾਂਦੀਆਂ ਹਨ । ਦੇਖਣ ਵਿੱਚ ਆਉਂਦਾ ਹੈ ਕਿ ਅਜਿਹੇ ਅਧਿਕਾਰੀ ਬਾਅਦ ਵਿੱਚ ਕੋਰਟਾਂ ਵਿੱਚ ਖੱਜਲ-ਖੁਆਰ ਹੁੰਦੇ ਫਿਰਦੇ ਹਨ । ਸਰਕਾਰ ਨੂੰ ਚਾਹੀਦਾ ਹੈ ਮੁਸ਼ਕਲ ਸਮੇਂ ਵਿੱਚ ਕਿਸੇ ਅਜਿਹੇ ਇਮਾਨਦਾਰ ਅਧਿਕਾਰੀ ਕੋਲੋਂ ਅਣਜਾਣੇ ਵਿੱਚ ਹੋਈਆਂ ਗਲਤੀਆਂ ਲਈ ਉਸ ਦੇ ਨਾਲ ਖੜ੍ਹੇ । ਜੇਕਰ ਅਸੀਂ ਪੰਜਾਬ ਨੂੰ ਸੱਚੇ ਦਿਲੋਂ ਰੰਗਲਾ ਪੰਜਾਬ ਬਣਾਉਣਾ ਹੈ ਤਾਂ ਸੂਬੇ ਨੂੰ ਨਸ਼ਾ ਮੁਕਤ ਕਰਕੇ ਭਟਕੀ ਹੋਈ ਜਵਾਨੀ ਨੂੰ ਸਹੀ ਰਾਹ 'ਤੇ ਲਿਆਉਣਾ ਹੀ ਹੋਵੇਗਾ।

***# ਸੰਪਰਕ : 98727-87243***

# ਸਹੇਲੀ ਤੇ ਸਾਥੀ ਲੜਕਿਆਂ ਨਾਲ ਮਿਲ ਕੇ ਆਪਣੇ ਘਰੋਂ 11 ਲੱਖ ਸਮੇਤ ਗਹਿਣੇ ਕੀਤੇ ਚੋਰੀ

**ਮਾਲੇਰਕੋਟਲਾ (ਅਸਗਰ ਪਰਿਹਾਰ)**

ਵਿਦੇਸ਼ ਜਾਣ ਦੀ ਲਾਲਸਾ 'ਚ ਕਥਿਤ ਅੰਨ੍ਹੀ ਹੋਈ ਇੱਕ ਲੜਕੀ ਵੱਲੋਂ ਆਪਣੀ ਸਹੇਲੀ ਤੇ ਦੋ ਹੋਰ ਲੜਕਿਆਂ ਨਾਲ ਮਿਲਕੇ ਆਪਣੇ ਹੀ ਘਰੋਂ ਲੱਖਾਂ ਰੁਪਏ ਦੀ ਨਕਦੀ ਸਮੇਤ ਸੋਨੇ-ਚਾਂਦੀ ਦੇ ਗਹਿਣੇ ਚੋਰੀ ਕਰਕੇ ਸਾਥੀਆਂ ਸਮੇਤ ਫਰਾਰ ਹੋ ਜਾਣ ਦਾ ਅਨੋਖਾ ਮਾਮਲਾ ਸਾਹਮਣੇ ਆਇਆ ਹੈ।ਲੜਕੀ ਦੀ ਮਾਤਾ ਸਈਮਾਂ ਪਤਨੀ ਮੁਹੰਮਦ ਵਸੀਮ ਵਾਸੀ ਜਾਮਾ ਮਸਜਿਦ ਰੋਡ ਢਾਬੀ ਗੇਟ ਮਾਲੇਰਕੋਟਲਾ ਵੱਲੋਂ ਥਾਣਾ ਸਿਟੀ-2 ਵਿਖੇ ਆਪਣੀ ਲੜਕੀ ਤਹਿਰੀਮ ਪਠਾਨ ਉਸਦੀ ਸਹੇਲੀ ਅਲਿਜ਼ਬਾ ਪੁੱਤਰੀ ਤਾਹਿਰ ਉਰਫ ਹੈਪੀ ਵਾਸੀ ਇਨਸਾਈਡ ਸੁਨਾਮੀ ਗੇਟ ਮਾਲੇਰਕੋਟਲਾ ਸਮੇਤ ਦੋ ਲੜਕਿਆਂ ਤਾਬਿਸ ਪੁੱਤਰ ਮੁਹੰਮਦ ਖਾਲਿਦ ਵਾਸੀ ਨੇੜੇ ਹਾਜੀ ਬੇਕਰੀ ਸੁਨਾਮੀ ਗੇਟ ਮਾਲੇਰਕੋਟਲਾ ਅਤੇ ਮੁਹੰਮਦ ਸਾਰਿਕ ਦੇ ਖਿਲਾਫ ਨਕਦੀ ਤੇ ਗਹਿਣੇ ਚੋਰੀ ਕਰਨ ਦੀ ਦਿੱਤੀ ਗਈ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਉਕਤ ਚਾਰਾਂ ਦੇ ਖਿਲਾਫ ਅੰਡਰ ਸੈਕਸ਼ਨ ਬੀ.ਐਨ.ਐਸ. 2023 ਦੀਆਂ ਧਾਰਾਵਾਂ 305, 332ਸੀ, 3 (5) ਤਹਿਤ ਮੁਕੱਦਮਾ ਦਰਜ ਕਰਕੇ ਉਨ੍ਹਾਂ ਚਾਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਲੜਕੀ ਦੀ ਮਾਤਾ ਸਈਮਾਂ ਵਸੀਮ ਨੇ ਪੁਲਸ ਪਾਸ ਦਰਜ ਕਰਾਏ ਗਏ ਆਪਣੇ ਬਿਆਨਾਂ 'ਚ ਦੱਸਿਆ ਕਿ ਸਰਕਾਰੀ ਕਾਲਜ ਵਿਖੇ ਬੀ.ਐਸ.ਸੀ. ਦੀ ਪੜ੍ਹਾਈ ਕਰਦੀ ਉਨ੍ਹਾਂ ਦੀ 20 ਸਾਲਾ ਲੜਕੀ ਤਹਿਰੀਮ ਪਠਾਨ ਪੜ੍ਹਾਈ ਕਰਕੇ ਵਿਦੇਸ਼ ਕੈਨੇਡਾ ਜਾਣਾ ਚਾਹੁੰਦੀ ਸੀ।ਇਸੇ ਦੌਰਾਨ ਮੇਰੀ ਲੜਕੀ ਦੀ ਕੈਨੇਡਾ ਰਹਿੰਦੀ ਸੁਨਾਮੀ ਗੇਟ ਦੀ ਵਸਨੀਕ ਆਲਿਜ਼ਬਾ ਨਾਂਅ ਦੀ ਲੜਕੀ ਨਾਲ ਦੋਸਤੀ ਹੋ ਗਈ।

ਕੁਝ ਦੇਰ ਬਾਅਦ ਆਲਿਜ਼ਬਾ ਜਦੋਂ ਕੈਨੇਡਾ ਤੋਂ ਵਾਪਸ ਮਾਲੇਰਕੋਟਲਾ ਆਈ ਤਾਂ ਉਸਨੇ ਸਾਡੀ ਲੜਕੀ ਤਹਿਰੀਮ ਪਠਾਨ ਨੂੰ ਵਿਦੇਸ਼ਾਂ ਦੀ ਚਕਾਚੌਂਦ ਦੇ ਸੁਪਨੇ ਦਿਖਾਉਂਦਿਆਂ ਕਿਹਾ ਕਿ ਮੈਂ ਤੈਨੂੰ 20 ਲੱਖ ਰੁਪਏ 'ਚ ਕੈਨੇਡਾ ਦੀ ਪੀ.ਆਰ. ਦਿਵਾ ਦੇਵਾਂਗੀ।ਜਦੋਂ ਇਸ ਬਾਰੇ ਸਾਡੀ ਲੜਕੀ ਨੇ ਸਾਨੂੰ ਦੱਸਿਆ ਤਾਂ ਅਸੀਂ ਆਪਣੀ ਲੜਕੀ ਨੂੰ ਕੈਨੇਡਾ ਭੇਜਣ ਤੋਂ ਸਾਫ ਮਨਾ ਕਰ ਦਿੱਤਾ।

ਸਾਈਮਾ ਪਤਨੀ ਵਸੀਮ ਨੇ ਅੱਗੇ ਦੱਸਿਆ ਕਿ ਸਾਡੇ ਵੱਲੋਂ ਮਨ੍ਹਾ ਕਰਨ ਤੋਂ ਬਾਅਦ ਆਲਿਜ਼ਬਾ ਨੇ ਮੇਰੀ ਲੜਕੀ ਨੂੰ ਕਿਹਾ ਕਿ ਤੂੰ ਕਿਸੇ ਤਰ੍ਹਾਂ 20 ਲੱਖ ਰੁਪਏ ਦਾ ਪ੍ਰਬੰਧ ਕਰਕੇ ਮੇਰੀ ਭੂਆ ਦੇ ਲੜਕੇ ਤਾਬਿਸ਼ ਪੁੱਤਰ ਮੁਹੰਮਦ ਖਾਲਿਦ ਵਾਸੀ ਨੇੜੇ ਹਾਜੀ ਬੇਕਰੀ ਸੁਨਾਮੀ ਗੇਟ ਮਾਲੇਰਕੋਟਲਾ ਨਾਲ ਨਿਕਾਹ ਕਰਾ ਲੈ, ਫਿਰ ਅਸੀਂ ਤੇਰਾ ਸਪਾਂਸਰਸ ਵੀਜ਼ਾ ਲਵਾ ਕੇ ਤੈਨੂੰ ਕੈਨੇਡਾ ਭੇਜ ਦੇਵਾਂਗੇ।

ਇਸ ਦੌਰਾਨ ਹੀ ਆਲਿਜ਼ਬਾ ਨੇ ਮੇਰੀ ਲੜਕੀ ਤਹਿਰੀਮ ਪਠਾਨ ਦੀ ਆਪਣੀ ਭੂਆ ਦੇ ਲੜਕੇ ਤਾਬਿਸ਼ ਨਾਲ ਫੋਨ 'ਤੇ ਗੱਲ ਕਰਵਾ ਦਿੱਤੀ।ਆਲਿਜ਼ਬਾ ਤੇ ਤਾਬਿਸ਼ ਵੱਲੋਂ ਦਿਖਾਏ ਗਏ ਗੱਲਾਂ ਦੇ ਸਬਜ਼ਬਾਗ 'ਚ ਆ ਕੇ ਬਹਿਕੀ ਸਾਡੀ ਲੜਕੀ ਤਹਿਰੀਮ ਪਠਾਨ ਇਨ੍ਹਾਂ ਦੇ ਕਥਿਤ ਝਾਂਸੇ 'ਚ ਫਸ ਗਈ।ਦਰਖਾਸਤੀ ਸਾਈਮਾਂ ਵਸੀਮ ਨੇ ਆਪਣੇ ਬਿਆਨਾਂ 'ਚ ਦੱਸਿਆ ਕਿ ਲੰਘੀ 10 ਫਰਵਰੀ ਨੂੰ ਮੇਰੇ ਪਤੀ ਵਸੀਮ ਦੇ ਦੁਕਾਨ 'ਤੇ ਜਾਣ ਤੋਂ ਬਾਅਦ ਮੈਂ ਆਪਣੀ ਛੋਟੀ ਬੇਟੀ ਨੂੰ ਨਾਲ ਲੈ ਕੇ ਰਿਸ਼ਤੇਦਾਰੀ 'ਚ ਚਲੀ ਗਈ।ਸ਼ਾਮ 6 ਵਜੇ ਦੇ ਕਰੀਬ ਜਦੋਂ ਮੈਂ ਘਰ ਵਾਪਸ ਆਈ ਤਾਂ ਮੇਰੀ ਵੱਡੀ ਲੜਕੀ ਤਹਿਰੀਮ ਪਠਾਨ ਘਰ 'ਚ ਮੌਜੂਦ ਨਹੀਂ ਸੀ ਤੇ ਘਰ ਦਾ ਸਮਾਨ ਖਿਲਰਿਆ ਪਿਆ ਸੀ।

ਪਹਿਲਾਂ ਮੈਂ ਆਪਣੀ ਲੜਕੀ ਦੀ ਭਾਲ ਕੀਤੀ, ਜਦੋਂ ਉਹ ਨਾ ਮਿਲੀ ਤਾਂ ਮੈਂ ਫੋਨ ਕਰਕੇ ਆਪਣੇ ਪਤੀ ਨੂੰ ਘਰ ਬੁਲਾਉਣ ਉਪਰੰਤ ਜਦੋਂ ਆਪਣੇ ਘਰ ਦੇ ਅੱਗੇ ਲੱਗੇ ਸੀ.ਸੀ.ਟੀ.ਵੀ. ਕੈਮਰੇ ਚੈੱਕ ਕੀਤੇ ਤਾਂ ਦੇਖਿਆ ਕਿ ਪਹਿਲਾਂ ਸਾਰਿਕ ਪੁੱਤਰ ਨਾਮਾਲੂਮ ਤੇ ਤਾਬਿਸ ਪੁੱਤਰ ਤਾਹਿਰ ਖਾਲੀ ਹੱਥ ਸਾਡੇ ਘਰ ਅੰਦਰ ਦਾਖਲ ਹੋਏ ਅਤੇ ਜਦੋਂ ਵਾਪਸ ਜਾਣ ਲੱਗੇ ਤਾਂ ਉਹ ਸਾਡੇ ਘਰੋਂ 2 ਬੈਗ ਭਰ ਕੇ ਲੈ ਜਾਂਦੇ ਦਿਖਾਈ ਦਿੱਤੇ।

ਕੁਝ ਸਮੇਂ ਬਾਅਦ ਲੜਕਾ ਸਾਰਿਕ ਦੁਬਾਰਾ ਸਾਡੇ ਘਰ ਆਇਆ ਤੇ ਮੇਰੀ ਲੜਕੀ ਤਹਿਰੀਮ ਪਠਾਨ ਨੂੰ ਆਪਣੇ ਨਾਲ ਮੋਟਰਸਾਈਕਲ 'ਤੇ ਬਿਠਾ ਕੇ ਲੈ ਗਿਆ।ਕੈਮਰਿਆਂ 'ਚ ਇਹ ਸਭ ਕੁਝ ਦੇਖਣ ਤੋਂ ਬਾਅਦ ਜਦੋਂ ਅਸੀਂ ਆਪਣੇ ਘਰ ਦਾ ਕੀਮਤੀ ਸਮਾਨ ਚੈੱਕ ਕੀਤਾ ਤਾਂ ਸਾਡੇ ਘਰ ਦੀ ਅਲਮਾਰੀ 'ਚੋਂ 11 ਲੱਖ ਰੁਪਏ ਦੀ ਨਕਦੀ ਸਮੇਤ 16 ਤੋਲੇ ਸੋਨੇ ਦੇ ਗਹਿਣੇ ਤੇ 25 ਤੋਲੇ ਚਾਂਦੀ ਗਾਇਬ ਪਾਏ ਗਏ।

ਸਾਇਮਾ ਵਸੀਮ ਨੇ ਅੱਗੇ ਕਿਹਾ ਕਿ ਆਪਣੀ ਬੇਇਜ਼ਤੀ ਤੋਂ ਡਰਦੇ ਅਸੀਂ ਪਹਿਲਾਂ ਆਪਣੀ ਲੜਕੀ ਦੀ ਭਾਲ ਕਰਦੇ ਰਹੇ, ਪਰ ਹੁਣ ਸਾਨੂੰ ਪੂਰਾ ਯਕੀਨ ਹੋ ਗਿਆ ਹੈ ਕਿ ਸਾਡੀ ਬੇਟੀ ਤਹਿਰੀਮ ਪਠਾਨ ਸਮੇਤ ਉਸਦੀ ਸਹੇਲੀ ਆਲਿਜ਼ਬਾ ਤੇ ਉਨ੍ਹਾਂ ਦੇ ਸਾਥੀ ਲੜਕੇ ਤਾਬਿਸ਼ ਅਤੇ ਸ਼ਾਰਿਕ ਉਕਤ ਚਾਰੇ ਹੀ ਸਾਡੇ ਘਰੋਂ ਉਪਰੋਕਤ ਨਕਦੀ ਤੇ ਸੋਨਾ-ਚਾਂਦੀ ਚੋਰੀ ਕਰਕੇ ਲੈ ਗਏ ਹਨ।ਥਾਣਾ ਸਿਟੀ-2 ਦੀ ਪੁਲਸ ਨੇ ਸਾਈਮਾਂ ਵਸੀਮ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਨ ਉਪਰੰਤ ਆਪਣੀ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕੇਂਦਰ ਵੱਲੋਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਦੀ ਯੋਜਨਾ ਤਹਿਤ ਬਜਟ 'ਚ ਕਟੌਤੀ ਜਾਰੀ : ਚੌਹਾਨ

## ਬੀ ਡੀ ਪੀ ਓ ਦਫਤਰ ਦਾ ਘਿਰਾਓ 21 ਨੂੰ



**ਮਾਨਸਾ (ਆਤਮਾ ਸਿੰਘ ਪਮਾਰ)**-ਲੰਮੇ ਸੰਘਰਸ਼ਾਂ ਤੋਂ ਬਾਅਦ ਬੇਰੁਜ਼ਗਾਰ ਕਿਰਤੀਆਂ ਲਈ ਬਣੇ ਮਨਰੇਗਾ ਕਾਨੂੰਨ ਨੂੰ ਕੇਂਦਰ ਦੀ ਮੋਦੀ ਸਰਕਾਰ ਖਤਮ ਕਰਨ ਦੀ ਯੋਜਨਾ ਤਹਿਤ ਬਜਟ ਵਿੱਚ ਹਰ ਸਾਲ ਕਟੌਤੀ ਕਰ ਰਹੀ ਹੈ ਅਤੇ ਕਾਰਪੋਰੇਟ ਘਰਾਣਿਆਂ ਤੇ ਆਪਣੇ ਦਰਬਾਰੀਆਂ ਲਈ ਖ਼ਜ਼ਾਨੇ ਦੇ ਮਨੂੰਹ ਖੋਲ੍ਹੇ ਗਏ ਹਨ।ਇਸ ਬਜਟ ਮੁਤਾਬਕ ਜੌਬ ਕਾਰਡ ਲਾਭਪਾਤਰੀਆਂ ਨੂੰ 100 ਦਿਨ ਦਾ ਕੰਮ ਮਨਰੇਗਾ ਸਕੀਮ ਤਹਿਤ ਨਹੀਂ ਦਿੱਤਾ ਜਾ ਸਕਦਾ, ਜਿਸ ਕਾਰਨ ਮਨਰੇਗਾ ਕਾਨੂੰਨ ਦੀ ਸਥਿਤੀ ਡਾਵਾਂਡੋਲ ਹੋ ਰਹੀ ਹੈ। ਜਿਸ ਦੇ ਬਚਾਅ ਲਈ ਕਿਰਤੀਆਂ ਦੀ ਏਕਤਾ ਅਤੇ ਸੰਘਰਸ਼ ਸਮੇਂ ਦੀ ਮੁੱਖ ਲੋੜ ਬਣ ਗਈ ਹੈ ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਨੇ ਨੇੜਲੇ ਪਿੰਡ ਮਾਨਸਾ ਖੁਰਦ,ਕੋਟ ਲੱਲੂ ਅਤੇ ਖਿੱਲਣ ਵਿਖੇ ਮਨਰੇਗਾ ਮਜ਼ਦੂਰਾਂ ਦੀਆਂ ਮੀਟਿੰਗਾਂ ਮੌਕੇ ਸੰਬੋਧਨ ਕਰਦਿਆਂ ਕੀਤਾ। ਮਜ਼ਦੂਰ ਆਗੂ ਨੇ ਕਿਹਾ ਕਿ ਕਰੋੜਾਂ ਕਿਰਤੀਆਂ ਨੂੰ ਮਨਰੇਗਾ ਕਾਨੂੰਨ ਤਹਿਤ ਮਿਲ ਰਹੇ ਰੁਜ਼ਗਾਰ ਕਰਕੇ ਉਹਨਾਂ ਦੇ ਚੁੱਲ੍ਹੇ ਚੱਲ ਰਹੇ ਹਨ ਪ੍ਰੰਤੂ ਸਰਕਾਰ ਦੀ ਦਲਿਤਾਂ ਮਜ਼ਦੂਰਾਂ ਪ੍ਰਤੀ ਨਫ਼ਰਤ ਘੱਟ ਰਹੇ ਬਜਟ ਤੋਂ ਸਾਫ਼ ਝਲਕ ਰਹੀ ਹੈ।ਉਹਨਾਂ 200 ਦਿਨ ਕੰਮ ਤੇ 700 ਪ੍ਰਤੀ ਦਿਨ ਦਿਹਾੜੀ, ਪ੍ਰੋਗਰੈਸ ਸਿਸਟਮ ਤਹਿਤ ਘੱਟ ਦਿਹਾੜੀ ਬੰਦ ਕਰਨ ਅਤੇ ਭ੍ਰਿਸ਼ਟ ਅਫਸਰਸ਼ਾਹੀ ਖਿਲਾਫ ਤੇ ਕਾਨੂੰਨ ਪਾਰਦਰਸ਼ੀ ਢੰਗ ਨਾਲ ਲਾਗੂ ਕਰਵਾਉਣ ਲਈ ਸੰਘਰਸ਼ ਤੇਜ਼ ਕਰਨ ਦੀ ਅਪੀਲ ਕੀਤੀ।ਜਥੇਬੰਦੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਪੂਰ ਸਿੰਘ ਕੋਟ ਲੱਲੂ,ਸਬ ਡਵੀਜ਼ਨ ਮਾਨਸਾ ਦੇ ਪ੍ਰਧਾਨ ਸੁਖਦੇਵ ਸਿੰਘ ਪੰਧੇਰ ਨੇ ਕਿਹਾ ਕਿ ਮਨਰੇਗਾ ਕਾਨੂੰਨ ਸਮੇਤ ਮਜ਼ਦੂਰ ਮੰਗਾਂ ਸਬੰਧੀ 21 ਫਰਵਰੀ ਨੂੰ ਮਾਨਸਾ ਬੀ ਡੀ ਪੀ ਓ ਦਫਤਰ ਵਿਖੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਘਿਰਾਓ ਵੀ ਕੀਤਾ ਜਾਵੇਗਾ।ਮੀਟਿੰਗ ਮੌਕੇ ਹੋਰਨਾਂ ਤੋਂ ਇਲਾਵਾ ਰਾਜਵਿੰਦਰ ਸਿੰਘ ਰਾਜੂ ਕੋਟ ਲੱਲੂ, ਮਿੱਠੂ ਬਾਬਾ ਖਿੱਲਣ,ਹਰਨੇਕ ਸਿੰਘ ਪੰਧੇਰ, ਹਰਨੇਕ ਸਿੰਘ ਢਿੱਲੋਂ, ਜਗਤਾਰ ਸਿੰਘ, ਦਰਸ਼ਨ ਸਿੰਘ ਮੈਂਬਰ, ਸ਼ਿੰਦਰ ਸਿੰਘ, ਅਵਤਾਰ ਸਿੰਘ ਆਦਿ ਵੀ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਸੰਧਵਾਂ ਦੇ ਮਾਤਾ ਨੂੰ ਦਿੱਤਾ

**ਕੋਟਕਪੂਰਾ (ਰਛਪਾਲ ਭੁੱਲਰ)**



ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਅੱਜ ਪਿੰਡ ਸੰਧਵਾਂ ਵਿਖੇ ਮੁੱਖ ਮੰਤਰੀ ਪੰਜਾਬ ਦੇ ਨਾਂ ਇੱਕ ਮੰਗ ਪੱਤਰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਜੀ ਦੇ ਸਤਿਕਾਰਯੋਗ ਮਾਤਾ ਜੀ ਨੂੰ ਦਿੱਤਾ ਗਿਆ।ਇਸ ਤੋਂ ਪਹਿਲਾਂ ਘਰ ਸਾਹਮਣੇ ਇਕੱਠੇ ਹੋਏ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਵੱਖ ਵੱਖ ਜਥੇਬੰਦੀਆਂ ਦੇ ਆਗੂ ਅਸ਼ੋਕ ਕੌਸ਼ਲ, ਗਗਨ ਪਾਹਵਾ, ਜਤਿੰਦਰ ਕੁਮਾਰ, ਕੁਲਵੰਤ ਸਿੰਘ ਚਾਨੀ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਵੀਰਇੰਦਰਜੀਤ ਸਿੰਘ ਪੁਰੀ ਸੂਬਾ ਪ੍ਰਧਾਨ ਪੰਜਾਬ ਮੰਡੀ ਬੋਰਡ, ਹਰਵਿੰਦਰ ਸ਼ਰਮਾ ਸੂਬਾ ਪ੍ਰਧਾਨ ਪਾਵਰ ਕਾਮ ਆਊਟਸੋਰਸ ਮੁਲਾਜ਼ਮ ਯੂਨੀਅਨ, ਬਲਵੀਰ ਸਿੰਘ ਸਿਵੀਆ, ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ,ਤਰਸੇਮ ਨਰੂਲਾ, ਇੰਦਰਜੀਤ ਸਿੰਘ ਗਿੱਲ, ਅਧਿਆਪਕ ਆਗੂ ਪ੍ਰਦੀਪ ਸਿੰਘ ਅਤੇ ਆਗੂ ਸਰਬਜੀਤ ਕੌਰ ਮਚਾਕੀਆਦਿ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਮੂਹ ਕੱਚੇ ਠੇਕਾ ਆਧਾਰਤ ਅਤੇ ਸਕੀਮ ਵਰਕਰਾਂ ਨੂੰ ਪੂਰੇ ਤਨਖਾਹ ਸਕੇਲਾਂ ਤੇ ਭੱਤਿਆਂ ਸਮੇਤ ਰੈਗੂਲੇਟ ਕੀਤਾ ਜਾਵੇ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਸਾਢੇ ਪੰਜ ਸਾਲਾਂ ਦਾ ਤਨਖਾਹਾਂ ਅਤੇ ਪੈਨਸ਼ਨਾਂ ਦਾ ਬਣਦਾ ਬਕਾਇਆ ਅਤੇ ਸੋਧੀ ਹੋਈ ਲੀਵਇਨ ਕੈਸ਼ਮੈਂਟ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਬਕਾਇਆ ਪਈਆਂ 11 ਫੀਸਦੀ ਤਿੰਨ ਕਿਸ਼ਤਾਂ ਅਤੇ ਪਿਛਲੀਆਂ ਕਿਸ਼ਤਾਂ ਦਾ ਰਹਿੰਦਾ ਸਾਰਾ ਬਕਾਇਆ ਤੁਰੰਤ ਦਿੱਤਾ ਜਾਵੇ , ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਤੁਰੰਤ ਬਹਾਲ ਕੀਤੀ ਜਾਵੇ , ਮਾਣਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਸਾਰੇ ਫੈਸਲੇ ਤੁਰੰਤ ਲਾਗੂ ਕੀਤੇ ਜਾਣ ਅਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਮੰਗ ਪੱਤਰ ਵਿੱਚ ਦਰਜ ਸਮੂਹ ਮੰਗਾਂ ਦਾ ਪੰਜਾਬ ਸਰਕਾਰ ਵੱਲੋਂ ਤੁਰੰਤ ਨਿਪਟਾਰਾ ਕੀਤਾ ਜਾਵੇ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਮੁਲਾਜ਼ਮਾ ਤੇ ਪੈਨਸ਼ਨਾਂ ਦਾ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਸਾਲ 2028, ਤੱਕ ਲਮਕਾਉਣ ਨੂੰ ਗੈਰ ਵਾਜਬ ਅਤੇ ਤਰਕਹੀਣ ਦੱਸਿਆ ਗਿਆ।ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਸਾਰੀਆਂ ਹੱਕੀ ਅਤੇ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਉਪਦੇਸ ਸਿੰਘ, ਸਤੀਸ਼ ਛਾਬੜਾ, ਜੈਦੀਪ ਸਿੰਘ, ਭਾਰਤ ਭੂਸ਼ਨ, ਰਾਜ ਕੁਮਾਰ ਚੁੱਘ, ਨਿਰਮਲ ਸਿੰਘ,ਮਦਨ ਲਾਲ ਸ਼ਰਮਾ ਸੰਧਵਾਂ, ਹਰਦੀਪ ਸਿੰਘ ਫਿੱਡੂ ਭਲਵਾਨ, ਗਗਨ ਅਰੋੜਾ , ਪਰਮਜੀਤ ਸਿੰਘ ਪੰਮਾ,ਰਮੇਸ਼ ਢੈਪਈ, ਠਾਕਰ ਸਿੰਘ, ਅਜੀਤ ਸਿੰਘ ਖਾਲਸਾ, ਮਨਪ੍ਰੀਤ ਸਿੰਘ, ਕਰਮਜੀਤ ਸਿੰਘ, ਨੀਲਾ ਸਿੰਘ, ਕ੍ਰਿਸ਼ਨ ਕੁਮਾਰ, ਮੇਲਾ ਸਿੰਘ ਸਾਦਿਕ , ਬਲਦੇਵ ਸਿੰਘ ਸਦਿੰਕ ਤੇ ਰੂਪ ਸਿੰਘ ਸਿਵੀਆ ਆਦਿ ਸ਼ਾਮਲ ਸਨ।

# ਜਨਤਕ ਥਾਵਾਂ 'ਤੇ ਹਥਿਆਰ ਲਿਜਾਣ 'ਤੇ ਪਾਬੰਦੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਜਨਤਕ ਥਾਵਾਂ 'ਤੇ ਅਗਨ ਸ਼ਸ਼ਤਰ, ਅਸਲਾ, ਵਿਸਫੋਟਕ, ਜਲਣਸ਼ੀਲ ਚੀਜ਼ਾਂ ਆਦਿ ਅਤੇ ਤੇਜ਼ ਹਥਿਆਰ ਜਿਵੇਂ ਕਿ ਟਕੂਏ, ਬਰਛੇ ਆਦਿ ਨੂੰ ਚੁਕਣ 'ਤੇ ਪਾਬੰਦੀ ਲਗਾਈ ਹੈ।

ਇਹ ਹੁਕਮ ਆਰਮੀ ਪ੍ਰਸੋਨਲ, ਪੈਰਾ ਮਿਲਟਰੀ ਫੋਰਸਿਜ਼, ਬਾਵਰਦੀ ਪੁਲਿਸ ਕਰਮਚਾਰੀਆਂ ਅਤੇ ਜਿਨ੍ਹਾਂ ਨੂੰ ਧਾਰਮਿਕ ਤੌਰ 'ਤੇ ਜਾਂ ਕਾਨੂੰਨੀ ਤੌਰ 'ਤੇ ਰੀਤੀ ਰਿਵਾਜਾਂ ਤਹਿਤ ਹਥਿਆਰ ਚੁੱਕਣ ਦੇ ਅਧਿਕਾਰ ਹਨ। ਅਸਲਾ ਲਾਇਸੈਂਸ ਦੀ ਰੀਨਿਊਲ ਆਦਿ ਵਰਗੇ ਦਫ਼ਤਰੀ ਕੰਮਾਂ ਲਈ ਆਉਣ ਵਾਲਿਆਂ 'ਤੇ ਇਹ ਲਾਗੂ ਨਹੀਂ ਹੋਣਗੇ।ਇਸ ਤੋਂ ਇਲਾਵਾ ਜਿਨ੍ਹਾਂ ਨੂੰ ਭਾਰਤ/ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਸੁਰੱਖਿਆ ਕਵਚ ਪ੍ਰਦਾਨ ਕੀਤਾ ਹੋਇਆ ਹੈ,ਉਨ੍ਹਾਂ 'ਤੇ ਵੀ ਇਹ ਹੁਕਮ ਲਾਗੂ ਨਹੀਂ ਹੋਵੇਗਾ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਅਮਨ ਤੇ ਕਾਨੂੰਨ ਨੂੰ ਕਾਇਮ ਰੱਖਣ ਅਤੇ ਲੋਕ ਹਿਤ ਵਿਚ ਸ਼ਾਂਤੀ ਬਰਕਰਾਰ ਰੱਖਣ ਲਈ ਇਹ ਜ਼ਰੂਰੀ ਹੋ ਜਾਂਦਾ ਹੈ। ਜਾਰੀ ਕੀਤੇ ਇਹ ਮਨਾਹੀਂ ਦੇ ਹੁਕਮ 13 ਅਪ੍ਰੈਲ, 2025 ਤੱਕ ਲਾਗੂ ਰਹਿਣਗੇ।

# ਮੁੱਖ ਮੰਤਰੀ ਦੇ ਨਾਂਅ ਵਿਧਾਇਕ ਨੂੰ ਸੌਂਪਿਆ ਮੰਗ ਪੱਤਰ

**ਕੋਟਕਪੂਰਾ (ਰਛਪਾਲ ਭੁੱਲਰ)**



ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਫਰੀਦਕੋਟ ਜ਼ਿਲ੍ਹੇ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਹਲਕੇ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਂਅ ਇੱਕ ਮੰਗ ਪੱਤਰ ਦਿੱਤਾ ਗਿਆ।

ਇਸ ਐਕਸ਼ਨ ਦੀ ਅਗਵਾਈ ਵੱਖ-ਵੱਖ ਜਥੇਬੰਦੀਆਂ ਦੇ ਆਗੂ ਜਤਿੰਦਰ ਕੁਮਾਰ, ਕੁਲਵੰਤ ਸਿੰਘ ਚਾਨੀ, ਇੰਦਰਜੀਤ ਸਿੰਘ ਖੀਵਾ, ਗਗਨ ਪਾਹਵਾ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਵੀਰ ਇੰਦਰਜੀਤ ਸਿੰਘ ਪੁਰੀ, ਅਸ਼ੋਕ ਕੌਸ਼ਲ, ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ, ਇੰਦਰਜੀਤ ਸਿੰਘ ਗਿੱਲ, ਹਰਪਾਲ ਮਚਾਕੀ, ਬਿਸ਼ਨ ਦਾਸ ਅਰੋੜਾ, ਸ਼ਿਵਨਾਥ ਦਰਦੀ, ਸੁਖਵਿੰਦਰ ਸਿੰਘ, ਸੁਖਦਰਸ਼ਨ ਸਿੰਘ, ਤਰਸੇਮ ਨਰੂਲਾ, ਜਗਤਾਰ ਸਿੰਘ ਗਿੱਲ ਤੇ ਪ੍ਰਿੰਸੀਪਲ ਜੋਗਿੰਦਰ ਸਿੰਘ ਆਦਿ ਆਗੂਆਂ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।ਮੰਗ ਪੱਤਰ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਸਮੂਹ ਕੱਚੇ ਠੇਕਾ ਆਧਾਰਤ ਤੇ ਸਕੀਮ ਵਰਕਰਾਂ ਨੂੰ ਪੂਰੇ ਤਨਖਾਹ ਸਕੇਲਾਂ ਤੇ ਭੱਤਿਆਂ ਸਮੇਤ ਰੈਗੂਲੇਟ ਕੀਤਾ ਜਾਵੇ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਾਢੇ ਪੰਜ ਸਾਲਾਂ ਦਾ ਤਨਖਾਹਾਂ ਅਤੇ ਪੈਨਸ਼ਨਾਂ ਦਾ ਬਣਦਾ ਬਕਾਇਆ ਅਤੇ ਸੋਧੀ ਹੋਈ ਲੀਵਇਨ ਕੈਸ਼ਮੈਂਟ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਬਕਾਇਆ ਪਈਆਂ 11 ਫ਼ੀਸਦੀ ਤਿੰਨ ਕਿਸ਼ਤਾਂ ਤੇ ਪਿਛਲੀਆਂ ਕਿਸ਼ਤਾਂ ਦਾ ਰਹਿੰਦਾ ਸਾਰਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਤੁਰੰਤ ਬਹਾਲ ਕੀਤੀ ਜਾਵੇ, ਮਾਣਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਸਾਰੇ ਫੈਸਲੇ ਤੁਰੰਤ ਲਾਗੂ ਕੀਤੇ ਜਾਣ ਅਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਮੰਗ ਪੱਤਰ ਵਿੱਚ ਦਰਜ ਸਮੂਹ ਮੰਗਾਂ ਦਾ ਪੰਜਾਬ ਸਰਕਾਰ ਵੱਲੋਂ ਤੁਰੰਤ ਨਿਪਟਾਰਾ ਕੀਤਾ ਜਾਵੇ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਮੁਲਾਜ਼ਮਾ ਤੇ ਪੈਨਸ਼ਨਾਂ ਦਾ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਸਾਲ 2028 ਤੱਕ ਲਮਕਾਉਣ ਨੂੰ ਗੈਰ ਵਾਜਬ ਤੇ ਤਰਕਹੀਣ ਦੱਸਿਆ ਗਿਆ।ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਸਾਰੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਆਗੂਆਂ ਵੱਲੋਂ ਐਲਾਨ ਕੀਤਾ ਗਿਆ ਕਿ ਪੰਜਾਬ ਦੇ ਬਜਟ ਸ਼ੈਸ਼ਨ ਦੌਰਾਨ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਬਜਟ ਸੈਸ਼ਨ ਦੇ ਸਮਾਨ ਅੰਤਰ ਸੈਸ਼ਨ ਚਲਾਇਆ ਜਾਵੇਗਾ ਤੇ ਭਗਵੰਤ ਮਾਨ ਸਰਕਾਰ ਦਾ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰਾ ਲੋਕਾਂ ਦੀ ਕਚਹਿਰੀ ਵਿੱਚ ਨੰਗਾ ਕੀਤਾ ਜਾਵੇਗਾ।

# ਵੱਖ-ਵੱਖ ਸੜਕ ਹਾਦਸਿਆਂ 'ਚ 19 ਸਾਲਾ ਨੌਜਵਾਨ ਸਣੇ ਦੋ ਦੀ ਮੌਤ, ਦੋ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਅਤੇ ਮੰਡੀ ਗੋਬਿੰਦਗੜ੍ਹ ਵਿਖੇ ਵਾਪਰੇ ਦੋ ਵੱਖ ਵੱਖ ਸੜਕ ਹਾਦਸਿਆਂ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਜਾਣ ਅਤੇ ਦੋ ਦੇ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਕੱਲ੍ਹ ਸਵੇਰ ਤਰੋਲਚਨ ਸਿੰਘ (30) ਵਾਸੀ ਪਿੰਡ ਪਤਾਰਸੀ ਕਲਾਂ ਆਪਣੇ ਚਾਚੇ ਦੇ ਲੜਕੇ ਜਸਵਿੰਦਰ ਸਿੰਘ (34) ਸਮੇਤ ਮੋਟਰਸਾਈਕਲ 'ਤੇ ਸਵਾਰ ਹੋ ਕੇ ਖੰਨਾ ਤੋਂ ਆਪਣੇ ਘਰ ਨੂੰ ਆ ਰਹੇ ਸਨ ਤਾਂ ਮੇਨ ਜੀ.ਟੀ. ਰੋਡ 'ਤੇ ਮੰਡੀ ਗੋਬਿੰਦਗੜ੍ਹ ਦੀ ਪੁਲਸ ਚੈਕ ਪੋਸਟ ਨਜ਼ਦੀਕ ਪਹੁੰਚਣ 'ਤੇ ਸਰਵਿਸ ਰੋਡ ਵੱਲੋਂ ਤੇਜ਼ ਰਫ਼ਤਾਰ ਨਾਲ ਆਏ ਟਰੱਕ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਤੇ ਮੋਟਰਸਾਈਕਲ ਪਿੱਛੇ ਬੈਠਾ ਜਸਵਿੰਦਰ ਸਿੰਘ ਸੜਕ 'ਤੇ ਜਾ ਡਿੱਗਾ।ਟਰੱਕ ਦਾ ਟਾਇਰ ਉਸ ਦੇ ਸਿਰ ਉਪਰੋਂ ਲੰਘ ਜਾਣ ਕਾਰਨ ਜਸਵਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।ਟਰੱਕ ਚਾਲਕ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ। ਇੱਕ ਵੱਖਰੇ ਮਾਮਲੇ ਵਿੱਚ ਸਾਹਿਲ (19) ਅਤੇ ਸਮਸੀਰ ਮੁਹੰਮਦ (21) ਵਾਸੀਆਨ ਨਿਊ ਕੁੰਦਨਪੁਰੀ ਲੁਧਿਆਣਾ ਜੋ ਕਿ ਆਪਸ ਵਿੱਚ ਦੋਸਤ ਸਨ, ਲੁਧਿਆਣਾ ਤੋਂ ਐਕਟਿਵਾ ਸਕੂਟਰੀ 'ਤੇ ਸਵਾਰ ਹੋ ਕੇ ਰੋਜ਼ਾ ਸ਼ਰੀਫ ਸਰਹਿੰਦ ਵਿਖੇ ਤੜਕੇ 2 ਵਜੇ ਨਮਾਜ਼ ਪੜ੍ਹਨ ਲਈ ਆਏ ਸਨ। ਜਿੱਥੋਂ ਵਾਪਸ ਲੁਧਿਆਣਾ ਨੂੰ ਜਾਂਦੇ ਸਮੇਂ ਸਵੇਰੇ ਕਰੀਬ 7 ਵਜੇ ਉਹ ਜਦੋਂ ਆਮ ਖਾਸ ਬਾਗ ਸਰਹਿੰਦ ਨੇੜਲੇ ਆਈ ਡੀ ਐਫ ਸੀ ਬੈਂਕ ਕੋਲ ਪਹੁੰਚੇ ਤਾਂ ਸੜਕ 'ਤੇ ਇੱਕ ਟਰੱਕ ਬਿਨਾਂ ਲਾਈਟਾਂ ਤੋਂ ਖੜ੍ਹਾ ਸੀ ਜਿਸ ਦੇ ਪਿੱਛੇ ਸੜਕ 'ਤੇ ਡੁੱਲ੍ਹੇ ਤੇਲ 'ਤੇ ਉਨ੍ਹਾਂ ਦੀ ਐਕਟਿਵਾ ਦਾ ਸੰਤੁਲਨ ਵਿਗੜ ਗਿਆ ਤੇ ਉਹ ਸਕੂਟਰ ਸਮੇਤ ਟਰੱਕ ਪਿੱਛੇ ਜਾ ਟਕਰਾਏ।ਇਸ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਸਾਹਿਲ ਅਤੇ ਸਮਸੀਰ ਮੁਹੰਮਦ ਨੂੰ ਇਲਾਜ ਲਈ ਪਹਿਲਾਂ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਤੇ ਫਿਰ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਲਿਜਾਇਆ ਗਿਆ ਜਿੱਥੇ ਸਾਹਿਲ ਦੀ ਮੌਤ ਹੋ ਗਈ ਜਦੋਂ ਕਿ ਸਮਸੀਰ ਮੁਹੰਮਦ ਹਸਪਤਾਲ ਵਿੱਚ ਜ਼ਿੰਦਗੀ ਮੌਤ ਦੀ ਲੜਾਈ ਲੜ ਰਿਹਾ ਹੈ। ਟਰੱਕ ਦੇ ਨਾਮਾਲੂਮ ਚਾਲਕ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।



# ਅਰਸ਼ ਡੱਲਾ ਗੈਂਗ ਨਾਲ ਸੰਬੰਧਤ ਮੁਲਜ਼ਮ ਦੀ ਪੁੱਛ-ਪੜਤਾਲ ਦੇ ਆਧਾਰ 'ਤੇ ਨਜਾਇਜ਼ ਹਥਿਆਰ ਬਰਾਮਦ : ਡਾ. ਰਵਜੋਤ ਗਰੇਵਾਲ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਡਾ. ਰਵਜੋਤ ਗਰੇਵਾਲ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਸ ਨੇ ਦੱਸਿਆ ਕਿ ਸੀ.ਆਈ.ਆਈ. ਸਰਹਿੰਦ ਦੀ ਪੁਲਸ ਟੀਮ ਨੇ ਮੁਕੱਦਮਾ ਨੰਬਰ 12 ਮਿਤੀ 11.02.25 ਅ/ਧ 25 ਅਸਲਾ ਐਕਟ ਥਾਣਾ ਸਰਹਿੰਦ ਤਹਿਤ ਪਹਿਲਾਂ ਅਰਸ਼ ਡੱਲਾ ਗੈਂਗ ਨਾਲ ਸਬੰਧਤ ਗ੍ਰਿਫਤਾਰ ਕੀਤੇ ਮੁਲਜ਼ਮਾਂ ਦੀ ਪੁੱਛ ਪੜਤਾਲ ਦੇ ਆਧਾਰ 'ਤੇ 04 ਹੋਰ ਨਾਜਾਇਜ਼ ਹਥਿਆਰ ਬਰਾਮਦ ਕੀਤੇ ਹਨ, ਜਿਸ ਨਾਲ ਇਸ ਮਾਮਲੇ ਵਿੱਚ ਮੁਲਜ਼ਮਾਂ ਪਾਸੋਂ ਕੁੱਲ 09 ਕੰਟਰੀ ਮੇਡ ਪਿਸਟਲ 32 ਬੋਰ ਸਮੇਤ 05 ਰੌਂਦ ਬਰਾਮਦ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ। ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ 11 ਫਰਵਰੀ ਨੂੰ ਸੀ.ਆਈ.ਏ. ਦੀ ਟੀਮ ਨੇ ਸਾਹਿਲ ਅਤੇ ਗੁਰਕੀਰਤ ਸਿੰਘ ਵਾਸੀਆਨ ਅੰਮ੍ਰਿਤਸਰ ਨੂੰ ਸਰਹਿੰਦ ਵਿੱਚੋਂ ਕਾਬੂ ਕਰਕੇ ਉਨ੍ਹਾਂ ਪਾਸੋਂ 05 ਕੰਟਰੀ ਮੇਡ ਪਿਸਟਲ .32 ਬੋਰ ਸਮੇਤ 05 ਰੌਂਦ ਬਰਾਮਦ ਕੀਤੇ ਸਨ। ਇਹ ਮੁਲਜ਼ਮ ਪਟਿਆਲਾ ਜੇਲ੍ਹ ਵਿੱਚ ਬੰਦ ਮੁਲਜ਼ਮ ਤੇਜਬੀਰ ਸਿੰਘ ਉਰਫ ਸਾਬੂ ਵਾਸੀ ਅੰਮ੍ਰਿਤਸਰ ਦੇ ਲਿੰਕ ਵਿੱਚ ਸਨ, ਜੋ ਕਤਲ ਤੇ ਨਜਾਇਜ਼ ਅਸਲਿਆਂ ਦੇ ਮੁਕੱਦਮਿਆਂ ਵਿੱਚ ਜੇਲ੍ਹ 'ਚ ਬੰਦ ਸੀ। ਤੇਜਬੀਰ ਸਿੰਘ ਉਰਫ ਸਾਬੂ ਗੈਂਗਸਟਰ ਅਰਸ ਡੱਲੇ ਦਾ ਐਸੋਸੀਏਟ ਹੈ, ਜਿਸ ਨੇ ਅੰਮ੍ਰਿਤਸਰ ਵਿੱਚ ਇੱਕ ਕਤਲ ਦੀ ਵਾਰਦਾਤ ਅਤੇ ਹੋਰ ਵੱਡੀਆਂ ਵਾਰਦਾਤਾਂ ਤੇ ਫਿਰੌਤੀਆਂ ਨੂੰ ਅੰਜਾਮ ਦੇਣ ਲਈ ਇਨ੍ਹਾਂ ਮੁਲਜ਼ਮਾਂ ਨੂੰ ਇਹ ਅਸਲੇ ਮੁਹੱਈਆ ਕਰਾਏ ਸਨ। ਤਫ਼ਤੀਸ਼ ਦੌਰਾਨ 12.02.2025 ਨੂੰ ਪਟਿਆਲਾ ਜੇਲ੍ਹ ਵਿੱਚ ਬੰਦ ਮੁਲਜ਼ਮ ਤੇਜਬੀਰ ਸਿੰਘ ਨੂੰ ਜੇਲ੍ਹ ਵਿਚੋਂ ਲਿਆ ਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਗਈ, ਜਿਸ ਨੇ ਦੱਸਿਆ ਕਿ ਉਸ ਨੇ 05 ਪਿਸਟਲ ਸਮੇਤ ਰੌਂਦ ਵਿਸ਼ਨੂੰ ਵਾਸੀ ਮੱਧ ਪ੍ਰਦੇਸ਼ ਤੋਂ ਮੰਗਵਾਏ ਸਨ। ਮੁਲਜ਼ਮ ਤੇਜਬੀਰ ਸਿੰਘ ਨੇ ਪੁਲਿਸ ਰਿਮਾਂਡ ਦੌਰਾਨ ਇਹ ਗੱਲ ਵੀ ਕਬੂਲੀ ਕਿ ਇਸ ਤੋਂ ਇਲਾਵਾ ਉਸ ਨੇ 04 ਪਿਸਟਲ ਹੋਰ ਮੱਧ ਪ੍ਰਦੇਸ਼ ਤੋਂ ਮੰਗਵਾਏ ਸਨ, ਜੋ ਉਸ ਨੇ ਦਾਣਾ ਮੰਡੀ ਸਰਹਿੰਦ ਵਿੱਚ ਹੀ ਦਬਾ ਕੇ ਰਖਵਾਏ ਹੋਏ ਹਨ। ਇਨ੍ਹਾਂ ਪਿਸਤੌਲਾਂ ਦੀ ਵਰਤੋਂ ਉਸ ਨੇ ਆਪਣੇ ਹੋਰ ਬੰਦਿਆਂ ਨੂੰ ਸ਼ਾਮਲ ਕਰਕੇ ਫਿਰੌਤੀਆਂ ਤੇ ਟਾਰਗੇਟ ਦੇ ਹੋਰ ਗੈਰ ਕਾਨੂੰਨੀ ਕੰਮਾਂ ਲਈ ਕਰਨੀ ਸੀ।

# ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਯਾਦ 'ਚ ਵਿਸ਼ਾਲ ਸਮਾਗਮ

## ਭਾਈ ਪਰਮਜੀਤ ਸਿੰਘ ਖ਼ਾਲਸਾ ਦਾ ਵਿਸ਼ੇਸ਼ ਸਨਮਾਨ



**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**

ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਯਾਦਗਾਰ ਵਜੋਂ ਸਥਾਪਤ ਜੱਸਾ ਸਿੰਘ ਆਹਲੂਵਾਲੀਆ ਗੁਰਮਤਿ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਛਾਪਾ ਵਿਖੇ ਵੱਡੇ ਘੱਲੂਘਾਰੇ ਦੇ 35000 ਮਹਾਨ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਤ ਵਿਸ਼ਾਲ ਧਾਰਮਿਕ ਸਮਾਗਮ ਵਿਦਿਆਲਾ ਇੰਚਾਰਜ ਭਾਈ ਗੁਰਜੰਟ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਜੋਸ਼-ਖਰੋਸ਼ ਨਾਲ ਕਰਾਇਆ ਗਿਆ।

ਸੁਖਮਨੀ ਸਾਹਿਬ ਪਾਠ ਦੇ ਭੋਗ ਉਪਰੰਤ ਵਿਦਿਆਰਥੀਆਂ ਦੇ ਰਾਗੀ ਜੱਥੇ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅੰਤ੍ਰਿਗ ਕਮੇਟੀ ਮੈਂਬਰ ਭਾਈ ਪਰਮਜੀਤ ਸਿੰਘ ਖ਼ਾਲਸਾ ਨੇ ਇਸ ਉੱਦਮ ਲਈ ਪ੍ਰਬੰਧਕਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ ਨੇ ਵਿਸ਼ੇਸ਼ ਉੱਦਮ ਕਰਕੇ ਸ਼੍ਰੋਮਣੀ ਕਮੇਟੀ ਰਾਹੀ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਵਾਏ ਜੱਸਾ ਸਿੰਘ ਆਹਲੂਵਾਲੀਆ ਗੁਰਮਿਤ ਸੰਗੀਤ ਵਿਦਿਆਲਾ ਤੋਂ ਗੁਰਮਤਿ ਦੀ ਸਿੱਖਿਆ ਪ੍ਰਾਪਤ ਕਰਕੇ ਸੈਕੜੇ ਨੌਜਵਾਨ ਦੇਸ਼ ਵਿਦੇਸ਼ ਵਿੱਚ ਗੁਰਮਤਿ ਦੇ ਪ੍ਰਚਾਰ, ਪ੍ਰਸਾਰ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ, ਕੁੱਝ ਉੱਚ ਅਹੁਦਿਆਂ 'ਤੇ ਬਿਰਾਜਮਾਨ ਹੋ ਕੇ ਨਾਂਅ ਰੌਸ਼ਨ ਕਰ ਰਹੇ ਹਨ।ਵਿੱਦਿਆ ਦਾ ਚਾਨਣ ਵੰਡ ਰਹੀ ਇਸ ਸੰਸਥਾ ਦੀ ਸਫਲਤਾ ਲਈ ਸੰਤ ਜਸਵੀਰ ਸਿੰਘ ਖ਼ਾਲਸਾ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਇਸ ਸੰਸਥਾ ਦੀ ਚੜ੍ਹਦੀ ਕਲਾ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੰਦਿਆ ਐਲਾਨ ਕੀਤਾ ਕਿ ਇਥੇ ਸਿੱਖਿਆ ਪ੍ਰਾਪਤ ਗੁਰਸਿੱਖ ਨੌਜਵਾਨਾਂ ਨੂੰ ਸ਼੍ਰੋਮਣੀ ਕਮੇਟੀ ਵਲੋਂ ਪਹਿਲ ਦੇ ਆਧਾਰ 'ਤੇ ਰੁਜ਼ਗਾਰ ਦੇਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ ।ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਨੂੰ ਵਿਦੇਸ਼ਾਂ ਵੱਲ ਜਾਣ ਦੇ ਰੁਝਾਨ ਨੂੰ ਰੋਕਣ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਨੌਜਵਾਨਾਂ ਨੂੰ ਉਚ ਸਿੱਖਿਆ ਹਾਸਲ ਕਰਾਉਣ ਲਈ ਚੰਡੀਗੜ੍ਹ ਵਿਖੇ ਅਕੈਡਮੀ ਸ਼ੁਰੂ ਕਰਵਾਏ ਜਾਣ ਦੇ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ, ਜਿਥੋਂ ਉੱਚ ਵਿੱਦਿਆ ਪ੍ਰਾਪਤ ਕਰਕੇ ਨੌਜਵਾਨ ਉੱਚ ਅਹੁਦਿਆ ਉਪਰ ਪਹੁੰਚ ਸਕਣਗੇ।ਇੰਚਾਰਜ ਭਾਈ ਗੁਰਜੰਟ ਸਿੰਘ ਛੀਨੀਵਾਲ, ਜਥੇ: ਮਨਜੀਤ ਸਿੰਘ ਲੋਹਟਬੱਦੀ ਸਰਪੰਚ ਗੁਰਦੀਪ ਸਿੰਘ ਛਾਪਾ, ਜਥੇ ਮੁਖਤਿਆਰ ਸਿੰਘ ਛਾਪਾ ਦੀ ਅਗਵਾਈ ਹੇਠ ਭਾਈ ਪਰਮਜੀਤ ਸਿੰਘ ਖ਼ਾਲਸਾ ਨੂੰ ਧਰਮ ਪ੍ਰਚਾਰ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਲੰਬੇ ਸਮੇਂ ਤੋਂ ਸ਼ਾਨਦਾਰ ਸੇਵਾਵਾਂ ਨਿਭਾਉਣ ਬਦਲੇ ਵਿਸ਼ੇਸ਼ ਐਵਾਰਡ ਭੇਟ ਕਰਕੇ ਸਨਮਾਨਤ ਕੀਤਾ ਗਿਆ।ਹਲਕਾ ਇੰਚਾਰਜ ਜਥੇ: ਨਾਥ ਸਿੰਘ ਹਮੀਦੀ ਨੇ ਵੱਡੇ ਘੱਲੂਘਾਰੇ ਦੇ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਵੱਡੀ ਕੁਰਬਾਨੀ ਦੇ ਮਾਲਕ ਮਹਾਨ ਸੂਰਬੀਰਾਂ ਦੀ ਲਾਸਾਨੀ ਕੁਰਬਾਨੀ ਨੂੰ ਸਮਰਪਤ ਪਿੰਡ-ਪਿੰਡ ਵਿਸ਼ਾਲ ਧਾਰਮਿਕ ਸਮਾਗਮ ਕਰਾ ਕੇ ਨੌਜਵਾਨ ਵਰਗ ਨੂੰ ਗੁਰਸਿੱਖੀ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।ਇੰਚਾਰਜ ਭਾਈ ਗੁਰਜੰਟ ਸਿੰਘ ਛੀਨੀਵਾਲ, ਸਮੂਹ ਸਟਾਫ ਦੀ ਅਗਵਾਈ ਹੇਠ ਵੱਖ-ਵੱਖ ਸ਼ਖਸ਼ੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨ ਦਿੱਤਾ ਗਿਆ।

# ਪੰਜਾਬ ਸਟੇਟ ਜੂਨੀਅਰ ਐਥਲੈਟਿਕਸ 'ਚ ਮੁਹੰਮਦ ਉਸਮਾਨ ਨੇ ਜਿੱਤਿਆ ਗੋਲਡ ਮੈਡਲ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਵਾਰ ਹੀਰੋਜ਼ ਸਟੇਡਿਅਮ ਸੰਗਰੂਰ ਵਿਖੇ ਹੋਈ ਨਸ਼ਿਆਂ ਖਿਲਾਫ ਚੇਤਨਾ ਦੇ ਮੱਦੇਨਜ਼ਰ ਛੇਵੀਂ ਜੂਨੀਅਰ ਸਟੇਟ ਐਥਲੈਟਿਕਸ ਮੀਟ 'ਚ ਵੱਖ-ਵੱਖ ਜ਼ਿਲ੍ਹਿਆਂ ਦੇ ਲੜਕੇ-ਲੜਕੀਆਂ ਦੇ ਐਥਲੈਟਿਕ ਈਵੈਂਟ ਕਰਾਏ ਗਏ, ਜਿਸ 'ਚ ਸੈਂਕੜੇ ਐਥਲੀਟਾਂ ਨੇ ਭਾਗ ਲਿਆ।ਇਸ ਮੀਟ 'ਚ ਟਾਊਨ ਸਕੂਲ ਦੇ ਛੇਵੀ ਜਮਾਤ ਦੇ ਮੁਹੰਮਦ ਉਸਮਾਨ ਪੁੱਤਰ ਦਿਲਸ਼ਾਦ ਨੇ 12 ਸਾਲ ਉਮਰ ਵਰਗ ਦੇ ਲੰਬੀ ਛਾਲ 'ਚ ਪਹਿਲਾ ਸਥਾਨ ਪ੍ਰਾਪਤ ਕਰਕੇ 3100 ਰੁਪਏ ਦਾ ਨਕਦ ਇਨਾਮ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਅਜ਼ਾਦ ਸਿੰਘ ਪੁੱਤਰ ਹਰਪ੍ਰੀਤ ਸਿੰਘ ਅਤੇ ਮੁਹੰਮਦ ਇਰਫਾਨ ਪੁੱਤਰ ਯਾਸੀਨ ਮੁਹੰਮਦ ਨੇ ਵੀ ਲੰਬੀ ਛਾਲ ਵਿੱਚ ਪੁਜੀਸ਼ਨਾਂ ਪ੍ਰਾਪਤ ਕਰਕੇ ਨਕਦ ਇਨਾਮ ਹਾਸਲ ਕੀਤੇ।ਇਨ੍ਹਾਂ ਖਿਡਾਰੀਆਂ ਨਾਲ ਸਕੂਲ ਪੁੱਜਣ 'ਤੇ ਸਕੂਲ ਦੇ ਚੇਅਰਮੈਨ ਮੁਹੰਮਦ ਉਵੈਸ ਨੇ ਮੁਬਾਰਕਬਾਦ ਦਿੱਤੀ। ਪ੍ਰਿੰਸੀਪਲ ਮੁਜਾਹਿਦ ਅਲੀ ਤੇ ਖੇਡ ਕੋਆਰਡੀਨੇਟਰ ਮੁਹੰਮਦ ਰਫੀਕ ਨੇ ਯਾਦਗਾਰੀ ਫੋਟੋ ਕਰਾਉਣ ਮੌਕੇ ਦੱਸਿਆ ਕਿ ਪਿਛਲੇ ਦਿਨਾਂ 'ਚ ਮਾਲੇਰਕੋਟਲਾ ਜ਼ਿਲ੍ਹੇ ਦੀ ਐਥਲੈਟਿਕ ਐਸੋਸੀਏਸ਼ਨ ਵੱਲੋਂ ਕਰਵਾਈ ਐਥਲੈਟਿਕਸ ਮੀਟ 'ਚ 'ਦਾ ਟਾਊਨ ਸਕੂਲ' ਦੇ 09 ਐਥਲੀਟਾਂ ਨੇ ਗੋਲਡ, ਸਿਲਵਰ ਤੇ ਬਰਾਊਂਜ ਮੈਡਲ ਪ੍ਰਾਪਤ ਕੀਤੇ ਸਨ ਤੇ ਇਹ ਐਥਲੀਟ ਅਗਲੇ ਮਹੀਨੇ ਹੈਦਰਾਬਾਦ ਵਿਖੇ ਹੋ ਰਹੀਆਂ ਨੈਸ਼ਨਲ ਐਥਲੈਟਿਕਸ ਪ੍ਰਤੀਯੋਗਤਾ 'ਚ ਜ਼ਿਲ੍ਹਾ ਮਾਲੇਰਕੋਟਲਾ ਵੱਲੋਂ ਭਾਗ ਲੈਣਗੇ।ਮੁਹੰਮਦ ਰਫੀਕ ਨੇ ਦੱਸਿਆ ਕਿ ਐਥਲੀਟਾਂ ਅਤੇ ਖਿਡਾਰੀਆਂ ਨੂੰ ਐਥਲੈਟਿਕ ਕੋਚ ਦਰਸ਼ਨ ਸਿੰਘ, ਡੀ.ਪੀ.ਈ ਗੁਰਜੰਟ ਸਿੰਘ, ਡੀ.ਪੀ.ਈ. ਸੁਖਜੀਤ ਸਿੰਘ ਅਤੇ ਮੁਹੰਮਦ ਆਰਿਫ ਵੱਲੋਂ ਬਹੁਤ ਹੀ ਮਿਹਨਤ ਤੇ ਲਗਨ ਨਾਲ ਸਿਖਲਾਈ ਦਿੱਤੀ ਜਾਂਦੀ ਹੈ।

# ਸੁਖਬੀਰ ਸਿੰਘ ਬਾਦਲ ਨੂੰ ਪੰਥ 'ਚੋਂ ਛੇਕਿਆ ਜਾਣਾ ਚਾਹੀਦਾ ਸੀ : ਭਾਈ ਰਣਜੀਤ ਸਿੰਘ

**ਤਲਵੰਡੀ ਸਾਬੋ (ਜਗਦੀਪ ਗਿੱਲ)**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੀਆਂ ਤਿਆਰੀਆਂ ਨੂੰ ਲੈ ਕੇ ਪੰਥਕ ਅਕਾਲੀ ਲਹਿਰ ਹਲਕਾ ਤਲਵੰਡੀ ਸਾਬੋ ਦੀ ਇੱਕ ਇਕੱਤਰਤਾ ਬੁੰਗਾ ਨਾਨਕਸਰ ਸਾਹਿਬ ਰਵਿਦਾਸੀਆਂ ਸਿੰਘਾਂ ਵਿਖੇ ਲਹਿਰ ਦੇ ਪ੍ਰਧਾਨ ਤੇ ਅਕਾਲ ਤਖ਼ਤ ਦੇ ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਮੇਟੀ ਚੋਣਾਂ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਸੁਤੰਤਰਤਾ, ਸਿੱਖ ਪੰਥ ਦੀ ਮਾਣ ਮਰਯਾਦਾ ਕਾਇਮ ਰੱਖਣ ਤੇ ਸ਼੍ਰੋਮਣੀ ਕਮੇਟੀ ਨੂੰ ਬਾਦਲਾਂ ਦੇ ਕਬਜ਼ੇ ਵਿੱਚੋਂ ਆਜ਼ਾਦ ਕਰਾਉਣ ਦਾ ਸੱਦਾ ਦਿੱਤਾ ਗਿਆ।ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਦੀ ਮੌਜੂਦਾ ਲੀਡਰਸ਼ਿਪ 'ਤੇ ਰੱਜ ਕੇ ਹੱਲੇ ਬੋਲੇ।ਉਨ੍ਹਾਂ ਕਿਹਾ ਕਿ ਸਿੱਖ ਪੰਥ ਦਾ ਜਿੰਨਾ ਨੁਕਸਾਨ ਬਾਦਲ ਪਰਵਾਰ ਨੇ ਕੀਤਾ ਹੈ, ਉਸਦੇ ਇਵਜ਼ ਵਜੋਂ 2 ਦਸੰਬਰ ਨੂੰ ਪੰਜੇ ਜਥੇਦਾਰਾਂ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਪੰਥ 'ਚੋਂ ਛੇਕਿਆ ਜਾਣਾ ਚਾਹੀਦਾ ਸੀ।ਅਜਿਹਾ ਹੋਣ ਨਾਲ ਤਖ਼ਤਾਂ ਦੇ ਜਥੇਦਾਰ ਤੇ ਸ਼੍ਰੋਮਣੀ ਕਮੇਟੀ ਖੁਦ-ਬ-ਖੁਦ ਬਾਦਲ ਪਰਵਾਰ ਦੇ ਗਲਬੇ ਤੋਂ ਮੁਕਤ ਹੋ ਜਾਣੀ ਸੀ।ਹੁਣ ਤਾਂ ਸਗੋਂ ਹਾਲਾਤ ਇਹ ਬਣ ਗਏ ਨੇ ਕਿ ਜਿਸ ਨੂੰ ਅਕਾਲ ਤਖ਼ਤ *ਤੇ ਤਲਬ ਕੀਤਾ ਉਹ ਇੱਕ ਵਾਰ ਫਿਰ ਅਕਾਲੀ ਦਲ ਦਾ ਪ੍ਰਧਾਨ ਬਣਨ ਵੱਲ ਵਧ ਰਿਹਾ ਹੈ, ਜਦ ਕਿ ਅਸਲ 'ਚ ਸਜ਼ਾ ਤਾਂ ਜਥੇਦਾਰਾਂ ਨੂੰ ਲੱਗ ਗਈ।

ਸਿੰਘ ਸਾਹਿਬ ਨੇ ਕਿਹਾ ਕਿ ਜਥੇਦਾਰਾਂ ਦੇ ਕਾਰਜਕਾਲ ਤੇ ਸੇਵਾਮੁਕਤੀ ਸਬੰਧੀ ਵਿਧੀ ਵਿਧਾਨ ਜ਼ਰੂਰੀ ਹੋ ਗਿਆ ਹੈ, ਨਹੀਂ ਤਾਂ ਜਥੇਦਾਰ ਤੇ ਪੰਜ ਪਿਆਰੇ ਸਾਹਿਬਾਨ ਸਿਰਫ ਮੁਲਾਜ਼ਮ ਬਣ ਕੇ ਹੀ ਰਹਿ ਜਾਣਗੇ ਤੇ ਉਹ ਕਦੇ ਵੀ ਪੰਥਕ ਹਿੱਤ 'ਚ ਫੈਸਲਾ ਨਹੀਂ ਲੈ ਸਕਣਗੇ।ਉਨ੍ਹਾਂ ਕਿਹਾ ਕਿ ਤਕਰੀਬਨ 15 ਅਰਬ ਰੁਪਏ ਦੇ ਬਜਟ ਵਾਲੀ ਸ਼੍ਰੋਮਣੀ ਕਮੇਟੀ ਵੱਲੋਂ ਸੂਬੇ ਅੰਦਰ ਇੱਕ ਵੀ ਅਜਿਹਾ ਵੱਡਾ ਸਕੂਲ ਜਾਂ ਹਸਪਤਾਲ ਨਹੀਂ ਬਣਾਇਆ ਗਿਆ, ਜਿੱਥੇ ਸਿੱਖ ਬੱਚਿਆਂ ਨੂੰ ਮਿਆਰੀ ਵਿੱਦਿਆ ਮੁਫ਼ਤ ਜਾਂ ਘੱਟ ਫੀਸਾਂ 'ਤੇ ਦਿੱਤੀ ਜਾ ਸਕੇ।ਜਦ ਕਿ ਸੂਬੇ ਵਿੱਚ ਇਸਾਈਆਂ ਵੱਲੋਂ ਚਲਾਏ ਜਾ ਰਹੇ ਸਕੂਲਾਂ 'ਚ ਦਾਖ਼ਲੇ ਲੈਣ ਲਈ ਇੱਕ ਹੋੜ ਲੱਗੀ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਕਿਹਾ ਕਿ ਸ਼੍ਰੋਮਣੀ ਕਮੇਟੀ ਸੁਹਿਰਦ ਸਿੱਖਾਂ ਦੇ ਹੱਥਾਂ 'ਚ ਰੱਖਣ ਲਈ ਜ਼ਰੂਰੀ ਹੈ ਕਿ ਵੱਧ ਤੋਂ ਵੱਧ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਈਆਂ ਜਾਣ ਤੇ ਵੋਟਾਂ ਸਮੇਂ ਪੰਥ ਹਿਤੈਸ਼ੀ ਉਮੀਦਵਾਰਾਂ ਨੂੰ ਜਿਤਾਇਆ ਜਾਵੇ।ਮੀਟਿੰਗ ਮੌਕੇ ਮੌਜੂਦ ਸੰਗਤ ਨੇ ਭਾਈ ਰਣਜੀਤ ਸਿੰਘ ਦਾ ਸਨਮਾਨ ਵੀ ਕੀਤਾ।ਇਸ ਮਗਰੋਂ ਸਾਬਕਾ ਜਥੇਦਾਰ ਤਖ਼ਤ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ।

# ਸਰਕਾਰੀ ਸਕੂਲ ਹੁਣ ਨਿੱਜੀ ਸਕੂਲਾਂ ਤੋਂ ਕਿਸੇ ਤਰ੍ਹਾਂ ਵੀ ਘੱਟ ਨਹੀਂ ਰਹਿਣਗੇ : ਬੁੱਧ ਰਾਮ



**ਮਾਨਸਾ/ਬੋਹਾ (ਆਤਮਾ ਸਿੰਘ ਪਮਾਰ)**

ਪਿੰਡ ਟਾਹਲੀਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਬਾਲ ਮੇਲੇ ਦਾ ਆਯੋਜਨ ਕੀਤਾ ਗਿਆ।ਮੇਲੇ ਦੀ ਸ਼ੁਰੂਆਤ ਸਕੂਲ ਮੁਖੀ ਜੋਗਿੰਦਰ ਸਿੰਘ ਲਾਲੀ (ਸਟੇਟ ਅਵਾਰਡੀ) ਦੇ ਸਵਾਗਤੀ ਸ਼ਬਦਾਂ ਨਾਲ ਹੋਈ।ਇਸ ਮੇਲੇ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਮੁਤਾਬਿਕ ਸਿੱਖਿਆ ਦਾ ਪੱਧਰ ਉੱਪਰ ਚੁੱਕਣ ਸਬੰਧੀ ਵਚਨਬੱਧ ਹੈ।ਇਸ ਲਈ ਸਰਕਾਰੀ ਸਕੂਲ ਹੁਣ ਕਿਸੇ ਵੀ ਪੱਖੋਂ ਨਿੱਜੀ ਸਕੂਲਾਂ ਤੋਂ ਘੱਟ ਨਹੀਂ ਰਹਿਣਗੇ। ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਮਦਨ ਲਾਲ ਕਟਾਰੀਆ ਨੇ ਕਿਹਾ ਕਿ ਪਿੰਡ ਦੇ ਲੋਕ ਆਪਣੇ ਬੱਚਿਆ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ।ਉਨ੍ਹਾ ਕਿਹਾ ਕਿ ਸਿੱਖਿਆ ਵਿਭਾਗ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਲਈ ਵਿਸ਼ੇਸ਼ ਉਪਰਾਲੇ ਕਰ ਰਿਹਾ ਹੈ। ਇਸ ਸਮਾਗਮ ਨੂੰ ਜ਼ਿਲ੍ਹਾ ਕੋਆਰਡੀਨੇਟਰ ਅੰਮ੍ਰਿਤ ਵੀਰ ਸਿੰਘ, ਰੰਗਕਰਮੀ ਦਰਸ਼ਨ ਸਿੰਘ ਘਾਰੂ ਤੇ ਸੰਤੋਖ ਸਾਗਰ ਨੇ ਵੀ ਸੰਬੋਧਿਤ ਕੀਤਾ।ਬਾਲ ਮੇਲੇ ਦੌਰਾਨ ਸਕੂਲ ਵਿਦਿਆਰਥੀਆਂ ਵੱਲੋਂ ਕੋਰੀਓਗਰਾਫੀ, ਗੀਤ, ਡਾਂਸ, ਫੈਨਸੀ ਡਰੈਸ ਮੁਕਾਬਲੇ, ਅੰਗਰੇਜ਼ੀ ਪੜ੍ਹਨ ਮੁਕਾਬਲੇ ਅਤੇ ਲੋਕ ਗੀਤ ਦੀਆਂ ਆਈਟਮਾਂ ਦੀ ਪੇਸ਼ਕਾਰੀ ਕਰਕੇ ਦਰਸ਼ਕਾਂ ਦਾ ਇੱਕ ਤਰ੍ਹਾਂ ਨਾਲ ਮਨ ਹੀ ਮੋਹ ਲਿਆ।ਸਕੂਲ ਵੱਲੋਂ ਪੜ੍ਹਾਈ ਤੇ ਹੋਰ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ। ਸਟੇਜ ਸੰਚਾਲਨ ਦੀ ਜਿੰਮੇਵਾਰੀ ਅਧਿਆਪਕਾ ਆਸ਼ਾਰਾਣੀ, ਜਸਪ੍ਰੀਤ ਕੌਰ, ਬਲਜਿੰਦਰ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ । ਇਸ ਮੌਕੇ 'ਤੇ ਸਰਪੰਚ ਰੁਪਿੰਦਰ ਕੌਰ ,ਸਮਾਜ ਸੇਵੀ ਸੁਖਜੀਤ ਸਿੰਘ. ਮਾਸਟਰ ਬਲਜਿੰਦਰ ਸਿੰਘ, ਜੱਗੜ ਸਿੰਘ, ਜਗਦੀਸ਼ ਸਿੰਘ, ਮੇਲਾ ਸਿੰਘ, ਬੇਅੰਤ ਕੌਰ, ਆਸ਼ਾ ਰਾਣੀ ਅਤੇ ਜਸਪ੍ਰੀਤ ਕੌਰ ਆਦਿ ਵੀ ਹਾਜ਼ਰ ਸਨ।

# ਦੇਸ਼ ਦੀ ਏਕਤਾ ਤੇ ਅਖੰਡਤਾ ਬਚਾਉਣ ਲਈ ਕਮਿਊਨਿਸਟਾਂ ਨੇ ਕੁਰਬਾਨੀਆਂ ਦਿੱਤੀਆਂ : ਐੱਮ ਐੱਸ ਭਾਟੀਆ

**ਜਗਰਾਓਂ/ਲੁਧਿਆਣਾ (ਪੱਤਰ ਪ੍ਰੇਰਕ)**





33 ਸਾਲ ਪਹਿਲਾਂ ਅੱਤਵਾਦੀਆਂ ਹੱਥੋਂ ਸ਼ਹੀਦ ਹੋਏ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਵਰਿਆਮ ਸਿੰਘ ਓਬਰਾਏ ਦੀ ਬਰਸੀ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਬਨਾਈ ਗਈ, ਜਿਸ ਵਿੱਚ ਸਮਾਜ ਦੇ ਵੱਖ-ਵੱਖ ਵਰਗਾਂ ਦੇ ਮਿਹਨਤਕਸ਼ ਲੋਕਾਂ ਨੇ ਹਿੱਸਾ ਲਿਆ।ਬੁਲਾਰਿਆਂ ਨੇ ਸ਼ਰਧਾਂਜਲੀ ਅਰਪਣ ਕਰਦੇ ਹੋਏ ਕਿਹਾ ਕਿ 1980 ਤੇ 90ਵਿਆਂ ਵਿੱਚ ਅੱਤਵਾਦ ਦੇ ਖਿਲਾਫ਼ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਦੇਸ਼ ਦੀ ਏਕਤਾ ਅਖੰਡਤਾ ਤੇ ਫਿਰਕੂ ਭਾਈਚਾਰਾ ਬਣਾਈ ਰੱਖਣ ਲਈ ਲੜੀ ਗਈ ਲੜਾਈ ਵਿੱਚ ਜਿੱਥੇ ਪਾਰਟੀ ਦੇ ਬਹੁਤ ਸਾਰੇ ਆਗੂ ਸਾਥੀਆਂ ਨੇ ਸ਼ਹਾਦਤ ਦਾ ਜਾਮ ਪੀਤਾ, ਉਥੇ ਜਗਰਾਓਂ ਸ਼ਹਿਰ ਤੋਂ ਸਾਥੀ ਵਰਿਆਮ ਸਿੰਘ ਉਬਰਾਏ ਵੀ ਡਟ ਕੇ ਅੱਤਵਾਦੀਆਂ ਦੀਆਂ ਦੇਸ਼ ਨੂੰ ਤੋੜਨ ਦੀਆਂ ਸਾਜ਼ਿਸ਼ਾਂ ਦੇ ਖਿਲਾਫ਼ ਦੀਵਾਰ ਬਣ ਕੇ ਖੜੇ।ਸਾਥੀ ਵਰਿਆਮ ਸਿੰਘ ਅਸੂਲਾਂ ਦੇ ਪੱਕੇ ਸਨ ਤੇ ਮਿਹਨਤਕਸ਼ ਲੋਕਾਂ ਦੇ ਹੱਕ ਦੀ ਆਵਾਜ਼ ਨੂੰ ਉਠਾਉਣ ਵਿੱਚ ਮੋਹਰੀ ਰੋਲ ਅਦਾ ਕਰਦੇ ਸਨ।ਉਨ੍ਹਾਂ ਕਮਿਊਨਿਸਟ ਆਗੂ ਐਡਵੋਕੇਟ ਅੱਤਰੇ ਨਾਲ ਮਿਲ ਕੇ ਇਸ ਇਲਾਕੇ ਵਿੱਚ ਬਹੁਤ ਕੰਮ ਕੀਤਾ ਤੇ ਪਾਰਟੀ ਨੂੰ ਬਣਾਉਣ ਦੇ ਵਿੱਚ ਬਹੁਤ ਮਹੱਤਵਪੂਰਨ ਰੋਲ ਅਦਾ ਕੀਤਾ।ਸਾਥੀ ਵਰਿਆਮ ਸਿੰਘ 1972 ਤੋਂ 1992 ਤੱਕ ਭਾਰਤੀ ਕਮਿਊਨਿਸਟ ਪਾਰਟੀ ਦੇ ਜਗਰਾਉਂ ਬਲਾਕ ਦੇ ਸਕੱਤਰ ਰਹੇ ਤੇ ਉਹ ਜ਼ਿਲ੍ਹਾ ਕੌਂਸਲ ਦੇ ਮੈਂਬਰ ਵੀ ਰਹੇ।ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਸਾਥੀ ਰਮੇਸ਼ ਰਤਨ ਨੇ ਸਾਥੀ ਵਰਿਆਮ ਸਿੰਘ ਨੂੰ ਸ਼ਰਧਾਂਜਲੀ ਅਰਪਣ ਕਰਦੇ ਹੋਏ ਕਿਹਾ ਕਿ ਇਨ੍ਹਾਂ ਨੇਤਾਵਾਂ ਕਰਕੇ ਹੀ ਪਾਰਟੀ ਲੋਕਾਂ ਵਿੱਚ ਆਪਣਾ ਆਧਾਰ ਬਣਾ ਸਕੀ ਹੈ। ਉਨ੍ਹਾਂ ਪਿਛਲੇ 100 ਸਾਲਾਂ ਦੇ ਦੌਰਾਨ ਪੰਜਾਬ ਵਿੱਚ ਵੱਖ-ਵੱਖ ਸਮੇਂ 'ਤੇ ਫੁੱਟ ਪਾਊ ਅਤੇ ਦੇਸ਼ ਦੋਖੀ ਤਾਕਤਾਂ ਦੇ ਰੋਲ ਬਾਰੇ ਇਤਿਹਾਸ ਦੇ ਪੰਨਿਆਂ ਵਿੱਚੋਂ ਸਾਥੀਆਂ ਨੂੰ ਯਾਦ ਕਰਾਇਆ।

ਪਾਰਟੀ ਦੇ ਜ਼ਿਲ੍ਹਾ ਵਿੱਤ ਸਕੱਤਰ ਅਤੇ ਪੰਜਾਬ ਸੂਬਾ ਕੌਂਸਲ ਦੇ ਮੈਂਬਰ ਸਾਥੀ ਮਨਿੰਦਰ ਸਿੰਘ ਭਾਟੀਆ ਨੇ ਸ਼ਰਧਾਂਜਲੀ ਭੇਟ ਕਰਦੇ ਹੋਏ ਮੌਜੂਦਾ ਸਰਕਾਰ ਦੀਆਂ ਆਰਥਿਕ ਨੀਤੀਆਂ ਦੀ ਵਿਰੋਧਤਾ ਕਰਦੇ ਹੋਏ ਕਿਹਾ ਕਿ ਇਹਨਾਂ ਨੀਤੀਆਂ ਨਾਲ ਸਿਰਫ ਕਾਰਪੋਰੇਟ ਘਰਾਣਿਆਂ ਨੂੰ ਹੀ ਫਾਇਦਾ ਪਹੁੰਚ ਰਿਹਾ ਹੈ, ਜਦੋਂ ਕਿ ਦੇਸ਼ ਦੇ 94 ਪ੍ਰਤੀਸ਼ਤ ਗੈਰ ਸੰਗਠਿਤ ਖੇਤਰ ਦੇ ਲੋਕਾਂ ਨੂੰ ਕੋਈ ਫਾਇਦਾ ਨਹੀਂ ਪਹੁੰਚ ਰਿਹਾ। ਮੋਦੀ ਸਰਕਾਰ ਵੱਲੋਂ ਪਿਛਲੇ 10 ਸਾਲਾਂ ਵਿੱਚ ਕਾਰਪੋਰੇਟ ਘਰਾਣਿਆਂ ਦਾ 16 ਲੱਖ ਕਰੋੜ ਰੁਪਈਆ ਬੈਂਕਾਂ ਰਾਂਹੀ ਮਾਫ ਕੀਤਾ ਗਿਆ ਹੈ, ਜਿਸ ਨਾਲ ਕਿ ਮਨਰੇਗਾ ਦਾ 25 ਸਾਲ ਦਾ ਬਜਟ ਬਣ ਸਕਦਾ ਸੀ। ਪਾਰਟੀ ਦੇ ਸਿੱਧਵਾਂ ਬਲਾਕ ਦੇ ਸਕੱਤਰ ਸਾਥੀ ਗੁਰਨਾਮ ਸਿੰਘ ਬਹਾਦਰ ਕੇ ਵੱਡੀ ਗਿਣਤੀ ਵਿੱਚ ਸਾਥੀਆਂ ਨਾਲ ਇਸ ਸ਼ਰਧਾਂਜਲੀ ਸਮਾਰੋਹ ਵਿੱਚ ਸ਼ਾਮਲ ਹੋਏ।

ਹੋਰਨਾਂ ਤੋਂ ਇਲਾਵਾ ਇਸ ਸ਼ਰਧਾਜਲੀ ਸਮਾਗਮ ਨੂੰ ਅਵਤਾਰ ਸਿੰਘ ਗਗੜਾ, ਬਲਦੇਵ ਸਿੰਘ ਰੂਮੀ, ਰਾਮਜੀ ਦਾਸ,ਹੁਕਮ ਰਾਜ ਅਤੇ ਅਮਰਜੀਤ ਕੌਰ ਨੇ ਸੰਬੋਧਨ ਕੀਤਾ।ਅੰਤ ਵਿੱਚ ਉੱਘੇ ਟਰੇਡ ਯੂਨੀਅਨ ਆਗੂ ਗੁਰਦੀਪ ਸਿੰਘ ਮੋਤੀ ਨੇ ਸ਼ਹੀਦ ਵਰਿਆਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸਾਰਿਆਂ ਦਾ ਧੰਨਵਾਦ ਕੀਤਾ।ਸਟੇਜ ਦੀ ਕਾਰਵਾਈ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਸਕੱਤਰ ਸਾਥੀ ਚਮਕੌਰ ਸਿੰਘ ਦੌਦਰ ਨੇ ਚਲਾਈ।ਸ਼ਹੀਦ ਵਰਿਆਮ ਸਿੰਘ ਉਬਰਾਏ ਦੇ ਪਰਿਵਾਰ ਦੇ ਮੈਂਬਰ ਵੀ ਇਸ ਸ਼ਰਧਾਂਜਲੀ ਸਮਾਰੋਹ ਵਿੱਚ ਸ਼ਾਮਲ ਹੋਏ।

# ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਐਥਲੈਟਿਕਸ ਚੈਂਪੀਅਨਸ਼ਿਪ 'ਚ ਸਹਿਯੋਗ ਕਰਨਾ ਸ਼ਲਾਘਾਯੋਗ : ਐੱਸ ਪੀ ਹਰਵੰਤ ਕੌਰ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜ਼ਿਲ੍ਹਾ ਸਾਂਝ ਕੇਂਦਰ ਵੱਲੋਂ ਮਾਨਯੋਗ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਾਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਉ, ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ, ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ, ਐਸ ਪੀ ਹੈਡਕੁਆਰਟਰ-ਕਮ-ਜ਼ਿਲ੍ਹਾ ਕਮਾਊਨਟੀ ਪੁਲਿਸ ਅਫ਼ਸਰ ਉਲੰਪੀਅਨ ਹਰਵੰਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬੀ ਯੂਨੀਵਰਸਿਟੀ ਵਿਖੇ ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਵਲੋਂ ਕਰਾਈ ਜਾ ਰਹੀ ਜੂਨੀਅਰ ਓਪਨ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਡੀ ਐਸ ਪੀ ਜਤਿੰਦਰ ਸਿੰਘ ਗਿੱਲ, ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਇੰਸਪੈਕਟਰ ਸਾਹਿਬ ਸਿੰਘ, ਐਥਲੈਟਿਕਸ ਕੋਚ ਹਰਭਜਨ ਸਿੰਘ ਸੰਧੂ, ਫਲੇਲ ਸਿੰਘ, ਪਰਮਿੰਦਰ ਸਿੰਘ ਗਰੇਵਾਲ, ਸੁਖਚਰਨ ਸਿੰਘ ਬਰਾੜ, ਪ੍ਰਿੰਸੀਪਲ ਸਤਬੀਰ ਸਿੰਘ ਗਿੱਲ, ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਭੁਪਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਿਟੀ 2, ਓਮ ਪ੍ਰਕਾਸ਼, ਰਮਨਦੀਪ ਸਿੰਘ ਸਿੰਘ ਵੀ ਹਾਜ਼ਰ ਸਨ।

ਐਸ ਪੀ ਹੈਡਕੁਆਰਟਰ ਓਲੰਪੀਅਨ ਹਰਵੰਤ ਕੌਰ ਨੇ ਕਿਹਾ ਕਿ ਜ਼ਿਲ੍ਹਾ ਅਥਲੈਟਿਕਸ ਐਸੋਸੀਏਸ਼ਨ ਵੱਲੋਂ ਜੂਨੀਅਰ ਓਪਨ ਐਥਲੈਟਿਕਸ ਚੈਂਪੀਅਨਸ਼ਿਪ ਕਰਾਉਣੀ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵਲੋਂ ਇਸ ਚੈਂਪੀਅਨਸ਼ਿਪ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਖੇਡਾਂ ਹੀ ਨਿਰੋਏ ਸਮਾਜ ਦੀ ਸਿਰਜਣਾ ਕਰ ਸਕਦੀਆਂ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ। ਇਸ ਮੌਕੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਜੇਤੂ ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਤੇ ਰਿਫਰੈਸ਼ਮੈਂਟ ਵੀ ਦਿੱਤੀ ਗਈ।

17 - February - Page - 6.qxd 2/16/2025 10:42 PM Page 1



# ਸੀ ਐੱਮ ਦੀ ਯੋਗਸ਼ਾਲਾ ਤਹਿਤ ਮੁਫ਼ਤ ਯੋਗਾ ਕਲਾਸਾਂ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ : ਐੱਸ ਡੀ ਐੱਮ

**ਮਾਨਸਾ, (ਆਤਮਾ ਸਿੰਘ ਪਮਾਰ)** ਪੰਜਾਬ ਸਰਕਾਰ ਵੱਲੋਂ ਸਿਹਤਮੰਦ ਪੰਜਾਬ ਤਹਿਤ ਸ਼ੁਰੂ ਕੀਤੀ ਸੀ.ਐਮ. ਦੀ ਯੋਗਸ਼ਾਲਾ ਤਹਿਤ ਜ਼ਿਲ੍ਹੇ ਵਿੱਚ ਮੁਫਤ ਯੋਗ ਦੀਆਂ 113 ਕਲਾਸਾਂ ਚੱਲ ਰਹੀਆਂ ਹਨ, ਜਿਸ ਵਿੱਚ ਲੋਕਾਂ ਨੂੰ ਯੋਗਾ ਦੀ ਮੁਫ਼ਤ ਸਿਖਲਾਈ ਦਿੱਤੀ ਜਾ ਰਹੀ ਹੈ।ਇਹ ਜਾਣਕਾਰੀ ਐਸ.ਡੀ.ਐਮ. ਸ਼੍ਰੀ ਕਾਲਾ ਰਾਮ ਕਾਂਸਲ ਨੇ ਦਿੱਤੀ।ਉਨ੍ਹਾਂ ਕਿਹਾ ਕਿ ਇਨ੍ਹਾਂ ਯੋਗਾ ਕਲਾਸਾਂ ਨੂੰ ਜ਼ਿਲ੍ਹੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਮਨੁੱਖ ਨੂੰ ਤੰਦਰੁਸਤ ਰਹਿਣ ਲਈ ਰੋਜ਼ ਯੋਗਾ ਕਰਨਾ ਚਾਹੀਦਾ ਹੈ।ਯੋਗਾ ਕਰਨ ਵਾਲਾ ਮਨੁੱਖ ਮਾਨਸਿਕ ਤੇ ਸਰੀਰਕ ਤੌਰ 'ਤੇ ਤੰਦਰੁਸਤ ਰਹਿੰਦਾ ਹੈ ਅਤੇ ਸਾਰਾ ਦਿਨ ਖੁਦ ਨੂੰ ਤਰੋਤਾਜ਼ਾ ਮਹਿਸੂਸ ਕਰਦਾ ਹੈ।ਉਨ੍ਹਾਂ ਦੱਸਿਆ ਕਿ ਯੋਗਾ ਨਾਲ ਕਈ ਬਿਮਾਰੀਆਂ ਨੂੰ ਦੂਰ ਕੀਤਾ ਜਾ ਸਕਦਾ ਹੈ। ਜ਼ਿਲ੍ਹਾ ਕੋਆਰਡੀਨੇਟਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਪੰਜ ਬਲਾਕਾਂ ਵਿੱਚ ਕੁੱਲ 113 ਕਲਾਸਾਂ ਲਾਈਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਯੋਗਾ ਕਲਾਸਾਂ ਵਿੱਚ 4580 ਦੇ ਕਰੀਬ ਸਿੱਖਿਆਰਥੀਆਂ ਰਜਿਸਟਰਡ ਹੋ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ 21 ਮਾਹਿਰ ਟ੍ਰੇਨਰ ਲੋਕਾਂ ਨੂੰ ਰੋਜ਼ਾਨਾ ਸਵੇਰੇ ਅਤੇ ਸ਼ਾਮ ਕਲਾਸਾਂ ਲਗਾ ਕੇ ਯੋਗਾ ਦੀ ਸਿਖਲਾਈ ਪ੍ਰਦਾਨ ਕਰ ਰਹੇ ਹਨ।ਉਨ੍ਹਾਂ ਲੋਕਾਂ ਨੂੰ ਇਨ੍ਹਾਂ ਯੋਗਾ ਕਲਾਸਾਂ ਦਾ ਲਾਹਾ ਲੈਣ ਦੀ ਅਪੀਲ ਕੀਤੀ।

## ਪਬਲਿਕ ਨੋਟਿਸ

ਵਿਸ਼ਾ: ਦਰਖਾਸਤ ਬਾਬਤ ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸਬੰਧੀ ਦ/ਵ ਜਗਜੀਤ ਸਿੰਘ ਪੁੱਤਰ ਰਘਬੀਰ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਰਣੀਆ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਕੇ ਜਗਜੀਤ ਸਿੰਘ ਪੁੱਤਰ ਰਘਵੀਰ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਰਣੀਆ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਨੇ ਬੇਨਤੀ ਕੀਤੀ ਹੈ ਕਿ ਰਿਕਾਰਡ ਮਾਲ ਵਾਕਿਆ ਪਿੰਡ ਰਣੀਆ-1, ਤਹਿ, ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਦੀ ਜਮ੍ਹਾਂਬੰਦੀ ਸਾਲ 2022-2023 ਦੀ ਖੇਵਟ ਨੰਬਰ 166-167-168 ਵਿੱਚ ਉਸ ਦੀ ਭੈਣ ਦਾ ਨਾਂਅ ਵਾਹਿਗੁਰੂਪਾਲ ਕੌਰ ਪੁੱਤਰੀ ਰਘਬੀਰ ਸਿੰਘ ਪੁੱਤਰ ਸੁਖਦੇਵ ਸਿੰਘ ਦਰਜ ਹੈ, ਪਰੰਤੂ ਉਸ ਨਾਲ ਸੰਬੰਧਿਤ ਜਨਮ ਸਰਟੀਫਿਕੇਟ, ਪਾਸਪੋਰਟ ਵਗੈਰਾ ਵਿੱਚ ਉਸ ਦਾ ਨਾਂਅ ਤਨਵੀਰ ਕੌਰ ਦਰਜ ਹੈ, ਜੋ ਕਿ ਉਸ ਦਾ ਸਹੀ ਨਾਂਅ ਹੈ। ਹੁਣ ਰਿਕਾਰਡ ਮਾਲ ਵਿੱਚ ਵੀ ਆਪਣੀ ਭੈਣ ਦਾ ਨਾਂਅ ਵਾਹਿਗੁਰੂਪਾਲ ਕੌਰ ਪੁੱਤਰੀ ਰਘਵੀਰ ਸਿੰਘ ਪੁੱਤਰ ਸੁਖਦੇਵ ਸਿੰਘ ਦੀ ਬਜਾਏ ਤਨਵੀਰ ਕੌਰ ਉਰਫ ਵਾਹਿਗੁਰੂਪਾਲ ਕੌਰ ਪੁੱਤਰੀ ਰਘਬੀਰ ਸਿੰਘ ਪੁੱਤਰ ਸੁਖਦੇਵ ਸਿੰਘ ਤਬਦੀਲ ਕਰਵਾਉਣਾ ਚਾਹੁੰਦਾ ਹੈ। ਦੋਨੋਂ ਨਾਂਅ ਉਸ ਦੀ ਭੈਣ ਦੇ ਅਤੇ ਦੋਨਾਂ ਨਾਵਾਂ ਦੀ ਇੱਕ ਹੀ ਔਰਤ ਹੈ। ਜੇਕਰ ਭਵਿੱਖ ਵਿੱਚ ਉਸ ਦੀ ਭੈਣ ਦੇ ਉਪਰਕੋਤ ਨਾਵਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਹੇਰਾਫੇਰੀ ਸਾਬਤ ਹੋਈ ਤਾਂ ਉਹ ਹਰ ਤਰ੍ਹਾਂ ਨਾਲ ਜਿੰਮੇਵਾਰ ਰਹੇਗਾ। ਇਸ ਲਈ ਪੰਜਾਬ ਸਰਕਾਰ ਦੇ ਮੀਮੋ ਨੰਬਰ 25/78/2012-ਭੂਮ-2 /12445-71 ਚੰਡੀਗੜ੍ਹ ਮਿਤੀ 26.7.2013 ਦੇ ਹਵਾਲੇ ਮੁਤਾਬਿਕ ਮਾਲ ਰਿਕਾਰਡ ਵਿੱਚ ਨਾਂਅ ਤਬਦੀਲੀ ਕਰਾਉਣੀ ਹੈ। ਹੁਣ ਮਾਲ ਰਿਕਾਰਡ ਵਿੱਚ ਵਾਹਿਗੁਰੂਪਾਲ ਕੌਰ ਉਰਫ ਤਨਵੀਰ ਕੌਰ ਪੁੱਤਰੀ ਰਘਬੀਰ ਸਿੰਘ ਪੁੱਤਰ ਸੁਖਦੇਵ ਸਿੰਘ ਦਾ ਇੰਦਰਾਜ਼ ਕਰਵਾਉਣਾ ਹੈ।ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ, ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਗੌਰ ਨਹੀਂ ਹੋਵੇਗਾ।

ਨੰਬਰ : 119/ਰੀਡਰ ਮਿਤੀ : 11.2.2025

ਤਹਿਸੀਲਦਾਰ-ਕਮ-ਸਰਕਲ ਰੈਵੀਨਿਊ ਅਫਸਰ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

## REMINDER-1

(Complaint- 138 Negotiable Instrument Act)
In The Court of
**Ms. Jasleen Narang**
Judicial Magistrate-1st Class
Ludhiana
CNR No. PBLD03-096679-2022
COMA/92955/2022
Tata Capital Financial Services Ltd.
V/S
Rohit Katyal

1) Rohit Katyal S/o Jawahal Lal Katyal R/o H. NO. 5691 A Street N0. 6, New Shiva Ji Nagar, Ludhiana, Punjab.

Whereas it has been proved to the satisfaction of this court that you the accused Above named cannot be served in the ordinary way of Service. Hence This proclamation under Section 82 CRPC is hereby issued against you with a direction that you should appear Personally before the court on 21.02.2025 at 10.00 A.M. or within 30 days from the date of publication of this proclamation.

Take notice that, in default on your part to appear as directed the above said case will be heard and determined as per law in your absence.

Given under my hand and the seal of the Court

For details logon to https://highcourtchd.gov.in/?trs=district_notice &district= Ludhiana

Judicial Magistrate-1st Class
Ludhiana

Dated This Day of 11.02.2024

## COURT NOTICE

(U/o 5 Rule 20 CPC)
In the Court of
**Sh. Amrinder Pal Singh**
Principal Judge Family Court, Malerkotla
CNR No. PBSGF4-000228-2023
Next Date : 29-04-2025
Simarjit Singh
Vs
Navdeep Kaur
Publication Issued to :
Navdeep Kaur
Spouse : Simarjit Singh S/o Nirbhai Singh R/o Village Phalaund Kalan, Tehsil Ahmedgarh, Distt. Malerkotla Now residing at her father Narpal Singh at Village Phalpota , Tehsil Phillaur, Distt. Jalandhar.

In above titled case, the defendant (s)/ respondent(s) could not be served. It is ordered that defendant(s) respondent(s) should appear in person or through counsel on 29.04.2025 at 10:00 A.M.

For details logon to https://highcourtchd.gov.in/?mod =district_notice&district=Sangrur

Principal Judge Family Court,
Malerkotla

Dated, this day of 06.02.2025

# ਗੁਲਾਬੀ ਸੁੰਡੀ ਦੇ ਹਮਲੇ ਨੂੰ ਰੋਕਣ ਲਈ ਛਿਟੀਆਂ ਦੇ ਢੇਰਾਂ ਦਾ ਖਾਤਮਾ ਜ਼ਰੂਰੀ : ਮੁੱਖ ਖੇਤੀਬਾੜੀ ਅਫਸਰ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਉਣੀ 2025 ਦੌਰਾਨ ਨਰਮੇ ਦੀ ਫਸਲ ਨੂੰ ਪ੍ਰਫੁਲਿਤ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਖੇਤੀਬਾੜੀ ਵਿਭਾਗ ਦੀਆਂ ਗਠਿਤ ਕੀਤੀਆਂ ਟੀਮਾਂ ਵੱਲੋ ਲਗਾਤਾਰ ਦੌਰੇ ਕੀਤੇ ਜਾ ਰਹੇ ਹਨ। ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ ਨੇ ਕਿਸਾਨਾਂ ਨੂੰ ਦੱਸਿਆ ਕਿ ਆਉਣ ਵਾਲੀ ਨਰਮੇ ਦੀ ਫਸਲ ਨੂੰ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਾਉਣ ਲਈ ਛਿਟੀਆਂ ਦੇ ਢੇਰਾਂ ਨੂੰ ਨਸ਼ਟ ਕਰਨਾ ਬਹੁਤ ਜ਼ਰੂਰੀ ਹੈ। ਨਰਮੇ ਦੀਆਂ ਛਿਟੀਆਂ ਦੇ ਢੇਰਾਂ ਵਿੱਚ ਅਣਖਿੜੇ ਟੀਂਡਿਆਂ ਅਤੇ ਸਿੱਕਰੀਆਂ ਨੂੰ ਝਾੜਿਆ ਜਾਵੇ ਅਤੇ ਰਹਿੰਦ-ਖੂੰਹਦ ਨੂੰ ਨਸ਼ਟ ਕੀਤਾ ਜਾਵੇ, ਕਿਉਂਕਿ ਗੁਲਾਬੀ ਸੁੰਡੀ ਦੇ ਲਾਰਵੇ ਢੇਰਾਂ ਵਿੱਚ ਮੌਜੂਦ ਹੁੰਦੇ ਹਨ। ਉਨ੍ਹਾਂ ਕਿਹਾ ਕਿ ਇਹ ਲਾਰਵੇ ਪਤੰਗੇ ਬਣ ਕੇ ਫਿਰ ਤੋਂ ਨਰਮੇ ਦੀ ਫਸਲ 'ਤੇ ਅੰਡੇ ਦਿੰਦੇ ਹਨ, ਜੋ ਗੁਲਾਬੀ ਸੁੰਡੀ ਬਣ ਕੇ ਨਰਮੇ ਦੀ ਫਸਲ ਦਾ ਨੁਕਸਾਨ ਕਰਦੇ ਹਨ। ਇਸ ਤੋਂ ਇਲਾਵਾ ਚਿੱਟੀ ਮੱਖੀ ਦੇ ਹਮਲੇ ਨੂੰ ਰੋਕਣ ਲਈ ਖਾਲੀ ਥਾਵਾਂ, ਪਹੀਆਂ ਅਤੇ ਖਾਲਿਆਂ ਉਤੇ ਉਘੇ ਨਦੀਨ ਜਿਵੇ ਪੀਲੀ ਬੂਟੀ, ਕੰਘੀ ਬੂਟੀ, ਗੁੱਤ-ਪੁੱਟਣਾ, ਭੰਗ ਤੇ ਪੁੱਠਕੰਡਾ ਆਦਿ ਨੂੰ ਨਸ਼ਟ ਕੀਤਾ ਜਾਵੇ। ਸਾਉਣੀ 2025 ਦੀ ਨਰਮੇ ਦੀ ਫਸਲ ਦੇ ਬੀਜ ਸੰਬਧੀ ਉਨ੍ਹਾਂ ਵੱਲੋ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਖੇਤੀਬਾੜੀ ਵਿਭਾਗ ਵੱਲੋ ਮਨਜ਼ੂਰਸ਼ੁਦਾ ਕਿਸਮਾਂ ਦੇ ਬੀਜ ਦੀ ਹੀ ਖਰੀਦ ਕਰਨ ਅਤੇ ਅਣ-ਅਧਿਕਾਰਤ ਤੌਰ 'ਤੇ ਹੋਰ ਰਾਜਾਂ ਤੋ ਬੀਜ ਲਿਆ ਕੇ ਕਾਸ਼ਤ ਨਾ ਕਰਨ ਕਿਉਂਕਿ ਉਨ੍ਹਾਂ ਬੀਜਾਂ ਉਪਰ ਪਿਛਲੇ ਸਾਲਾਂ ਦੌਰਾਨ ਗੁਲਾਬੀ ਸੁੰਡੀ ਦਾ ਹਮਲਾ ਜ਼ਿਆਦਾ ਦੇਖਣ ਨੂੰ ਮਿਲਿਆ ਹੈ।

# ਹਲਕਾ ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ ਆਪਣੇ ਪੀ.ਏ ਦੇ ਘਰ ਬਰੇਟਾ ਪੁੱਜੇ



**ਬਰੇਟਾ (ਰੀਤਵਾਲ)** ਇੱਕ ਵਿਆਹ ਸਮਾਗਮ ਤੋ ਬਾਅਦ ਹਲਕਾ ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ ਆਪਣੇ ਨਿੱਜੀ ਪੀ.ਏ ਅਸ਼ੋਕ ਕੁਮਾਰ ਬਰੇਟਾ ਦੇ ਘਰ ਪਹੁੰਚੇ। ਜਿੱਥੇ ਉਨ੍ਹਾਂ ਪਰਿਵਾਰ ਨਾਲ ਗੱਲਬਾਤਾਂ ਕੀਤੀਆਂ ਅਤੇ ਪਰਿਵਾਰ ਨਾਲ ਬਹਿਕੇ ਚਾਹ ਪਾਣੀ ਪੀਤਾ। ਉਨ੍ਹਾਂ ਕਿਹਾ ਕਿ ਅਸ਼ੋਕ ਕੁਮਾਰ ਮੇਰੇ ਨਾਲ ਪਿਛਲੇ 3 ਸਾਲਾ ਤੋਂ ਪੀ.ਏ ਦੇ ਤੌਰ ਤੇ ਕੰਮ ਕਰ ਰਹੇ ਹਨ। ਜਿਸਨੂੰ ਅਸੀ ਪਰਿਵਾਰਕ ਮੈਂਬਰ ਵਾਂਗ ਸਮਝਿਆ ਹੈ। ਘਰ ਪਹੁੰਚਣ ਤੇ ਅਸ਼ੋਕ ਕੁਮਾਰ ਨੇ ਵਿਧਾਇਕ ਬਲਜਿੰਦਰ ਕੌਰ ਦਾ ਸਵਾਗਤ ਕੀਤਾ। ਇਸ ਤੋਂ ਇਲਾਵਾ ਸ਼ਹੀਦੇਏ ਆਜਮ ਸ੍ਰ: ਭਗਤ ਸਿੰਘ ਸਪੋਰਟਸ ਕਲੱਬ ਬਰੇਟਾ ਦੇ ਨੌਜਵਾਨਾਂ ਨੇ ਵਿਧਾਇਕ ਬਲਜਿੰਦਰ ਕੌਰ ਨੂੰ ਬਰੇਟਾ ਵਿਖੇ ਖੇਡ ਸਟੇਡੀਅਮ ਬਣਾਉਣ ਦੇ ਲਈ ਮੰਗ ਕੀਤੀ। ਨੌਜਵਾਨਾਂ ਨੇ ਕਿਹਾ ਕਿ ਬਰੇਟਾ ਦੇ ਨੌਜਵਾਨ ਖੇਡ ਸਟੇਡੀਅਮ ਤੋ ਸੱਖਣੇ ਹਨ ਅਤੇ ਵੱਖ ਵੱਖ ਖੇਡਾਂ ਦੀ ਤਿਆਰੀ ਕਰਨ ਲਈ ਘਰੇਲੂ ਮੈਦਾਨਾਂ ਵਿੱਚ ਅਭਿਆਸ ਕਰ ਰਹੇ ਹਨ। ਵਿਧਾਇਕ ਨੇ ਨੌਜਵਾਨਾਂ ਨੂੰ ਵਿਸਵਾਸ਼ ਦਵਾਇਆ ਕਿ ਤੁਹਾਡੀ ਇਸ ਮੰਗ ਨੂੰ ਜਲਦ ਪੂਰਾ ਕੀਤਾ ਜਾਵੇਗਾ। ਇਸ ਮੌਕੇ ਅਸ਼ੋਕ ਕੁਮਾਰ ਦੇ ਪਰਿਵਾਰ ਤੋਂ ਇਲਾਵਾ ਕਲੱਬ ਦੇ ਮੈਂਬਰ ਗਗਨਦੀਪ ਸਿੰਘ ਘੱਗਾ, ਗੁਰਲਾਲ ਸਿੰਘ, ਗੁਰਤੇਜ ਸਿੰਘ, ਸਹਿਜੀ ਸ਼ਰਮਾ ਆਦਿ ਹਾਜ਼ਰ ਸਨ।

## COURT NOTICE

(U/o 5 Rule 20 CPC)
In The Court Of Ms. Chahat
Civil Judge (Junior Division), Amritsar
CS/2000/2023 Recovery
CNR No. PBAS02-003037-2023
Next Date:- 26-03-2025
UCO Bank, Having its Head Office At Kolkata, Regional Office at Jalandhar and Inter-Aliaa Branch Office At Branch Ram Bagh, Distt. Amritsar
Vs.
Pawan Kumar Rinku S/o. Fakir Chand Now Deceased Through L.Rs
a) Shivam S/o Pawan Kumar Rinku
b) Ruchi W/o Pawan Kumar Rinku
Both R/o, H.No. 18/226, Gali Dhobian, Khazana Gate, Amritsar
Publication Issued To:
Def: Pawan Kumar Rinku S/O. Fakir Chand Now Deceased Through L.rs
a) Shivam S/o Pawan Kumar Rinku
b) Ruchi W/o Pawan Kumar Rinku
Both R/o H.No. 18/226, Gali Dhobian, Khazana Gate, Amritsar.

In above titled case, the defendant(s) could not be served. It is ordered that defendant(s) should appear in person or through counsel on 26-03-2025 at 10:00 a.m.

For details logon to https://highcourtchd.gov.in/?trs=district_notice& district=Amritsar

Civil Judge (Junior Division), Amritsar
Dated. this day of 14-02-2025

## COURT NOTICE

(U/o 5 Rule 20 CPC)
(Succession Case)
In The Court Of
**Parminder Kaur Bains**
Additional Civil Judge (Senior Division), Amritsar
CNR No. PBAS02-000181-2025
Next Date:-20-03-2025
Jagtar Singh S/o Pal Singh, R/o Village Vallah, Amritsar and others.
Vs.
General Public & Others

Application U/S 372 of the Indian Succession Act for the grant of Succession Certificate to the estate of Gyan Kaur w/o Pal Singh who had died on 28.08.2018.

Notice To:
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 20-03-2025 at 10 a.m.

For details logon to https://highcourtchd.gov.in/?trs=district_notice &district=Amritsar

Additional Civil Judge (Senior Division), Amritsar
Dated, this day of 14-02-2025

## CRIMINAL COURT LUDHIANA

In the Court of
**Ms. Prabha Prashar**
Judicial Magistrate-1st Class
Ludhiana
CNR No. PBLD03-020652-2022
Peshi: 07-03-2025
Publication Notice for Proclamation Under Section 82 CR. PC
Kotak Mahindra Bank VS Kuldeep Singh

Petition U/S 138 of Negotiable instruments Act , 1881, Amended Upto Date Notice to Kuldeep Singh R/o Vill. Retgarh, Block Bhawanigarh, Distt. Sangrur, City/ District -Sangrur, 148026

Whereas it has been proved to the satisfaction of the court that the accused Above named cannot be served in the ordinary way of Service. Hence This proclamation under section 82 of CRPC is hereby 07.03.2025 at 10.00 A.M.

Take notice that, in default of his/their appearnce on the day before mentioned, the above said case will be heard and determined in his/their absence.

Given under my hand and the seal of the Court, this

For details logon to https://highcourtchd.gov.in/?trs=district_notice &district=Ludhiana

Judicial Magistrate-1st Class
Ludhiana

## CRIMINAL COURT LUDHIANA

In the Court of
**Ms. Prabha Prashar**
CNR No. PBLD03-021155-2020
Peshi: 12-03-2025
Publication Notice for Proclamation Under Section 82 CR. PC
Shri Ram Transport VS Avtar Singh
Petition U/S 138 of Negotiable instruments Act , 1881, Amended Upto Date Notice To
Avtar Singh S/oSham Singh R/o Village Udekaran, Tehsil and Distt. Shri Muktsar Sahib, Punjab, India 152026

Whereas it has been proved to the satisfaction of the court that the accused Above named cannot be served in the ordinary way of Service. Hence This proclamation under Section 82 of CRPC is hereby 12.03.2025 at 10.00 A.M.

Take notice that, in default of his/their appearnce on the day before mentioned, the above said case will be heard and determined in his/their absence.

Given under my hand and the seal of the Court, this

For details logon to https://highcourtchd.gov.in/?trs=district_notice &district= Ludhiana

Judicial Magistrate-1st Class
Ludhiana

# ਪੀ ਏ ਯੂ 'ਚ ਕਰਾਇਆ 11ਵਾਂ ਪੈਨਸ਼ਨਰਜ਼ ਤੇ ਮੁਲਾਜ਼ਮ ਮੇਲਾ



**ਲੁਧਿਆਣਾ (ਐਮ ਐਸ ਭਾਟੀਆ)**- ਪੀਏਯੂ ਪੈਨਸ਼ਨਰਜ ਤੇ ਰਿਟਾਇਰੀਜ ਵੈਲਫੇਅਰ ਐਸੋਸੀਏਸ਼ਨ ਤੇ ਪੀਏਯੂ ਇੰਪਲਾਈਜ ਯੂਨੀਅਨ (ਮਾਨਤਾ ਪ੍ਰਾਪਤ) ਵੱਲੋਂ ਪੀਏਯੂ ਫੋਰਥ ਕਲਾਸ ਵਰਕਰਜ ਯੂਨੀਅਨ, ਗਡਵਾਸੂ ਨਾਨ ਟੀਚਿੰਗ ਇੰਪਲਾਈਜ ਯੂਨੀਅਨ, ਗਡਵਾਸੂ ਪੈਨਸ਼ਨਰਜ ਐਸੋਸੀਏਸ਼ਨ ਤੇ ਪੀਏਯੂ ਪੈਨਸ਼ਨਰਜ ਐਸੋਸੀਏਸ਼ਨ ਦੇ ਸਹਿਯੋਗ ਨਾਲ ਪੀਏਯੂ ਵਿਖੇ 11ਵਾਂ ਪੈਨਸ਼ਨਰਜ ਤੇ ਮੁਲਾਜ਼ਮ ਮੇਲਾ ਆਯੋਜਤ ਕੀਤਾ ਗਿਆ।

ਮੇਲੇ ਦਾ ਉਦਘਾਟਨ ਪੀਏਯੂ ਦੇ ਉਪ ਕੁਲਪਤੀ ਡਾਕਟਰ ਸਤਬੀਰ ਸਿੰਘ ਗੋਸਲ ਨੇ ਕੀਤਾ। ਮੇਲੇ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਜ ਅਤੇ ਮੁਲਾਜ਼ਮ ਸ਼ਾਮਲ ਹੋਏ।ਪੀਏਯੂ ਪੈਨਸ਼ਨਰ ਤੇ ਰਿਟਾਇਰਜ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਡੀ ਪੀ ਮੌੜ ਨੇ ਮੁੱਖ ਮਹਿਮਾਨ ਤੇ ਮੇਲੇ ਵਿਚ ਸ਼ਾਮਲ ਹੋਏ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਜੀ ਆਇਆਂ ਕਿਹਾ।ਮੁੱਖ ਮਹਿਮਾਨ ਡਾਕਟਰ ਗੋਸਲ ਵੱਲੋਂ ਇਸ ਮੇਲੇ ਦੇ ਸਫਲਤਾ ਪੂਰਵਕ ਆਯੋਜਨ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮੇਲਿਆਂ ਦੇ ਆਯੋਜਤ ਨਾਲ ਪੁਰਾਣੇ ਸਾਥੀਆਂ ਨਾਲ ਮੇਲ ਮਿਲਾਪ ਹੁੰਦਾ ਹੈ, ਜਿਸ ਨਾਲ ਪੁਰਾਣੀਆਂ ਯਾਦਾਂ ਤਾਜ਼ਾ ਹੁੰਦੀਆਂ ਹਨ।ਮੇਲੇ ਵਿੱਚ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ।ਇਸ ਤੋਂ ਇਲਾਵਾ ਭੰਡਾਂ ਤੇ ਜਾਦੂਗਰ ਵੱਲੋਂ ਪ੍ਰੋਗਰਾਮ ਪੇਸ਼ ਕੀਤੇ ਗਏ ਤੇ ਨਾਟਕ ਖੇਡੇ ਗਏ।

ਡੀ ਪੀ ਮੌੜ ਨੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਐਸੋਸੀਏਸ਼ਨ ਵੱਲੋਂ ਜਿੱਥੇ ਪੈਨਸ਼ਨਰਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਂਦਾ ਹੈ, ਉਥੇ ਇਸ ਤਰ੍ਹਾਂ ਦੇ ਮੇਲਿਆਂ ਦਾ ਆਯੋਜਨ ਕਰਕੇ ਪੁਰਾਣੇ ਸਾਥੀਆਂ ਦਾ ਮੇਲ ਕਰਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਜਾਂਦੀਆਂ ਹਨ।ਮੇਲੇ ਦੀ ਆਯੋਜਨ ਕਮੇਟੀ ਦੇ ਚੇਅਰਮੈਨ ਤੇ ਚਰਨ ਸਿੰਘ ਗੁਰਮ ਨੇ ਦੱਸਿਆ ਕਿ ਇਹ ਮੇਲੇ ਦੇ ਆਯੋਜਨ ਦੀ ਸ਼ੁਰੂਆਤ ਪੀਏਯੂ ਇੰਪਲਾਈਜ ਯੂਨੀਅਨ ਦੇ ਸਾਬਕਾ ਪ੍ਰਧਾਨ ਸਵ: ਕਾਮਰੇਡ ਰੂਪ ਸਿੰਘ ਰੂਪਾ ਵੱਲੋਂ ਕੀਤੀ ਗਈ ਸੀ।ਉਨ੍ਹਾਂ ਵੱਲੋਂ ਸ਼ੁਰੂ ਕੀਤੇ ਗਏ ਇਸ ਮੇਲੇ ਨੂੰ ਹਰ ਸਾਲ ਜਾਰੀ ਰੱਖਣਾ ਉਨ੍ਹਾਂ ਨੂੰ ਸ਼ਕਤੀ ਸੱਚੀ ਸ਼ਰਧਾਂਜਲੀ ਹੈ।ਪੀਏਯੂ ਇੰਪਲਾਈਜ ਯੂਨੀਅਨ ਦੇ ਪ੍ਰਧਾਨ ਬਲਦੇਵ ਸਿੰਘ ਵਾਲੀਆ ਨੇ ਪੀਏਯੂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਇਸ ਮੇਲੇ ਵਿੱਚ ਸ਼ਾਮਲ ਹੋਣ ਲਈ ਅਤੇ ਮੇਲੇ ਪ੍ਰਤੀ ਉਤਸ਼ਾਹ ਦਿਖਾਉਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਡਾਕਟਰ ਰਜਿੰਦਰ ਪਾਲ ਸਿੰਘ ਔਲਖ ਨੇ ਜਿਥੇ ਮੇਲੇ ਦੇ ਸਫਲ ਪ੍ਰਬੰਧਨ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ, ਉਥੇ ਕਿਹਾ ਕਿ ਮੇਲੇ ਵਿੱਚ ਪੇਸ਼ ਨਾਟਕ ਤੇ ਕਵੀਸ਼ਰਾਂ ਅਤੇ ਭੰਡਾਂ ਨੇ ਸਮਾਜ ਵਿੱਚ ਪ੍ਰਚਲਤ ਕੁਰੀਤੀਆਂ ਬਾਰੇ ਜਾਗਰੂਕਤਾ ਪੈਦਾ ਕੀਤੀ।

ਪੀਏਯੂ ਇੰਪਲਾਈਜ ਯੂਨੀਅਨ ਦੇ ਜਨਰਲ ਸਕੱਤਰ ਮਨਮੋਹਨ ਸਿੰਘ ਤੇ ਪੀਏਯੂ ਪੈਨਸ਼ਨਰਜ ਅਤੇ ਰਿਟਾਇਰਜ ਵੈਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਜੇ ਐਲ ਨਾਰੰਗ ਵੱਲੋਂ ਸਾਂਝੇ ਤੌਰ 'ਤੇ ਸਟੇਜ ਦਾ ਸੰਚਾਲਨ ਕੀਤਾ ਗਿਆ।ਮੇਲੇ ਦੇ ਅੰਤ ਵਿੱਚ ਡਾਕਟਰ ਗੁਲਜ਼ਾਰ ਸਿੰਘ ਪੰਧੇਰ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਪਸ਼ੂਆਂ ਦੀ ਲੰਪੀ ਸਕਿੱਨ ਬਿਮਾਰੀ ਦੇ ਬਚਾਅ ਨੂੰ ਲੈ ਕੇ ਰਾਜ ਪੱਧਰੀ ਸਮਾਗਮ



**ਮਲੋਟ, (ਗੁਰਮੀਤ ਸਿੰਘ ਮੱਕੜ)** ਪੰਜਾਬ ਵਿੱਚ ਪਸ਼ੂਆਂ ਦੀ ਲੰਪੀ ਸਕਿੱਨ ਬਿਮਾਰੀ ਦੇ ਬਚਾਅ ਨੂੰ ਲੈ ਕੇ ਰਾਜ ਪੱਧਰੀ ਸਮਾਗਮ ਮਲੋਟ ਸ਼ਹਿਰ ਦੀ ਮਹਾਂਵੀਰ ਗਊਸ਼ਾਲਾ ਵਿਖੇ ਆਯੋਜਤ ਕੀਤਾ ਗਿਆ, ਜਿਸ ਵਿਚ ਪੰਜਾਬ ਦੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੇ 25 ਲੱਖ ਖੁਰਾਕਾਂ ਲੰਪੀ ਸਕਿੱਨ ਬਿਮਾਰੀ ਦੇ ਬਚਾਅ ਲਈ ਪਸ਼ੂਆਂ ਨੂੰ ਦਿੱਤੀਆਂ ਜਾਣਗੀਆਂ, ਜਿਨ੍ਹਾਂ ਉੱਪਰ ਇੱਕ ਕਰੋੜ, 32 ਲੱਖ ਰੁਪਏ ਦਾ ਖਰਚਾ ਆਵੇਗਾ। ਉਨ੍ਹਾਂ ਕਿਹਾ ਕਿ ਪਸ਼ੂ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਇਸ ਬਚਾਅ ਖੁਰਾਕ ਦੇ ਪਿੰਡਾਂ ਵਿਚ ਘਰ ਘਰ ਜਾ ਕੇ ਪਸ਼ੂਆਂ ਨੂੰ ਟੀਕੇ ਲਾਉਣਗੇ ਤਾਂ ਜੁ ਪਸ਼ੂਆਂ ਨੂੰ ਲੰਪੀ ਸਕਿੱਨ ਬਿਮਾਰੀ ਨਾ ਲੱਗੇ। ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਹ ਵੀ ਕਿਹਾ ਕਿ ਕਿਸਾਨਾਂ ਨਾਲ ਗੱਲਬਾਤ ਪਹਿਲੀ ਵਾਰ ਬਹੁਤ ਚੰਗੇ ਮਾਹੌਲ ਵਿੱਚ ਹੋਈ ਹੈ, ਪਰ ਇਸ ਮੀਟਿੰਗ ਵਿੱਚ ਕੇਂਦਰੀ ਮੰਤਰੀ ਸ਼੍ਰੀ ਸ਼ਿਵਰਾਜ ਚੌਹਾਨ ਦੇ ਬੇਟੇ ਦਾ ਵਿਆਹ ਹੋਣ ਕਰਕੇ ਉਹ ਨਹੀਂ ਪਹੁੰਚ ਸਕੇ, ਪਰ ਫੂਡ ਪ੍ਰੋਸੈਸਿੰਗ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ ਹੈ ਦੋਵੇਂ ਧਿਰਾਂ ਵਿਚ ਜੋ ਗੱਲਬਾਤ ਹੋਈ ਉਹ ਸੰਤੁਸ਼ਟੀਜਨਕ ਰਹੀ ਅਤੇ ਹੁਣ ਮੁੜ 22 ਫਰਵਰੀ ਨੂੰ ਦੁਬਾਰਾ ਗੱਲਬਾਤ ਹੋਵੇਗੀ, ਜਿਸ ਵਿਚ ਯਕੀਨਨ ਉਸ ਗੱਲਬਾਤ ਦੇ ਨਤੀਜੇ ਚੰਗੇ ਨਿਕਲਣ ਦੀ ਪੂਰੀ ਉਮੀਦ ਕੀਤੀ ਜਾ ਸਕਦੀ ਹੈ।

ਮੁੱਖ ਮੰਤਰੀ ਵੱਲੋਂ ਅਸਤੀਫੇ ਦੀ ਪੇਸ਼ਕਸ਼ ਸਬੰਧੀ ਕੈਬਨਿਟ ਮੰਤਰੀ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸਾਹਿਬ ਦਾ ਇਹ ਵੱਡਾ ਤਿਆਗ ਹੈ, ਜੋ ਹਰ ਕੋਈ ਨਹੀਂ ਕਹਿ ਸਕਦਾ। ਅਮਰੀਕਾ ਵੱਲੋਂ ਭਾਰਤੀ ਲੋਕਾਂ ਨੂੰ ਡਿਪੋਰਟ ਕਰਕੇ ਜਹਾਜ਼ ਰਾਹੀਂ ਵਾਪਸ ਪੰਜਾਬ ਭੇਜੇ ਜਾਣ 'ਤੇ ਕੈਬਨਿਟ ਮੰਤਰੀ ਖੁੱਡੀਆਂ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਅਮਰੀਕਾ ਗਏ ਹਨ ਅਤੇ ਉਹ ਆਪਣੇ ਹਮ ਰੁਤਬਾ ਨੂੰ ਅਜਿਹੇ ਕਾਰਜ ਕਰਨ ਤੋਂ ਰੋਕ ਵੀ ਸਕਦੇ ਹਨ।

# ਕਾਮਰੇਡ ਕਰਮ ਸਿੰਘ 'ਸੱਤ' ਛਾਜਲੀ ਨਮਿੱਤ ਸ਼ਰਧਾਂਜਲੀ ਸਮਾਰੋਹ



**ਦਿੜ੍ਹਬਾ (ਜਸਵੀਰ ਲਾਡੀ)** ਬੇਵਕਤ ਸਦੀਵੀ ਵਿਛੋੜਾ ਦੇ ਗਏ ਕਰਮ ਸਿੰਘ 'ਸੱਤ' ਛਾਜਲੀ ਦੇ ਭੋਗ ਸਮਾਗ਼ਮ ਮੌਕੇ ਪਿੰਡ ਛਾਜਲੀ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾਂਜਲੀ ਸਮਾਗ਼ਮ ਕੀਤਾ ਗਿਆ। ਪਰਵਾਰ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਜਥੇਬੰਦਕ ਕੇਡਰਾਂ ਦੀ ਸ਼ਮੂਲੀਅਤ ਦੇ ਭਰੇ ਪੰਡਾਲ ਵਿੱਚ ਦੇਸ ਰਾਜ ਛਾਜਲੀ, ਐਡਵੋਕੇਟ ਸੰਪੂਰਨ ਸਿੰਘ ਛਾਜਲੀ, ਡਾਕਟਰ ਬਰਜਿੰਦਰ ਸਿੰਘ ਸੋਹਲ, ਸੁਖਦੇਵ ਸਿੰਘ ਪਟਵਾਰੀ, ਜਗਜੀਤ ਭੁਟਾਲ਼ ਨੇ ਸੰਬੋਧਨ ਕਰਦਿਆਂ ਵਿੱਛੜੇ ਆਗੂ ਦੇ ਇਨਕਲਾਬੀ ਜੀਵਨ ਬਾਰੇ ਚਾਨਣਾ ਪਾਇਆ।ਬੁਲਾਰਿਆਂ ਨੇ ਕਿਹਾ ਕਿ ਭਰ ਜੁਆਨ ਉਮਰ ਤੋਂ ਹੀ ਪੰਜਾਬ ਸਟੂਡੈਂਟਸ ਯੂਨੀਅਨ ਤੇ ਨੌਜਵਾਨ ਭਾਰਤ ਸਭਾ ਰਾਹੀਂ ਇਨਕਲਾਬੀ ਲਹਿਰ ਨਾਲ਼ ਜੁੜੇ ਕਾਮਰੇਡ 'ਸੱਤ' ਨੇ ਆਖ਼ਰੀ ਸਾਹਾਂ ਤੱਕ ਆਪਣੇ ਇਨਕਲਾਬੀ ਅਕੀਦਿਆਂ ਉੱਪਰ ਪਹਿਰਾ ਦਿੱਤਾ ਹੈ।ਬੁਲਾਰਿਆਂ ਨੇ ਇਸ ਬੇਵਕਤੀ ਮੌਤ ਲਈ ਦੇਸ਼ ਦੇ ਘਟੀਆ ਸਿਹਤ ਪ੍ਰਬੰਧਾਂ ਦੀ ਕਰੜੀ ਆਲੋਚਨਾ ਕੀਤੀ।

ਵਿੱਛੜੇ ਸਾਥੀ ਦੇ ਜੀਵਨ-ਸਫ਼ਰ ਨੂੰ ਤਰਤੀਬ-ਬੱਧ ਤਰੀਕੇ ਨਾਲ਼ ਪੇਸ਼ ਕਰਨ ਲਈ ਗੁਰਮੇਲ ਭੁਟਾਲ਼ ਦੀ ਪ੍ਰਕਾਸ਼ਨਾ ਹੇਠ ਦੁਵਰਕੀ, ਪ੍ਰਵੀਨ ਖੋਖਰ ਵੱਲੋਂ ਲਿਖੀ ਜੀਵਨੀ ਤੋਂ ਇਲਾਵਾ ਮਰਹੂਮ ਨਾਮਦੇਵ ਸਿੰਘ ਭੁਟਾਲ਼ ਨੂੰ ਸਮਰਪਤ ਅਤੇ 'ਸੱਤ' ਦੀਆਂ ਲਿਖ਼ਤਾਂ ਨਾਲ਼ ਭਰਪੂਰ ਪੁਸਤਕ 'ਯਾਦਗਾਰੀ ਹਰਫ਼' ਨੂੰ ਹਾਜ਼ਰੀਨ ਨੇ ਦਿਲਚਸਪ ਹੁੰਗਾਰਾ ਦਿੱਤਾ।ਬੁਲਾਰਿਆਂ ਨੇ ਕਿਹਾ ਕਿ ਮਾਨਵੀ ਰਿਸ਼ਤਿਆਂ ਦੇ ਮਾਮਲੇ ਵਿੱਚ ਬਹੁਤ ਸੰਵੇਦਨਸ਼ੀਲ ਤੇ ਭਾਵੁਕ ਵੀ ਸੀ ਤੇ ਮੁਸ਼ਕਲਾਂ ਨੂੰ ਜ਼ਿੰਦਾਦਿਲੀ ਨਾਲ਼ ਝੱਲਣ ਵਾਲ਼ੇ ਤਹੱਮਲੀ ਜ਼ੇਰੇ ਦਾ ਮਾਲਕ 'ਸੱਤ' ਉਮਰ ਦੇ ਇਕੱਤਰਵੇਂ ਵਰ੍ਹੇ ਵਿੱਚ ਪਰਵੇਸ਼ ਕਰਦਿਆਂ ਹਾਰਟ ਦੀ ਮਾਮੂਲੀ ਦਿੱਕਤ ਹੋਣ ਦੇ ਬਾਵਜੂਦ ਹਾਲੇ ਕਾਇਮ ਸੀ।ਉਹ ਹਾਲੇ ਹੋਰ ਜੀਣ ਦਾ ਯਕੀਨ ਲੈ ਕੇ ਚੱਲ ਰਿਹਾ ਸੀ।ਸ਼ਰਧਾਂਜਲੀ ਸਮਾਗ਼ਮ ਮੌਕੇ ਗ੍ਰਾਮ ਪੰਚਾਇਤ ਛਾਜਲੀ ਤੋਂ ਇਲਾਵਾ ਸਮੂਹ ਕਿਸਾਨ ਮਜ਼ਦੂਰ ਜਥੇਬੰਦੀਆਂ, ਵੱਖ-ਵੱਖ ਸੰਸਥਾਵਾਂ ਤੇ ਵਿਦੇਸ਼ਾਂ ਵਿੱਚ ਬੈਠੇ ਸਾਥੀਆਂ ਵੱਲੋਂ ਸ਼ੋਕ ਮਤੇ ਭੇਜੇ ਗਏ।

# ਡਿਪਟੀ ਕਮਿਸ਼ਨਰ ਨੇ ਨਾਨਕਸਰ ਬਸਤੀ 'ਚ ਆਂਗਣਵਾੜੀ ਸੈਂਟਰ ਦਾ ਕੀਤਾ ਦੌਰਾ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਨਾਨਕਸਰ ਬਸਤੀ ਵਿਖੇ ਆਂਗਨਵਾੜੀ ਸੈਂਟਰ ਦਾ ਦੌਰਾ ਕੀਤਾ ਤੇ ਨਵਜੰਮੇ ਬੱਚਿਆਂ ਤੇ ਗਰਭਵਤੀ ਮਹਿਲਾਵਾਂ ਨਾਲ ਮੁਲਾਕਾਤ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਵੱਲੋਂ ਪੋਸ਼ਣ ਅਭਿਆਨ ਚਲਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਸਾਰੇ ਆਂਗਨਵਾੜੀ ਸੈਂਟਰਾਂ ਵਿੱਚ ਵਧੀਆ ਕੁਆਲਟੀ ਅਤੇ ਗੁਣਵੱਤਾ ਵਾਲਾ ਭੋਜਨ ਮੁਹੱਈਆ ਕਰਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ ਅਤੇ ਛੋਟੇ ਬੱਚਿਆਂ ਵਿੱਚ ਖੂਨ ਦੀ ਕਮੀ ਕਾਰਨ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਬਹੁਤ ਰੁਕਾਵਟ ਪੈਦਾ ਹੁੰਦੀ ਹੈ। ਗਰਭਵਤੀ ਔਰਤਾਂ ਨੂੰ ਆਪਣੀ ਖੁਰਾਕ ਵਿੱਚ ਆਇਰਨ ਦੇ ਸਰੋਤ ਵਾਲੀਆਂ ਚੀਜ਼ਾਂ ਦੀ ਜ਼ਿਆਦਾ ਵਰਤੋਂ ਕਰਨੀ ਚਾਹੀਦੀ ਹੈ, ਇਸ ਤੋਂ ਇਲਾਵਾ ਗਰਭਵਤੀ ਔਰਤਾਂ ਨੂੰ ਆਇਰਨ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਜ਼ਰੂਰ ਖਾਣੀਆਂ ਚਾਹੀਦੀਆਂ ਹਨ, ਜੋ ਸਰਕਾਰੀ ਸਿਹਤ ਸੰਸਥਾਵਾਂ ਵੱਲੋਂ ਮੁਫਤ ਉਪਲੱਬਧ ਕਰਾਈਆਂ ਜਾਂਦੀਆਂ ਹਨ। ਡਿਪਟੀ ਕਮਿਸ਼ਨਰ ਨੇ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਭਲਾਈ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਆਂਗਣਵਾੜੀ ਸੇਵਾਵਾਂ ਸਕੀਮ ਤਹਿਤ ਜ਼ਿਲ੍ਹੇ ਦੇ ਕੁੱਲ 35281 ਲਾਭਪਾਤਰੀਆਂ ਲਈ ਮਾਰਕਫੈਡ ਤੋਂ ਖਿਚੜੀ, ਮਿੱਠਾ ਦਲੀਆ, ਨਮਕੀਨ ਦਲੀਆਂ, ਪੰਜੀਰੀ ਆਦਿ ਦੀ ਖਰੀਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 545 ਆਂਗਣਵਾੜੀ ਸੈਂਟਰ ਹਨ, ਜਿਨ੍ਹਾਂ ਵਿੱਚ 998 ਸਟਾਫ ਹੈ।ਪੋਸ਼ਣ ਅਭਿਆਨ ਸਕੀਮ ਤਹਿਤ ਆਂਗਣਵਾੜੀ ਸੈਂਟਰਾਂ ਵਿੱਚ ਰਜਿਸਟਰਡ ਲਾਭਪਾਤਰੀਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ ਤੇ ਬੱਚਿਆਂ ਦੀ ਮਾਪਣ ਕੁਸ਼ਲਤਾ ਦਸੰਬਰ 2024 ਵਿੱਚ 99.93% ਤੱਕ ਪਹੁੰਚੀ ਹੈ।ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਤਹਿਤ ਜ਼ਿਲ੍ਹਾ ਫ਼ਰੀਦਕੋਟ ਵਿੱਚ 2238 ਆਨਲਾਈਨ ਕੇਸ ਰਜਿਸਟਰ ਕੀਤੇ ਗਏ ਅਤੇ ਲਾਭਪਾਤਰੀਆਂ ਦੇ ਖਾਤੇ ਵਿੱਚ 1 ਕਰੋੜ 15 ਲੱਖ 96 ਹਜ਼ਾਰ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।ਇਸ ਮੌਕੇ ਉਨ੍ਹਾਂ ਆਂਗਨਵਾੜੀ ਦੀਆਂ ਬੱਚੀਆਂ, ਸਟਾਫ ਤੇ ਪਿੰਡ ਵਾਸੀਆਂ ਨਾਲ ਸਾਂਝੇ ਤੌਰ 'ਤੇ ਬੂਟਾ ਲਾਇਆ ਤੇ ਸਾਰਿਆਂ ਨੂੰ ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਪੌਦੇ ਲਾਉਣ ਦੀ ਅਪੀਲ ਵੀ ਕੀਤੀ।ਉਨ੍ਹਾਂ ਆਂਗਨਵਾੜੀ ਸੈਂਟਰ ਵਿੱਚ ਬੱਚਿਆਂ ਲਈ ਬਣੇ ਖਾਣੇ ਨੂੰ ਚੈਕ ਕੀਤਾ ਤੇ ਇਸਦੀ ਗੁਣਵੱਤਾ ਤੇ ਤਸੱਲੀ ਪ੍ਰਗਟ ਕੀਤੀ।



ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਨਦੀਪ ਕੌਰ ਨੇ ਦੱਸਿਆ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਤਹਿਤ ਫਰੀਦਕੋਟ ਵਿਖੇ ਧੀ-ਅਨਮੁੱਲੀ ਦਾਤ ਤਹਿਤ ਗਤੀਵਿਧੀਆਂ ਨੂੰ ਪੂਰੇ ਪੰਜਾਬ ਵਿੱਚ ਪਹਿਲਾਂ ਸਥਾਨ ਦਿੱਤਾ ਗਿਆ।ਸਖੀ ਵਨ ਸਟਾਪ ਸੈਂਟਰ ਸਕੀਮ ਤਹਿਤ ਹੁਣ ਤੱਕ ਹਿੰਸਾ ਨਾਲ ਪ੍ਰਭਾਵਿਤ ਹੋ ਚੁੱਕੀਆਂ 266 ਔਰਤਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਦਿੱਤੀ ਗਈ ਹੈ। ਬਾਲ ਸੁਰੱਖਿਆ ਯੂਨਿਟ ਸਕੀਮ ਤਹਿਤ ਦਸਬੰਰ 2024 ਤੱਕ 111 ਬੱਚਿਆਂ ਨੂੰ 70,30,000/- ਰੁਪਏ ਦੀ ਰਾਸ਼ੀ ਸਪਾਂਸਰਸ਼ਿਪ ਦਾ ਲਾਭ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਬਾਲ ਭਿੱਖਿਆ ਰੈਗ ਪਿਕਿੰਗ ਤਹਿਤ ਦਸੰਬਰ 2024 ਤੱਕ 89 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ ਤੇ ਸਕੂਲ ਵਿੱਚ ਦਾਖਲ ਕਰਾਇਆ ਗਿਆ।

# ਸ਼ਹੀਦ ਦੀਪ ਸਿੱਧੂ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸ਼ੁਰੂ



**ਸ੍ਰੀ ਮੁਕਤਸਰ ਸਾਹਿਬ ( ਸ਼ਮਿੰਦਰਪਾਲ/ ਪੂਜਾ)**- ਇਥੋਂ ਦੇ ਨੇੜਲੇ ਪਿੰਡ ਉਦੇਕਰਨ ਵਿਖੇ ਤੀਸਰਾ ਸ਼ਹੀਦ ਦੀਪ ਸਿੱਧੂ ਯਾਦਗਾਰੀ ਫੁਟਬਾਲ ਟੂਰਨਾਮੈਂਟ ਅੱਜ ਪੂਰੀ ਸ਼ਾਨੋ ਸ਼ੋਕਤ ਨਾਲ ਸ਼ੁਰੂ ਹੋਇਆ। ਕੈਂਪ ਦਾ ਉਦਘਾਟਨ ਪ੍ਰਸਿੱਧ ਵਾਲੀਬਾਲ ਕੋਚ ਦਿਲਬਾਗ ਸਿੰਘ ਨੇ ਕੀਤਾ। ਇਸ ਮੌਕੇ ਜ਼ਿਲ੍ਹਾ ਫੁਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਬਰਾੜ ਪੁੱਜੇ। ਦੋਵੇਂ ਮਹਿਮਾਨਾਂ ਨੇ ਖਿਡਾਰੀਆਂ ਤੇ ਪ੍ਰਸੰਸਕਾਂ ਨੂੰ ਮੈਚ ਦੀ ਮੁਬਾਰਕਬਾਦ ਦਿੰਦਿਆਂ ਨੌਜਵਾਨ ਵਰਗ ਨੂੰ ਵੱਧ ਚੜ੍ਹ ਕੇ ਖੇਡਾਂ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਅਰਸ਼ ਬਰਾੜ ਉਦੇਕਰਨ ਨੇ ਦੱਸਿਆ ਕਿ ਇਹ ਚਾਰ ਰੋਜ਼ਾ ਫੁਟਬਾਲ ਟੂਰਨਾਮੈਂਟ 16 ਫ਼ਰਵਰੀ ਤੋਂ 19 ਫਰਵਰੀ ਤੱਕ ਚੱਲੇਗਾ ਤੇ ਟੂਰਨਾਮੈਂਟ ਦੌਰਾਨ ਖਿਡਾਰੀਆਂ ਅਤੇ ਬਾਹਰੋਂ ਆ ਰਹੇ ਖੇਡ ਦਰਸ਼ਕਾਂ ਲਈ ਔਰ ਪੱਖੋਂ ਵਧੀਆ ਇੰਤਜ਼ਾਮ ਕੀਤੇ ਜਾ ਚੁੱਕੇ ਹਨ।ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਟੂਰਨਾਮੈਂਟ ਦੇ ਦੂਸਰੇ ਦਿਨ 17 ਫਰਵਰੀ ਦਿਨ ਸੋਮਵਾਰ ਨੂੰ ਖੂਨਦਾਨ ਕੈਂਪ ਵੀ ਲਾਇਆ ਜਾ ਰਿਹਾ ਹੈ। ਅਤੁਲਿਆ ਬਲੱਡ ਸੈਂਟਰ ਸ਼੍ਰੀ ਮੁਕਤਸਰ ਸਾਹਿਬ ਇਸ ਮੌਕੇ ਆਪਣੀਆਂ ਸੇਵਾਵਾਂ ਪ੍ਰਦਾਨ ਕਰਨਗੇ ਅਤੇ ਇਸ ਖੂਨਦਾਨ ਕੈਂਪ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਉਹਨਾਂ ਨੇ ਖ਼ੂਨਦਾਨੀਆਂ ਨੂੰ ਇਸ ਖ਼ੂਨਦਾਨ ਕੈਂਪ ਵਿੱਚ ਵੱਧ ਤੋਂ ਵੱਧ ਖ਼ੂਨਦਾਨ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਅੰਗਰੇਜ ਸਿੰਘ ਬਰਾੜ, ਗੁਰਾਂਦਿੱਤਾ ਸਿੰਘ, ਸੁਖਮੰਦਰ ਸਿੰਘ, ਰੇਸ਼ਮ ਸਿੰਘ, ਪਰਮਜੀਤ ਸਿੰਘ ਮੈਂਬਰ, ਪਾਲ ਸਿੰਘ, ਗੁਰਵਿੰਦਰ ਸਿੰਘ, ਹਰਦੀਪ ਸਿੰਘ, ਗੋਪੀ ਬਰਾੜ, ਸ਼ਮਸ਼ੇਰ ਸਿੰਘ ,ਗੁਰਲਾਲ ਸਿੰਘ, ਟੂਰਨਾਮੈਂਟ ਪ੍ਰਬੰਧਕੀ ਕਮੇਟੀ ਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।

# ਜਗਦੀਸ਼ ਢੋਸੀਵਾਲ 11ਵੀਂ ਵਾਰ ਵਿਕਾਸ ਮਿਸ਼ਨ ਦੇ ਪ੍ਰਧਾਨ ਚੁਣੇ ਗਏ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੀ ਨਵੀਂ ਕਾਰਜਕਾਰਨੀ ਬਨਾਉਣ ਲਈ ਵਿਸ਼ੇਸ਼ ਮੀਟਿੰਗ ਸਥਾਨਕ ਰੇਲਵੇ ਰੋਡ ਸਥਿਤ ਸਿਟੀ ਹੋਟਲ ਵਿਖੇ ਹੋਈ। ਮੀਟਿੰਗ ਦੌਰਾਨ ਪਿਛਲੇ ਸਾਲ ਦੀਆਂ ਗਤੀਵਿਧੀਆਂ ਦੇ ਲੇਖਾ ਜੋਖਾ ਕੀਤਾ ਗਿਆ ਮੀਟਿੰਗ ਦੌਰਾਨ ਮੌਜੂਦ ਸਾਰੇ ਮੈਂਬਰਾਂ ਨੇ ਸਰਵ ਸੰਮਤੀ ਨਾਲ ਹੱਥ ਖੜ੍ਹੇ ਕਰਕੇ ਪ੍ਰਸਿਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੂੰ ਲਗਾਤਾਰ 11ਵੀਂ ਵਾਰ ਮਿਸ਼ਨ ਦਾ ਪ੍ਰਧਾਨ ਚੁਣਿਆ ਗਿਆ। ਸਮੂਹ ਮੈਂਬਰਾਂ ਨੇ ਪ੍ਰਧਾਨ ਚੁਣੇ ਜਾਣ 'ਤੇ ਢੋਸੀਵਾਲ ਨੂੰ ਵਧਾਈ ਦਿੱਤੀ। ਇਸਦੇ ਨਾਲ ਹੀ ਬਾਕੀ ਦੀ ਕਾਰਜਕਾਰਨੀ ਬਣਾਉਣ ਦਾ ਅਧਿਕਾਰ ਵੀ ਢੋਸੀਵਾਲ ਨੂੰ ਦਿੱਤਾ ਗਿਆ। ਪ੍ਰਧਾਨ ਢੋਸੀਵਾਲ ਨੇ ਸੇਵਾ ਮੁਕਤ ਪੁਲਿਸ ਇੰਸਪੈਕਟਰ ਜਗਸੀਰ ਸਿੰਘ ਨੂੰ ਮਿਸ਼ਨ ਦਾ ਚੀਫ ਪੈਟਰਨ ਅਤੇ ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੂੜੀਆ ਦੋਹਾਂ ਨੂੰ ਪੈਟਰਨ ਨਿਯੁਕਤ ਕੀਤਾ, ਨਿਰੰਜਣ ਸਿੰਘ ਰੱਖਰਾ ਨੂੰ ਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ, ਰਾਜੀਵ ਕਟਾਰੀਆ ਤੇ ਚੰਦ ਸਿੰਘ ਲੱਧੂਵਾਲਾ ਦੋਹਾਂ ਨੂੰ ਵਾਇਸ ਚੇਅਰਮੈਨ ਬਣਾਇਆ। ਇੰਜ. ਅਸ਼ੋਕ ਕੁਮਾਰ ਭਾਰਤੀ ਨੂੰ ਮਿਸ਼ਨ ਗਾਇਡ, ਡਾ. ਜਸਵਿੰਦਰ ਸਿੰਘ ਨੂੰ ਸੰਸਥਾ ਦਾ ਜਨਰਲ ਸਕੱਤਰ ਬਣਾਇਆ ਗਿਆ ਅਤੇ ਬਲਜੀਤ ਸਿੰਘ ਕੋਆਪ੍ਰੇਟਿਵ ਨੂੰ ਸਹਾਇਕ ਸਕੱਤਰ ਨਿਯੁਕਤ ਕੀਤਾ। ਗੁਰਪਾਲ ਸਿੰਘ ਪਾਲੀ ਨੂੰ ਵਰਕਿੰਗ ਸਕੱਤਰ ਨਿਯੁਕਤ ਕੀਤਾ ਗਿਆ ਹੈ। ਡਾ. ਸੰਜੀਵ ਮਿੱਢਾ ਨੂੰ ਮਿਸ਼ਨ ਦੇ ਕੈਸ਼ੀਅਰ , ਰਾਜੇਸ਼ ਗਿਰਧਰ ਅਤੇ ਮਨੋਹਰ ਲਾਲ ਹਕਲਾ ਨੂੰ ਸਪੈਸ਼ਲ ਸਕੱਤਰ ਦੀ ਡਿਊਟੀ ਦਿੱਤੀ ਗਈ ਹੈ। ਇਸੇ ਤਰ੍ਹਾਂ ਪ੍ਰਸ਼ੋਤਮ ਗਿਰਧਰ, ਡਾ. ਹਰਭਗਵਾਨ ਸਿੰਘ ਹੈਰੀ ਅਤੇ ਕੇ.ਐਲ. ਮਹਿੰਦਰਾ ਨੂੰ ਮਿਸ਼ਨ ਦਾ ਸਕੱਤਰ ਬਣਾਇਆ ਗਿਆ ਹੈ। ਜਗਦੀਸ਼ ਚੰਦਰ ਧਵਾਲ ਨੂੰ ਮੁੱਖ ਸਲਾਹਕਾਰ, ਅਮਰ ਨਾਥ ਸੇਰਸੀਆ ਅਤੇ ਸੁਖਬੰਸ ਸਿੰਘ ਚਾਹਲ ਨੂੰ ਸਹਾਲਕਾਰ ਨਿਯੁਕਤ ਕੀਤਾ ਗਿਆ ਹੈ।ਵਿਜੇ ਸਿਡਾਨਾ ਨੂੰ ਮਿਸ਼ਨ ਦੇ ਲੋਕ ਸੰਪਰਕ ਵਿੰਗ ਦਾ ਡਾਇਰੈਕਟਰ ਅਤੇ ਸਾਹਿਲ ਕੁਮਾਰ ਹੈਪੀ ਨੂੰ ਡਿਪਟੀ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ। ਰਜਿੰਦਰ ਖੁਰਾਣਾ ਨੂੰ ਮਿਸ਼ਨ-ਪ੍ਰਸ਼ਾਸਨ ਕੁਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ, ਜਦੋਂ ਕਿ ਨਰਿੰਦਰ ਕਾਕਾ ਨੂੰ ਮਿਸ਼ਨ ਦਾ ਫੋਟੋ ਗ੍ਰਾਫਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਹੈ ਕਿ ਮਿਸ਼ਨ ਵੱਲੋਂ ਅੰਤਰ ਰਾਸ਼ਟਰੀ ਇਸਤਰੀ ਦਿਵਸ 09 ਮਾਰਚ ਨੂੰ ਸਥਾਨਕ ਸਿਟੀ ਹੋਟਲ ਵਿਖੇ ਬਾਅਦ ਦੁਪਹਿਰ 3:00 ਵਜੇ ਮਨਾਇਆ ਜਾਵੇਗਾ, ਜਿਸ ਵਿੱਚ ਸਮਾਜ ਨੂੰ ਸੇਧ ਦੇਣ ਵਾਲੀਆਂ 13 ਨਾਮਵਰ ਔਰਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ।

# ਕਲਾਸੀਫਾਈਡ ਇਸ਼ਤਿਹਾਰ

## Change of Name

I hitherto known as PROMILA MEHTA W/O Kul Bushan Uppal R/O 107 Block C, Street No.3, Mount Avenue, District Hoshiarpur, Punjab-146001 have changed my name and shall hereafter be known as KIRAN UPPAL.

I, Rajni Gaba W/O Rajinder Kumar R/K H.no 129 Gaushala Road, Bari Maseat, Phagwara, Distt Kapurthala, Punjab after Marriage, I have changed my name from Rajni Gaba to Rajni.

I, Priyanka D/O Gurmeet Singh R/O Vpo Mandhali, Teh.banga Distt Sbs Nagar , I Have Changed My Name From Priyanka To Priyanka Bhatti And Bhatti Is My Surname.

I, Sukhjit Singh S/o Mohan Lal R/o VPO. Narur, Tehsil Phagwara, Distt. Kapurthala have changed my name from Sukhjit Singh to Singh Sukhjit. (Surname as Singh) All Please Note.

I, Manjeet Kaur w/o Manjit Singh r/o VPO. Khudda, Teh. Dasuya, Distt.Hoshiarpur-144305, Punjab have changed my name to Manjit Kaur. All Please Note.

I, Ravinder Kaur W/o Sarwan Singh R/o Vill. Akal Garh, Teh. Phagwara, Distt. Kapurthala, Punjab - 144401 have changed my name from Ravinder Kaur to Kaur Ravinder. All Please Note.

I, Sarwan Singh S/o Harzara Singh R/o Vill. Akal Garh, Teh. Phagwara, Distt. Kapurthala, Punjab- 144401 have changed my name from Sarwan Singh to Singh Sarwan. All Please Note.

I, Inderpal Kaur Bhamrah alias Inder Pal Kaur D/o Waryam Singh W/o Sulakhan Singh R/o Vill. Sadarang, Po. Chodriwal, Batala, Gurdaspur, Punjab have changed my name to Inderpal Kaur. All Please Note.

I, Usha W/o Avtar Singh R/o Vill. Maujowal, Po. Majara, Teh. Balachaur, Distt. SBS Nagar have changed my name from Usha to Daljit Kaur. All Please Note.

## Change of Name

I, Manoj S/o Sucha Ram R/o VPO. Kangna Bet, Teh. Balachaur, Distt. SBS Nagar have changed my name from Manoj to Manoj Banger. All Please Note.

I, hitherto known as Mobeen S/o Hasiam Ahmead R/o H.No.307/2, New Santokh Pura, Near PNB Bank, Jalandhar, Punjab-144001 have changed my name and shall hereafter be known as Mobeen Ahmead.

I, Deepak Singh Rawat S/o Surinder Singh Rawat R/o H.No. 10, Guru Nanak Nagar, Po. Dakoha, Rama Mandi, Jalandhar have changed my name from Deepak Singh Rawat to Deepak Rawat. All Please Note.

## ਆਮ ਸੂਚਨਾ

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ। ਕਿ ਇੱਕ ਟਿਊਬਵੈੱਲ ਕੁਨੈਕਸ਼ਨ LK-438 ਜੋ ਕਿ ਲਾਲਾ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਲੌਂਗੋਵਾਲ (ਸੰਗਰੂਰ) ਦੇ ਨਾਮ ਤੇ ਚਲਦਾ ਹੈ। ਉਸ ਨੂੰ ਗੋਬਿੰਦਰ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਹਰਨਾਮ ਨਗਰ (ਫ਼ਤਿਹਗੜ੍ਹ ਸਾਹਿਬ) ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ। ਇਸ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਆਪਣਾ ਇਤਰਾਜ 30 ਦਿਨਾਂ ਦੇ ਅੰਦਰ ਅੰਦਰ ਪਾਵਰਕੋਮ ਦਫ਼ਤਰ ਲੌਂਗੋਵਾਲ ਵਿਖੇ ਦਰਜ ਕਰਵਾ ਸਕਦਾ ਹੈ। ਨਹੀਂ ਤਾਂ ਉਕਤ ਟਿਊਬਵੈੱਲ ਕੁਨੈਕਸ਼ਨ ਨਾਮ ਤਬਦੀਲ ਕਰ ਦਿੱਤਾ ਜਾਵੇਗਾ।

ਸ੍ਰੀ ਚੰਦ ਸਿੰਘ ਪੁੱਤਰ ਸ੍ਰੀ ਪਿਆਰਾ ਵਾਸੀ ਲੰਢੇ ਕੇ ਜ਼ਿਲਾ ਮੋਗਾ ਦੇ ਨਾਮ ਤੇ ਇੱਕ ਟਿਊਬਵੈਲ ਕੁਨੈਕਸ਼ਨ ਖਾਤਾ ਨੰ: AP 70/191 ਬੀ ਐਚ ਪੀ 20 ਵਾਕਿਆ ਲੰਢੇ ਕੇ ਪਿੰਡ ਵਿੱਚ ਚੱਲ ਰਿਹਾ ਹੈ। ਹੁਣ ਇਸ ਕੁਨੈਕਸ਼ਨ ਦੀ ਨਾਮ ਦੀ ਬਦਲੀ ਗੁਰਚਰਨ ਸਿੰਘ ਪੁੱਤਰ ਚੰਦ ਸਿੰਘ ਵਾਸੀ ਲੰਢੇ ਕੇ ਮੋਗਾ ਵੱਲੋਂ ਆਪਣੇ ਨਾਮ ਤੇ ਕਰਵਾਉਣ ਲਈ ਦਰਖਾਸਤ ਦਿੱਤੀ ਹੈ। ਜੇਕਰ ਇਸ ਸਬੰਧੀ ਕਿਸੇ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੀ ਐਸ ਪੀ ਸੀ ਐਲ ਉਪ ਮੰਡਲ ਅਫਸਰ ਉੱਤਰੀ ਨੂੰ ਪੇਸ਼ ਕਰ ਸਕਦਾ ਹੈ ਨਾ ਇਤਰਾਜ ਹੋਣ ਤੇ ਪੰਦਰਾਂ ਦਿਨਾਂ ਬਾਅਦ ਕੁਨੈਕਸ਼ਨ ਉਸ ਨਾਮ ਉਪਰ ਤਬਦੀਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ।

ਬਲਦੇਵ ਸਿੰਘ ਪੁੱਤਰ ਰਾਮ ਦਿੱਤਾ ਸਿੰਘ, ਪਿੰਡ ਕਾਤਰੋਂ (ਸੰਗਰੂਰ) ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਕੇ-2711 ਏਪੀ. (17.5 ਹਾਰਸਪਾਵਰ) ਨੂੰ ਗਗਨਦੀਪ ਸਿੰਘ ਪੁੱਤਰ ਬਲਦੇਵ ਸਿੰਘ, ਪਿੰਡ ਕਾਤਰੋਂ (ਸੰਗਰੂਰ) ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਸ਼ੇਰਪੁਰ-2 ਦੇ ਇਤਰਾਜ ਪੇਸ਼ ਕਰੇ।

## ਬੇਦਖਲੀ ਨੋਟਿਸ

ਮੈਂ, ਅਮਰਜੀਤ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਸੁੰਦਰ ਨਗਰ, ਕੋਟ ਈਸੇ ਖਾਂ, ਤਹਿ. ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪਰਮਜੀਤ ਕੌਰ ਉਰਫ ਪ੍ਰੀਆ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਦੀਪ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਪਿੰਡ ਜੱਕੋਪੁਰ ਕਲਾਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਤਾਰ ਸਿੰਘ, ਮੇਰੀ ਨੂੰਹ ਅਤੇ ਇਨ੍ਹਾਂ ਦੇ ਤਿੰਨ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਗੁਰਮੀਤ ਦਾਸ ਚਹਿਲ ਪੁੱਤਰ ਕਿਰਪਾਲ ਦਾਸ, ਪਿੰਡ ਘਨੌਰੀ ਕਲਾਂ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਗੁਰਮੀਤ ਦਾਸ ਰੱਖ ਲਿਆ ਹੈ।

ਮੈਂ, ਹਰਪ੍ਰੀਤ ਪੁੱਤਰੀ ਪ੍ਰੇਮ ਚੰਦ ਵਾਸੀ ਪਿੰਡ ਨੰਗਲ ਕਰਾਰ ਖਾਂ, ਡਾਕ. ਕੁੱਕੜ ਪਿੰਡ, ਜ਼ਿਲ੍ਹਾ ਜਲੰਧਰ, ਪੰਜਾਬ, ਭਾਰਤ ਨੇ ਆਪਣਾ ਨਾਅ ਹਰਪ੍ਰੀਤ ਤੋਂ ਬਦਲ ਕੇ ਹਰਪ੍ਰੀਤ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਸਰੋਜ ਬਾਲਾ ਪਤਨੀ ਬਖਸ਼ੀ ਰਾਮ, ਵਾਸੀ 7 ਬਲਬੋਰ ਨਗਰ, ਬਸਤੀ ਦਾਨਿਸ਼ਮੰਦਾ, ਜਲੰਧਰ - 144002, ਪੰਜਾਬ, ਨੇ ਆਪਣੀ ਨਾਬਾਲਿਕ ਲੜਕੀ ਦਾ ਨਾਮ ਰਾਧਿਕਾ ਤੋਂ ਬਦਲ ਕੇ ਰਾਧਿਕਾ ਕੋਰ ਰੱਖ ਦਿੱਤਾ ਹੈ। ਸਾਰੇ ਸਬੰਧਿਤ ਨੋਟ ਕਰਨ।

## Public Notice

Razia Sharma d/o Kali Dass R/O 175/8 Preet Nagar Ladowali Road Jalandhar Appeared in the B.Ed Exam from Chenab college in the Year 2002-2003 Roll No. 7311 and Passed. My Degree Deploma has been Lost I really need Duplicate, In case I found real one I will return it to University.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਸ਼ੁਭਕਰਨ ਸਿੰਘ ਦੇ ਪਿੰਡ ਬੱਲੋਂ 'ਚ 21 ਨੂੰ ਮਨਾਇਆ ਜਾਵੇਗਾ ਸ਼ਹੀਦੀ ਦਿਹਾੜਾ



**ਸਮਰਾਲਾ, (ਸੁਰਜੀਤ ਸਿੰਘ)** 21 ਫਰਵਰੀ ਨੂੰ ਕਿਸਾਨ ਅੰਦੋਲਨ 2 ਦੌਰਾਨ ਸ਼ਹੀਦ ਹੋਏ ਪੰਜਾਬ ਦੇ ਨੌਜਵਾਨ ਸ਼ੁਭਕਰਨ ਦਾ ਸ਼ਹੀਦੀ ਦਿਹਾੜਾ 21 ਫਰਵਰੀ ਨੂੰ ਉਨ੍ਹਾਂ ਦੇ ਪਿੰਡ ਬੱਲੋਂ ਵਿਖੇ ਮਨਾਇਆ ਜਾਵੇਗਾ, ਜਿਸ ਵਿਚ ਦੇਸ਼ ਭਰ ਤੋਂ ਵੱਡੀ ਗਿਣਤੀ ਵਿਚ ਕਿਸਾਨ ਆਪਣੀ ਹਾਜ਼ਰੀ ਦਰਜ ਕਰਵਾ ਕੇ ਸ਼ਰਧਾਂਜਲੀ ਭੇਟ ਕਰਨਗੇ। ਇਸ ਤੋਂ ਇਲਾਵਾ 19 ਫਰਵਰੀ ਤੋਂ ਨੌਜਵਾਨ ਕਿਸਾਨ ਸਿਰਸਾ ਤੋਂ ਪੈਦਲ ਮਾਰਚ ਕਰਦੇ ਹੋਏ ਜਾ ਕੇ ਸ਼ਹੀਦ ਸ਼ੁਭਕਰਨ ਸਿੰਘ ਦੇ ਪਿੰਡ ਉਨ੍ਹਾਂ ਦੇ ਸ਼ਹੀਦੀ ਸਮਾਰਕ ਉੱਪਰ ਸ਼ਰਧਾਂਜਲੀ ਭੇਟ ਕਰਨਗੇ ਤੇ ਹੁਣ ਤੱਕ ਸ਼ਹੀਦ ਹੋਏ 43 ਹੋਰ ਕਿਸਾਨਾਂ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।

ਇਹ ਜਾਣਕਾਰੀ ਭਾਰਤੀ ਕਿਸਾਨ ਏਕਤਾ (ਬੀ.ਕੇ.ਈ) ਦੇ ਪ੍ਰਧਾਨ ਲਖਵਿੰਦਰ ਸਿੰਘ ਔਲਖ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਕਿਸਾਨ ਅੰਦੋਲਨ 02 ਨੂੰ ਇੱਕ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ।ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿਖੇ 5ਵੇਂ ਦੌਰ ਦੀ ਗੱਲਬਾਤ ਹੋਈ, ਜਿਸ ਵਿੱਚ ਕੇਂਦਰ ਸਰਕਾਰ ਤੋਂ ਪ੍ਰਹਿਲਾਦ ਜੋਸ਼ੀ, ਪੰਜਾਬ ਤੋਂ ਖੇਤੀਬਾੜੀ ਮੰਤਰੀ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਵੀ ਸ਼ਾਮਲ ਹੋਏ। ਮੀਟਿੰਗ ਵਿਚ ਸਰਕਾਰ ਦੀ ਤਰਫੋਂ ਅਧਿਕਾਰੀਆਂ ਨੇ ਪ੍ਰਾਪਤੀਆਂ ਗਿਣਾਈਆਂ, ਜਿਸ 'ਤੇ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਤੁਸੀਂ ਪ੍ਰਾਪਤੀਆਂ ਗਣਾ ਰਹੇ ਹੋ, ਜਦਕਿ ਅਸੀਂ ਕਮੀਆਂ ਗਣਾ ਰਹੇ ਹਾਂ।ਡੱਲੇਵਾਲ ਨੇ ਕੇਂਦਰ ਸਰਕਾਰ ਤੋਂ ਆਏ ਅਧਿਕਾਰੀਆਂ ਨੂੰ ਅੰਕੜਿਆਂ ਸਮੇਤ ਪੂਰਾ ਲੇਖਾ ਜੋਖਾ ਦਿੱਤਾ।ਉਨ੍ਹਾਂ ਕਿਸਾਨਾਂ ਦੀਆਂ 12 ਮੰਗਾਂ ਦਾ ਵੀ ਜ਼ਿਕਰ ਕੀਤਾ, ਜਿਨ੍ਹਾਂ 'ਤੇ ਅਧਿਕਾਰੀਆਂ ਨੇ ਸਰਕਾਰ ਵੱਲੋਂ ਸਾਕਾਰਾਤਮਕ ਪੱਖ ਰੱਖਿਆ। ਔਲਖ ਨੇ ਕਿਹਾ ਕਿ ਭਾਵੇਂ ਸਰਕਾਰ ਹੁਣ ਸਕਾਰਾਤਮਕ ਮਾਹੌਲ ਵਿੱਚ ਹੈ, ਓਥੇ ਕਿਸਾਨ ਵੀ ਚਾਹੁੰਦੇ ਹਨ ਕਿ ਸਰਕਾਰ ਜਲਦੀ ਤੋਂ ਜਲਦੀ ਕਿਸਾਨਾਂ ਦੀਆਂ ਮੰਗਾਂ ਮੰਨੇ ਅਤੇ ਅੰਦੋਲਨ ਨੂੰ ਖਤਮ ਕੀਤਾ ਜਾਵੇ, ਕਿਉਂਕਿ ਅੰਦੋਲਨ ਦੌਰਾਨ ਸੈਂਕੜੇ ਕਿਸਾਨ ਸ਼ਹੀਦ ਹੋ ਚੁੱਕੇ ਹਨ।

ਔਲਖ ਨੇ ਕਿਹਾ ਕਿ 21 ਫਰਵਰੀ 2024 ਨੂੰ ਨੌਜਵਾਨ ਸ਼ੁਭਕਰਨ ਨੂੰ ਸਰਕਾਰ ਨੇ ਗੋਲੀ ਮਾਰ ਕੇ ਸ਼ਹੀਦ ਕਰ ਦਿੱਤਾ ਸੀ, ਉਸੇ ਸ਼ਹੀਦ ਦੇ ਪਹਿਲੇ ਸ਼ਹੀਦੀ ਦਿਹਾੜੇ ਉਨ੍ਹਾਂ ਦੇ ਜੱਦੀ ਪਿੰਡ ਬੱਲੋ ਵਿਖੇ ਉਨ੍ਹਾਂ ਦਾ ਪਹਿਲਾ ਸ਼ਹੀਦੀ ਦਿਹਾੜਾ ਮਨਾਇਆ ਜਾਵੇਗਾ।ਸਿਰਸਾ ਤੋਂ ਨੌਜਵਾਨਾ ਦਾ ਕਾਫਲਾ ਸ਼ਹੀਦ ਸ਼ੁਭਕਰਨ ਸਿੰਘ ਦੇ ਪਿੰਡ ਹੋ ਰਹੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਪੈਦਲ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਇਸ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ।

## PUNJAB NATIONAL BANK

Branch Office:- SSI, Cheema Chowk Ludhiana

### ਰੂਲ-8 (1) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਿਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਐਸ ਐਸ ਆਈ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਖੁੱਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ) ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ, ਐਸ ਐਸ ਆਈ, ਚੀਮਾ ਚੌਕ ਲੁਧਿਆਣਾ ਨੂੰ ਹੇਠਾਂ ਦਰਸਾਈ ਕੁੱਲ ਰਕਮ+ਇਸ ਉਪਰ ਬਣਦੇ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ/ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਕਰਜ਼ਦਾਰ (ਕਰਜ਼ਦਾਰਾਂ) : 1. ਸ਼੍ਰੀਮਤੀ ਬਿਮਲਾ ਦੇਵੀ ਪਤਨੀ ਸਵ. ਸ਼੍ਰੀ ਬਲਦੇਵ ਰਾਜ ਚੌਹਾਨ, # ਮਕਾਨ ਨੰ. 2502, ਗਲੀ ਨੰ. 4, ਕੈਲਾਸ਼ ਨਗਰ, ਨੇੜੇ ਸੰਜੀਵ ਮੈਡੀਕਲ ਹਾਲ, ਬਸਤੀ ਜੋਧੇਵਾਲ ਲੁਧਿਆਣਾ, (ਖਾਤਾ ਨੰ. 0406307002511 ਵਿੱਚ ਕਰਜ਼ਦਾਰ ਅਤੇ ਸਵ. ਸ਼੍ਰੀ ਬਲਦੇਵ ਰਾਜ ਚੌਹਾਨ ਮਾਲਕ ਮੈਸ. ਚੌਹਾਨ ਫੈਬਰਿਕਸ ਦੇ ਕਾਨੂੰਨੀ ਵਾਰਿਸ ਖਾਤਾ ਨੰ.0406307002511 ਅਤੇ ਖਾਤਾ ਨੰ. 0406250023180) 2. (ਕਰਜ਼ਦਾਰਾਂ) : ਸ਼੍ਰੀ ਸ਼ਰਨਿਕ ਚੌਹਾਨ ਪੁੱਤਰ ਸਵ. ਸ਼੍ਰੀ ਬਲਦੇਵ ਰਾਜ ਚੌਹਾਨ # ਮਕਾਨ ਨੰ. 2502, ਗਲੀ ਨੰ. 4, ਕੈਲਾਸ਼ ਨਗਰ, ਨੇੜੇ ਸੰਜੀਵ ਮੈਡੀਕਲ ਹਾਲ, ਬਸਤੀ ਜੋਧੇਵਾਲ ਲੁਧਿਆਣਾ (ਸਵ. ਸ਼੍ਰੀ ਬਲਦੇਵ ਰਾਜ ਚੌਹਾਨ ਮਾਲਕ. ਮੈਸ. ਚੌਹਾਨ ਫੈਬਰਿਕਸ ਦੇ ਕਾਨੂੰਨੀ ਵਾਰਿਸ ਖਾਤਾ ਨੰ.0406307002511 ਅਤੇ ਖਾਤਾ ਨੰ. 0406250023180 ਵਿੱਚ) ।(ਗਰੰਟਰ) : ਸ਼੍ਰੀ ਰਾਕੇਸ਼ ਕੁਮਾਰ ਸ਼ਰਮਾ ਪੁੱਤਰ ਸ਼੍ਰੀ ਪਿਆਰਾ ਲਾਲਾ, # ਮਕਾਨ ਨੰ. 3463, ਗਲੀ ਨੰ.1, ਸ਼ਿਮਲਾ ਕਾਲੋਨੀ, ਕੈਲਾਸ਼ ਨਗਰ ਲੁਧਿਆਣਾ। | ਵਿਕਰੀ ਬੈਨਾਮਾ ਨੰ. 12249 ਮਿਤੀ 31.07.1989 ਰਾਹੀਂ ਸ਼੍ਰੀ ਬਲਦੇਵ ਰਾਜ ਚੌਹਾਨ ਪੁੱਤਰ ਸ਼੍ਰੀ ਰਾਮ ਕ੍ਰਿਸ਼ਨ ਦੇ ਨਾਂਅ 'ਤੇ ਪਿੰਡ ਮੌਜਾ ਜੋਧੇਵਾਲ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 1985-86 ਅਨੁਸਾਰ ਖਸਰਾ ਨੰ. 832/524/153 ਖਾਤਾ ਨੰ. 781/830 ਵਿੱਚ ਸ਼ਾਮਲ ਜਾਇਦਾਦ ਰਕਬਾ 200 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ : ਪੂਰਬ : ਸਰਵਨ ਕੁਮਾਰ, ਪੱਛਮ : ਰਾਮ ਪ੍ਰਕਾਸ਼, ਉਤਰ : ਗਲੀ, ਦੱਖਣ : ਸੁੱਖਦਿਆਲ ਸਿੰਘ | 06.12.2024 | 15.02.2025 | ਸੰਕੇਤਕ ਕਬਜ਼ਾ — ਰੁਪਏ 6,26,842.30/- (ਰੁਪਏ ਛੇ ਲੱਖ ਛੱਬੀ ਹਜ਼ਾਰ ਅੱਠ ਸੌ ਬਤਾਲੀ ਅਤੇ ਤੀਹ ਪੈਸੇ ਸਿਰਫ਼), ਖਾਤਾ ਨੰ. 0406307002511 ਵਿੱਚ ਅਤੇ ਰੁਪਏ 5,69,854.84/- (ਪੰਜ ਲੱਖ ਉਨੱਤਰ ਹਜ਼ਾਰ ਅੱਠ ਸੌ ਚਰੰਜਾ ਅਤੇ ਚੁਰਾਸੀ ਪੈਸੇ ਸਿਰਫ਼), ਖਾਤਾ ਨੰ. 0406250023180 ਵਿੱਚ ਕੁੱਲ ਬਕਾਇਆ ਰਕਮ ਹੈ ਰੁਪਏ 11,96,697.14/- (ਰੁਪਏ ਗਿਆਰਾਂ ਲੱਖ ਛਿਆਨਵੇਂ ਹਜ਼ਾਰ ਛੇ ਸੌ ਸਤਾਨਵੇ ਅਤੇ ਚੌਦਾਂ ਪੈਸੇ ਸਿਰਫ਼) ਮਿਤੀ 30.11.2024 ਨੂੰ ਬਕਾਇਆ ਜਮ੍ਹਾ ਮਿਤੀ 01.12.2024 ਤੋਂ ਲਾਗੂ ਇਸ ਉਪਰ ਬਣਦਾ ਹੋਰ ਵਿਆਜ, ਹੋਰ ਲਾਗਤਾਂ ਅਤੇ ਖ਼ਰਚੇ। |

ਮਿਤੀ : 16-2-2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

## ਮਾਤਾ ਗੰਗਾ ਖਾਲਸਾ ਕਾਲਜ ਦੀ ਵਿਦਿਆਰਥਣ ਦੀ ਰੇਲਵੇ 'ਚ ਨਿਯੁਕਤੀ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖ਼ਾਲਸਾ ਕਾਲਜ ਮੰਜੀ ਸਾਹਿਬ ਕੋਟਾਂ (ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ) ਦੀ ਹੋਣਹਾਰ ਵਿਦਿਆਰਥਣ ਬੀਬਾ ਵੀਰਜੀਤ ਕੌਰ ਦੀ ਨਾਰਥ ਈਸਟ ਰੇਲਵੇ ਵਿੱਚ ਬਤੌਰ ਯੂਨੀਅਰ ਕਲਰਕ ਨਿਯੁਕਤੀ ਹੋਣ 'ਤੇ ਕਾਲਜ ਦੇ ਪ੍ਰਿੰਸੀਪਲ, ਸਮੂਹ ਸਟਾਫ਼ ਨੇ ਮੁਬਾਰਕਬਾਦ ਦਿੱਤੀ।ਵੀਰਜੀਤ ਕੌਰ ਨੇ ਰਾਜਨੀਤੀ ਵਿਭਾਗ ਤੋਂ ਪੋਲੀਟੀਕਲ ਸਾਇੰਸ ਦੀ ਐਮ. ਏ. ਕਰਦਿਆਂ ਵੀ ਭਾਰ ਤੋਲਕ ਵਜੋਂ ਸਟੇਟ ਪੱਧਰ ਤੇ ਨੈਸ਼ਨਲ ਪੱਧਰ 'ਤੇ ਪੁਜ਼ੀਸ਼ਨ ਵੀ ਹਾਸਲ ਕੀਤੀ।ਪੋਲੀਟੀਕਲ ਵਿਭਾਗ ਦੇ ਮੁਖੀ ਪ੍ਰੋ. ਬਲਜੀਤ ਕੌਰ ਤੇ ਪ੍ਰੋ. ਸੰਦੀਪ ਕੌਰ ਨੇ ਆਪਣੇ ਵਿਭਾਗ ਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਦਾ ਇਜ਼ਹਾਰ ਕੀਤਾ।ਵੀਰਜੀਤ ਕੌਰ ਦਾ ਕਾਲਜ ਵਿਖੇ ਮੂੰਹ ਮਿੱਠਾ ਕਰਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਪ੍ਰੋ. ਮਨਜੀਤ ਕੌਰ ਤੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਮੁਬਾਰਕ ਦਿੰਦਿਆਂ ਚੰਗੇਰੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਮਹਿਲ ਕਲਾਂ ਵਿਖੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ



**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**-ਮਹਿਲ ਕਲਾਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਕਮੇਟੀ ਵੱਲੋਂ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਦਿਵਸ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸੀਨੀਅਰ ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ, ਜਸਵੀਰ ਸਿੰਘ ਖੇੜੀ, ਪ੍ਰਧਾਨ ਸ਼ੇਰ ਸਿੰਘ ਖ਼ਾਲਸਾ ਨੇ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਜੀਵਨ ਬਾਰੇ ਚਾਨਣਾ ਪਾਇਆ। ਕਵੀਸ਼ਰ ਉਜਾਗਰ ਸਿੰਘ ਲੱਪੋ ਦੇ ਜਥੇ ਨੇ ਗੁਰਇਤਿਹਾਸ ਸੁਣਾਇਆ।ਸਮੂਹ ਪ੍ਰਬੰਧਕਾਂ ਵੱਲੋਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਐਸ ਐਚ ਓ ਜਗਜੀਤ ਸਿੰਘ ਘੁਮਾਣ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਅਰੁਣ ਕੁਮਾਰ ਬਾਂਸਲ, ਡਾ. ਅਮਰਜੀਤ ਸਿੰਘ, ਪ੍ਰਧਾਨ ਗਗਨਦੀਪ ਸਰਾਂ, ਭਾਈ ਸਵਰਨ ਸਿੰਘ ਖ਼ਾਲਸਾ, ਪ੍ਰਬੰਧਕ ਜਗਸੀਰ ਸਿੰਘ, ਦਰਸ਼ਨ ਸਿੰਘ ਫੌਜੀ, ਮਨਦੀਪ ਸਿੰਘ ਮਨਦੀਪਾ, ਤੇਜਿੰਦਰ ਸਿੰਘ, ਡਾ. ਦਲਬਾਰ ਸਿੰਘ, ਸਰਬਜੀਤ ਸਿੰਘ ਫੌਜੀ, ਗੁਰਮੇਲ ਸਿੰਘ ਮੇਲਾ, ਬੱਗਾ ਸਿੰਘ, ਮੱਖਣ ਸਿੰਘ ਫੌਜੀ, ਦਰਸ਼ਨ ਸਿੰਘ ਮੈਂਬਰ, ਮੇਜਰ ਸਿੰਘ ਕਲੇਰ, ਡਾ. ਜੱਗਾ ਸਿੰਘ, ਹਰਦੇਵ ਸਿੰਘ ਭੋਲਾ, ਲਛਮਣ ਸਿੰਘ ਫੌਜੀ, ਪਰਮਿੰਦਰ ਸਿੰਘ ਹਮੀਦੀ, ਜਾਗਰ ਸਿੰਘ, ਜਰਨੈਲ ਸਿੰਘ ਭੋਲਾ, ਆਦਿ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

## ਮਾਤਾ ਗੁਜਰੀ ਕਾਲਜ 'ਚ ਕੁਇਜ਼ ਮੁਕਾਬਲਾ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਮੈਨੇਜਮੈਂਟ ਸਟੱਡੀਜ਼ ਵਿਭਾਗ ਦੀ ਮੈਨੇਜਮੈਂਟ ਐਸੋਸੀਏਸ਼ਨ ਵੱਲੋਂ ਅੰਡਰਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਕਲਾਸਾਂ ਲਈ ਇੱਕ ਕੁਇਜ਼ ਮੁਕਾਬਲੇ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕੁੱਲ 11 ਟੀਮਾਂ ਨੇ ਭਾਗ ਲਿਆ।ਵਰਨਣਯੋਗ ਹੈ ਕਿ ਇਹ ਮੁਕਾਬਲਾ ਦੋ ਪੜਾਵਾਂ ਵਿੱਚ ਆਯੋਜਿਤ ਕਰਵਾਇਆ ਗਿਆ ਜਿਸ ਵਿੱਚ ਤਿੰਨ ਰਾਊਂਡ - ਰੈਪਿਡ ਫਾਇਰ, ਆਡੀਓ-ਵਿਜ਼ੂਅਲ ਅਤੇ ਕੈਟਾਗਰੀ ਸਪੈਸ਼ਲ ਰਾਊਂਡ ਸ਼ਾਮਲ ਸਨ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸਿੱਖਿਆ ਭਰਪੂਰ ਗਤੀਵਿਧੀਆਂ ਪਾਠਕ੍ਰਮ ਦਾ ਅਹਿਮ ਹਿੱਸਾ ਹੁੰਦੀਆਂ ਹਨ ਜੋ ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਆਦਾਇਕ ਮੁਕਾਬਲੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਣ ਵਾਲੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਫ਼ਲਤਾ ਹਾਸਲ ਕਰਨ ਵਿੱਚ ਸਹਾਇਕ ਸਿੱਧ ਹੋਣਗੇ।ਇਸ ਮੁਕਾਬਲੇ ਵਿੱਚ ਬੀ.ਬੀ.ਏ. ਭਾਗ ਦੂਸਰਾ ਦੀਆਂ ਵਿਦਿਆਰਥਣਾਂ ਮਹਿਕ, ਗੁਰਲੀਨ ਕੌਰ, ਅੰਕੁਸ਼ ਅਤੇ ਮਨਿੰਦਰ ਕੌਰ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ।ਵਿਭਾਗ ਦੇ ਡਾ. ਸ਼ਿਵਾਨੀ ਬੈਕਟਰ ਨੇ ਕਿਹਾ ਕਿ ਅਜਿਹੇ ਉਸਾਰੂ ਮੁਕਾਬਲੇ ਵਿਦਿਆਰਥੀਆਂ ਵਿੱਚ ਆਪਸੀ ਸਹਿਯੋਗ, ਆਤਮ ਵਿਸ਼ਵਾਸ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਪ੍ਰੋ. ਰਤਨੇਸ਼ਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵੀ ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਅਵਾਸ ਯੋਜਨਾ ਦੀ ਸਾਇਟ ਖੁੱਲ੍ਹੀ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਢੰਡੋਲੀ ਕਲਾਂ ਵਿਖੇ ਸਮਾਜ ਸੇਵੀ ਨੁਮਾਇੰਦਿਆਂ ਦੀ ਮੀਟਿੰਗ ਹੋਈ, ਜਿਸ ਵਿੱਚ ਵਿਚਾਰ ਕੀਤਾ ਗਿਆ ਕਿ ਸੈਂਟਰ ਸਰਕਾਰ ਵੱਲੋਂ ਚਲਾਈ ਜਾ ਰਹੀ ਅਵਾਸ ਯੋਜਨਾ ਦੀ ਸਾਇਟ ਖੁੱਲ੍ਹ ਚੁੱਕੀ ਹੈ ।ਕੱਚੇ ਘਰਾਂ ਵਾਲੇ ਲੋਕ , ਖਸਤਾ ਹਾਲਤ ਘਰਾਂ ਵਾਲੇ ਲੋਕ ਗ਼ਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਲੋਕ ਇਸ ਯੋਜਨਾ ਦਾ ਲਾਭ ਲੈ ਸਕਦੇ ਹਨ ।ਰਣ ਸਿੰਘ ਮਹਿਲਾ ਅਤੇ ਲੱਖਾ ਸਿੰਘ ਢੰਡੋਲੀ ਨੇ ਆਪਣੇ ਪ੍ਰੈਸ ਨੋਟ ਰਾਹੀਂ ਕਿਹਾ ਹੈ ਕਿ ਸੂਬੇ ਵਿੱਚ ਬੇਰੁਜ਼ਗਾਰੀ ਵਧ ਰਹੀ ਹੈ ਅਤੇ ਮਹਿੰਗਾਈ ਨੇ ਗਰੀਬਾਂ ਦਾ ਲੱਕ ਤੋੜ ਰੱਖਿਆ ਹੈ ।ਉਹਨਾਂ ਨੇ ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਿਨ੍ਹਾਂ ਮਜ਼ਦੂਰਾਂ ਨੇ ਪ੍ਰਾਈਵੇਟ ਕੰਪਨੀਆਂ ਤੋਂ ਕਰਜ਼ਾ ਲਿਆ ਹੋਇਆ ਹੈ ਉਹਨਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ ਅਤੇ ਸਰਕਾਰੀ ਸਹੂਲਤਾਂ ਨੂੰ ਬਿਨਾਂ ਕਿਸੇ ਪੱਖਪਾਤ ਤੋਂ ਲੋੜਵੰਦ ਪਰਿਵਾਰਾਂ ਨੂੰ ਮੁਹੱਈਆ ਕਰਵਾਈਆਂ ਜਾਣ।

## ਵਿਧਾਇਕ ਦੇਵ ਮਾਨ ਨੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਗਾਤਾਰ ਪੰਜਾਬ ਦੇ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਹਲਕਾ ਨਾਭਾ ਦੇ ਪਿੰਡ ਗੁਰਦਿੱਤਪੁਰਾ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟ ਜਾਰੀ ਕੀਤੀ ਗਈ ਹੈ।ਇਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਨੇ ਗੁਰਦਿੱਤਪੁਰਾ ਵਿਖੇ ਵਿਕਾਸ ਕਾਰਜ ਸ਼ੁਰੂ ਕਰਵਾਉਣ ਉਪਰੰਤ ਕੀਤਾ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਪੰਜਾਬ ਦੀ ਜਨਤਾ ਨਾਲ ਕੀਤੇ ਗਏ ਵਾਅਦਿਆਂ ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕ੍ਰਾਂਤੀਕਾਰੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰੇਕ ਵਿਧਾਨ ਸਭਾ ਹਲਕੇ ਦੇ ਸ਼ਹਿਰਾਂ ਵਿੱਚ ਜਿਥੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ,ਉੱਥੇ ਹੀ ਪਿੰਡਾਂ ਦੀ ਨੁਹਾਰ ਬਦਲਣ ਲਈ ਜੰਗੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਦੇਵ ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਨਾਭਾ ਦੇ ਸਾਰੇ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਤਕਸੀਮ ਕੀਤੇ ਜਾਣਗੇ ਤਾਂ ਕਿ ਪਿੰਡਾਂ ਦੇ ਨੁਹਾਰ ਬਦਲੀ ਜਾ ਸਕੇ ਅਤੇ ਵਿਕਾਸ ਕਾਰਜ ਵੱਡੇ ਪੱਧਰ ਤੇ ਕਰਵਾਏ ਜਾ ਸਕਣ। ਇਸ ਮੌਕੇ ਉਨ੍ਹਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ, ਰਾਜਿੰਦਰ ਸਿੰਘ ਸਰਪੰਚ, ਮਨਪ੍ਰੀਤ ਸਿੰਘ ਧਾਰੋਕੀ, ਧਰਮਿੰਦਰ ਸਿੰਘ ਸੁੱਖੇਵਾਲ, ਹਰਮੀਕ ਸਿੰਘ ਬਾਜਵਾ, ਭੁਪਿੰਦਰ ਸਿੰਘ ਕੱਲਰ ਮਾਜਰੀ, ਜਸਵੀਰ ਸਿੰਘ ਵਜੀਦਪੁਰ, ਗੁਰਚਰਨ ਸਿੰਘ ਨੰਬਰਦਾਰ, ਸੁਰਜੀਤ ਸਿੰਘ ਸਾਬਕਾ ਪੰਚ, ਕਿਰਪਾਲ ਸਿੰਘ ਪੰਚ, ਗੁਰਮੇਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਪ੍ਰੋਫੈਸਰ ਰੁਬੀਨਾ ਸ਼ਬਨਮ ਨੂੰ ਸੰਧਵਾਂ ਵੱਲੋਂ ਭੇਜਿਆ 50 ਹਜ਼ਾਰ ਦਾ ਚੈੱਕ ਮਿਲਿਆ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਬੀਤੇ ਸੂਫੀ ਫੈਸਟੀਵਲ 'ਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਸੀ। ਡਾਕਟਰ ਰੁਬੀਨਾ ਸ਼ਬਨਮ ਵੱਲੋਂ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ 'ਤੇ ਨਜ਼ਮ ਪੇਸ਼ ਕੀਤੀ, ਜਿਸ ਤੋਂ ਪ੍ਰਭਾਵਿਤ ਹੋ ਕੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ 50 ਹਜ਼ਾਰ ਰੁਪਏ ਦੀ ਵਿਵੇਕੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਸੀ। ਇਸ ਐਲਾਨ ਕੀਤੀ ਗਈ ਰਾਸ਼ੀ ਦਾ ਚੈੱਕ ਮਾਲੇਰਕੋਟਲਾ ਦੇ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਨੇ ਡਾਕਟਰ ਰੁਬੀਨਾ ਸ਼ਬਨਮ ਨੂੰ ਸੌਂਪਿਆ।ਡਾਕਟਰ ਰੁਬੀਨਾ ਸ਼ਬਨਮ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਰਕਮ 'ਚ ਉਹ ਅਪਣੀ ਨੇਕ ਕਮਾਈ ਵਿੱਚੋਂ 50 ਹਜ਼ਾਰ ਰੁਪਏ ਹੋਰ ਸ਼ਾਮਲ ਕਰਕੇ ਇੱਕ ਲੱਖ ਰੁਪਏ ਦੀ ਰਾਸ਼ੀ ਕੁਰਾਨ ਕਰੀਮ ਦੀ ਨਸ਼ਰ-ਓ-ਇਸ਼ਾਅਤ ਉਪਰ ਖਰਚ ਕੀਤੀ ਜਾਵੇਗੀ ਤਾਂ ਕਿ ਸਮੁੱਚੀ ਦੁਨੀਆਂ ਨੂੰ ਮਨੁੱਖਤਾ ਤੇ ਨੈਤਿਕਤਾ ਦਾ ਉਪਦੇਸ਼ ਦੇਣ ਵਾਲੀ ਕਿਤਾਬ ਦੀ ਆਮ ਲੋਕਾਂ ਤੱਕ ਪਹੁੰਚ ਹੋ ਸਕੇ।ਡਾਕਟਰ ਰੁਬੀਨਾ ਸ਼ਬਨਮ ਨੂੰ ਇਨਾਮ ਮਿਲਣ ਅਤੇ ਉਸ ਦੇ ਖਰਚ ਕਰਨ ਦੇ ਉਦੇਸ਼ ਲਈ ਸਮੂਹ ਦਾਨਿਸ਼ਵਰ ਹਲਕਿਆਂ ਤੇ ਸਮਾਜਿਕ ਸੰਸਥਾਵਾਂ ਵੱਲੋਂ ਮੁਬਾਰਕਬਾਦ ਅਤੇ ਪ੍ਰਸ਼ੰਸਕ ਖਿਤਾਬ ਦਿੱਤੇ ਜਾ ਰਹੇ ਹਨ।ਨਾਮਵਰ ਸ਼ਾਇਰ ਤੇ ਫਨਕਾਰ ਡਾਕਟਰ ਮੁਹੰਮਦ ਰਫੀ ਵੱਲੋਂ ਰੁਬੀਨਾ ਸ਼ਬਨਮ ਨੂੰ ਪੰਜਾਬ ਦੀ ਬਹਾਦਰ ਬੇਟੀ ਤੇ ਫਖਰ-ਏ-ਕੌਮ ਦੇ ਟਾਈਟਲ ਨਾਲ ਨਿਵਾਜ਼ਿਆ ਗਿਆ।

## ਐਸ ਐਚ ਓ ਸਮੇਤ 2 ਪੁਲਸ ਕ੍ਰਮਚਾਰੀਆਂ 'ਤੇ ਰਿਸ਼ਵਤ ਮਾਮਲੇ 'ਚ ਮੁਕੱਦਮਾ ਦਰਜ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਪੁਲਸ ਵੱਲੋਂ ਮੁੱਖ ਅਫ਼ਸਰ ਥਾਣਾ ਸਾਦਿਕ ਸਮੇਤ 02 ਪੁਲਸ ਕ੍ਰਮਚਾਰੀਆਂ 'ਤੇ 2 ਲੱਖ ਰੁਪਏ ਰਿਸ਼ਵਤ ਮਾਮਲੇ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਹੈ।ਇਹ ਜਾਣਕਾਰੀ ਐਸ.ਐਸ.ਪੀ ਡਾ. ਪ੍ਰਗਿਆ ਜੈਨ ਵੱਲੋਂ ਸਾਂਝੀ ਕੀਤੀ ਗਈ।ਸ਼੍ਰੀ ਤਰਲੋਚਨ ਸਿੰਘ ਡੀ.ਐਸ.ਪੀ (ਫਰੀਦਕੋਟ) ਆਪਣੇ ਦਫਤਰ ਵਿਖੇ ਮੌਜੂਦ ਸੀ ਤਾਂ ਉਨ੍ਹਾਂ ਪਾਸ ਪੱਲਵੀ ਪਤਨੀ ਅਨਮੋਲ ਸਿੰਘ ਵਾਸੀ ਐਚ.ਈ. 24 ਪੀ.ਐਚ.ਬੀ ਕਲੋਨੀ, ਨੇੜੇ ਅਯੱਪਾ ਮੰਦਰ ਜਮਾਲਪੁਰ ਕਲੋਨੀ, ਲੁਧਿਆਣਾ ਨੇ ਇਤਲਾਹ ਦਿੱਤੀ ਕਿ ਐਸ.ਆਈ ਜੋਗਿੰਦਰ ਕੌਰ ਮੁੱਖ ਅਫਸਰ ਥਾਣਾ ਸਾਦਿਕ , ਸਿਪਾਹੀ ਲਖਵੀਰ ਸਿੰਘ ਤੇ ਸਿਪਾਹੀ ਸ਼ੇਰ ਸਿੰਘ ਵੱਲੋਂ ਉਸਦੇ ਅਤੇ ਉਸਦੇ ਪਤੀ ਅਨਮੋਲ ਸਿੰਘ ਪਾਸੋ 05 ਲੱਖ ਰੁਪਏ ਦੀ ਮੰਗ ਕੀਤੀ ਗਈ ਅਤੇ ਪੈਸੇ ਨਾ ਦੇਣ ਤੇ ਪਰਚਾ ਦੇਣ ਦੀ ਧਮਕੀ ਦਿੱਤੀ ਗਈ।ਉਸਦੇ ਕੋਲੋ 02 ਲੱਖ ਰੁਪਏ ਦੀ ਰਿਸ਼ਵਤ ਉਸਦੇ ਪਤੀ ਅਨਮੋਲ ਜੋ ਕਿ ਕਬਾੜ/ਸਕਰੈਪ ਦਾ ਕੰਮ ਕਰਦਾ ਹੈ, ਛੱਡਣ ਲਈ ਲਏ ਗਏ।ਇਸ ਦਰਖਸਾਤ ਦੀ ਵੈਰੀਫਿਕੇਸ਼ਨ ਕਰਨ ਉਪਰੰਤ ਮੁਕੱਦਮਾ ਨੰਬਰ 10 ਮਿਤੀ 15.02.2025 ਨੂੰ ਥਾਣਾ ਸਾਦਿਕ ਦਰਜ ਕੀਤਾ ਗਿਆ।

## ਮੋਦੀ ਹਕੂਮਤ ਨੇ ਆਪਣੇ ਦਰਬਾਰੀ ਪੂੰਜੀਪਤੀਆਂ ਨੂੰ ਵੰਡੇ ਖੁੱਲ੍ਹੇ ਗੱਫੇ : ਐਡਵੋਕੇਟ ਉੱਡਤ



**ਮਾਨਸਾ/ਝੁਨੀਰ (ਆਤਮਾ ਸਿੰਘ ਪਮਾਰ)**-ਦੇਸ਼ ਦੀ ਫਾਸ਼ੀਵਾਦੀ ਮੋਦੀ ਹਕੂਮਤ ਨੇ ਆਪਣੇ 11 ਸਾਲਾਂ ਦੇ ਕਾਰਜਕਾਲ ਦੌਰਾਨ ਆਪਣੇ ਦਰਬਾਰੀ ਪੂੰਜੀਪਤੀਆਂ ਦਾ ਲੱਗਭੱਗ 16 ਲੱਖ ਕਰੋੜ ਰੁਪਏ ਨਾ ਮੁੜਣਯੋਗ ਕਹਿ ਕੇ ਮੁਆਫ ਕਰ ਦਿੱਤਾ ਹੈ।ਜਿਸ 'ਤੇ ਪਿਛਲੇ ਦਿਨੀਂ ਮਾਨਯੋਗ ਸੁਪਰੀਮ ਕੋਰਟ ਨੇ ਵੀ ਗਹਿਰੀ ਚਿੰਤਾ ਪ੍ਰਗਟਾਵਾ ਕੀਤਾ ਸੀ ਪਰ ਮੋਦੀ ਹਕੂਮਤ ਨੇ ਆਪਣੇ 11 ਸਾਲਾਂ ਦੇ ਕਾਰਜਕਾਲ ਵਿੱਚ ਮਜ਼ਦੂਰਾਂ ਲਈ ਕੱਖ ਵੀ ਨਹੀਂ ਕੀਤਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ 17 ਫਰਵਰੀ ਦੇ ਬੀਡੀਪੀਓ ਝੁਨੀਰ ਦੇ ਘਿਰਾਓ ਦੀ ਤਿਆਰੀ ਹਿੱਤ ਪਿੰਡ ਰਾਏਪੁਰ ਤੇ ਮਾਖੇਵਾਲਾ ਵਿਖੇ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਮਨਰੇਗਾ ਸਕੀਮ ਮੋਦੀ ਹਕੂਮਤ ਨੂੰ ਫੁੱਟੀ ਅੱਖ ਵੀ ਨਹੀਂ ਭਾਉਂਦੀ ਤੇ ਇਸ ਸਕੀਮ ਨੂੰ ਖ਼ਤਮ ਕਰਨ 'ਤੇ ਤੁਲੀ ਹੋਈ ਹੈ ।ਉੱਡਤ ਨੇ ਕਿਹਾ ਕਿ ਮਨਰੇਗਾ ਸਕੀਮ ਲਾਲ ਝੰਡੇ ਦੀ ਬਦੌਲਤ ਮਜ਼ਦੂਰ ਜਮਾਤ ਦੀ ਜਥੇਬੰਦਕ ਤਾਕਤ ਬਲਬੂਤੇ ਹੋਂਦ ਵਿੱਚ ਆਈ ਤੇ ਇਸ ਨੂੰ ਮਜ਼ਦੂਰ ਜਮਾਤ ਦੀ ਜਥੇਬੰਦਕ ਤਾਕਤ ਬਲਬੂਤੇ ਹੀ ਬਚਾਇਆ ਜਾ ਸਕਦਾ ਹੈ।ਐਡਵੋਕੇਟ ਉੱਡਤ ਨੇ ਮਨਰੇਗਾ ਮਜ਼ਦੂਰਾਂ ਨੂੰ ਸੱਦਾ ਦਿੰਦਿਆਂ 17 ਫਰਵਰੀ ਦੇ ਬੀ ਡੀ ਪੀ ਓ ਝੁਨੀਰ ਦੇ ਘਿਰਾਓ ਵਿੱਚ ਪਰਵਾਰਾਂ ਸਮੇਤ ਕਾਫ਼ਲੇ ਬਣਾ ਕੇ ਪਹੁੰਚਣ ਦੀ ਅਪੀਲ ਵੀ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪਿਆਰ ਸਿੰਘ ਫੱਤਾ, ਜੱਗਾ ਸਿੰਘ ਰਾਏਪੁਰ, ਕ੍ਰਿਸ਼ਨ ਸਿੰਘ ਰਾਏਪੁਰ, ਲਾਭ ਸਿੰਘ ਰਾਏਪੁਰ, ਕਰਨੈਲ ਸਿੰਘ ਮਾਖਾ, ਭੋਲਾ ਸਿੰਘ ਮਾਖਾ, ਮੇਜਰ ਸਿੰਘ ਮਾਖਾ ਆਦਿ ਨੇ ਵੀ ਵਿਚਾਰ ਸਾਂਝੇ ਕੀਤੇ।

## ਧਾਰਮਿਕ ਥਾਵਾਂ 'ਤੇ ਠੀਕਰੀ ਪਹਿਰਾ ਲਾਉਣ ਦੇ ਆਦੇਸ਼

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਪੰਜਾਬ ਵਿਲੇਜ ਤੇ ਸਮਾਲ ਟਾਊਨਜ਼-ਪੈਟਰੋਲ ਐਕਟ 1918 ਦੀ ਧਾਰਾ 3 ਤੇ ਭਾਰਤੀ ਨਾਗਰਿਕ ਸੁਰੱਖਿਆ ਸਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਦੀ ਹਦੂਦ ਵਿੱਚ ਸਮੂਹ ਧਾਰਮਿਕ ਸਥਾਨਾਂ 'ਤੇ ਖਾਸ ਤੌਰ 'ਤੇ ਠੀਕਰੀ ਪਹਿਰਾ ਲਗਾਉਣ ਲਈ ਪਿੰਡਾਂ ਦੀਆਂ ਸਮੂਹ ਪੰਚਾਇਤਾਂ ਤੇ ਧਾਰਮਿਕ ਸਥਾਨਾਂ ਦੀਆਂ ਕਮੇਟੀਆਂ, ਬੋਰਡ, ਟਰੱਸਟ ਦੇ ਮੁਖੀਆਂ ਦੀ ਜ਼ਿੰਮੇਵਾਰੀ ਲਾਈ ਹੈ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਧਾਰਮਿਕ ਸਥਾਨਾਂ 'ਤੇ ਬੀਤੇ ਸਮੇਂ ਦੌਰਾਨ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਕਾਰਨ ਤਣਾਅ ਪੈਦਾ ਹੁੰਦਾ ਹੈ ਤੇ ਲੋਕਾਂ ਦੀ ਜਾਨ-ਮਾਲ ਨੂੰ ਨੁਕਸਾਨ ਪਹੁੰਚਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਨ੍ਹਾਂ ਹਾਲਾਤ ਵਿੱਚ ਇਹ ਜ਼ਰੂਰੀ ਹੈ ਕਿ ਪਿੰਡਾਂ ਤੇ ਕਸਬਿਆਂ ਵਿੱਚ ਧਾਰਮਿਕ ਸਥਾਨਾਂ ਦੀ ਮਰਿਆਦਾ ਨੂੰ ਕਾਇਮ ਰੱਖਿਆ ਜਾਵੇ ਤਾਂ ਜੁ ਧਾਰਮਿਕ ਸਥਾਨਾਂ ਦੀ ਸੁਰੱਖਿਆ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਨਾ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਅਮਨ ਕਾਨੂੰਨ ਬਣਾਏ ਰੱਖਣ ਲਈ ਅਤੇ ਲੋਕਾਂ ਦੀ ਜਾਨ ਮਾਲ ਅਤੇ ਧਾਰਮਿਕ ਸਥਾਨਾਂ ਦੀ ਸੁਰੱਖਿਆ ਲਈ ਢੁੱਕਵੇਂ ਕਦਮ ਉਠਾਉਣ ਦੀ ਫੌਰੀ ਜ਼ਰੂਰਤ ਹੈ। ਇਹ ਹੁਕਮ 13 ਅਪ੍ਰੈਲ ਤੱਕ ਲਾਗੂ ਰਹਿਣਗੇ।

## ਪੁਲਸ ਵੱਲੋਂ ਵਾਲੀਬਾਲ ਸ਼ੂਟਿੰਗ ਖੇਡ ਮੁਕਾਬਲੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਪੁਲਸ ਮੁਖੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜ਼ਿਲ੍ਹਾ ਅੰਦਰ ਨਸ਼ਿਆਂ ਦੇ ਖਾਤਮੇ ਦੇ ਲਈ ਨਸ਼ਾ ਤਸਕਰਾਂ 'ਤੇ ਖਿਲਾਫ ਬਣਦੀ ਕਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ, ਉੱਥੇ ਹੀ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ ਲੋਕਾਂ ਦੇ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਸੁਣ ਕੇ ਮੌਕੇ 'ਤੇ ਹੱਲ ਕੀਤਾ ਜਾ ਰਿਹਾ। ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੰਦੇ ਹੋਏ ਚੰਗੇ ਖਿਡਾਰੀ ਬਣਨ ਦੇ ਲਈ ਅਪੀਲ ਕੀਤੀ ਜਾ ਰਹੀ ਹੈ, ਜਿਸ ਤਹਿਤ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ 'ਚ ਵਾਲੀਬਾਲ ਸ਼ੂਟਿੰਗ (ਕੱਚੀ) ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਦੇ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਹਰ ਪਿੰਡ ਦੇ ਨੌਜਵਾਨਾਂ ਨੂੰ ਐਸ.ਐਸ.ਪੀ ਵੱਲੋਂ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਇਸ ਵਿੱਚ ਭਾਗ ਲੈਣ ਵਾਲੀ ਟੀਮ ਇੱਕੋ ਪਿੰਡ ਦੀ ਨਿਰੋਲ ਟੀਮ ਹੋਣੀ ਚਾਹੀਦੀ ਹੈ।ਇਹ ਟੂਰਨਾਮੈਂਟ ਮਿਤੀ 21-22-23 ਫਰਵਰੀ ਨੂੰ ਖੇਡ ਗਰਾਊਂਡ ਪਿੰਡ ਸੰਗੂਧੌਣ ਵਿਖੇ ਆਯੋਜਿਤ ਕੀਤਾ ਜਾਵੇਗਾ। ਇਸ ਖੇਡ ਮੁਕਾਬਲੇ ਦੀ ਐਂਟਰੀ ਫੀਸ ਬਿਲਕੁਲ ਮੁਫਤ ਹੈ ਅਤੇ ਇਸ ਦੀ ਰਜਿਸਟਰੇਸ਼ਨ ਦੇ ਲਈ ਮੋਬਾਈਲ ਨੰਬਰ 95929-70777, 8053-70482, 80543-29006 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਫਰਵਰੀ ਨੂੰ ਸ਼ਾਮ ਤੱਕ ਰਜਿਸਟਰੇਸ਼ਨ ਕਰਵਾ ਸਕਦੇ ਹੋ। ਟੂਰਨਾਮੈਂਟ ਦੌਰਾਨ ਜੇਤੂ ਰਹਿਣ ਵਾਲੇ ਖਿਡਾਰੀਆਂ ਨੂੰ ਪਹਿਲਾ ਇਨਾਮ 25000 ਸਮੇਤ ਟਰਾਫੀ, ਦੂਸਰਾ ਇਨਾਮ 15000 ਸਮੇਤ ਟਰਾਫੀ, ਤੀਸਰਾ ਇਨਾਮ 10000 ਸਮੇਤ ਟਰਾਫੀ, ਚੌਥਾ ਇਨਾਮ 6000 ਸਮੇਤ ਟਰਾਫੀ, ਪੰਜਵਾਂ ਇਨਾਮ 5000 ਸਮੇਤ ਟਰਾਫੀ ਤੋਂ ਇਲਾਵਾ ਛੇਵਾਂ ਇਨਾਮ 4000 ਸਮੇਤ ਟਰਾਫੀ ਮਿਲੇਗਾ।

## 'ਬੇਟੀ ਬਚਾਓ ਬੇਟੀ ਪੜ੍ਹਾਓ' ਦੀ ਦਸਵੀਂ ਵਰ੍ਹੇਗੰਢ ਮਨਾਈ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਰਤਨਦੀਪ ਸੰਧੂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਫ਼ਰੀਦਕੋਟ ਦੀ ਯੋਗ ਅਗਵਾਈ ਹੇਠ ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਬਲਾਕ ਕੋਟਕਪੂਰਾ-1 ਵੱਲੋਂ ਗਾਂਧੀ ਮੈਮੋਰੀਅਲ ਕਾਲਜ ਫਾਰ ਵੂਮੈਨ ਕੋਟਕਪੂਰਾ ਵਿਖੇ 'ਬੇਟੀ ਬਚਾਓ ਬੇਟੀ ਪੜ੍ਹਾਓ' ਦੀ ਦਸਵੀਂ ਵਰ੍ਹੇਗੰਢ ਮਨਾਈ ਗਈ। ਇਸ ਪ੍ਰੋਗਰਾਮ ਵਿੱਚ ਸਪੀਕਰ ਪੰਜਾਬ ਵਿਧਾਨ ਕੁਲਤਾਰ ਸਿੰਘ ਸੰਧਵਾਂ ਦੇ ਮਾਤਾ ਸ੍ਰੀਮਤੀ ਗੁਰਮੇਲ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਲਰਨਿੰਗ ਨੈਸਟ ਪ੍ਰੀ ਸਕੂਲ ਦੇ ਬੱਚਿਆਂ ਵੱਲੋਂ ਰੈਂਪ ਵਾਕ ਅਤੇ ਦਾਦੀ-ਪੋਤੀ ਵਾਕ ਜਿਹੇ ਪ੍ਰੋਗਰਾਮ ਪੇਸ਼ ਕੀਤੇ ਗਏ। ਗਾਂਧੀ ਮੈਮੋਰੀਅਲ ਕਾਲਜ ਫਾਰ ਵੂਮੈਨ ਕੋਟਕਪੂਰਾ ਦੇ ਬੱਚਿਆਂ ਦੁਆਰਾ ਔਰਤਾਂ ਖਿਲਾਫ਼ ਹਿੰਸਾ ਅਤੇ ਲਿੰਗ ਪੱਖ-ਪਾਤ ਦੇ ਸੰਬੰਧ ਵਿੱਚ ਨਾਟਕ ਪੇਸ਼ ਕੀਤਾ ਗਿਆ। ਇਸ ਤੋਂ ਇਲਾਵਾ ਹੋਰ ਬੱਚੀਆਂ ਦੁਆਰਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਪ੍ਰੋਗਰਾਮ ਦਾ ਮੁੱਖ ਕੇਂਦਰ 'ਸੰਕਲਪ ਸਿਗਨੇਚਰ ਬੋਰਡ' ਤੇ ਆਂਗਨਵਾੜੀ ਵਰਕਰਾਂ ਦੁਆਰਾ ਬਣਾਈ ਗਈ ਰੰਗੋਲੀ ਰਹੀ।ਜ਼ਿਲ੍ਹਾ ਪ੍ਰੋਗਰਾਮ ਅਫਸਰ ਰਤਨਦੀਪ ਸੰਧੂ ਨੇ ਦੱਸਿਆ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਯੋਜਨਾ ਤਹਿਤ ਵਿਭਾਗ ਵੱਲੋਂ ਲੜਕੀਆਂ ਨੂੰ ਲੈ ਕੇ ਲੋਕਾਂ ਦੀ ਮਾਨਸਿਕਤਾ ਅਤੇ ਵਿਵਹਾਰ ਵਿੱਚ ਬਦਲਾਅ ਲਿਆਉਣ ਦਾ ਲਗਾਤਾਰ ਯਤਨ ਕੀਤਾ ਜਾ ਰਿਹਾ ਹੈ ਤਾਂ ਜੋ ਕੁੜੀਆਂ ਨਾਲ ਹੋ ਰਹੇ ਵਿਤਕਰੇ ਨੂੰ ਖਤਮ ਕੀਤਾ ਜਾ ਸਕੇ।

ਪ੍ਰੋਗਰਾਮ ਦੇ ਅੰਤ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਇਨਾਮ ਵੰਡ ਕੇ ਉਤਸ਼ਾਹਤ ਕੀਤਾ ਗਿਆ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਆਏ ਹੋਏ ਨੁਮਾਇੰਦਿਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਇਸ ਮੌਕੇ ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਕੋਟਕਪੂਰਾ-1 ਦਾ ਸਮੂਹ ਸਟਾਫ, ਭਾਗ ਲੈਣ ਵਾਲੇ ਬੱਚਿਆਂ ਦੇ ਮਾਪੇ, ਆਂਗਨਵਾੜੀ ਵਰਕਰ ਅਤੇ ਹੈਲਪਰ ਮੌਜੂਦ ਸਨ।

## ਕਾਲਜ ਫਾਰ ਵੂਮੈਨ ਝਾੜ ਸਾਹਿਬ ਵਿਖੇ ਸਪਤਾਹਿਕ ਵਰਕਸ਼ਾਪ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਖੇ ਕਾਲਜ ਇੰਟਰਨਲ ਕੁਆਲਿਟੀ ਐਸ਼ੋਰੈਂਸ਼ ਸੈਲ ਅਤੇ ਪਲੇਸਮੈਂਟ ਸੈੱਲ ਵਲੋਂ ਪਰਸਨੈਲਿਟੀ ਡਿਵੈਲਪਮੈਂਟ ਅਤੇ ਇੰਪਲੋਇਬਿਲਟੀ ਸਕਿੱਲ ਟ੍ਰੇਨਿੰਗ ਪ੍ਰੋਗਰਾਮ ਵਿਸ਼ੇ 'ਤੇ ਹਫਤਾਵਾਰੀ ਵਰਕਸ਼ਾਪ ਆਯੋਜਿਤ ਕੀਤੀ ਗਈ। ਜਿਸ ਵਿੱਚ ਮਹਿੰਦਰਾ ਐਂਡ ਮਹਿੰਦਰਾ ਕੰਪਨੀ ਵੱਲੋਂ ਆਏ ਟ੍ਰੇਨਰ ਸ਼ਵੇਤਾ ਅਰੋੜਾ ਨੇ ਕਾਲਜ ਦੇ ਬੀ.ਏ, ਬੀ.ਕਾਮ, ਬੀ.ਐਸ.ਸੀ. (ਐਫ.ਡੀ), ਬੀ.ਸੀ.ਏ, ਐਮ.ਏ ਅਤੇ ਪੀ.ਜੀ.ਡੀ.ਸੀ.ਏ ਕਲਾਸਾਂ ਦੀਆਂ ਫਾਈਨਲ ਈਅਰ ਦੀਆਂ ਵਿਦਿਆਰਥਣਾਂ ਨਾਲ ਰੁਜ਼ਗਾਰ ਸਬੰਧੀ ਨੁਕਤੇ ਸਾਂਝੇ ਕੀਤੇ। ਜਿਨ੍ਹਾਂ ਵਿਚ ਇੰਟਰਵਿਊ ਦੀ ਤਿਆਰੀ, ਬਾਇਓ ਡਾਟਾ ਤਿਆਰ ਕਰਨਾ, ਸ਼ਖ਼ਸੀਅਤ ਦੀਆਂ ਘਾਟਾਂ ਨੂੰ ਦੂਰ ਕਰਕੇ ਆਪਣੇ ਚਰਿੱਤਰ ਨੂੰ ਹੋਰ ਪ੍ਰਬਲ ਕਰਨਾ, ਸਮੇਂ ਨੂੰ ਮਹੱਤਵ ਦੇਣਾ, ਆਪਣੀ ਜ਼ਿੰਦਗੀ ਦੇ ਟੀਚੇ ਨੂੰ ਸਮਝਣਾ, ਗੱਲਬਾਤ ਦੇ ਤਰੀਕੇ ਨੂੰ ਪ੍ਰਭਾਵਮਈ ਬਣਾਉਣਾ ਆਦਿ।ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਅਤੇ ਮਹਿੰਦਰਾ ਕੰਪਨੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਵਰਕਸ਼ਾਪ ਕਾਲਜ ਵਿਦਿਆਰਥਣਾਂ ਲਈ ਸ਼ਖ਼ਸੀਅਤ ਉਸਾਰੀ ਅਤੇ ਭਵਿੱਖ ਵਿੱਚ ਰੁਜ਼ਗਾਰ ਸਬੰਧੀ ਗਤੀਵਿਧੀਆਂ ਨੂੰ ਜਾਣਨ ਲਈ ਬਹੁਤ ਮਦਦਗਾਰ ਸਾਬਿਤ ਹੋਵੇਗੀ।ਕਾਲਜ ਦੇ ਪਲੇਸਮੈਂਟ ਕਮੇਟੀ ਦੇ ਇੰਚਾਰਜ ਡਾ. ਸੁਨੀਤਾ ਕੌਸ਼ਲ ਅਤੇ ਡਾ.ਅਮਨਪ੍ਰੀਤ ਕੌਰ ਕੰਗ ਨੇ ਇਸ ਵਰਕਸ਼ਾਪ ਦੀ ਸਫਲ ਸੰਪੂਰਨਤਾ ਲਈ ਵਧਾਈ ਦਿੱਤੀ।ਪ੍ਰੋ.ਅਮਨਦੀਪ ਕੌਰ ਅਤੇ ਪ੍ਰੋ. ਸਿਮਰਨਪ੍ਰੀਤ ਕੌਰ, ਪ੍ਰੋ. ਗੁਰਲੀਨ ਕੌਰ ਨੇ ਇਸ ਵਰਕਸ਼ਾਪ ਲਈ ਲੋੜੀਂਦੇ ਪ੍ਰਬੰਧਾਂ ਦਾ ਕਾਰਜ ਬਾਖੂਬੀ ਨਿਭਾਇਆ।

## ਪੰਥਪ੍ਰੀਤ ਸਿੰਘ ਖਾਲਸਾ ਦੇ ਧਾਰਮਿਕ ਦੀਵਾਨ 21 ਤੋਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਮੂੰਮ ਵਿਖੇ ਮਹਾਨ ਗੁਰਮਤਿ ਸਮਾਗਮ 21, 22 ਤੇ 23 ਫਰਵਰੀ ਨੂੰ ਸਮੂਹ ਗੁਰਦੁਆਰਾ ਕਮੇਟੀਆਂ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਮੂੰਮ (ਬਰਨਾਲਾ) ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਕਰਾਇਆ ਜਾ ਰਿਹਾ ਹੈ। ਉੱਘੇ ਧਰਮ ਪ੍ਰਚਾਰਕ ਭਾਈ ਪੰਥਪ੍ਰੀਤ ਸਿੰਘ ਖਾਲਸਾ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਸਮੇਂ ਪ੍ਰਚਾਰਕ ਬੀਬੀ ਗਗਨਦੀਪ ਕੌਰ ਖਾਲਸਾ, ਭਾਈ ਗੁਰਜੰਟ ਸਿੰਘ ਰਸੂਲਪੁਰ ਵੀ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਅਖੀਰਲੇ ਦਿਨ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਮਹਾਨ ਅੰਮ੍ਰਿਤ ਸੰਚਾਰ ਗੁਰਦੁਆਰਾ ਆਕੀਗੜ੍ਹ ਸਾਹਿਬ ਮੂੰਮ ਵਿਖੇ ਕਰਾਇਆ ਜਾਵੇਗਾ।

## ਜੀ ਹੋਲੀ ਹਾਰਟ ਦੇ ਵਿਦਿਆਰਥੀਆਂ ਜੇ ਈ ਈ ਮੇਨਜ਼ 'ਚ ਸਕੂਲ ਦਾ ਨਾਂਅ ਕੀਤਾ ਰੌਸ਼ਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਜੀ . ਹੋਲੀ ਹਾਰਟ ਪਬਲਿਕ ਸਕੂਲ, ਮਹਿਲ ਕਲਾਂ ਦੇ ਵਿਦਿਆਰਥੀ ਹਰਸ਼ਿਤ ਗਰਗ ਨੇ ਜੇ ਈ ਈ ਮੇਨਜ਼ 2025 ਦੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 95% ਅੰਕ ਅਤੇ ਗਣਿਤ ਵਿੱਚ 99.22% ਅੰਕ ਅਤੇ ਜਸ਼ਨਦੀਪ ਸਿੰਘ ਨੇ 91% ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ, ਐਗਜ਼ਿਕਿਊਟਿਵ ਡਾਇਰੈਕਟਰ ਰਾਕੇਸ਼ ਬੰਸਲ, ਪ੍ਰਿੰਸੀਪਲ ਗੁਰਪ੍ਰੀਤ ਕੌਰ ਅਤੇ ਵਾਈਸ ਪ੍ਰਿੰਸੀਪਲ ਪੂਜਾ ਸ਼ਰਮਾ ਨੇ ਹਰਸ਼ਿਤ ਨੂੰ ਉਸ ਦੀ ਸ਼ਾਨਦਾਰ ਉਪਲਬਧੀ 'ਤੇ ਵਧਾਈ ਦਿੱਤੀ। ਜੀ. ਹੋਲੀ ਹਾਰਟ ਪਬਲਿਕ ਸਕੂਲ ਪਰਵਾਰ ਹਰਸ਼ਿਤ ਗਰਗ ਅਤੇ ਜਸ਼ਨਦੀਪ ਸਿੰਘ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦਾ ਹੈ ਅਤੇ ਉਮੀਦ ਕਰਦਾ ਹੈ ਕਿ ਉਹ 12ਵੀਂ ਦੇ ਸਲਾਨਾ ਪੇਪਰਾਂ 'ਚ 100% ਨੰਬਰ ਹਾਸਲ ਕਰਨਗੇ।

## ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਨੇ ਵਿਧਾਇਕਾ ਦੇ ਪੀ ਏ ਤੇ ਮੇਅਰ ਨੂੰ ਸੌਂਪਿਆ ਮੰਗ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)**

ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਲੰਮੇਂ ਸਮੇਂ ਤੋਂ ਲਟਕਦੀਆਂ ਮੰਗਾਂ ਲੋਕਾਂ ਦੁਆਰਾ ਚੁਣੇ ਹੋਏ ਨੁਮਾਇੰਦਿਆਂ ਰਾਹੀਂ ਵਿਧਾਨ ਸਭਾ ਦੇ ਬਜਟ ਸ਼ੈਸਨ ਦੌਰਾਨ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਉਣ ਲਈ ਪੰਜਾਬ ਦੇ ਸਮੂਹ ਐਮ ਐਲ ਏਜ਼ ਨੂੰ ਮੰਗ ਪੱਤਰ ਸੌਂਪਣ ਦੇ ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਫਰੰਟ ਦੇ ਫੈਸਲੇ ਮੁਤਾਬਕ ਅੱਜ ਮੋਗਾ ਦੇ ਮੁਲਾਜ਼ਮ ਪੈਨਸ਼ਨਰ ਵਿਧਾਇਕਾ ਹਲਕਾ ਮੋਗਾ ਡਾ. ਅਮਨਦੀਪ ਕੌਰ ਅਰੋੜਾ ਦੀ ਰਿਹਾਇਸ਼ 'ਤੇ ਪਹੁੰਚੇ। ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਘਰ ਵਿੱਚੋਂ ਗੈਰ ਹਾਜ਼ਰ ਸਨ।ਉਨ੍ਹਾਂ ਦੀ ਗੈਰਹਾਜ਼ਰੀ ਕਰਕੇ ਮੁਲਾਜਮਾਂ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਅਤੇ ਵਿਧਾਇਕਾ ਖ਼ਿਲਾਫ਼ ਰੋਹ ਭਰਪੂਰ ਨਾਹਰੇਬਾਜੀ ਕਰਕੇ ਆਪਣਾ ਗੁੱਸਾ ਜ਼ਾਹਰ ਕੀਤਾ।ਡਾ.ਅਰੋੜਾ ਦੀ ਗੈਰਹਾਜ਼ਰੀ ਵਿੱਚ ਮੰਗ ਪੱਤਰ ਉਨ੍ਹਾਂ ਦੇ ਪੀ ਏ ਹਰਪਾਲ ਸਿੰਘ ਅਤੇ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਪ੍ਰਾਪਤ ਕੀਤਾ।ਸੁਖਦੇਵ ਸਿੰਘ ਜ਼ਿਲ੍ਹਾ ਕਨਵੀਨਰ ਦੀ ਅਗਵਾਈ ਵਿੱਚ ਰੈਲੀ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਆਗੂ ਬੂਟਾ ਸਿੰਘ ਭੱਟੀ, ਗੁਰਜੰਟ ਸਿੰਘ ਕੋਕਰੀ ਕੁਲਵੀਰ ਸਿੰਘ ਢਿੱਲੋਂ, ਬਲੌਰ ਸਿੰਘ ਘਾਲੀ, ਗੁਰਮੇਲ ਸਿੰਘ ਨਾਹਰ, ਸੁਰਿੰਦਰ ਸਿੰਘ ਸਾਬਕਾ ਅਧਿਆਪਕ ਆਗੂ, ਰਾਜਿੰਦਰ ਸਿੰਘ ਰਿਆੜ ਅਤੇ ਹੋਰ ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਪੰਜਾਬ ਸਰਕਾਰ ਦਾ ਨਾਂਹ ਪੱਖੀ ਵਿਵਹਾਰ ਹੋਣ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਤੇ ਗੁੱਸਾ ਹੈ। ਪੈਨਸ਼ਨਰਾਂ ਦੇ ਬਕਾਏ ਸਬੰਧੀ ਪੰਜਾਬ ਕੈਬਨਿਟ ਦਾ ਫੈਸਲਾ ਬਹੁਤ ਹੀ ਨਿੰਦਣ ਯੋਗ ਹੈ। ਅੱਜ ਦੀ ਇਕੱਤਰਤਾ ਵਿੱਚ ਸਰਬ ਸ਼੍ਰੀ ਗੁਰਜੰਟ ਸਿੰਘ ਸੰਘਾ, ਬਿੱਕਰ ਸਿੰਘ ਮਾਛੀਕੇ, ਬਲਦੇਵ ਸਿੰਘ ਰੋਡੇ, ਜਸਵੰਤ ਸਿੰਘ ਬਾਘਾ ਪੁਰਾਣਾ, ਓਮਾ ਕਾਂਤ ਸ਼ਾਸਤਰੀ, ਮੇਹਰ ਸਿੰਘ, ਬਲਵਿੰਦਰ ਸਿੰਘ ਗਿੱਲ, ਦੀਵਾਨਾ ਸਿੰਘ ਕ੍ਰਿਸ਼ਨ ਸਿੰਘ, ਇਕਬਾਲ ਖਾਨ, ਤੇਜਾ ਸਿੰਘ ਘੱਲ ਕਲਾਂ, ਓਂਕਾਰ ਸਿੰਘ, ਅਵਤਾਰ ਸਿੰਘ , ਜਗਜੀਤ ਸਿੰਘ ਇੰਦਰਜੀਤ ਸਿੰਘ ਮੋਗਾ, ਪੋਹਲਾ ਸਿੰਘ ਬਰਾੜ, ਬਲੌਰ ਸਿੰਘ, ਨਾਇਬ ਸਿੰਘ, ਗਿਆਨ ਸਿੰਘ ਸਾਬਕਾ ਡੀ.ਪੀ ਆਰ ਓ ਅਤੇ ਹੋਰ ਬਹੁਤ ਸਾਰੇ ਮੁਲਾਜ਼ਮ/ ਪੈਨਸ਼ਨਰ ਆਗੂ ਸ਼ਾਮਲ ਹੋਏ।

## ਢੋਲ ਦੇ ਡੱਗੇ 'ਤੇ ਮਨਾਇਆ ਜਾਵੇਗਾ ਪੰਜਾਬੀ ਮਾਂ ਬੋਲੀ ਦਿਹਾੜਾ : ਪਵਨ ਹਰਚੰਦਪੁਰੀ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ. ਵੱਲੋਂ 21 ਫਰਵਰੀ ਨੂੰ ਸ਼ਾਮ ਤਿੰਨ ਵਜੇ ਤੋਂ ਸ਼ਾਮ ਛੇ ਵਜੇ ਤੱਕ ਢੋਲ ਦੇ ਡੱਗੇ ਨਾਲ ਹੱਥਾਂ ਵਿੱਚ ਬੈਨਰ ਅਤੇ ਹੱਥ ਤਖ਼ਤੀਆਂ ਲੈ ਕੇ ਦੇਸ਼ ਦੇ ਪਿੰਡਾਂ ਸ਼ਹਿਰਾਂ ਅੰਦਰ ਪੰਜਾਬੀ ਲੇਖਕ ਸਭਾਵਾਂ/ ਸਾਹਿਤ ਸਭਾਵਾਂ ਵੱਲੋਂ ਵਿਸ਼ਾਲ ਚੇਤਨਾ ਮਾਰਚ ਕੱਢ ਕੇ ਮਨਾਇਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੇਂਦਰੀ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਪ੍ਰੈਸ ਬਿਆਨ ਵਿੱਚ ਕੀਤਾ। ਉਨ੍ਹਾਂ ਦੱਸਿਆ ਕਿ ਕੇਂਦਰੀ ਸਭਾ ਨਾਲ ਸਬੰਧਤ ਸਾਰੀਆਂ ਸਭਾਵਾਂ ਨੂੰ ਇਸ ਬਾਰੇ ਵਿੱਚ ਸਾਰੇ ਲਿਖਤੀ ਸੰਦੇਸ਼ ਵੀ ਭੇਜ ਦਿੱਤੇ ਹਨ। ਸਾਰੀਆਂ ਸਾਹਿਤਕ ਸਭਾਵਾਂ ਵੱਲੋਂ ਸਾਰਥਕ ਹੁੰਗਾਰਾ ਭਰਦਿਆਂ ਹੁਣੇ ਤੋਂ ਤਿਆਰੀਆਂ ਆਰੰਭ ਕਰ ਦਿੱਤੀਆਂ ਹਨ। ਹਰਚੰਦਪੁਰੀ ਨੇ ਦੱਸਿਆ ਕਿ ਸਾਰੀਆਂ ਸਾਹਿਤ ਸੰਸਥਾਵਾਂ ਨੂੰ ਇਹ ਵੀ ਕਿਹਾ ਗਿਆ ਕਿ ਇਸ ਵੱਡੇ ਕਾਰਜ ਲਈ ਮਾਂ ਬੋਲੀ ਪੰਜਾਬੀ ਨੂੰ ਬਚਾਉਣ ਅਤੇ ਪੰਜਾਬ ਸਰਕਾਰ ਤੋਂ ਮੰਗਾਂ ਮਨਵਾਉਣ ਲਈ ਭਰਾਤਰੀ ਸਾਹਿਤਕ ਸਭਾਵਾਂ ਅਤੇ ਜਨਤਕ ਜਥੇਬੰਦੀਆਂ ਨਾਲ ਹੁਣੇ ਤੋਂ ਹੀ ਤਾਲਮੇਲ ਕਰ ਲਿਆ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਲਿਖੀ ਨਿੱਜੀ ਚਿੱਠੀ ਅਤੇ ਭੇਜੇ ਮੰਗ ਪੱਤਰ ਜਿਸ ਵਿੱਚ ਮਹੱਤਵਪੂਰਨ ਮੰਗਾਂ ਸ਼ਾਮਲ ਹਨ, ਬਾਰੇ ਦਿੱਤੀ ਗਈ ਕੇਂਦਰੀ ਸਭਾ ਨੂੰ ਮੀਟਿੰਗ ਅਤੇ ਪਹਿਲਾਂ ਕੁਝ ਮੰਗਾਂ ਮੰਨੇ ਜਾਣ ਦਾ ਵੀ ਉਨ੍ਹਾਂ ਸਵਾਗਤ ਕੀਤਾ ਹੈ। ਮੰਗ ਪੱਤਰ ਵਿੱਚ ਨਰਸਰੀ ਤੋਂ ਉੱਚ ਸਿੱਖਿਆ ਤੱਕ ਪੜ੍ਹਾਈ ਦਾ ਮਾਧਿਅਮ ਪੰਜਾਬੀ ਨੂੰ ਬਣਾਇਆ ਜਾਵੇ, ਭਾਸ਼ਾ ਕਾਨੂੰਨ ਵਿੱਚ ਸੋਧ ਕੀਤੀ ਜਾਵੇ, ਪੰਜਾਬ ਅੰਦਰ ਪੁਸਤਕਾਲਾ ਕਾਨੂੰਨ ਬਣਾ ਕੇ ਪਿੰਡਾਂ ਸ਼ਹਿਰਾਂ ਵਿੱਚ ਪੁਸਤਕਾਲੇ ਖੋਲ੍ਹੇ ਜਾਣ, ਪੰਜਾਬੀ ਲਾਗੂ ਕਰਨ ਲਈ ਸੰਵਿਧਾਨਕ ਸ਼ਕਤੀਆਂ ਪ੍ਰਦਾਨ ਕਰਕੇ ਪੰਜਾਬੀ ਟ੍ਰਿਬਿਊਨਲ ਬਣਾਇਆ ਜਾਵੇ, ਸਰਕਾਰੀ ਅਤੇ ਨਿੱਜੀ ਅਦਾਰਿਆਂ ਅੰਦਰ ਕੰਮ ਸਕੱਤਰੇਤ ਪੱਧਰ ਤੋਂ ਹੀ ਪੰਜਾਬੀ ਵਿੱਚ ਕੀਤਾ ਜਾਵੇ, ਜੋ ਪਬਲਿਕ ਸਕੂਲ ਬੱਚਿਆਂ ਨੂੰ ਪੰਜਾਬੀ ਨਹੀਂ ਬੋਲਣ ਦਿੰਦੇ ਜਾਂ ਲਾਗੂ ਨਹੀਂ ਕਰਦੇ, ਦੀ ਮਾਨਤਾ ਰੱਦ ਕੀਤੀ ਜਾਵੇ, ਸਰਕਾਰੀ ਗੈਰ ਸਰਕਾਰੀ ਅਦਾਰਿਆਂ ਦੇ ਚਿੰਨ੍ਹ ਬੋਰਡ ਤੇ ਘਰਾਂ-ਦਫ਼ਤਰਾਂ ਦੀਆਂ ਤਖ਼ਤੀਆਂ ਪੰਜਾਬੀ ਵਿੱਚ ਲਗਾਈਆਂ ਜਾਣ, ਪੰਜਾਬ ਪਬਲਿਕ ਸਰਵਿਸਜ਼ ਕਮਿਸ਼ਨ ਅੰਦਰ ਪੇਪਰ ਤੇ ਮੁਲਾਕਾਤਾਂ ਪੰਜਾਬੀ ਵਿੱਚ ਹੋਣ, ਵਿਗਿਆਨ, ਮੈਡੀਕਲ, ਤਕਨੋਲੋਜੀ ਅਤੇ ਕਾਮਰਸ ਦੇ ਸ਼ਬਦਕੋਸ਼ ਤੁਰੰਤ ਪੰਜਾਬੀ ਵਿੱਚ ਤਿਆਰ ਕਰਵਾਏ ਜਾਣ, ਪੰਜਾਬ ਦੇ ਲੇਖਕਾਂ ਨੂੰ ਮੁਫ਼ਤ ਬੱਸ ਸਹੂਲਤ ਪ੍ਰਦਾਨ ਕੀਤੀ ਜਾਵੇ, ਘੱਟੋ-ਘੱਟ 100 ਲੇਖਕਾਂ ਨੂੰ ਮਹੀਨਾਵਾਰ ਮਾਣ-ਭੱਤਾ ਦਿੱਤਾ ਜਾਵੇ, ਆਦਿ ਮੰਗਾਂ ਸ਼ਾਮਲ ਹਨ। ਮੈਗਜ਼ੀਨਾਂ, ਕਿਤਾਬਾਂ ਅਤੇ ਅਖ਼ਬਾਰਾਂ ਤੇ ਡਾਕ ਵਿਭਾਗ ਵੱਲੋਂ ਵਧਾਏ ਖਰਚੇ ਵਾਪਸ ਕਰਵਾਉਣ ਲਈ ਕੇਂਦਰ ਨੂੰ ਪੱਤਰ ਲਿਖਿਆ ਜਾਵੇ ਅਤੇ ਭਾਸ਼ਾ ਵਿਭਾਗ ਦੀਆਂ ਖਾਲੀ ਅਸਾਮੀਆਂ ਵੀ ਤੁਰੰਤ ਭਰੀਆਂ ਜਾਣ।

## ਨਿਸ਼ਕਾਮ ਸੇਵਾ ਭਾਵ ਸੰਸਥਾ ਨੇ 97 ਬੱਚਿਆਂ ਨੂੰ ਵਜ਼ੀਫ਼ੇ ਵੰਡੇ

**ਮੋਗਾ (ਇਕਬਾਲ ਸਿੰਘ ਖਹਿਰਾ)**-ਨਿਸ਼ਕਾਮ ਸੇਵਾ ਭਾਵ ਸੰਸਥਾ ਜੋ ਕਿ ਗਰੀਬ ਅਤੇ ਲੋੜਵੰਦ ਬੱਚਿਆਂ ਨੂੰ ਗਰਮੀ ਅਤੇ ਸਰਦੀ ਦੇ ਹਿਸਾਬ ਨਾਲ ਕੱਪੜੇ ਮੁਹੱਈਆ ਕਰਵਾ ਕੇ ਉਨ੍ਹਾਂ ਦੇ ਵਿੱਦਿਅਕ ਸੁਪਨੇ ਸਾਕਾਰ ਕਰ ਰਹੀ ਹੈ, ਉਹ ਆਪਣੇ ਆਪ ਵਿੱਚ ਇੱਕ ਮਿਸਾਲ ਹੈ ਅਤੇ ਅਜਿਹੀਆਂ ਸੰਸਥਾਵਾਂ ਨਾਲ ਜੁੜ ਕੇ ਸਾਨੂੰ ਆਪਣਾ ਜੀਵਨ ਸਫਲ ਕਰਨ ਦਾ ਮੌਕਾ ਮਿਲਦਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਤਰਾਖੰਡ ਦੇ ਸਾਬਕਾ ਸਿਹਤ ਮੰਤਰੀ ਅਤੇ ਮੌਜੂਦਾ ਵਿਧਾਇਕ ਤਿਲਕ ਰਾਜ ਬਹਿੜ ਨੇ ਸ਼ਹੀਦੀ ਪਾਰਕ ਵਿਖੇ ਨਿਰਸਵਾਰਥ ਸੇਵਾ ਰਾਹੀਂ ਕਰਵਾਏ 88ਵੇਂ ਵਜ਼ੀਫ਼ਾ ਵੰਡ ਸਮਾਗਮ ਦੌਰਾਨ ਸ਼ਹਿਰ ਦੇ ਵੱਖ-ਵੱਖ 11 ਸਕੂਲਾਂ ਦੇ 97 ਲੋੜਵੰਦ ਬੱਚਿਆਂ ਨੂੰ ਵਜ਼ੀਫ਼ਾ ਦੇਣ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਮੈਂ ਖ਼ੁਸ਼ਕਿਸਮਤ ਹਾਂ ਕਿ ਮੈਨੂੰ ਵੀ ਇਹ ਨੇਕ ਕੰਮ ਕਰਨ ਦਾ ਮੌਕਾ ਮਿਲਿਆ। ਇਸ ਮੌਕੇ ਧਰਮ ਜਾਗਰਣ ਮੰਚ ਦੇ ਸੂਬਾ ਪ੍ਰਧਾਨ ਰਾਮ ਗੋਪਾਲ ਨੇ ਕਿਹਾ ਕਿ ਨਿਸ਼ਕਾਮ ਸੇਵਾ ਭਾਵਨਾ ਸੰਸਥਾ ਜਿੱਥੇ ਹਰ ਸਾਲ ਗਰੀਬ ਅਤੇ ਲੋੜਵੰਦ ਬੱਚਿਆਂ ਦੀ ਪੜ੍ਹਾਈ ਪੂਰੀ ਕਰਨ ਵਿੱਚ ਆਪਣਾ ਯੋਗਦਾਨ ਪਾਉਂਦੀ ਹੈ, ਉੱਥੇ ਹੀ ਉਨ੍ਹਾਂ ਦੀਆਂ ਲੋੜਾਂ ਵੀ ਪੂਰੀਆਂ ਕਰਦੀ ਹੈ। ਅਜਿਹਾ ਕਰਨਾ ਬਹੁਤ ਹੀ ਪੁੰਨ ਦਾ ਕੰਮ ਹੈ।ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਪੂਰੀ ਕਰਕੇ ਆਪਣੇ ਬਜ਼ੁਰਗਾਂ ਦਾ ਸਤਿਕਾਰ ਕਰਨ ਅਤੇ ਵੱਡੇ ਹੋ ਕੇ ਉਹ ਵੀ ਅਜਿਹੇ ਸੇਵਾ ਕਾਰਜਾਂ ਵਿੱਚ ਯੋਗਦਾਨ ਪਾਉਣ।ਐਡਵੋਕੇਟ ਧਰਮਪਾਲ ਸਿੰਘ ਨਿਹਾਲ ਸਿੰਘ ਵਾਲਾ ਨੇ ਵੀ ਇਸ ਮੌਕੇ ਸੰਬੋਧਨ ਕੀਤਾ। ਡਾ. ਪ੍ਰੇਮ ਸਿੰਘ, ਚਰਨਜੀਤ ਸਿੰਘ ਝੰਡੇਆਣਾ, ਵਿਸ਼ਾਲ ਲੂੰਬਾ, ਨਵਨੀਤ ਸਿੰਘ, ਮੇਜਰ ਸਿੰਘ ਪ੍ਰਭਾਰੀ, ਗੁਰਦੀਪ ਕੁਮਾਰ ਪ੍ਰਭਾਰੀ, ਸਤਨਾਮ ਸਿੰਘ, ਜਸਵੰਤ ਸਿੰਘ ਐਕਸੀਅਨ ਵੀ ਇਸ ਮੌਕੇ ਹਾਜ਼ਰ ਸਨ।

## ਡਾਇਮੰਡ ਜੁਬਲੀ ਨੈਸ਼ਨਲ ਜੰਬੂਰੀ ਟੀਮ ਦਾ ਸਿਰਸਾ 'ਚ ਭਰਵਾਂ ਸਵਾਗਤ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੀ 90 ਮੈਂਬਰੀ 75 ਵੀਂ ਡਾਇਮੰਡ ਜੁਬਲੀ ਨੈਸ਼ਨਲ ਜੰਬੂਰੀ ਮੰਨਾਪਰਾਏ ਤਾਮਿਲਨਾਡੂ ਤੋਂ ਵਾਪਸ ਪਰਤੀ ਟੀਮ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਵੇਦ ਸਿੰਘ ਦਹੀਆ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।ਭਾਰਤ ਸਕਾਊਟ ਐਂਡ ਗਾਈਡ ਦੀ ਡਾਇਮੰਡ ਜੁਬਲੀ ਨੈਸ਼ਨਲ ਜੰਬੂਰੀ ਤਾਮਿਲਨਾਡੂ ਦੇ ਮਾਨਪਰਾਏ ਵਿਖੇ ਦੇਸ਼ ਅਤੇ ਵਿਦੇਸ਼ਾਂ ਤੋਂ ਲੱਗਭਗ 21000 ਸਕਾਊਟ, ਗਾਈਡ, ਰੇਂਜ ਰੋਵਰ ਅਤੇ ਸਕਾਊਟ ਮਾਸਟਰਾਂ ਨੇ ਹਿੱਸਾ ਲਿਆ।ਸਿਰਸਾ ਤੋਂ 90 ਮੈਂਬਰੀ ਟੀਮ ਦੀ ਨੁਮਾਇੰਦਗੀ ਜ਼ਿਲ੍ਹਾ ਸਿੱਖਿਆ ਅਫ਼ਸਰ ਵੇਦ ਸਿੰਘ ਦਹੀਆ ਨੇ ਕੀਤੀ ਅਤੇ ਸੁਖਦੇਵ ਸਿੰਘ ਢਿੱਲੋਂ ਨੇ ਕੈਂਪ ਕੋਆਰਡੀਨੇਟਰ ਵਜੋਂ ਹਿੱਸਾ ਲਿਆ। ਜ਼ਿਲ੍ਹਾ ਸਿੱਖਿਆ ਅਫਸਰ ਨੇ ਕਿਹਾ ਕਿ ਸਕਾਊਟ ਅਤੇ ਗਾਈਡ ਦੀ ਸਮਾਜਿਕ ਅਤੇ ਜੀਵਨ ਸਿੱਖਿਆ ਵਿੱਚ ਵਿਸ਼ੇਸ਼ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦਾ ਪ੍ਰਦਰਸ਼ਨ ਤਾਮਿਲਨਾਡੂ ਵਿੱਚ ਸ਼ਾਨਦਾਰ ਰਿਹਾ ਅਤੇ ਹਰਿਆਣਾ ਨੇ 21 ਮੁਕਾਬਲਿਆਂ ਵਿੱਚ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਟੇਟ ਆਰਗੇਨਾਈਜ਼ਰ ਕਮਿਸ਼ਨਰ ਐਲਐਸ ਵਰਮਾ ਨੇ ਪੂਰੀ ਟੀਮ ਨੂੰ ਵਧਾਈ ਦਿੱਤੀ। ਡੀ ਓ ਸੀ ਡਾ. ਇੰਦਰ ਸੈਨ ਨੇ ਕਿਹਾ ਕਿ ਇਹ ਸਿਰਸਾ ਅਤੇ ਹਰਿਆਣਾ ਲਈ ਮਾਣ ਵਾਲੀ ਗੱਲ ਹੈ ਕਿ ਟੀਮ ਨੇ ਇੰਨੇ ਵੱਡੇ ਮੁਕਾਬਲੇ ਵਿੱਚ ਆਪਣੀ ਭੂਮਿਕਾ ਨਿਭਾਈ।ਇਸ ਰਾਸ਼ਟਰੀ ਜੰਬੂਰੀ ਵਿੱਚ ਸਿਰਸਾ ਤੋਂ ਡਾ: ਸਿਕੰਦਰ ਸਿੰਘ ਸਿੱਧੂ, ਗੁਰਦਾਸ ਸਿੰਘ,ਤਰਸੇਮ ਸਿੰਘ, ਜਸਪਾਲ ਸਿੰਘ, ਸਰਿਤਾ ਰਾਣੀ, ਸਰਵਜੀਤ ਕੌਰ, ਸਾਵਿਤਰੀ ਸ਼ਰਮਾ, ਇੰਦੂ ਸਹਾਰਣ, ਸੁਸ਼ੀਲ ਪੁਰੀ ਸਮੇਤ ਹੋਰ ਮੈਂਬਰ ਸ਼ਾਮਲ ਸਨ।

## ਭਾਜਪਾ ਨੇ ਦਿੱਲੀ ਫਤਿਹ 'ਤੇ ਜਸ਼ਨ ਮਨਾਇਆ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਦਿੱਲੀ ਦੇ ਤਖ਼ਤ 'ਤੇ ਭਾਰਤੀ ਜਨਤਾ ਪਾਰਟੀ ਵੱਲੋਂ 26 ਸਾਲਾਂ ਦੇ ਬਨਵਾਸ ਮਗਰੋਂ ਕਬਜ਼ਾ ਕਰਨ ਉਪਰੰਤ ਸਥਾਨਕ ਸ਼ਹਿਰ ਵਿੱਚ ਜ਼ਿਲ੍ਹਾ ਪ੍ਰਧਾਨ ਸਤੀਸ਼ ਕੁਮਾਰ ਅਸੀਜਾ ਅਤੇ ਮੰਡਲ ਦੇ ਪ੍ਰਧਾਨ ਸੁਸ਼ੀਲ ਕੁਮਾਰ ਜਲਹੋਤਰਾ ਦੀ ਅਗਵਾਈ ਵਿੱਚ ਪਾਰਟੀ ਦਫਤਰ ਵਿਖੇ ਜ਼ੋਰਦਾਰ ਜਸ਼ਨ ਮਨਾਇਆ ਗਿਆ। ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੇ ਵਰਕਰ ਇੱਕ ਦੂਜੇ ਨੂੰ ਗਲਵੱਕੜੀਆਂ ਪਾ ਕੇ ਜਿੱਤ ਦੀ ਵਧਾਈ ਦਿੰਦੇ ਹੋਏ ਨਜ਼ਰ ਆਏ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਤੀਸ਼ ਕੁਮਾਰ ਅਸੀਜਾ ਅਤੇ ਮੰਡਲ ਦੇ ਪ੍ਰਧਾਨ ਸੁਸ਼ੀਲ ਕੁਮਾਰ ਜਲਹੋਤਰਾ ਵੱਲੋਂ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ 'ਤੇ ਮੋਹਰ ਲਾ ਕੇ ਦਿੱਲੀ ਵਾਸੀਆਂ ਨੇ ਭਾਰੀ ਗਿਣਤੀ ਵਿੱਚ ਅਤੇ ਉਤਸ਼ਾਹ ਨਾਲ ਜੋ ਆਸ਼ੀਰਵਾਦ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਅਤੇ ਲੀਡਰਾਂ ਨੂੰ ਦਿੱਤਾ ਹੈ, ਉਸ ਦਾ ਮਾਣ ਸਨਮਾਨ ਦਿੱਲੀ ਨੂੰ ਖ਼ੂਬਸੂਰਤ ਬਣਾ ਕੇ ਦੇਣਗੇ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਉੱਘੇ ਲੀਡਰ ਡਾਕਟਰ ਜਗਦੀਸ਼ ਸ਼ਰਮਾ, ਸੁਭਾਸ਼ ਗੁੰਬਰ, ਕੇਸ਼ਵ ਸਿਡਾਨਾ, ਸੋਮਨਾਥ ਕਾਲੜਾ, ਸੁਸ਼ੀਲ ਗਰੋਵਰ, ਕੁਲਦੀਪ ਸਿੰਘ ਭੰਗੇਵਾਲਾ, ਹੈਪੀ ਡਾਵਰ, ਹਰੀਸ਼ ਵਾਟਸ, ਸੰਦੀਪ ਵਰਮਾ, ਗੁਲਸ਼ਨ ਸ਼ਰਮਾ, ਰਜਿੰਦਰ ਮੀਚੂ, ਅਮਨ ਮਿੱਡਾ, ਭਵਰ ਲਾਲ, ਰਿਤਿਕਾ ਜੁਨੇਜਾ, ਡਾ. ਰਿਸ਼ੀਕੇਸ਼ ਭੋਲੀ, ਅਭੀ ਜਲਹੋਤਰਾ, ਚੰਦਨ ਚਾਵਲਾ, ਅਮਨਦੀਪ ਸੰਧੂ, ਰਵਿੰਦਰ ਗੁਪਤਾ, ਗੌਰਵ ਸ਼ਰਮਾ, ਸੀਤਾ ਰਾਮ ਖਟਕ ਆਦਿ ਹਾਜ਼ਰ ਸਨ।

## ਨੈਨਾ ਜਿੰਦਲ ਬਣੀ ਸਿਵਲ ਜੱਜ-ਕਮ-ਜੁਡੀਸ਼ੀਅਲ ਮੈਜਿਸਟ੍ਰੇਟ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਦੇ ਆਈ ਐਸ ਸੀ ਬੈਚ 2014 ਦੀ ਨੈਨਾ ਜਿੰਦਲ ਨੂੰ ਹਰਿਆਣਾ ਰਾਜ ਵਿੱਚ ਸਿਵਲ ਜੱਜ-ਕਮ-ਜੁਡੀਸ਼ੀਅਲ ਮੈਜਿਸਟ੍ਰੇਟ ਨਿਯੁਕਤ ਕੀਤਾ ਗਿਆ ਹੈ।ਉਸ ਨੇ 2024 ਵਿੱਚ ਹਰਿਆਣਾ ਨਿਆਂਇਕ ਸੇਵਾਵਾਂ ਪਾਸ ਕੀਤੀਆਂ।ਆਪਣੇ ਅਕਾਦਮਿਕ ਸਫ਼ਰ ਬਾਰੇ ਬੋਲਦਿਆਂ, ਉਸਨੇ ਆਪਣੀ ਸਫਲਤਾ ਦਾ ਸਿਹਰਾ ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ ਰੱਖੀ ਗਈ ਮਜ਼ਬੂਤ ਨੀਂਹ ਨੂੰ ਦਿੱਤਾ।ਉਨ੍ਹਾਂ ਕਿਹਾ ਕਿ ਸਕੂਲ ਵਿੱਚ ਪ੍ਰਾਪਤ ਕਦਰਾਂ-ਕੀਮਤਾਂ, ਨੈਤਿਕਤਾ ਅਤੇ ਐਕਸਪੋਜ਼ਰ ਨੇ ਹੀ ਉਨ੍ਹਾਂ ਦੇ ਉਪਰੋਕਤ ਸੁਪਨੇ ਨੂੰ ਪੂਰਾ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਆਪਣੇ ਅਧਿਆਪਕਾਂ ਅਤੇ ਸਲਾਹਕਾਰਾਂ ਪ੍ਰਤੀ ਧੰਨਵਾਦ ਪ੍ਰਗਟ ਕੀਤਾ ।ਨੈਨਾ ਜਿੰਦਲ ਦੀ ਸਫਲਤਾ ਦੀ ਪ੍ਰਸੰਸਾ ਕਰਦੇ ਹੋਏ ਸਕੂਲ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਸੰਜੀਵ ਜਿੰਦਲ (ਪਿਤਾ), ਸ਼ਸ਼ੀਮਤੀ ਰਿਤੂ ਜਿੰਦਲ (ਮਾਤਾ) ਅਤੇ ਸੁਮੰਤ ਜਿੰਦਲ (ਭਰਾ) ਅਤੇ ਪੂਰੇ ਜਿੰਦਲ ਪਰਵਾਰ ਨੂੰ ਨੈਨਾ ਜਿੰਦਲ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਨੈਨਾ ਜਿੰਦਲ ਨੇ ਮੌਜੂਦਾ ਵਿਦਿਆਰਥੀਆਂ ਲਈ ਜੀਵਨ ਵਿੱਚ ਉੱਚ ਉਦੇਸ਼ ਲਈ ਇੱਕ ਮਾਪਦੰਡ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਪੰਜਾਬ ਪਬਲਿਕ ਸਕੂਲ, ਨਾਭਾ ਭਵਿੱਖ ਵਿੱਚ ਵੀ ਦੇਸ਼ ਲਈ ਯੋਗ ਅਤੇ ਪ੍ਰਤਿਭਾਸ਼ਾਲੀ ਨਾਗਰਿਕ ਪੈਦਾ ਕਰਦਾ ਰਹੇਗਾ।

## ਦਸਵੀਂ ਦੇ ਵਿਦਿਆਰਥੀਆਂ ਨੂੰ ਫਾਈਨਲ ਪੇਪਰ ਲਈ ਆਸ਼ੀਰਵਾਦ ਦਿੱਤਾ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਦੇ ਦਸਵੀ ਕਲਾਸ ਦੇ ਵਿਦਿਆਰਥੀਆਂ ਨੂੰ ਫਾਈਨਲ ਪੇਪਰਾਂ ਲਈ ਆਸ਼ੀਰਵਾਦ ਤੇ ਮੂੰਹ ਮਿੱਠਾ ਕਰਾ ਕੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਭੇਜਿਆ ਗਿਆ।ਉਨ੍ਹਾਂ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਬੱਚੇ ਵੱਧ ਤੋਂ ਵੱਧ ਨੰਬਰ ਲੈ ਕੇ ਪਾਸ ਹੋਣ, ਜਿਸ ਨਾਲ ਉਹ ਸਕੂਲ ਦਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਨ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਸਟਾਫ ਨੇ ਵੀ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ।

## ਮਾਤਾ ਗੁਜਰੀ ਕਾਲਜ ਦੇ ਮਾਈਕ੍ਰੋਬਾਇਓਲੋਜੀ ਵਿਭਾਗ ਵੱਲੋਂ ਵਿੱਦਿਅਕ ਦੌਰਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਵੱਲੋਂ ਐਮ.ਐਸ.ਸੀ. ਆਨਰਜ ਮਾਈਕ੍ਰੋਬਾਇਓਲੋਜੀ, ਐਮ.ਐਸ.ਸੀ. ਬਾਇਓਟੈਕਨਾਲੋਜੀ ਤੇ ਡਿਪਲੋਮਾ ਡੇਅਰੀ ਸਾਇੰਸ ਦੇ ਵਿਦਿਆਰਥੀਆਂ ਵੱਲੋਂ ਵੇਰਕਾ ਮੋਹਾਲੀ ਡੇਅਰੀ ਵਿਖੇ ਵਿੱਦਿਅਕ ਦੌਰਾ ਕਰਾਇਆ ਗਿਆ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਨੂੰ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਵਿਹਾਰਕ ਸਿੱਖਿਆ ਪ੍ਰਦਾਨ ਕਰਨ ਵਿੱਚ ਸਹਾਇਕ ਸਿੱਧ ਹੁੰਦੇ ਹਨ। ਮਾਈਕ੍ਰੋਬਾਓਲੋਜੀ ਵਿਭਾਗ ਦੇ ਮੁਖੀ ਡਾ. ਸੌਰਵ ਗੁਪਤਾ ਨੇ ਦੱਸਿਆ ਕਿ ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਪਲਾਂਟ ਦੇ ਕ੍ਰਮਚਾਰੀਆਂ ਵੱਲੋਂ ਪਲਾਂਟ ਵਿੱਚ ਬਣਨ ਵਾਲੇ ਵੱਖੋ-ਵੱਖਰੇ ਦੁੱਧ ਉਤਪਾਦਾਂ, ਦੁੱਧ ਦੀ ਗੁਣਵੱਤਾ ਜਾਂਚ ਅਤੇ ਦੁੱਧ ਦੀ ਸਾਂਭ-ਸੰਭਾਲ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਵਿਦਿਆਰਥੀਆਂ ਨਾਲ ਵਿਭਾਗ ਦੇ ਡਾ. ਅਪਰਾਜਿਤਾ ਗੁਪਤਾ ਅਤੇ ਪ੍ਰੋ. ਈਸਾ ਵੀ ਹਾਜ਼ਰ ਰਹੇ, ਜਿਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਮਹੱਤਵਪੂਰਨ ਵਿਹਾਰਕ ਜਾਣਕਾਰੀ ਮੁਹੱਈਆ ਕਰਾਈ ਗਈ।

## ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਹੜੇ 'ਚ ਲਾਇਆ ਬਾਲ ਮੇਲਾ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਹੜੇ ਪ੍ਰੀ ਪ੍ਰਾਇਮਰੀ ਵਿੱਚ ਪੜ੍ਹਦੇ ਵਿਦਿਆਰਥੀਆਂ ਦਾ ਇੱਕ ਬਾਲ ਮੇਲਾ ਲਾਇਆ ਗਿਆ।ਮੇਲੇ ਦੀਆਂ ਇੰਚਾਰਜ ਮੈਡਮ ਵੀਰਪਾਲ ਤੇ ਮਨਪ੍ਰੀਤ ਕੌਰ ਨੇ ਦੱਸਿਆ ਕਿ ਇਨ੍ਹਾਂ ਇਸ ਦੌਰਾਨ ਬੱਚਿਆਂ ਨੂੰ ਸਮਾਜਿਕ, ਭਾਵਨਾਤਮਕ, ਭਾਸ਼ਾਈ, ਰਚਨਾਤਮਕ, ਵਿਕਾਸ ਤੇ ਬੌਧਿਕ ਕਾਰਨਰ ਬਾਰੇ ਵਿਸਥਾਰਿਤ ਜਾਣਕਾਰੀ ਦਿੱਤੀ ਗਈ।ਸਕੂਲ ਮੁਖੀ ਅਮਨਦੀਪ ਸ਼ਰਮਾ ਨੇ ਕਿਹਾ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਹੋਣਾ ਬਹੁਤ ਲਾਜ਼ਮੀ ਹੈ।ਛੋਟੇ ਬੱਚਿਆਂ ਨੂੰ ਸਕੂਲ ਨਾਲ ਜੋੜਨ ਵਿੱਚ ਇਸ ਤਰ੍ਹਾਂ ਦੇ ਮੇਲੇ ਅਹਿਮ ਭੂਮਿਕਾ ਨਿਭਾਉਂਦੇ ਹਨ।ਇਨ੍ਹਾਂ ਬੱਚਿਆਂ ਨੂੰ ਬਾਲ ਕਵਿਤਾਵਾਂ ਵੀ ਬੋਲ ਕੇ ਸੁਣਾਈਆਂ ਗਈਆਂ। ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਮੈਨ ਸਰੋਜ ਰਾਣੀ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਵੱਡੀ ਗਿਣਤੀ ਵਿੱਚ ਸਰਕਾਰੀ ਸਕੂਲ ਵਿੱਚ ਦਾਖਲ ਕਰਾਉਣਾ ਚਾਹੀਦਾ ਹੈ। ਬਾਲ ਮੇਲੇ ਦੀ ਇੰਚਾਰਜ ਮੈਡਮ ਵੀਰਪਾਲ, ਮੈਡਮ ਮਨਪ੍ਰੀਤ ਕੌਰ ਨੇ ਕਿਹਾ ਕਿ ਛੋਟੀ ਉਮਰ ਤੋਂ ਹੀ ਬੱਚੇ ਸਕੂਲ ਨਾਲ ਜੁੜਨਗੇ ਤਾਂ ਉਨ੍ਹਾਂ ਦਾ ਮਾਨਸਿਕ ਤੇ ਸਰੀਰਕ ਵਿਕਾਸ ਵੀ ਹੋਵੇਗਾ ਅਤੇ ਉਹ ਵਧੀਆ ਸਿੱਖਿਆ ਹਾਸਿਲ ਕਰਨਗੇ।ਇਸ ਮੌਕੇ ਮੈਡਮ ਵੀਰਪਾਲ ਨੇ ਬਾਲ ਕਵਿਤਾਵਾਂ ਬੋਲੀਆਂ।

## ਸੰਤੁਲਨ ਵਿਗੜਨ ਕਾਰਨ ਗੱਡੀ ਡਿਵਾਈਡਰ 'ਤੇ ਚੜ੍ਹੀ



**ਬਲਾਚੌਰ (ਜਸਵਿੰਦਰ ਬੈਂਸ)** - ਬਲਾਚੌਰ ਦੇ ਨੈਸ਼ਨਲ ਹਾਈਵੇ 'ਤੇ ਮੌਜੂਦ ਭੁਲੇਖਾ ਚੌਂਕ ਦੇ ਨਜ਼ਦੀਕ ਸਵੇਰੇ ਵੇਲੇ ਇੱਕ ਸਵਿਫਟ ਕਾਰ ਦਾ ਸੰਤੁਲਨ ਵਿਗੜਨ ਨਾਲ ਡਿਵਾਈਡਰ ਤੇ ਚੜ ਕੇ ਪਲਟਣ ਦੀ ਖਬਰ ਹੈ। ਜਾਣਕਾਰੀ ਦਿੰਦਿਆਂ ਹੋਇਆਂ ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਪਵਨ ਕੁਮਾਰ ਨੇ ਦੱਸਿਆ ਕਿ ਕੰਟਰੋਲ ਰੂਮ ਤੋਂ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਭੁਲੇਖਾ ਚੌਂਕ ਬਲਾਚੌਰ ਵਿਖੇ ਕੋਈ ਗੱਡੀ ਹਾਦਸਾ ਗ੍ਰਸਤ ਹੋ ਗਈ ਹੈ। ਜਦੋਂ ਉਨ੍ਹਾਂ ਦੀ ਟੀਮ ਨੇ ਜਾ ਕੇ ਦੇਖਿਆ ਤਾਂ ਇੱਕ ਸਵਿਫਟ ਕਾਰ ਨੰਬਰ ਸੀ ਐਚ 01 ਸੀ ਜੇ 4962 ਜਿਸ ਨੂੰ ਦਾਨਸ਼ਵੀਰ ਸਿੰਘ ਪੁੱਤਰ ਹਰਿੰਦਰ ਸਿੰਘ ਵਾਸੀ ਕਾਲੋਧ ਆਨੰਦਪੁਰਾ, ਫਤਿਗੜ੍ਹ ਸਾਹਿਬ ਚਲਾ ਰਿਹਾ ਸੀ ਜੋ ਕਿ ਪਠਾਨਕੋਟ ਤੋਂ ਮੋਹਾਲੀ ਸਾਈਡ ਨੂੰ ਜਾ ਰਿਹਾ ਸੀ ਕਿ ਅਚਾਨਕ ਭੁਲੇਖਾ ਚੌਂਕ ਬਲਾਚੌਰ ਦੇ ਨਜ਼ਦੀਕ ਗੱਡੀ ਦਾ ਸੰਤੁਲਨ ਵਿਗੜ ਜਾਣ ਕਾਰਨ ਗੱਡੀ ਡਿਵਾਈਡਰ ਤੇ ਚੜ੍ਹ ਕੇ ਪਲਟ ਗਈ। ਜਿਸ ਦੇ ਫਲਸਰੂਪ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ ਜਦ ਕਿ ਗੱਡੀ ਬੁਰੀ ਤਰ੍ਹਾਂ ਨੁਕਸਾਨੀ ਗਈ।ਮੌਕੇ 'ਤੇ ਐਸ ਐਸ ਐਫ ਦੀ ਟੀਮ ਨੇ ਨੈਸ਼ਨਲ ਹਾਈਵੇ ਦੀ ਕਰੇਨ ਦੀ ਸਹਾਇਤਾ ਦੀ ਮਦਦ ਨਾਲ ਗੱਡੀ ਨੂੰ ਸਿੱਧੀ ਕਰਵਾ ਕੇ ਰੋਡ ਤੋਂ ਸਾਈਡ ਨੂੰ ਕਰਾਇਆ ਅਤੇ ਟਰੈਫਿਕ ਨੂੰ ਸੁਚਾਰੂ ਢੰਗ ਨਾਲ ਚਾਲੂ ਕਰਵਾਇਆ। ਉਪਰੰਤ ਇਸ ਹਾਦਸੇ ਦੀ ਸੂਚਨਾ ਥਾਣਾ ਸਿਟੀ ਬਲਾਚੌਰ ਨੂੰ ਦਿੱਤੀ ਗਈ ਜਿਸ 'ਤੇ ਉਨ੍ਹਾਂ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

## ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਮੋਰਚੇ ਨੇ ਮੁੱਖ ਮੰਤਰੀ ਦੇ ਨਾਂਅ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਦੇ ਸੱਦੇ 'ਤੇ ਬਲਾਕ ਕਨਵੀਨਰਾਂ ਦਲਬੀਰ ਸਿੰਘ ਭੁੱਲਰ, ਸ਼ਾਂਤੀ ਸਰੂਪ, ਸੁਰਿੰਦਰ ਸਿੰਘ ਭੱਟੀ, ਜਗੀਰ ਸਿੰਘ ਚਾਂਗ ਬਸੋਆ ਅਤੇ ਨਿਰਮਲ ਸਿੰਘ ਨਿਹਾਲਪੁਰ ਆਦਿ ਆਗੂਆਂ ਦੀ ਸਾਂਝੀ ਅਗਵਾਈ ਹੇਠ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਇੱਕ ਵਫ਼ਦ ਵਲੋਂ ਹਲਕਾ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਦੇ ਪਿਤਾ ਸ: ਜਗਮੋਹਣ ਸਿੰਘ ਘੁੰਮਣ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਦਿੱਤਾ।ਇਸ ਮੌਕੇ ਇੰਦਰ ਸੁਖਦੀਪ ਸਿੰਘ ਓਢਰਾ, ਮਨਜੀਤ ਸਿੰਘ ਦਸੂਹਾ, ਸੰਜੀਵ ਧੂਤ, ਪ੍ਰਿੰਸ ਕੁਮਾਰ, ਬਾਬੂ ਰਾਮ ਸ਼ਰਮਾ, ਮਹਿੰਦਰ ਪਾਲ ਜੋਗੀਆਣਾ, ਜਸਵਿੰਦਰ ਝਿੰਗੜ, ਰਵਿੰਦਰ ਰਵੀ, ਧਰਮਪਾਲ ਸਿੰਘ, ਜੀਵਨ ਕੁਮਾਰ ਸੰਧੂ, ਰਾਜੇਸ਼ ਅਰੋੜਾ, ਬਲਬੀਰ ਕੁਮਾਰ ਖਿੱਚੀਆਂ, ਸ਼ਿਵ ਦਿਆਲ, ਹਰਪ੍ਰੀਤ ਸਿੰਘ, ਜਰਨੈਲ ਸਿੰਘ ਘੁੰਮਣ, ਕਸ਼ਮੀਰ ਸਿੰਘ, ਵਰਿੰਦਰ ਕੁਮਾਰ, ਬੋਧ ਰਾਜ ਅਲੀਪੁਰ, ਹਰਦੇਵ ਸਿੰਘ ਆਦਿ ਆਗੂ ਵੀ ਹਾਜ਼ਰ ਸਨ।



## ਸਾਂਝੇ ਫਰੰਟ ਵੱਲੋਂ ਡਾ. ਨਛੱਤਰ ਪਾਲ ਨੂੰ ਮੁੱਖ ਮੰਤਰੀ ਦੇ ਨਾਂਅ ਦਿੱਤਾ ਮੰਗ ਪੱਤਰ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਮੁਲਾਜਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਦੇ ਸੱਦੇ 'ਤੇ ਨਵਾਂਸ਼ਹਿਰ ਹਲਕੇ ਦੇ ਵਿਧਾਇਕ ਡਾ. ਨਛੱਤਰ ਪਾਲ ਨੂੰ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੰਦਾ ਗਿਆ। ਇਸ ਤੋਂ ਪਹਿਲਾਂ ਨਵਾਂਸ਼ਹਿਰ ਦੇ ਪੈਨਸ਼ਨਰਾਂ ਅਤੇ ਵੱਖ ਵੱਖ ਵਿਭਾਗਾਂ ਦੇ ਮੁਲਾਜਮਾਂ ਨੇ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਅਜੀਤ ਸਿੰਘ ਬਰਨਾਲਾ, ਕਰਨੈਲ ਸਿੰਘ ਰਾਹੋਂ, ਜੀਤ ਲਾਲ ਗੋਹਲੜੋਂ, ਸੋਹਣ ਸਿੰਘ ਦੀ ਅਗਵਾਈ 'ਚ ਰੋਸ ਧਰਨਾ ਦਿੱਤਾ ਗਿਆ। ਜਿਸ ਨੂੰ ਕੁਲਦੀਪ ਸਿੰਘ ਦੌੜਕਾ, ਅਸ਼ੋਕ ਕੁਮਾਰ ਵਿੱਤ ਸਕੱਤਰ, ਜਸਵੀਰ ਸਿੰਘ ਮੋਰੋਂ, ਦਵਿੰਦਰ ਸਿੰਘ ਥਾਂਦੀ, ਜੋਗਾ ਸਿੰਘ ਆਦਿ ਨੇ ਸੰਬੋਧਨ ਕੀਤਾ। ਆਗੂਆਂ ਨੇ ਪਿਛਲੇ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਸੰਬੰਧੀ ਬੋਲਦਿਆਂ ਛੇਵੇਂ ਤਨਖਾਹ ਕਮਿਸ਼ਨ ਦੀ ਸਿਫਾਰਸ ਅਨੁਸਾਰ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਕਰਨ, 1-1-2004 ਤੋਂ ਭਰਤੀ ਸਮੁੱਚੇ ਸਰਕਾਰੀ, ਅਰਧ ਸਰਕਾਰੀ, ਬੋਰਡ, ਕਾਰਪੋਰੇਸ਼ਨ, ਲੋਕਲ ਬਾਡੀਜ ਅਤੇ ਸਹਿਕਾਰੀ ਅਦਾਰਿਆਂ ਦੇ ਮੁਲਾਜਮਾਂ ਤੇ ਪੁਰਾਣੀ ਪੈਨਸਨ ਸਕੀਮ ਲਾਗੂ ਕਰਨ, ਸੰਘਰਸਾਂ ਦੌਰਾਨ ਵੱਖ ਵੱਖ ਥਾਵਾਂ 'ਤੇ ਦਰਜ ਕੀਤੇ ਝੂਠੇ ਪੁਲਸ ਕੇਸ ਰੱਦ ਕਰਨ ਦੀ ਮੰਗ ਕੀਤੀ। ਹਲਕਾ ਵਿਧਾਇਕ ਡਾ ਨਛੱਤਰ ਪਾਲ ਨੇ ਮੰਗਾਂ ਦਾ ਸਮਰਥਨ ਕਰਦਿਆਂ ਵਿਧਾਨ ਸਭਾ ਵਿੱਚ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਉਠਾਉਣ ਦਾ ਭਰੋਸਾ ਦਿੱਤਾ।

## ਅਮਰੀਕਾ ਤੋਂ ਡਿਪੋਰਟ ਭਾਰਤੀਆਂ ਨੂੰ ਕੇਂਦਰ ਤੇ ਸੂਬਾ ਸਰਕਾਰ ਮਾਣ-ਸਤਿਕਾਰ ਦੇ ਨਾਲ ਲੈ ਕੇ ਆਵੇ : ਸੰਘਾ



**ਕਾਲਾ ਸੰਘਿਆਂ (ਮਨਜੀਤ ਮਾਨ)** ਸਥਾਨਕ ਕਸਬਾ ਕਾਲਾ ਸੰਘਿਆਂ ਵਿਖੇ ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਦੀ ਇੱਕ ਅਹਿਮ ਮੀਟਿੰਗ ਇਲਾਕਾ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ ਦੀ ਅਗਵਾਈ ਹੇਠ ਕੀਤੀ ਹੋਈ। ਇਸ ਮੌਕੇ ਇਲਾਕਾ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ ਨੇ ਟਰੰਪ ਸਰਕਾਰ ਵੱਲੋਂ ਪੰਜਾਬੀਆਂ ਨਾਲ ਕੀਤੀ ਜਾ ਰਹੀ ਵਧੀਕੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਟਰੰਪ ਸਰਕਾਰ ਵੱਲੋਂ ਜਬਰੀ ਭਾਰਤੀਆਂ ਨੂੰ ਕੱਢਿਆ ਜਾ ਰਿਹਾ ਹੈ ਸ੍ਰੀ ਸੰਘਾ ਨੇ ਸੂਬਾ ਸਰਕਾਰ ਤੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਅਮਰੀਕਾ ਵਿੱਚੋਂ ਭਾਰਤੀਆਂ ਨੂੰ ਲਿਆਉਣ ਵਾਸਤੇ ਫ਼ੌਜੀ ਜਹਾਜ਼ ਰਾਹੀਂ ਲਿਆਂਦਾ ਜਾਵੇ ਤੇ ਭਾਰਤੀਆਂ ਨੂੰ ਇੰਟਰਨੈਸ਼ਨਲ ਏਅਰਪੋਰਟ ਤੇ ਉਤਾਰਿਆ ਜਾਵੇ ਉਨ੍ਹਾਂ ਹੋਰ ਕਿਹਾ ਕਿ ਕੇਂਦਰ ਸਰਕਾਰ ਤੇ ਸੂਬਾ ਸਰਕਾਰ ਭਾਰਤੀਆਂ ਦੇ ਮੁੜ ਵਸੇਬੇ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ ਪੀੜ੍ਹਤ ਭਾਰਤੀਆਂ ਦੇ ਨੂੰ ਏਜੰਟਾਂ ਕੋਲੋਂ ਇਨਸਾਫ਼ ਦਿਵਾਇਆ ਜਾਵੇ ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਹਾਜ਼ਰ ਸਨ।

## ਪ੍ਰਕਾਸ਼ ਦਿਹਾੜੇ ਦੇ ਸੰਬੰਧ 'ਚ ਅਖੰਡ ਪਾਠ ਸਾਹਿਬ ਦੇ ਭੋਗ ਪਾਏ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਦੇ ਸੰਬੰਧ ਵਿੱਚ ਗੁਰਦੁਆਰਾ ਸ੍ਰੀ ਸੱਚ ਖੰਡ ਸਾਹਿਬ ਮੁਹੱਲਾ ਸਰਾਵਾਂ ਰਾਹੋਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਦੇ ਭੋਗ ਪਾਏ ਗਏ ਇਸ ਉਪਰੰਤ ਭਾਈ ਸਿਕੰਦਰ ਸਿੰਘ ਮਾਛੀਵਾੜਾ ਸਾਹਿਬ ਵਾਲਿਆ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਗੁਰੂ ਦੀ ਬਾਣੀ ਨਾਲ ਸੰਗਤਾਂ ਨੂੰ ਜੋੜਿਆ ਗਿਆ। ਇਸ ਉਪਰੰਤ ਗੁਰੂਦੁਆਰਾ ਸਾਹਿਬ ਦੇ ਭਾਈ ਸਾਹਿਬ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਬਰ ਪ੍ਰਧਾਨ ਬਲਵੀਰ ਚੰਦ, ਅਜੀਤ ਰਾਏ, ਜਨਰਲ ਸਕੱਤਰ ਦਰਸ਼ਨ ਮਾਹੀ, ਸੁਰਿੰਦਰ ਕੁਮਾਰ, ਕੈਸ਼ੀਅਰ ਕਾਸ਼ੀ ਲਾਲ, ਰਜਿੰਦਰ ਕੁਮਾਰ, ਸਤਪਾਲ ਸਰੋਆ, ਸਤਪਾਲ ਰਾਏ, ਸੁਭਾਸ਼ ਚੰਦਰ, ਕਸਤੂਰੀ ਲਾਲ, ਰਾਮ ਸਰੂਪ, ਗੁਰਦਿਆਲ, ਜਿੰਦਰ ਬੱਲ, ਰਾਜੇਸ਼ ਕੁਮਾਰ, ਪ੍ਰਧਾਨ ਸ਼ਿੰਗਾਰਾ ਰਾਮ, ਕੌਂਸਲਰ ਬਿਮਲ ਕੁਮਾਰ, ਜਨਕ ਰਾਜ, ਸਤਪਾਲ ਬੈਂਕ ਮੈਨੇਜਰ, ਕੌਂਸਲਰ ਮਨਜੀਤ ਕੌਰ ਅਸ਼ਵਨੀ ਕੁਮਾਰ ਆਦਿ ਹਾਜ਼ਰ ਸਨ।



## ਸਾਂਝੇ ਫਰੰਟ ਵੱਲੋਂ ਇੰਦਰਜੀਤ ਕੌਰ ਮਾਨ ਨੂੰ ਮੁੱਖ ਮੰਤਰੀ ਦੇ ਨਾਂਅ ਦਿੱਤਾ ਮੰਗ ਪੱਤਰ



**ਜਲੰਧਰ (ਰਜੇਸ਼ ਥਾਪਾ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮੁਲਾਜ਼ਮਾ ਅਤੇ ਪੈਨਸ਼ਨਰਜ਼ ਵਰਗ ਦੀਆਂ ਮੰਗਾਂ ਸੰਬੰਧੀ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਇਸੇ ਸੰਘਰਸ਼ ਦੀ ਲੜੀ ਤਹਿਤ ਤੀਰਥ ਸਿੰਘ ਬਾਸੀ, ਨਿਰਮੋਲਕ ਸਿੰਘ ਹੀਰਾ, ਰਸ਼ਪਾਲ ਸਿੰਘ ਸੋਨੂੰ, ਰਾਜਿੰਦਰ ਮਹਿਤਪੁਰ, ਸੰਦੀਪ ਰਾਜੋਵਾਲ ਦੀ ਅਗਵਾਈ ਵਿੱਚ ਮੁੱਖ ਮੰਤਰੀ ਦੇ ਨਾਂਅ 'ਤੇ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕ ਨਕੋਦਰ ਨੂੰ ਮੰਗ ਪੱਤਰ ਦਿੱਤਾ ਗਿਆ।ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਲਾਜ਼ਮ ਮੰਗਾਂ ਸਬੰਧੀ ਗੱਲਬਾਤ ਤੋਂ ਟਾਲ ਮਟੋਲ, ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ ਪੈਨਸ਼ਨਰਜ਼ ਦੀ ਪੈਨਸ਼ਨ ਸੁਧਾਈ ਸੰਬੰਧੀ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸੰਬੰਧੀ, ਪੇਂਡੂ ਭੱਤੇ ਸਮੇਤ ਬੰਦ ਕੀਤੇ ਭੱਤੇ ਬਹਾਲ ਕਰਨ ਸਬੰਧੀ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸੰਬੰਧੀ, ਤਨਖਾਹ ਕਮਿਸ਼ਨ ਸੰਬੰਧੀ ਤਰੁੱਟੀਆਂ ਦੂਰ ਕਰਨ ਲਈ, ਗਰੈਚਟੀ ਸੰਬੰਧੀ, ਪੰਜਾਬ ਦੇ ਮੁਲਾਜ਼ਮ ਵਰਗ ਤੇ ਕੇਂਦਰੀ ਪੇ ਸਕੇਲ ਰੱਦ ਕਰਕੇ ਪੰਜਾਬ ਦੇ ਕੇਂਦਰੀ ਪੇ ਸਕੇਲ ਬਹਾਲ ਕਰਨਾ, ਮੁਲਾਜ਼ਮ ਵਿਰੋਧੀ ਨੋਟੀਫਿਕੇਸ਼ਨ ਨਾਲ ਸੰਬੰਧੀ, ਕੈਸ਼ਲੈਸ ਹੈਲਥ ਸਕੀਮ ਸੰਬੰਧੀ, ਅਦਾਲਤ ਫੈਸਲਿਆਂ ਸਬੰਧੀ, ਝੂਠੇ ਪੁਲਸ ਕੇਸਾਂ ਸਬੰਧੀ ਕਿਸੇ ਵੀ ਮੁਲਾਜ਼ਮ ਮੰਗ ਨੂੰ ਹੱਲ ਕਰਨਾ ਤਾਂ ਦੂਰ ਦੀ ਗੱਲ ਸਗੋਂ ਮੁੱਖ ਮੰਤਰੀ ਦੁਆਰਾ ਸਾਂਝੇ ਫਰੰਟ ਦੇ ਆਗੂਆਂ ਨਾਲ ਕਿਤੇ ਵੀ ਇਹਨਾਂ ਮੰਗਾਂ ਸੰਬੰਧੀ ਗੱਲਬਾਤ ਨਹੀਂ ਕੀਤੀ ਗਈ ਸਗੋਂ ਸਮੇਂ ਸਮੇਂ ਤੇ ਗੱਲਬਾਤ ਲਈ ਸਮਾਂ ਦੇ ਕੇ ਟਾਲ ਮਟੋਲ ਕੀਤੀ ਗਈ ਮੁਲਾਜ਼ਮ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਵਾਅਦੇ ਮੁਤਾਬਿਕ ਮੁਲਾਜ਼ਮ ਮੰਗਾਂ ਸਬੰਧੀ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ ਨਾਲ ਗੱਲਬਾਤ ਕੀਤੀ ਜਾਵੇ ਤੇ ਮੁਲਾਜ਼ਮ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ ਨਹੀਂ ਤਾਂ ਆਉਣ ਵਾਲੇ ਸਮੇਂ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ ਬਜਟ ਸੈਸ਼ਨ ਦੌਰਾਨ ਲਗਾਤਾਰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀ ਵਿਰੁੱਧ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ।ਇਸ ਸਮੇਂ ਕੁਲਦੀਪ ਸਿੰਘ ਕੌੜਾ, ਓਮ ਪ੍ਰਕਾਸ਼, ਅਕਲ ਚੰਦ ਸਿੰਘ, ਅਮਰਜੀਤ ਸਿੰਘ, ਮਨਜਿੰਦਰ ਸਿੰਘ ਤਲਵਣ, ਭਜਨ ਰਾਮ ਅੰਜਲਾ, ਤੀਰਥ ਸਿੰਘ, ਰਾਮ ਨਰੇਸ਼, ਰਾਮ ਜੀਆ ਲਾਲ, ਧਰਮਿੰਦਰ ਕੁਮਾਰ, ਕੁਲਵੀਰ ਸਿੰਘ ਸ਼ਾਹਕੋਟ, ਜਗਦੀਪ ਸਿੰਘ ਆਦਿ ਹਾਜ਼ਰ ਸਨ।

## ਕਬੱਡੀ ਟੂਰਨਾਮੈਂਟ 19, 20 ਨੂੰ

**ਬਸਤੀ ਸ਼ੇਖ (ਜਲੰਧਰ)-(ਲਖਵਿੰਦਰ ਸਿੰਘ)**- ਗ੍ਰਾਮ ਪੰਚਾਇਤ ਸੈਦੋਵਾਲ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਤੇ ਸ੍ਰੀ ਗੁਰੂ ਰਾਮਦਾਸ ਸਪੋਰਟਸ ਕਲੱਬ ਅਤੇ ਕਲਚਰਲ ਕਲੱਬ ਰਜਿ ਕਪੂਰਥਲਾ ਵੱਲੋਂ ਜਥੇਦਾਰ ਜਸਵੰਤ ਸਿੰਘ ਵੜੈਚ, ਸੇਵਾ ਸਿੰਘ ਵੜੈਚ, ਬਲਜੀਤ ਸਿੰਘ ਐਸ ਪੀ, ਬਲਕਾਰ ਸਿੰਘ ਵੜੈਚ ਅਤੇ ਜਸਵੀਰ ਸਿੰਘ ਹੁੰਦਲ ਦੀ ਯਾਦ 'ਚ 19, 20, ਫਰਵਰੀ ਦਿਨ ਬੁੱਧਵਾਰ ਅਤੇ ਵੀਰਵਾਰ ਨੂੰ ਪਿੰਡ ਸੈਦੋਵਾਲ ਜਿਲ੍ਹਾ ਕਪੂਰਥਲਾ ਵਿਖੇ ਕਬੱਡੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਟੂਰਨਾਮੈਂਟ ਦਾ ਉਦਘਾਟਨ ਸੰਤ ਬਲਵੀਰ ਸਿੰਘ ਸੀਚੇਵਾਲ 19 ਫਰਵਰੀ ਨੂੰ ਆਪਣੇ ਕਰ ਕਮਲਾ ਨਾਲ ਕਰਨਗੇ। ਪਹਿਲੇ ਨੰਬਰ 'ਤੇ ਆਉਣ ਵਾਲੀ ਟੀਮ ਨੂੰ 3 ਲੱਖ ਰੁਪਏ ਅਤੇ ਦੂਸਰੇ ਨੰਬਰ 'ਤੇ ਆਉਣ ਵਾਲੀ ਟੀਮ ਨੂੰ 2 ਲੱਖ ਰੁਪਏ ਦੇ ਇਨਾਮ ਦਿੱਤੇ ਜਾਣਗੇ। ਕਬੱਡੀ ਪਿੰਡ ਪੱਧਰ 'ਤੇ ਓਪਨ ਟੀਮ ਨੂੰ ਪਹਿਲਾ ਇਨਾਮ 51000 ਹਜ਼ਾਰ ਰੁਪਏ, ਦੂਸਰਾ ਇਨਾਮ 41000 ਹਜ਼ਾਰ ਰੁਪਏ ਤੇ ਕਬੱਡੀ ਪਿੰਡ ਪੱਧਰ 'ਤੇ 56 ਕਿਲੋ ਨੂੰ ਪਹਿਲ ਇਨਾਮ 18000 ਹਜਾਰ ਰੁਪਏ ਤੇ ਦੂਜਾ ਇਨਾਮ 15000 ਹਜਾਰ ਰੁਪਏ ਦਿੱਤੇ ਜਾਣਗੇ ਬੈਸਟ ਰੇਡਰ ਤੇ ਜਾਫੀ ਨੂੰ ਸਵਿੱਫਟ ਕਾਰ ਦੂਸਰੇ ਫਾਈਨਲ ਬੈਸਟ ਰੇਡਰ ਤੇ ਜਾਫੀ ਨੂੰ ਹਾਰਲੇ ਮੋਟਰਸਾਈਕਲ ਦਿੱਤਾ ਜਾਵੇਗਾ। ਕਬੱਡੀ ਓਪਨ ਦੇ ਬੈਸਟ ਰੇਡਰ ਤੇ ਜਾਫੀ ਨੂੰ 21, 21 ਹਜ਼ਾਰ ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ।

## ਗੁਰੂ ਰਵਿਦਾਸ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਮਨਾਇਆ



**ਭੋਗਪੁਰ -(ਗੁਰਪ੍ਰੀਤ ਸਿੰਘ ਭੋਗਲ)** ਪਿੰਡ ਬਿਨਪਾਲਕੇ , ਭੋਗਪੁਰ (ਜਲੰਧਰ) ਵਿਖੇ ਧੰਨ ਧੰਨ ਸਤਿਗੁਰ ਰਵਿਦਾਸ ਜੀ ਮਹਾਰਾਜ ਜੀ ਦਾ 648ਵਾਂ ਜਨਮ ਦਿਹਾੜਾ ਮਨਾਇਆ ਗਿਆ। ਜਿਸ 'ਚ ਵੱਖ-ਵੱਖ ਰਾਗੀ ਜਥਿਆਂ ਨੇ ਹਾਜ਼ਰੀਆਂ ਭਰੀਆਂ। ਰਾਤ ਦੇ ਦੀਵਾਨਾਂ ਵਿੱਚ ਭਾਈ ਸਾਹਿਬ ਭਾਈ ਹੀਰਾ ਸਿੰਘ ਨੇ ਸੰਗਤਾਂ ਨੂੰ ਗੁਰੂ ਸ਼ਬਦ ਨਾਲ ਜੋੜ ਕੇ ਨਿਹਾਲ ਕੀਤਾ। ਇਹ ਗੁਰਪੁਰਬ ਪਿੰਡ ਦੀਆਂ ਸਾਰੀਆਂ ਹੀ ਸੰਗਤਾਂ ਦੇ ਸਹਿਯੋਗ ਨਾਲ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ। ਅੰਤ ਵਿੱਚ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ, ਸਾਧ ਸੰਗਤ ਅਤੇ ਬਾਬਾ ਰਾਮ ਲਾਲ ਵੱਲੋਂ ਆਏ ਹੋਏ ਕੀਰਤਨੀ ਜਥਿਆਂ ਦਾ ਸਨਮਾਨ ਕੀਤਾ ਗਿਆ। ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਆਈ ਵੀ ਵਰਲਡ ਪਲੇਅ ਸਕੂਲ ਨੇ ਵੈਲੇਨਟਾਈਨ-ਡੇ ਮਨਾਇਆ

**ਜਲੰਧਰ (ਇਕਬਾਲ ਸਿੰਘ ਉਭੀ)** ਸਥਾਨਕ ਆਈ ਵੀ ਵਰਲਡ ਪਲੇ ਸਕੂਲ ਵਿਖੇ ਵੈਲੇਨਟਾਈਨ ਦਿਵਸ ਮਨਾਇਆ। ਸਮਾਗਮ ਦੀ ਸ਼ੁਰੂਆਤ ਅਧਿਆਪਕਾਂ ਅਤੇ ਵਿਦਿਆਰਥੀਆਂ ਵਲੋਂ ਧੂਮਧਾਮ ਨਾਲ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਦੇ ਪਹੁੰਚਣ ਤੇ ਮੁਸਕਰਾਹਟ, ਦਿਲ ਦੇ ਆਕਾਰ ਦੇ ਸ਼ੁਭਕਾਮਨਾ ਸੰਦੇਸ਼ਾਂ ਨਾਲ ਸਵਾਗਤ ਕੀਤਾ ਗਿਆ। ਸਕੂਲ ਨੂੰ ਹਰ ਕਲਾਸ ਲਈ ਲਾਲ, ਗੁਲਾਬੀ ਦਿਲ ਦੇ ਆਕਾਰ ਦੇ ਗੁਬਾਰਿਆਂ, ਰੰਗੀਨ ਸਟ੍ਰੀਮਰਾਂ ਅਤੇ ਜੀਵੰਤ ਕਸਟਮਾਈਜ਼ਡ ਸੈੱਟਅੱਪਾਂ ਨਾਲ ਸਜਾਇਆ ਗਿਆ ਸੀ। ਵਿਦਿਆਰਥੀ ਇੱਕ ਰਚਨਾਤਮਕ ਕਾਰਡ ਬਣਾਉਣ ਦੀ ਗਤੀਵਿਧੀ ਵਿੱਚ ਵੀ ਲੱਗੇ ਹੋਏ ਸਨ।ਹਰੇਕ ਬੱਚੇ ਕੋਲ ਆਪਣੇ ਮਾਪਿਆਂ ਜਾਂ ਅਜ਼ੀਜ਼ਾਂ ਲਈ ਵਿਅਕਤੀਗਤ ਵੈਲੇਨਟਾਈਨ ਡੇਅ ਕਾਰਡ ਡਿਜ਼ਾਈਨ ਕਰਨ ਦਾ ਮੌਕਾ ਸੀ। ਬੱਚਿਆਂ ਲਈ ਵੈਲੇਨਟਾਈਨ ਪਲੇ ਡੇਟ ਦਾ ਆਯੋਜਨ ਕੀਤਾ ਗਿਆ ਹੈ, ਜਿਸ ਵਿੱਚ ਬੱਚਿਆਂ ਨੂੰ ਵੱਖ-ਵੱਖ ਤਰ੍ਹਾਂ ਦੇ ਲਾਲ ਫਲ ਜਿਵੇਂ ਕਿ ਸਟ੍ਰਾਬੇਰੀ, ਅਨਾਰ ਦੇ ਨਾਲ-ਨਾਲ ਮਫ਼ਿਨ ਅਤੇ ਡਰਿੰਕਸ ਨਾਲ ਪਰੋਸਿਆ ਗਿਆ।ਬੱਚੇ ਵੀ ਮਸਤੀ ਭਰੀ ਡਾਂਸ ਪਾਰਟੀ ਵਿੱਚ ਰੁੱਝੇ ਹੋਏ ਸਨ।ਚੇਅਰਮੈਨ ਸ਼੍ਰੀ ਸੰਜੀਵ ਕੁਮਾਰ ਵਾਸਲ, ਮੀਤ ਪ੍ਰਧਾਨ ਸ਼੍ਰੀਮਤੀ ਈਨਾ ਵਾਸਲ, ਸੀ ਈ ਓ ਰਾਘਵ ਵਾਸਲ, ਡਾਇਰੈਕਟਰ ਸ਼੍ਰੀਮਤੀ ਅਦਿਤੀ ਵਾਸਲ, ਪ੍ਰਿੰਸੀਪਲ ਸ਼੍ਰੀਮਤੀ ਸੰਜੀਵ ਚੌਹਾਨ ਅਤੇ ਹੈੱਡਮਿਸਟ੍ਰੈਸ ਆਦਿ ਹਾਜ਼ਰ ਸਨ।




## ਸੰਤ ਬਾਬਾ ਗੋਪਾਲ ਸਿੰਘ ਦੇ ਸਾਲਾਨਾ ਬਰਸੀ ਸਮਾਗਮ ਕਰਵਾਏ

**ਜਲੰਧਰ -(ਇਕਬਾਲ ਸਿੰਘ ਉਭੀ)**- ਰਾਮਾਂ ਮੰਡੀ ਤੋਂ ਥੋੜ੍ਹੀ ਦੂਰ ਹੁਸ਼ਿਆਰਪੁਰ ਮਾਰਗ 'ਤੇ ਸਥਿਤ ਗੁਰਦੁਆਰਾ ਸਾਹਿਬ ਸ੍ਰੀ ਮਾਨ ਸੰਤ ਬਾਬਾ ਗੋਪਾਲ ਸਿੰਘ ਜੀ ਦੇ ਅਸਥਾਨ ਵਿਖੇ ਸ੍ਰੀ ਮਾਨ ਸੰਤ ਬਾਬਾ ਗੋਪਾਲ ਸਿੰਘ ਅਤੇ ਸੰਤ ਬਾਬਾ ਸੰਤੋਖ ਸਿੰਘ ਦੇ ਸਾਲਾਨਾ ਬਰਸੀ ਸਮਾਗਮ ਕਰਵਾਏ ਗਏ। ਜਾਣਕਾਰੀ ਦਿੰਦਿਆਂ ਮੁੱਖ ਗ੍ਰੰਥੀ ਭਾਈ ਗੁਰਦੀਪ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਸੰਤ ਬਾਬਾ ਜੀਤ ਸਿੰਘ ਮੁੱਖੀ ਨਿਰਮਲ ਕੁਟੀਆ ਜੌਹਲਾਂ ਵਾਲਿਆਂ ਦੀ ਦੇਖ ਰੇਖ ਹੇਠ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਆਰੰਭ ਕਰਵਾਏ ਗਏ ਦੋ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਸ ਉਪਰੰਤ ਰਾਗੀ ਸਿੰਘਾਂ ਵਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ, ਢਾਡੀ ਸਿੰਘਾਂ ਅਤੇ ਕਥਾ ਵਾਚਕਾਂ ਵਲੋਂ ਗੁਰੂ ਇਤਿਹਾਸ ਬਾਰੇ ਚਾਨਣਾ ਪਾਇਆ ਗਿਆ ਅਤੇ ਅਰਦਾਸ ਉਪਰੰਤ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ।ਇਸ ਮੌਕੇ ਸੰਤ ਬਾਬਾ ਜੀਤ ਸਿੰਘ ਮੁਖੀ ਨਿਰਮਲ ਕੁਟੀਆ ਜੌਹਲਾਂ ਵਾਲਿਆਂ ਨੇ ਸੰਤ ਬਾਬਾ ਗੋਪਾਲ ਸਿੰਘ, ਸੰਤ ਬਾਬਾ ਅਜੀਤ ਸਿੰਘ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਹ ਬੰਦਗੀ ਕਰਨ ਵਾਲੇ ਮਹਾਂ ਪੁਰਸ਼ ਸਨ, ਜਿਥੇ ਮਹਾਂ ਪੁਰਸ਼ ਭਗਤੀ ਕਰਦੇ ਹੋਏ ਬਾਣੀ ਦਾ ਪ੍ਰਚਾਰ ਕਰਦੇ ਸਨ, ਬੱਚਿਆਂ ਨੂੰ ਗੁਰਮੁਖੀ ਵੀ ਸਿਖਾਉਂਦੇ ਸਨ ਉਥੇ ਆਪਣੇ ਹੱਥੀਂ ਦੇਸੀ ਦਵਾਈਆਂ ਤਿਆਰ ਕਰਕੇ ਸੰਗਤਾਂ ਨੂੰ ਸਰੀਰਕ ਤੌਰ 'ਤੇ ਠੀਕ ਕਰਦੇ ਸਨ।ਸੰਤ ਬਾਬਾ ਜੀਤ ਸਿੰਘ ਨੇ ਕਿਹਾ ਕਿ ਸਾਨੂੰ ਮਹਾਂ ਪੁਰਖਾ ਦੇ ਦਰਸਾਏ ਮਾਰਗ 'ਤੇ ਚੱਲਦਿਆ ਅੰਮ੍ਰਿਤ ਪਾਨ ਕਰਕੇ ਗੁਰਸਿੱਖੀ ਵਾਲਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਰਿਟਾਇਰ ਪ੍ਰੋਫੈਸਰ ਸੁਖਬੀਰ ਸਿੰਘ ਵਿਰਦੀ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਉਂਦੇ ਹੋਏ ਹਾਜ਼ਰ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਮਹਾਂ ਪੁਰਖਾ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਬੰਦਗੀ ਕਰਨ ਵਾਲੇ ਮਹਾਂ ਪੁਰਸ਼ਾਂ ਦੀ ਸੰਗਤ ਕਰਨ ਨਾਲ ਹੀ ਜੀਵਨ ਸਫਲ ਹੁੰਦਾ ਹੈ।ਇਸ ਮੌਕੇ ਹੋਰਨਾਂ ਸੰਪ੍ਰਦਾਵਾਂ ਦੇ ਮਹਾਂ ਪੁਰਸ਼ ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹੋਈਆ।

## ਗੁਰੂ ਰਵਿਦਾਸ ਜੀ ਦਾ ਜਨਮ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ



**ਮਹਿਤਪੁਰ (ਰਾਜਾ)** ਮਹਿਤਪੁਰ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਦਾ ਜਨਮ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਸਮੂਹ ਸੰਗਤ ਵੱਲੋਂ ਮਨਾਇਆ ਗਿਆ।ਇਹ ਧਾਰਮਿਕ ਸਮਾਗਮ ਤਿੰਨ ਦਿਨਾਂ ਚੱਲਿਆ ਪਹਿਲੇ ਦਿੱਨ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ ਜੋ ਸਤਿਗੁਰੂ ਰਵਿਦਾਸ ਮਹਾਰਾਜ ਮੰਦਰ ਮੁੱਹਲਾ ਢੰਗਾਰਾ ਤੋਂ ਸ਼ੁਰੂ ਹੋਈ ਅਤੇ ਮਹਿਤਪੁਰ, ਖੁਰਮਪੁਰ, ਸ਼ਾਹਪੁਰ, ਰਸੂਲਪੁਰ, ਸ਼ਾਹਸਲੇਮਪੁਰ ਅਤੇ ਮਹਿਤਪੁਰ ਦੇ ਕਈ ਮੁੱਹਲਿਆ ਦੀ ਪ੍ਰਕਰਮਾਂ ਕਰਦੀ ਹੋਈ ਗੁਰੂਘਰ ਮੁੱਹਲਾ ਢੰਗਾਰਾ ਵਿਖੇ ਹੀ ਸਮਾਪਤ ਹੋਈ।ਇਸ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਹਜਾਰਾ ਸੰਗਤਾਂ ਨੇ ਭਾਗ ਲਿਆ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਹਲਕਾ ਇੰਚਰਾਜ ਪਿੰਦਰ ਪੰਡੋਰੀ, ਵਿਧਾਇਕ ਡੀ ਐਸ ਪੀ ਓਕਾਰ ਸਿੰਘ ਬਰਾੜ, ਐਸ ਐਚ ਓ ਸਿੰਕਦਰ ਸਿੰਘ ਵਿਰਕ, ਧਾਰਮਿਕ ਸ਼ਖਸ਼ੀਅਤਾ 'ਚੋਂ ਸੰਤ ਤੈਲਾਸ਼ ਗਿਰ, ਸ਼ਿਵ ਪ੍ਰਕਾਸ਼, ਭਾਈ ਮਹੇਸ਼ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੁੱਹਲਾ ਢੰਗਾਰਾ, ਮੁੱਹਲਾ ਤਲਾਬਵਾਲਾ ਅਤੇ ਖੁਰਮਪੁਰ ਦੇ ਗੁਰੂਘਰਾਂ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਦਾ ਜਨਮ ਦਿਵਸ ਮਨਾਇਆ ਗਿਆ ਅਤੇ ਰੱਖੇ ਗਏ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਮਹਿਮਾਂ ਦਾ ਗੁਣਗਾਨ ਕੀਤਾ ਗਿਆ ਰਾਤ ਸਮੇ ਦੀਪਮਾਲਾ ਕੀਤੀ ਗਈ ਸਵੇਰੇ ਪ੍ਰਭਾਤ ਫੇਰੀ ਸਮੇਂ ਸਤਿਗੁਰੂ ਰਵਿਦਾਸ ਨਾਮਲੇਵਾ ਸੰਗਤਾ ਵੱਲੋਂ 37 ਕਿੱਲੋ ਦਾ ਕੇਟ ਕੱਟਿਆ ਗਿਆ।ਤੀਸਰੇ ਦਿੱਨ ਮੁੱਹਲਾ ਢੰਗਾਰਾ ਦੇ ਸਤਿਗੁਰੂ ਰਵਿਦਾਸ ਮੰਦਰ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਦੀ ਅਗਵਾਈ ਜਿੰਦੀ ਚੌਹਾਨ ਯੂ ਕੇ, ਗੋਲਡੀ ਚੌਹਾਨ ਯੂ ਕੇ ਨੇ ਕੀਤੀ ਵਿੱਚ ਅਤੇ ਗਾਇਕ ਕਮਲ, ਐਸ ਆਰ ਸੀਸਟਰ, ਅਨਿਕ ਕੁਮਾਰ, ਤੀਰਥ ਹੱਲਣ, ਪੰਜਾਬ ਦੀ ਪ੍ਰਸਿਧ ਗਾਇਕਾ ਗਿੰਨੀ ਮਾਹੀ ਨੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਸ਼ਬਦਾ ਦਾ ਗਾਇਨ ਕੀਤਾ।ਇਸ ਧਾਰਮਿਕ ਪ੍ਰੋਗਰਾਮ ਵਿੱਚ ਆਪ ਆਗੂ ਦਿਨੇਸ਼ ਢੱਲ, ਅਮਿਤ ਢੱਲ, ਅਸ਼ੋਕ ਕੁੱਲਥਮ, ਏ ਸੀ ਪੀ ਕ੍ਰਾਇਮ ਰਾਜ ਕੁਮਾਰ, ਰਿਟਾਇਰਡ ਜੱਜ ਰੌਸ਼ਨ ਲਾਲ ਚੌਹਾਨ, ਡੀ ਐਸ ਪੀ ਉਕਾਰ ਸਿੰਘ ਬਰਾੜ, ਐਸ ਐਚ ਓ ਸਿੰਕਦਰ ਸਿੰਘ ਵਿਰਕ ਨੇ ਹਾਜਰੀ ਭਰੀ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਰਮੇਸ਼ ਮਹੇ, ਕੌਂਸਲਰ ਕਮਲ ਕਿਸ਼ੋਰ, ਪ੍ਰਧਾਨ ਰਜਿੰਦਰ ਚੌਹਾਨ, ਪੰਕਜ ਕੁਮਾਰ ਪ੍ਰੋਸ਼ਤਮ ਲਾਲ, ਜੌਨੀ ਮਹੇ, ਕਸ਼ਮੀਰੀ ਲਾਲ, ਰਮਨ ਕੁਮਾਰ, ਕਮਲ ਚੌਹਾਨ, ਹਰਬਲਾਸ, ਪ੍ਰਵੀਨ ਕੁਮਾਰ ਚੌਹਾਨ, ਨਦਿੰਰਦਰ ਮਹੇ, ਅਕਸ਼ੇ ਬੱਬਲੂ, ਜਾਵੇਦ ਮੜਾਸ, ਬੌਬੀ ਢੱਲ ਰਿੰਕੂ ਢੱਲ, ਮਿੱਤਰ ਮੋਹਨ ਚੌਹਾਨ, ਸੋਹਨ ਲਾਲ ਚੌਹਾਨ, ਸਰਪੰਚ ਕਸ਼ਮੀਰੀ ਲਾਲ, ਹਰਮੇਲ ਚੌਹਾਨ, ਰੌਹਨ ਚੌਹਾਨ ਯੂ ਕੇ, ਹਨੀਸ਼ ਚੌਹਾਨ ਯੂ ਕੇ, ਕੈਲਾਸ਼ ਚੌਹਾਨ ਯੂ ਕੇ, ਰਿਸ਼ਬ ਚੌਹਾਨ ਯੂ ਕੇ ਆਦਿ ਹਾਜ਼ਰ ਸਨ।

## ਟਿੱਬਾ ਦੀ ਪਵਨਪ੍ਰੀਤ ਕੈਨੇਡਾ 'ਚ ਸਰਕਾਰੀ ਆਈ ਟੀ ਅਫਸਰ ਬਣੀ

**ਸੁਲਤਾਨਪੁਰ ਲੋਧੀ (ਹਨੀ)** ਪੰਜਾਬੀਆਂ ਦੇ ਖੂਨ 'ਚ ਹੀ ਜਜਬਾ ਹੈ ਕਿ ਉਹ ਜਿੱਥੇ ਵੀ ਜਾਂਦੇ ਹਨ ਆਪਣੀ ਸਖਤ ਮਿਹਨਤ ਸਦਕਾ ਸਫਲਤਾ ਦੇ ਝੰਡੇ ਗੱਡਦੇ ਹਨ। ਅਜਿਹੀ ਹੀ ਇੱਕ ਮਿਸਾਲ ਪਿੰਡ ਟਿੱਬਾ ਦੀ ਜੰਮਪਲ ਸਵਰਗਵਾਸੀ ਗੁਰਮੇਲ ਸਿੰਘ ਲਾਲੇਕਿਆਂ ਦੀ ਪੋਤਰੀ ਅਤੇ ਇੰਟਰਨੈਸ਼ਨਲ ਕਬੱਡੀ ਕੋਚ ਹਰਪ੍ਰੀਤ ਸਿੰਘ ਰੂਬੀ ਅਤੇ ਹਰਵਿੰਦਰ ਕੌਰ ਦੀ ਸਪੁੱਤਰੀ ਪਵਨਪ੍ਰੀਤ ਕੌਰ ਰਤਨਪਾਲ ਨੇ ਕੈਨੇਡਾ 'ਚ ਸਖਤ ਮਿਹਨਤ ਕਰਦਿਆਂ ਉੱਚ ਪੱਧਰ ਦੀ ਪ੍ਰੀਖਿਆ ਪਾਸ ਕਰਕੇ ਬ੍ਰਿਟਿਸ ਕੋਲੰਬੀਆ ਦੇ ਹਾਈਡਰੋ ਬਿਜਲੀ ਵਿਭਾਗ 'ਚ ਆਈ ਟੀ ਅਫਸਰ ਦਾ ਗਜਟਿਡ ਅਹੁੱਦਾ ਪ੍ਰਾਪਤ ਕਰਕੇ ਇਲਾਕੇ ਦਾ ਨਾਂਅ ਰੌਸਨ ਕੀਤਾ ਹੈ। ਪਵਨਪ੍ਰੀਤ ਕੌਰ ਰਤਨਪਾਲ ਨੇ ਬੀ ਟੈਕ ਆਨੰਦ ਇੰਜੀਨੀਅਰਿੰਗ ਕਾਲਜ ਕਪੂਰਥਲਾ ਅਤੇ ਐਮ ਟੈਕ ਦੀ ਪੜ੍ਹਾਈ ਉਂਟਾਰੀਓ ਯੂਨੀਵਰਸਿਟੀ ਕੈਨੇਡਾ ਤੋਂ ਪ੍ਰਾਪਤ ਕੀਤੀ। ਪਵਨਪ੍ਰੀਤ ਕੌਰ ਦੀ ਇਸ ਪ੍ਰਾਪਤੀ ਪਿੱਛੇ ਉਨ੍ਹਾਂ ਦੇ ਸਹੁਰਾ ਸੁਖਵਿੰਦਰ ਸਿੰਘ ਰਤਨਪਾਲ ਹਨੂੰਮਾਨਗੜ੍ਹ ਅਤੇ ਪਤੀ ਇੰਜਨੀਅਰ ਅਮਨਦੀਪ ਸਿੰਘ ਦਾ ਵਿਸ਼ੇਸ਼ ਯੋਗਦਾਨ ਹੈ। ਪਵਨਪ੍ਰੀਤ ਕੌਰ ਰਤਨਪਾਲ ਦੇ ਆਈ ਟੀ ਅਫਸਰ ਵਜੋਂ ਨਿਯੁਕਤ ਹੋਣ 'ਤੇ ਨਵਤੇਜ ਸਿੰਘ ਚੀਮਾ ਸਾਬਕਾ ਵਿਧਾਇਕ ਸੁਲਤਾਨਪੁਰ ਲੋਧੀ, ਅਰਜੁਨਾ ਐਵਾਰਡੀ ਸੱਜਣ ਸਿੰਘ ਚੀਮਾ, ਸਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਦੇ ਪ੍ਰਧਾਨ ਪ੍ਰੋ. ਚਰਨ ਸਿੰਘ, ਸਟੇਟ ਵਾਰਡੀ ਰੋਸ਼ਨ ਖੈੜਾ, ਪ੍ਰੋਫੈਸਰ ਬਲਜੀਤ ਸਿੰਘ ਟਿੱਬਾ, ਇੰਦਰਜੀਤ ਸਿੰਘ ਲਿਫਟਰ, ਕੋਚ ਸਰੂਪ ਸਿੰਘ ਥਿੰਦ, ਲਿਫਟਰ ਗੁਰਦੇਵ ਸਿੰਘ ਖੇੜਾ ਦੋਨਾਂ, ਲੈਕਚਰਾਰ ਸਮੁੰਦ ਸਿੰਘ, ਹਰਜਿੰਦਰ ਸਿੰਘ ਜਿੰਦੂ, ਇੰਟਰਨੈਸਨਲ ਕਬੱਡੀ ਖਿਡਾਰੀ ਗੁਰਮਿੰਦਰ ਸਿੰਘ ਬੰਟੀ, ਸਾਬਕਾ ਸਰਪੰਚ ਜਸਵਿੰਦਰ ਸਿੰਘ ਕੋਲੀਆਂਵਾਲ, ਨਵਦੀਪ ਸਿੰਘ ਥਿੰਦ ਮਨਪ੍ਰੀਤ ਸਿੰਘ ਥਿੰਦ ਨਵਜੋਤ ਸਿੰਘ ਸੰਧੂ ਆਸਟਰੇਲੀਆ, ਕਰਨੈਲ ਸਿੰਘ ਤਲਵੰਡੀ ਪਾਈ, ਮਾਸਟਰ ਜਗਮੋਹਣ ਸਿੰਘ, ਰੋਬਿਨਪਰੀਤ ਸਿੰਘ ਆਸਟ੍ਰੇਲੀਆ ਆਦਿ ਨੇ ਪਰਵਾਰ ਨਾਲ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।




## ਗੁਰਨਾਮ ਸਿੰਘ ਜੱਖੂ ਨੇ ਨਗਰ ਪੰਚਾਇਤ ਬਿਲਗਾ ਦਾ ਅਹੁਦਾ ਸੰਭਾਲਿਆ

**ਬਿਲਗਾ (ਵਿਜੇ ਕੁਮਾਰ)** ਨਗਰ ਪੰਚਾਇਤ ਬਿਲਗਾ ਦੀ ਹੋਈ ਚੋਣ ਵਿੱਚ ਵਾਰਡ ਨੰਬਰ ਦੋ ਤੋਂ ਕੌਂਸਲਰ ਬਣੇ ਗੁਰਨਾਮ ਸਿੰਘ ਜੱਖੂ ਨੂੰ ਬੀਤੀ 13 ਜਨਵਰੀ 2025 ਨੂੰ 10-4 ਦੇ ਅੰਤਰ ਨਾਲ ਪ੍ਰਧਾਨ ਚੁਣ ਲਿਆ ਗਿਆ ਸੀ।ਜਿਸ ਦਾ ਨੋਟੀਫਿਕੇਸ਼ਨ ਪੰਜਾਬ ਸਰਕਾਰ ਨੇ 10 ਫਰਵਰੀ 2025 ਨੂੰ ਜਾਰੀ ਕੀਤਾ। ਨੋਟੀਫਿਕੇਸ਼ਨ ਮਿਲਣ ਉਪਰੰਤ ਪ੍ਰਧਾਨ ਗੁਰਨਾਮ ਸਿੰਘ ਜੱਖੂ, ਸੀਨੀਅਰ ਵਾਈਸ ਪ੍ਰਧਾਨ ਸੰਦੀਪ ਸਿੰਘ, ਵਾਈਸ ਪ੍ਰਧਾਨ ਪਰਵਿੰਦਰ ਸਿੰਘ, ਕੌਂਸਲਰ ਸਾਹਿਬਾਨ ਅਤੇ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਵੱਲੋਂ ਦਫਤਰ ਨਗਰ ਪੰਚਾਇਤ ਬਿਲਗਾ ਵਿਖੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਗਏ।ਭਾਈ ਸਰਬਜੀਤ ਸਿੰਘ ਨਹਿਰੂ ਦੇ ਰਾਗੀ ਜਥੇ ਨੇ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂ ਦੀ ਬਾਣੀ ਨਾਲ ਜੋੜਿਆ।ਉਪਰੰਤ ਪਰਮਾਤਮਾ ਦਾ ਸ਼ੁਕਰਾਨਾ ਅਦਾ ਕਰਨ ਲਈ ਅਰਦਾਸ ਕੀਤੀ।ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਬੀਬੀ ਇੰਦਰਜੀਤ ਕੌਰ ਮਾਨ ਨੇ ਗੁਰੂ ਨਗਰੀ ਬਿਲਗਾ ਦੇ ਲੋਕਾਂ ਦਾ ਤਹਿ ਦਿਲੋਂ ਸ਼ੁਕਰਾਨਾ ਕੀਤਾ ਅਤੇ ਨਵੇਂ ਚੁਣੇ ਕੌਂਸਲਰਾਂ ਅਤੇ ਪ੍ਰਧਾਨ ਨੂੰ ਵਧਾਈ ਦਿੰਦਿਆਂ ਤਾਗੀਦ ਕੀਤੀ ਕਿ ਉਹ ਆਉਣ ਵਾਲੇ ਪੰਜ ਸਾਲ ਨਗਰ ਦੀ ਬੇਹਤਰੀ ਲਈ ਦਿਨ ਰਾਤ ਇੱਕ ਕਰਕੇ ਲੋਕਾਂ ਦੇ ਕੰਮ ਕਰਨ।ਬੀਬੀ ਮਾਨ ਨੇ ਨਗਰ ਵਾਸੀਆਂ ਨੂੰ ਅਪੀਲ ਕੀਤੀ ਕਿ ਲੋੜਵੰਦ ਪਰਵਾਰ ਪ੍ਰਧਾਨ ਮੰਤਰੀ ਅਵਾਸ ਯੋਜਨਾ ਅਧੀਨ ਜਲਦ ਤੋਂ ਜਲਦ ਫਾਈਲ ਭਰ ਕੇ ਇਸ ਸਕੀਮ ਦਾ ਲਾਭ ਲੈਣ।ਨਗਰ ਪੰਚਾਇਤ ਬਿਲਗਾ ਦੇ ਨਵੇਂ ਬਣੇ ਪ੍ਰਧਾਨ ਗੁਰਨਾਮ ਸਿੰਘ ਜੱਖੂ ਨੇ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਅਤੇ ਨਗਰ ਦੇ ਵੋਟਰਾਂ/ ਸਪੋਰਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿੰਨਾ ਮਾਣ ਸਤਿਕਾਰ ਸਾਨੂੰ ਲੋਕਾਂ ਨੇ ਬਖਸ਼ਿਆ ਹੈ, ਅਸੀਂ ਉਤਨੀ ਹੀ ਮਿਹਨਤ ਨਾਲ ਨਗਰ ਦੀ ਬੇਹਤਰੀ ਲਈ ਹਰ ਸੰਭਵ ਯਤਨ ਕਰਾਂਗੇ।ਗੁਰੂ ਦੇ ਸ਼ੁਕਰਾਨੇ ਤੋਂ ਬਾਅਦ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੇ ਗੁਰਨਾਮ ਸਿੰਘ ਜੱਖੂ ਨੂੰ ਅਸ਼ੀਰਵਾਦ ਦਿੰਦੇ ਹੋਏ ਅਹੁਦਾ ਗ੍ਰਹਿਣ ਕਰਵਾਇਆ ਅਤੇ ਵਧਾਈ ਦਿੱਤੀ। ਗੁਰਨਾਮ ਸਿੰਘ ਜੱਖੂ ਦੀ ਪ੍ਰਧਾਨਗੀ ਹੇਠ ਨਗਰ ਪੰਚਾਇਤ ਦਾ ਪਲੇਠਾ ਇਜਲਾਸ ਵੀ ਹੋਇਆ ਜਿਸ ਵਿੱਚ ਰਿੰਗ ਰੋਡ ਦੀ ਪ੍ਰਵਾਨਗੀ ਵਾਲਾ ਇਤਿਹਾਸਿਕ ਮਤਾ, ਬਿਲਗਾ ਨੂਰਮਹਿਲ ਰੋਡ ਨੂੰ 'ਸ੍ਰੀ ਗੁਰੂ ਅਰਜਨ ਦੇਵ ਜੀ ਮਾਰਗ' ਅਤੇ ਬਿਲਗਾ ਤੋਂ ਮੌ ਸਾਹਿਬ ਰੋਡ ਨੂੰ 'ਮਾਤਾ ਗੰਗਾ ਜੀ ਮਾਰਗ' ਦਾ ਨਾਂਅ ਦੇਣ ਦਾ ਮਤਾ ਵੀ ਪਾਸ ਕੀਤਾ ਗਿਆ। ਅਹੁਦਾ ਸੰਭਾਲਣ ਸਮੇਂ ਸ਼੍ਰੀਮਤੀ ਸਵੇਤਾ ਰਾਣੀ ਕੌਂਸਲਰ, ਸ਼੍ਰੀਮਤੀ ਬਲਰਾਜ ਕੌਰ ਕੌਂਸਲਰ, ਸ਼੍ਰੀਮਤੀ ਕੁਲਵਿੰਦਰ ਕੌਰ ਕੌਂਸਲਰ, ਬਲਵੀਰ ਕੌਰ ਕੌਂਸਲਰ, ਸ਼੍ਰੀਮਤੀ ਕਿਰਨ ਬਾਲਾ ਕੌਂਸਲਰ, ਸੰਜੀਵ ਕੁਮਾਰ ਕੌਂਸਲਰ, ਹਰੀਓਮ ਬਿਲਗਾ ਕੌਂਸਲਰ, ਲਖਵੀਰ ਸਿੰਘ ਕੌਂਸਲਰ ਮੌਜੂਦ ਸਨ। ਅਹੁਦਾ ਸੰਭਾਲਣ ਦੇ ਇਸ ਪ੍ਰੋਗਰਾਮ ਵਿੱਚ ਅਮਨਪਾਲ ਸਿੰਘ ਐਸ ਡੀ ਐਮ ਫਿਲੌਰ ਅਤੇ ਨਾਇਬ ਤਹਿਸੀਲਦਾਰ ਕੁਲਵੰਤ ਸਿੰਘ ਨੂਰਮਹਿਲ ਵੀ ਉਚੇਚੇ ਤੌਰ 'ਤੇ ਪੁੱਜੇ।



## ਜਿੰਪਾ ਨੇ ਵਾਰਡ ਨੰਬਰ 31 'ਚ ਵਾਟਰ ਸਪਲਾਈ ਤੇ ਸੀਵਰੇਜ ਦੇ ਕੰਮ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 31 ਦੇ ਮੁਹੱਲਾ ਸੈਂਟਰਲ ਟਾਊਨ ਵਿਖੇ ਵਾਟਰ ਸਪਲਾਈ ਅਤੇ ਸੀਵਰੇਜ਼ ਦੇ ਕੰਮ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿਚ ਵਿਕਾਸ ਕੰਮ ਲਗਾਤਾਰ ਜਾਰੀ ਹਨ। ਉਨ੍ਹਾਂ ਇਹ ਵੀ ਵਿਸ਼ਵਾਸ ਦਿਵਾਇਆ ਕਿ ਵਾਰਡ ਦੇ ਰਹਿੰਦੇ ਵਿਕਾਸ ਕੰਮ ਵੀ ਜਲਦ ਹੀ ਪੂਰੇ ਕੀਤੇ ਜਾਣਗੇ।ਵਿਧਾਇਕ ਜਿੰਪਾ ਨੇ ਕਿਹਾ ਕਿ ਸਾਡੀ ਪਹਿਲ ਸਾਰੇ ਨਾਗਰਿਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਾਉਣਾ ਹੈ।ਇਸ ਦਿਸ਼ਾ ਵਿਚ ਇਹ ਵਾਟਰ ਸਪਲਾਈ ਅਤੇ ਸੀਵਰੇਜ਼ ਪ੍ਰੋਜੈਕਟ ਇਕ ਮਹੱਤਵਪੂਰਨ ਕਦਮ ਹੈ।ਇਸ ਪ੍ਰੋਜੈਕਟ ਨਾਲ ਨਾ ਕੇਵਲ ਪਾਣੀ ਦੀ ਸਮੱਸਿਆ ਹੱਲ ਕਰਨ ਵਿਚ ਮਦਦ ਮਿਲੇਗੀ, ਬਲਕਿ ਸਵੱਛਤਾ ਵਿਚ ਵੀ ਸੁਧਾਰ ਹੋਵੇਗਾ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਵਾਰਡ ਨੰਬਰ 31 ਦੇ ਨਿਵਾਸੀਆਂ ਲਈ ਬਹੁਤ ਲਾਭਕਾਰੀ ਸਾਬਤ ਹੋਵੇਗਾ।ਸਾਡਾ ਮੁੱਖ ਮੰਤਵ ਸਾਰੇ ਵਾਰਡਾਂ ਦਾ ਸੰਤੁਲਿਤ ਵਿਕਾਸ ਕਰਨਾ ਹੈ।ਵਿਧਾਇਕ ਜਿੰਪਾ ਨੇ ਇਲਾਕਾ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਹਮੇਸ਼ਾ ਉਨ੍ਹਾਂ ਨਾਲ ਖੜ੍ਹੇ ਰਹਿਣਗੇ ਅਤੇ ਉਨ੍ਹਾਂ ਦੀਆ ਸਮੱਸਿਆਵਾਂ ਦਾ ਹੱਲ ਕਰਨਗੇ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਉਦੇਸ਼ ਹਰ ਨਾਗਰਿਕ ਤੱਕ ਬੁਨਿਆਦੀ ਸੁਵਿਧਾਵਾਂ ਪਹੁੰਚਾਉਣਾ ਹੈ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਸੁਧਾਰਨਾ ਹੈ। ਵਿਕਾਸ ਦੀ ਇਸ ਰਫ਼ਤਾਰ ਵਿਚ ਸਾਰਿਆਂ ਦਾ ਸਹਿਯੋਗ ਜ਼ਰੂਰੀ ਹੈ।ਇਸ ਮੌਕੇ ਮੌਜੂਦ ਇਲਾਕਾ ਨਿਵਾਸੀਆਂ ਨੇ ਵਿਧਾਇਕ ਵਲੋਂ ਸ਼ੁਰੂ ਕਰਵਾਏ ਗਏ ਕਾਰਜ ਦੀ ਸਰਾਹਨਾ ਕੀਤੀ ਅਤੇ ਵਾਰਡ ਨੰਬਰ 31 ਦੇ ਵਿਕਾਸ ਲਈ ਇਕ ਮਹੱਤਵਪੂਰਨ ਕਦਮ ਦੱਸਿਆ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਕੌਂਸਲਰ ਮੋਨਿਕਾ ਕਤਨਾ, ਬਲਵਿੰਦਰ ਕਤਨਾ, ਅਮਰਜੋਤ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।



## ਮਾਤਾ ਜਗੀਰ ਕੌਰ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਐਨ ਆਰ ਆਈ ਵੀਰ ਅਮਰੀਕ ਸਿੰਘ ਦੀ ਮਾਤਾ ਮਰਹੂਮ ਸਰਦਾਰਨੀ ਜਗੀਰ ਕੌਰ ਪਤਨੀ ਸਵ,: ਗੁਲਵੰਤ ਸਿੰਘ ਵਾਸੀ ਪਿੰਡ ਸੁੰਨੜ ਕਲਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਸਿੰਘ ਸਭਾ ਵਿਖੇ ਕੀਤੀ ਗਈ। ਇਸ ਸਮੇਂ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਭਾਈ ਗੁਰਬਿੰਦਰ ਸਿੰਘ ਰਾਗੀ ਜਥਾ ਵੱਲੋਂ ਸ਼ਬਦ ਗਾਇਨ ਕੀਤਾ।

## 20ਵਾਂ ਸਵੈ ਇੱਛੁਕ ਖੂਨਦਾਨ ਕੈਂਪ ਲਗਾਇਆ

**ਆਦਮਪੁਰ (ਪਰਮਜੀਤ ਸਿੰਘ)**:- ਧੰਨ ਧੰਨ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਂਦਿਆਂ ਹੋਇਆਂ ਨੌਜਵਾਨ ਸਭਾ ਸਪੋਰਟਸ ਕਲੱਬ ਰਜਿਸਟਰ, ਗ੍ਰਾਮ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਉੱਘੇ ਸਮਾਜਸੇਵੀ ਪ੍ਰਦੀਪ ਬੱਗਾ ਦੇ ਵੱਡੇ ਸਹਿਯੋਗ ਨਾਲ 20ਵਾ ਸਵੈਂ ਇੱਛੁਕ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ ਜਿਸ ਵਿੱਚ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ ਦੇ ਸਮਾਜਸੇਵੀ ਸੇਵਾਦਾਰ ਭਾਈ ਸੁਖਜੀਤ ਸਿੰਘ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਡਰੋਲੀ ਕਲਾਂ ਆਦਮਪੁਰ ਦੁਆਬਾ ਸੇਵਾਦਾਰ ਭਾਈ ਹਰਜਿੰਦਰ ਪਾਲ, ਸੇਵਾਦਾਰ ਭਾਈ ਸੁਖਵਿੰਦਰ ਸਿੰਘ ਲੱਕੀ ਉਚੇਚੇ ਤੌਰ 'ਤੇ ਪਹੁੰਚੇ ਅਤੇ ਮੁੱਖ ਮਹਿਮਾਨ ਸੇਵਾਦਾਰ ਭਾਈ ਸੁਖਜੀਤ ਸਿੰਘ ਨੇ ਸਮੂਹ ਪ੍ਰਬੰਧਕਾਂ ਅਤੇ ਸਾਧ ਸੰਗਤਾਂ ਦੀ ਭਰਪੂਰ ਹਾਜ਼ਰੀ ਵਿੱਚ ਰੀਬਨ ਕੱਟ ਬਲੱਡ ਕੈਂਪ ਦਾ ਸ਼ੁੱਭ ਆਰੰਭ ਕੀਤਾ ਅਤੇ ਬਲੱਡ ਦਾਨੀ ਵੀਰਾਂ ਨੂੰ ਸਨਮਾਨ ਚਿੰਨ੍ਹ ਅਤੇ ਸਾਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ। ਉਨ੍ਹਾਂ ਕਿਹਾ ਕਿ ਖੂਨਦਾਨ ਹੀ ਇੱਕ ਇਹੋ ਅਜਿਹਾ ਦਾਨ ਜੋਂ ਇੱਕ ਇਨਸਾਨ ਤੋਂ ਦੂਸਰੇ ਇਨਸਾਨ ਲਈ ਪ੍ਰਾਪਤ ਕੀਤਾ ਜਾਂਦਾ ਹੈ, ਇਸ ਲਈ ਹਰ ਇੱਕ ਤੰਦਰੁਸਤ ਵਿਅਕਤੀ ਨੂੰ ਤਕਰੀਬਨ ਸਾਲ ਵਿੱਚ ਦੋ ਵਾਰੀ ਤਾਂ ਆਪਣਾ ਖੂਨਦਾਨ ਜ਼ਰੂਰ ਹੀ ਕਰਨਾ ਚਾਹੀਦਾ।





## ਪ੍ਰਕਾਸ਼ ਪੁਰਬ ਮੌਕੇ ਸਜਾਏ ਗਏ ਨਗਰ ਕੀਰਤਨ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਨੇੜਲੇ ਪਿੰਡ ਜਲਾਹ ਮਾਜਰਾ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪਿੰਡ ਦੀਆਂ ਸਮੂਹ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਏ ਗਏ, ਜਿਸ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਗ ਬੇਅੰਤ ਸਿੰਘ ਜੁਲਾਹ ਮਾਜਰਾ ਤੇ ਉਪ ਪ੍ਰਧਾਨ ਹਰਵਿੰਦਰ ਪਾਲ ਬਿੰਦਰ ਨੇ ਦੱਸਿਆ ਕਿ ਇਹ ਨਗਰ ਕੀਰਤਨ ਗੁਰੂ ਘਰ ਤੋਂ ਸ਼ੁਰੂ ਹੋ ਕੇ ਇਲਾਕੇ ਦੀ ਚਾਰ ਨਗਰਾਂ ਵਿੱਚ ਸਜਾਇਆ ਗਿਆ, ਜਿਸ ਵਿੱਚ ਪਿੰਡ ਤਾਜਪੁਰ ਦੀਆਂ ਸਮੂਹ ਸੰਗਤਾਂ ਵੱਲੋਂ ਛੋਲੇ ਪੂੜੀਆਂ ਗੁਜਰੇਲੇ ਅਤੇ ਫਰੂਟ ਦੇ ਲੰਗਰ ਲਗਾਏ ਗਏ। ਉਸ ਤੋਂ ਬਾਅਦ ਅਗਲੇ ਪੜਾਅ ਵਿੱਚ ਪਿੰਡ ਖੋਜਾ ਵਿਖੇ ਲੰਗਰ ਅਤੇ ਚਾਹ ਦੇ ਲੰਗਰ ਲਗਾਏ ਗਏ। ਇਸ ਮੌਕੇ ਮੋਹਨ ਲਾਲ, ਰਾਜਵੀਰ ਸਿੰਘ, ਗੁਰਵਿੰਦਰ ਮਾਨ, ਸੌਖਾ, ਗੋਪੀ, ਹਰਦੀਪ ਸਿੰਘ, ਗੁਰਜੀਤ ਸਿੰਘ, ਜੱਗੂ, ਦੀਪਾ, ਸੁਰਜੀਤ ਸਿੰਘ, ਬਿੱਟੂ, ਜਸਵਿੰਦਰ ਸਿੰਘ, ਜਸਵੰਤ ਸਿੰਘ, ਰੂਪ ਲਾਲ, ਭੋਲੂ, ਗਗਨਦੀਪ ਆਦਿ ਸੇਵਾਦਾਰ ਹਾਜ਼ਰ ਸਨ।

## ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)** ਸਥਾਨਕ ਕਾਲਾ ਸੰਘਿਆਂ ਵਿਖੇ ਸਤਿ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਸਤਿ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੈਕਾਰਿਆਂ ਦੇ ਨਾਲ ਸਤਿ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਤੋਂ ਸੈਂਕੜੇ ਸੰਗਤਾਂ ਦੀ ਰਹਿਨੁਮਾਈ ਹੇਠ ਸਜਾਇਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਕੀਰਤਨੀਏ ਭਾਈ ਪ੍ਰਿਤਪਾਲ ਸਿੰਘ, ਤੇ ਭਾਈ ਮੱਖਣ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦੇ ਨਾਲ ਨਿਹਾਲ ਕੀਤਾ ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦਾ ਵੱਖ ਵੱਖ ਪ੍ਰਬੰਧਕ ਕਮੇਟੀਆਂ, ਆਗੂਆਂ ਤੇ ਸੰਗਤਾਂ ਵੱਲੋਂ ਥਾਂ ਥਾਂ ਭਰਵਾਂ ਸਵਾਗਤ ਕੀਤਾ ਗਿਆ ਇਹ ਵਿਸ਼ਾਲ ਨਗਰ ਕੀਰਤਨ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਰਵਿਦਾਸ ਮਹਾਰਾਜ ਜੀ ਦੇ ਅਸਥਾਨ 'ਤੇ ਸਮਾਪਤ ਹੋਇਆ। ਇਸ ਮੌਕੇ ਬੈਂਡ ਵਾਜਿਆਂ ਦੇ ਦ੍ਰਿਸ਼ ਵੀ ਦੇਖਣਯੋਗ ਸੀ ਤੇ ਵੱਖ ਵੱਖ ਪੜਾਵਾਂ ਤੇ ਚਾਹ ਪਕੌੜਿਆਂ ਤੇ ਫਰੂਟਾਂ ਦੇ ਅਤੁੱਟ ਲੰਗਰ ਸੰਗਤਾਂ ਨੂੰ ਛਕਾਏ ਗਏ। ਇਸ ਮੌਕੇ ਸਤਿ ਗੁਰੂ ਰਵਿਦਾਸ ਮਹਾਰਾਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਿੰਦਰ ਸਿੰਘ ਚੌਕੜੀਆਂ ਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸੈਕਟਰੀ ਅਮਨਜੀਤ, ਜੀਵਨ ਲਾਲ, ਸੂਬਾ, ਸਾਬੀ, ਦੇਸ ਰਾਜ, ਪ੍ਰਸਿੱਧ ਗੀਤਕਾਰ ਓਮੀ ਕਾਲਾ ਸੰਘਿਆਂ, ਸੁਰਜੀਤ ਬਿੱਟੂ ਸਾਬਕਾ ਸਰਪੰਚ, ਅਮਰਜੀਤ ਲਾਡੀ, ਪਰਮਜੀਤ ਸਿੰਘ ਬੱਸਣ ਪ੍ਰਧਾਨ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਪ੍ਰਬੰਧਕ ਕਮੇਟੀ, ਨਰਿੰਦਰ ਸਿੰਘ ਸੰਘਾ ਗੱਤਕਾ ਕੋਚ, ਰੇਸ਼ਮ ਸਿੰਘ ਮਾਨ ਪ੍ਰਧਾਨ ਪੈਨਸ਼ਨਰਜ਼ ਐਸੋਸੀਏਸ਼ਨ, ਬਲਦੇਵ ਰਾਜ ਜਨਰਲ ਸਕੱਤਰ ਪੈਨਸ਼ਨਰਜ਼, ਗੁਰਦਾਵਰ ਸਿੰਘ ਖਾਲਸਾ, ਸਰਬਨ ਸਿੰਘ ਸੰਘਾ ਦਾ ਗੁਰੂ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।



## ਯਸ਼ਪਾਲ ਸੈਣੀ ਨਹੀਂ ਰਹੇ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਕਸਬਾ ਰਾਹੋਂ ਤੋਂ 'ਅਜੀਤ' ਦੇ ਪੱਤਰਕਾਰ ਬਲਬੀਰ ਸਿੰਘ ਰੂਬੀ ਦੀ ਧਰਮਪਤਨੀ ਪਰਮਜੀਤ ਕੌਰ ਦੇ ਭਰਾ ਯਸ਼ਪਾਲ ਸੈਣੀ (60) ਪੁੱਤਰ ਪਰਗਣ ਸਿੰਘ ਪਾਬਲਾ ਦੀ ਸੰਖੇਪ ਬਿਮਾਰੀ ਮਗਰੋਂ ਜਲੰਧਰ ਦੇ ਇਕ ਨਿੱਜੀ ਹਸਪਤਾਲ ਵਿਖੇ ਜੇਰੇ ਇਲਾਜ ਮੌਤ ਹੋ ਗਈ।ਇਸ ਦੁੱਖ ਦੀ ਘੜੀ ਵਿਚ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਸ ਭ ਸ ਨਗਰ ਅਤੇ ਪ੍ਰੈਸ ਕਲੱਬ ਰਾਹੋਂ ਦੇ ਸਮੂਹ ਅਹੁਦੇਦਾਰਾਂ ਸਮੇਤ ਵੱਖ-ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ, ਰਿਸ਼ਤੇਦਾਰਾਂ ਅਤੇ ਸੱਜਣਾਂ-ਮਿੱਤਰਾਂ ਆਦਿ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ ਹੈ।



# ਹੈਰੋਇਨ ਸਮੇਤ ਪੰਜ ਕਾਬੂ



**ਜਲੰਧਰ (ਇਕਬਾਲ ਸਿੰਘ ਉਭੀ, ਸ਼ੈਲੀ ਐਲਬਰਟ )** ਪੁਲਸ ਵਲੋਂ 5 ਵਿਅਕਤੀਆਂ ਨੂੰ ਕਾਬੂ ਕਰਦਿਆਂ ਉਨਾਂ ਪਾਸੋਂ 303 ਗਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ।ਕਮਿਸ਼ਨਰ ਪੁਲਸ ਸਵਪਨ ਸ਼ਰਮਾ ਨੇ ਦੱਸਿਆ ਕਿ 11 ਫਰਵਰੀ ਨੂੰ ਭਗਵਾਨ ਵਾਲਮੀਕਿ ਗੇਟ ਨੇੜੇ ਪੁਲਸ ਅਧਿਕਾਰੀਆਂ ਵਲੋਂ ਗਸ਼ਤ ਦੌਰਾਨ ਦੋ ਵਿਅਕਤੀ ਅਤੇ ਇਕ ਔਰਤ ਨੂੰ ਸ਼ੱਕੀ ਗਤੀਵਿਧੀਆਂ ਕਰਦਿਆਂ ਦੇਖਿਆ ਗਿਆ। ਉਨ੍ਹਾਂ ਵਿਚੋਂ ਇਕ ਨੇ ਕਾਲੇ ਰੰਗ ਦਾ ਪਲਾਸਟਿਕ ਲਿਫ਼ਾਫਾ ਫੜਿਆ ਹੋਇਆ ਸੀ, ਭੱਜਣ ਦੀ ਕੋਸ਼ਿਸ਼ ਕੀਤੀ ਗਈ ਪਰ ਕਾਬੂ ਕਰ ਲਿਆ ਗਿਆ। ਤਲਾਸ਼ੀ ਦੌਰਾਨ ਲਿਫਾਫੇ ਵਿਚੋਂ 30 ਗਰਾਮ ਹੈਰੋਇਨ ਬਰਾਮਦ ਕੀਤੀ ਗਈ ਜਿਸ ਦੇ ਅਧਾਰ 'ਤੇ ਪੁਲਸ ਸਟੇਸ਼ਨ ਨੰਬਰ 2, ਜਲੰਧਰ ਵਿਖੇ ਐਨ.ਡੀ.ਪੀ.ਐਸ.ਐਕਟ ਦੀ ਧਾਰਾ 21,61 ਅਤੇ 85 ਤਹਿਤ ਐਫ.ਆਈ.ਆਰ.ਨੰਬਰ 17 ਦਰਜ ਕੀਤੀ ਗਈ।ਸਖਤੀ ਨਾਲ ਪੁਛਗਿੱਛ ਕਰਨ 'ਤੇ ਰਾਧਿਕਾ ਉਰਫ਼ ਪਿੰਕੀ ਨੇ ਮੰਨਿਆਂ ਕਿ ਉਹ ਵੱਡੇ ਪੱਧਰ 'ਤੇ ਡਰੱਗ ਦੇ ਨੈਟਵਰਕ ਨਾਲ ਜੁੜੀ ਹੋਈ ਹੈ। ਉਸ ਵਲੋਂ ਮਿਲੀ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਸ ਵਲੋਂ ਬਿਧੀਪੁਰ ਫਾਟਕ ਨੇੜੇ ਲੁਕਾਕੇ ਰੱਖੀ 273 ਗਰਾਮ ਹੋਰ ਹੈਰੋਇਨ ਬਰਾਮਦ ਕੀਤੀ ਗਈ ਅਤੇ ਐਫ.ਆਈ.ਆਰ. ਵਿੱਚ ਧਾਰਾ 29 ਜੋੜੀ ਗਈ। ਮੁਲਜ਼ਮਾਂ ਦੀ ਪਹਿਚਾਣ ਤਨਿਸ਼ ਕੁਮਾਰ ਉਰਫ਼ ਤੰਨੂੰ (ਜਲੰਧਰ), ਭਾਰਤ ਉਰਫ਼ ਸ਼ਨੂੰ (ਅੰਮ੍ਰਿਤਸਰ),ਰਾਧਿਕਾ ਉਰਫ਼ ਪਿੰਕੀ (ਜਲੰਧਰ), ਦਿਨੇਸ਼ ਕੁਮਾਰ (ਜਲੰਧਰ) ਅਤੇ ਦੀਪਕ ਉਰਫ਼ ਕਰੇਲਾ (ਜਲੰਧਰ) ਵਜੋਂ ਹੋਈ ਹੈ।ਪੁਲਸ ਵਲੋਂ ਹੁਣ ਤੱਕ 303 ਗ੍ਰਾਮ ਹੈਰੋਇਨ, ਇਕ ਛੋਟੀ ਭਾਰ ਤੋਲਣ ਵਾਲੀ ਮਸ਼ੀਨ ਅਤੇ 10 ਛੋਟੇ ਪਲਾਸਟਿਕ ਦੇ ਲਿਫ਼ਾਫੇ ਬਰਾਮਦ ਕੀਤੇ ਗਏ ਹਨ।

# ਡਾ. ਇਸ਼ਾਂਕ ਨੇ ਕਾਂਗੜ ਵਿਖੇ ਟਿਊਵਬੈੱਲ ਦਾ ਉਦਘਾਟਨ ਕੀਤਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸਿਆਣੀ)** ਹਲਕੇ ਦੇ ਵਿਕਾਸ ਕਾਰਜ ਅਤੇ ਲੋਕਾਂ ਦੀਆਂ ਪ੍ਰੇਸ਼ਾਨੀਆਂ ਨੂੰ ਦੂਰ ਕਰਨਾ ਹਮੇਸ਼ਾ ਮੇਰੀ ਪਹਿਲ 'ਤੇ ਹੈ।ਇਹ ਵਿਚਾਰ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਕਾਂਗੜ ਵਿਖੇ ਪੀਣ ਵਾਲੇ ਪਾਣੀ ਦੇ ਟਿਊਵਬੈਲ ਦਾ ਉਦਘਾਟਨ ਕਰਨ ਦੌਰਾਨ ਪ੍ਰਗਟ ਕੀਤੇ। ਜਿਕਰਯੋਗ ਹੈ ਕਿ 19 ਲੱਖ ਰੁਪਏ ਦੀ ਲਾਗਤ ਨਾਲ ਲੱਗੇ ਇਸ ਟਿਊਵਬੈਲ ਦੇ ਚਾਲੂ ਹੋਣ ਨਾਲ ਪਿੰਡ ਵਾਸੀਆਂ ਨੂੰ ਕਾਫੀ ਸਹੂਲਤ ਹੋਵੇਗੀ।ਇਸ ਮੌਕੇ ਡਾ. ਇਸ਼ਾਂਕ ਨੇ ਦੱਸਿਆ ਕਿ ਪਿੰਡ ਨੂੰ ਪੀਣ ਵਾਲੇ ਪਾਣੀ ਦੀ ਬਹੁਤ ਸਮੱਸਿਆ ਸੀ, ਜਿਸ 'ਤੇ ਪਿੰਡ ਵਾਸੀਆਂ ਦੀ ਪੁਰਜੋਰ ਮੰਗ ਤੇ ਉਹਨਾਂ ਨੇ ਇਸ ਪ੍ਰੋਜੈਕਟ ਲਈ 19 ਲੱਖ ਰੁਪਏ ਮੁਹੱਈਆ ਕਰਾ ਕੇ ਇਹ ਨਵਾਂ ਟਿਊਵਬੈਲ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ। ਉਹਨਾਂ ਨੇ ਪਿੰਡ ਵਾਸੀਆਂ ਨੂੰ ਸਚੇਤ ਕੀਤਾ ਕਿ ਪਾਣੀ ਵੱਡਮੁੱਲੀ ਦਾਤ ਹੈ ਅਤੇ ਸਾਨੂੰ ਇਸਨੂੰ ਬਹੁਤ ਸਾਂਭ ਕੇ ਵਰਤਨਾ ਚਾਹੀਦਾ ਹੈ।ਇਸ ਮੌਕੇ ਸਰਪੰਚ ਕਾਂਗੜ ਗੁਰਦੀਪ ਰਾਮ ਨੇ ਡਾ. ਇਸ਼ਾਂਕ ਅਤੇ ਸੰਸਦ ਮੈਬਰ ਡਾ. ਰਾਜ ਕੁਮਾਰ ਦਾ ਪਿੰਡ ਵਾਸੀਆਂ ਵੱਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਹਮੇਸ਼ਾ ਪਿੰਡ ਦੀਆਂ ਸੱਮਸਿਆਵਾਂ ਨੂੰ ਪੂਰੀ ਗੰਭੀਰਤਾ ਨਾਲ ਹੱਲ ਕਰਵਾਉਂਦੇ ਹਨ ਅਤੇ ਅੱਜ ਤੱਕ ਉਹਨਾਂ ਕੋਲੋਂ ਜੋ ਵੀ ਮੰਗ ਕੀਤੀ ਗਈ ਹੈ ਉਹਨਾਂ ਨੇ ਜਰੂਰ ਪੂਰੀ ਕਰਵਾਈ ਹੈ।ਇਸ ਮੌਕੇ ਕਾਂਗੜ ਪਹੁੰਚਣ 'ਤੇ ਡਾ. ਇਸ਼ਾਂਕ ਨੇ ਪਿੰਡ ਵਾਸੀਆਂ ਦੇ ਨਾਲ ਬਾਬਾ ਸਿੱਧ ਚਾਨੋ ਮਹਾਰਾਜ ਜੀ ਦੇ ਸਮਾਗਮ ਵਿੱਚ ਵੀ ਹਾਜ਼ਰੀ ਭਰੀ ਇਸ ਮੌਕੇ ਤੇ ਸਵਰਨਾ ਰਾਮ ਪੰਚ, ਹਰੀ ਸਿੰਘ ਪੰਚ, ਸੰਤੋਸ਼ ਕੁਮਾਰੀ ਪੰਚ, ਪੂਜਾ ਦੇਵੀ ਪੰਚ, ਮਲਕੀਤ ਸਿੰਘ, ਕਸ਼ਮੀਰੀ ਲਾਲ, ਅਮਰਜੀਤ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ ।

# ਗਰੀਨ ਸਟਾਰ ਵੈੱਲਫੇਅਰ ਕਲੱਬ ਵੱਲੋਂ ਖ਼ੂਨਦਾਨ ਕੈਂਪ




**ਡੇਰਾਬਸੀ (ਵਿਨੈ ਕੁਮਾਰ ਜੈਨ)** ਗਰੀਨ ਸਟਾਰ ਵੈਲਫੇਅਰ ਕਲੱਬ ਵੱਲੋਂ ਸ੍ਰੀ ਰਾਮ ਤਲਾਈ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 92 ਵਿਅਕਤੀਆਂ ਨੇ ਸਵੈ ਇੱਛਾ ਨਾਲ ਖ਼ੂਨਦਾਨ ਕੀਤਾ।ਇਸ ਮੌਕੇ ਡੇਰਾਬਸੀ ਹਲਕਾ ਵਿਧਾਇਕ ਸਰਦਾਰ ਕੁਲਜੀਤ ਸਿੰਘ ਰੰਧਾਵਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਉਨ੍ਹਾਂ ਦੇ ਨਾਲ ਜਸਪਾਲ ਸਿੰਘ ਸੰਧੂ ਅਤੇ ਸਮਾਜ ਸੇਵੀ ਸਾਹਿਲ ਜੈਨ ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਕੈਂਪ ਵਿੱਚ ਨਗਰ ਕੌਂਸਲ ਡੇਰਾਬਸੀ ਦੇ ਪ੍ਰਧਾਨ ਆਸ਼ੂ ਉਪਨੇਜਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਖ਼ੂਨਦਾਨੀਆਂ ਦੀ ਹੌਂਸਲਾ ਅਫਜਾਈ ਕੀਤੀ।ਇਸ ਸਮਾਗਮ ਵਿੱਚ ਪਿੰਡ ਨਿੰਬੂਆ ਦੇ ਸਰਪੰਚ ਰਘੁਵੀਰ ਸਿੰਘ, ਕੌਂਸਲਰ ਦਵਿੰਦਰ ਸਿੰਘ ਅਤੇ ਸਮਾਜ ਸੇਵੀ ਨਰੇਸ਼ ਉਪਨੇਜਾ ਨੇ ਵੀ ਆਪਣੀ ਹਾਜ਼ਰੀ ਦਰਜ ਕਰਵਾਈ।ਇਹ ਕੈਂਪ ਸਵੇਰੇ 9 ਵਜੇ ਤੋਂ ਲੈ ਕੇ ਦੁਪਹਿਰ ਦੇ 2 ਵਜੇ ਤੱਕ ਚਲਿਆ ਸਥਾਨਕ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਕੈਂਪ ਵਿੱਚ ਖ਼ੂਨ ਦਾਨੀਆਂ ਨੂੰ ਸਨਮਾਨਿਤ ਕਰਨ ਲਈ ਸਰਟੀਫਿਕੇਟ ਅਤੇ ਸਮ੍ਰਿਤ ਚਿੰਨ੍ਹ ਵੀ ਵੰਡੇ ਗਏ ਗਰੀਨ ਸਟਾਰ ਵੈਲਫੇਅਰ ਕਲੱਬ ਦੇ ਸਕੱਤਰ ਨੇ ਦੱਸਿਆ ਕਿ ਕਲੱਬ ਸਮੇਂ ਸਮੇਂ ਤੇ ਇਸ ਤਰ੍ਹਾਂ ਦੇ ਸਮਾਜ ਸੇਵਾ ਦੇ ਕਾਰਜ ਕਰਾਉਂਦਾ ਰਹਿੰਦਾ ਹੈ ਖ਼ੂਨਦਾਨ ਕੈਂਪ ਦੇ ਅੰਤ ਵਿੱਚ ਸਾਰੇ ਸਹਿਭਾਗੀਆ ਨੂੰ ਰਿਫਰੈਸ਼ਮੈਂਟ ਅਤੇ ਸਿਹਤ ਸੰਬੰਧੀ ਜਾਣਕਾਰੀ ਪ੍ਰਫਲਿਟ ਵੀ ਵੰਡੇ ਗਏ ਤਾਂ ਜੋ ਉਹ ਆਪਣੀ ਸਿਹਤ ਦਾ ਧਿਆਨ ਰੱਖ ਸਕਣ ਅਤੇ ਸਮਾਜ ਸੇਵਾ ਵਿੱਚ ਅੱਗੇ ਵੀ ਯੋਗਦਾਨ ਪਾਉਂਦੇ ਰਹਿਣ। ਸਮਾਗਮ ਦੀ ਸਫ਼ਲਤਾ ਵਿੱਚ ਕਲੱਬ ਮੈਂਬਰ ਅਜੇ ਕੁਮਾਰ, ਮਨਦੀਪ ਸਿੰਘ, ਧਰਮਵੀਰ, ਆਤਿਸ਼ ਸੈਣੀ, ਗੌਰਵ ਅਰੋੜਾ, ਮਲਕੀਤ ਸਿੰਘ, ਗੁਰਪ੍ਰੀਤ ਸਿੰਘ, ਰਾਕੇਸ਼ ਕੁਮਾਰ ਅਤੇ ਭੁਪਿੰਦਰ ਸਿੰਘ ਆਦਿ ਨੇ ਵਿਸ਼ੇਸ਼ ਯੋਗਦਾਨ ਪਾਇਆ।

# ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਫਿਲੌਰ (ਨਿਰਮਲ)** ਥਾਣਾ ਫਿਲੌਰ ਦੇ ਐਸ ਐਚ ਓ ਇੰਸਪੈਕਟਰ ਸੰਜੀਵ ਕਪੂਰ ਦੀ ਟੀਮ ਨੇ ਇੱਕ ਨਸ਼ਾ ਤਸਕਰ ਨੂੰ ਕਾਬੂ ਕੀਤਾ ਜਿਸ ਕੋਲੋਂ 105 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆ ਫੜੇ ਗਏ ਵਿਅਕਤੀ ਦਾ ਨਾਮ ਸੰਦੀਪ ਕੁਮਾਰ ਉਰਫ ਕਾਲੀ ਵਾਸੀ ਪੰਜ ਢੇਰਾ ਨਜ਼ਦੀਕ ਬਾਵਿਆਂ ਦਾ ਬੋਹੜ ਫਿਲੌਰ ਹੈ।ਉਸ ਵਿਰੁੱਧ ਥਾਣਾ ਫਿਲੌਰ ਵਿਖੇ ਮੁਕਦਮਾ ਨੰਬਰ 36,14/2/25 ਧਾਰਾ 22/61/85 ਐਨਡੀਪੀਐਸ ਐਕਟ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਜਾਰੀ ਹੈ। ਐਸ.ਐਚ.ਓ ਨੇ ਅੱਗੇ ਦੱਸਿਆ ਕਿ ਫੜੇ ਗਏ ਵਿਅਕਤੀ ਵਿਰੁੱਧ ਥਾਣਾ ਫਿਲੌਰ, ਲੁਧਿਆਣਾ, ਅੰਬਾਲਾ ਕੈਂਟ ਵਿੱਚ ਵੱਖ-ਵੱਖ ਵਾਰਦਾਤਾਂ ਵਿੱਚ 8 ਕੇਸ ਦਰਜ ਹਨ।

# ਪੈਨਸ਼ਨਰਾਂ ਨੂੰ ਪੇ ਕਮਿਸ਼ਨ ਦੇ ਬਕਾਏ ਦੇਣ ਦੀ ਨੀਤੀ ਦੀ ਨਿਖੇਧੀ




**ਫਗਵਾੜਾ ( ਜਸਵਿੰਦਰ ਢੱਡਾ )** ਪੰਜਾਬ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਅਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਛੇਵੇਂ ਪੇ ਕਮਿਸ਼ਨ ਦੇ ਲੰਬੇ ਸਮੇਂ ਤੋਂ ਲਟਕਦੇ ਬਕਾਏ ਦੇਣ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਉਪਰੋਕਤ ਬਕਾਇਆ ਅਤੇ ਹੋਰ ਅਹਿਮ ਮੰਗਾਂ ਨੂੰ ਲੈ ਕੇ ਪੰਜਾਬ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਵਲੋਂ ਲੰਘੀ 07 ਫਰਵਰੀ ਨੂੰ ਵੀ ਸਮੁੱਚੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ ਤੇ ਇੱਕ ਦਿਨਾ ਭੁੱਖ ਹੜਤਾਲ ਕਰਦੇ ਹੋਏ ਪੇ ਕਮਿਸ਼ਨ ਅਤੇ ਡੀ ਏ ਦੇ ਬਕਾਏ ਦੇਣ ਦੀ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਗਈ ਸੀ।ਆਮ ਆਦਮੀ ਪਾਰਟੀ ਦੀ ਦਿੱਲੀ ਵਿੱਚ ਹੋਈ ਕਰਾਰੀ ਹਾਰ ਨੂੰ ਦੇਖਦੇ ਹੋਏ ਅਤੇ ਬਕਾਇਆ ਸੰਬੰਧੀ ਹਾਈਕੋਰਟ ਵਿੱਚ ਚੱਲ ਰਹੇ ਕੇਸ ਦੀ 14/02/2025 ਦੀ ਪੰਜਾਬ ਸਰਕਾਰ ਦੀ ਪੇਸ਼ੀ ਨੂੰ ਦੇਖਦੇ ਹੋਏ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਉਮਰ ਹੱਦ ਅਨੁਸਾਰ ਸਤੰਬਰ 2028 ਤੱਕ ਬਣਦੇ ਬਕਾਏ ਦੇਣ ਦੀ ਗੱਲ ਕੀਤੀ ਗਈ ਹੈ ਜਦੋਂ ਕਿ ਮਾਰਚ 2027 ਵਿੱਚ ਨਵੀਂ ਸਰਕਾਰ ਆ ਜਾਣੀ ਹੈ। ਬਕਾਇਆ ਸੰਬੰਧੀ ਪੰਜਾਬ ਸਰਕਾਰ ਵਲੋਂ ਲਿਆਂਦੀ ਗਈ ਇਸ ਨੀਤੀ ਦੀ ਜ਼ੋਰਦਾਰ ਤਿੱਖੀ ਨਿਖੇਧੀ ਕਰਦੇ ਹੋਏ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਫ਼ਗਵਾੜਾ ਦੇ ਆਗੂਆਂ ਹੰਸ ਰਾਜ ਬੰਗੜ, ਮੋਹਣ ਸਿੰਘ ਭੱਟੀ, ਰਾਮ ਲੁਭਾਇਆ ਰਿਹਾਣਾ ਜੱਟਾਂ, ਕੁਲਦੀਪ ਸਿੰਘ ਕੌੜਾ , ਸੀਤਲ ਰਾਮ ਬੰਗਾ,ਅਤੇ ਸੂਬਾਈ ਆਗੂਆਂ ਕਰਨੈਲ ਸਿੰਘ ਸੰਧੂ ਅਤੇ ਗਿਆਨ ਚੰਦ ਨਈਅਰ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਕਿ ਸਮੂਹ ਪੈਨਸ਼ਨਰਾਂ ਨੂੰ ਯਕਮੁਸ਼ਤ ਇੱਕੋ ਵਾਰ ਪੂਰੇ ਦੇ ਪੂਰੇ ਬਕਾਏ ਅਦਾ ਕੀਤੇ ਜਾਣ ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਬਕਾਏ ਮਿਲਣ ਨੂੰ ਉਡੀਕਦੇ ਉਡੀਕਦੇ ਲੱਗ ਭੱਗ 40000 ਹਜ਼ਾਰ ਪੈਨਸ਼ਨਰ ਇਸ ਦੁਨੀਆਂ ਨੂੰ ਛੱਡ ਕੇ ਸਵਰਗ ਸਿਧਾਰ ਚੁੱਕੇ ਹਨ। ।ਇਸ ਸਮੇਂ ਗੁਰਨਾਮ ਸਿੰਘ ਸੈਣੀ,ਡਾ.ਤਰਲੋਕ ਸਿੰਘ, ਪ੍ਰੀਤਮ ਦਾਸ,ਰਤਨ ਸਿੰਘ, ਹਰਦੇਵ ਸਿੰਘ,ਭਾਗ ਮੱਲ, ਸਵਰਨ ਸਿੰਘ, ਸਤਪਾਲ ਸਿੰਘ ਖੱਟਕੜ, ਗਿਆਨ ਚੰਦ ਆਦਿ ਸਾਥੀ ਹਾਜ਼ਰ ਹੋਏ।

# ਪੰਡਤ ਜਗਤ ਰਾਮ ਸਰਕਾਰੀ ਬਹੁ-ਤਕਨੀਕੀ ਕਾਲਜ ਵਿਖੇ 56ਵਾਂ ਸਾਲਾਨਾ ਖੇਡ ਸਮਾਰੋਹ ਸਮਾਪਤ





**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ,ਹੁਸ਼ਿਆਰਪੁਰ ਵਿਖੇ ਦੋ ਰੋਜ਼ਾ 56 ਵਾਂ ਸਾਲਾਨਾ ਖੇਡ ਐਥਲੇਟਿਕਸ) ਸਮਾਰੋਹ ਦਾ ਸਮਾਪਣ ਮਿਤੀ 14-02-2025 ਨੂੰ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਏਅਰ ਕਮਾਂਡਰ ਬੀ ਐਸ ਸਭਰਵਾਲ (ਵੀ ਐਸ ਐਮ (ਰਿਟਾ.) ਪਲਾਂਟ ਹੈੱਡ ਸੈਚੂਰੀ ਪਲਾਈਬੋਰਡਜ ਲਿਮਟਿਡ ਹੁਸ਼ਿਆਰਪੁਰ ਸ਼ਾਮਲ ਹੋਏ।ਉਨ੍ਹਾਂ ਦੇ ਨਾਲ ਭੁਪਿੰਦਰ ਜਸਵਾਲ ਡੀ ਜੀ ਐਮ ਐਡਮਿਨ ਅਤੇ ਐਚ ਆਰ ਸੈਚੂਰੀ ਪਲਾਈਬੋਰਡਜ ਲਿਮਟਿਡ, ਹੁਸ਼ਿਆਰਪੁਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਏਅਰ ਕਮਾਂਡਰ ਕਮਾਂਡਰ ਬੀ ਐਸ ਸਭਰਵਾਲ (ਵੀ ਐਸ ਐਮ (ਰਿਟਾ) ਵੱਲੋਂ ਵਿਦਿਆਰਥੀਆਂ ਦੀ ਇਹਨਾਂ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੀ ਸ਼ਖਸ਼ੀਅਤ ਨੂੰ ਨਿਖਾਰਨ ਵਿੱਚ ਬਹੁਤ ਅਹਿਮ ਯੋਗਦਾਨ ਪਾਉਂਦੀਆਂ ਹਨ।ਉਨ੍ਹਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਵੰਡੇ ਗਏ ਅਤੇ ਖੇਡਾਂ ਦੇ ਸਮਾਪਣ ਦੀ ਘੋਸ਼ਣਾ ਕੀਤੀ ਗਈ।ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖੇਡਾਂ ਦੀ ਮਹਤੱਤਾ ਬਾਰੇ ਦੱਸਿਆ ਅਤੇ ਅਨੁਸ਼ਾਸ਼ਨ ਵਿੱਚ ਰਹਿ ਕੇ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਉਨ੍ਹਾਂ ਦੀ ਤਰੀਫ ਕੀਤੀ ਐਥਲੇਟਿਕਸ ਸਮਾਰੋਹ ਦੇ ਦੂਜੇ ਦਿਨ 100, 200, 400, ਮੀਟਰ ਫਾਈਨਲ ਦੀਆਂ ਦੌੜਾਂ, ਗੋਲਾ ਸੁੱਟਣਾ, ਰੱਸਾ ਕੱਸੀ ਆਦਿ ਦੇ ਮੁਕਾਬਲੇ ਕਰਵਾਏ ਗਏ, ਇਹਨਾਂ ਖੇਡਾਂ ਵਿੱਚ ਸਾਰੇ ਖਿਡਾਰੀਆਂ ਨੇ ਵਧੀਆ ਪ੍ਰਦਰਸ਼ਨ ਕੀਤਾ।ਇਸ ਮੌਕੇ ਸ਼੍ਰੀਮਤੀ ਅਰਚਨਾ ਸ਼ਰਮਾ, ਖੁਸਵਖਤ ਸਿੰਘ, ਸੰਜੀਵ ਕੁਮਾਰ, ਵਿਪੁੱਲ ਬੱਗਾ, ਸਵਰਨ ਸਿੰਘ, ਸ੍ਰੀਮਤੀ ਜਸਵੰਤ ਕੌਰ, ਪੰਕਜ ਚਾਵਲਾ, ਸੁਮਿਤ ਵਰਮਾ, ਸਮੂਹ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

# 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਤਹਿਤ ਜਾਗਰੂਕਤਾ ਸੈਮੀਨਾਰ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)** - ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲਿੰਗ ਅਨੁਪਾਤ ਨੂੰ ਸੁਧਾਰਨ ਲਈ ਕਈ ਯਤਨ ਕੀਤੇ ਜਾ ਰਹੇ ਹਨ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਸ ਐਮ ਓ ਟਾਂਡਾ ਡਾਕਟਰ ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਇਸ ਤਹਿਤ ਸਰਕਾਰ ਵੱਲੋਂ 'ਬੇਟੀ ਬਚਾਓ ਬੇਟੀ, ਪੜ੍ਹਾਓ' ਮੁਹਿੰਮ ਚਲਾਈ ਜਾ ਰਹੀ ਹੈ ਉਹਨਾਂ ਦੱਸਿਆ ਕਿ ਦੇਸ਼ ਭਰ ਵਿੱਚ ਲਿੰਗ ਅਨੁਪਾਤ ਵਿੱਚ ਸੁਧਾਰ ਹੋ ਰਿਹਾ ਹੈ। 2020 ਦੀ ਰਿਪੋਰਟ ਮੁਤਾਬਕ ਦੇਸ਼ ਵਿਚ 1000 ਲੜਕਿਆਂ ਪਿੱਛੇ 1020 ਲੜਕੀਆਂ, ਪੰਜਾਬ ਵਿੱਚ ਇਹ ਅਨੁਪਾਤ1000 ਪਿੱਛੇ 938, ਹੁਸ਼ਿਆਰਪੁਰ ਵਿੱਚ 1000 ਪਿੱਛੇ 932, ਅਤੇ ਟਾਂਡਾ ਬਲਾਕ ਦਾ ਇਹ ਅਨੁਪਾਤ 1000 ਪਿੱਛੇ 851 ਹੈ ਜੋ ਕਿ ਇਕ ਚਿੰਤਾ ਦਾ ਵਿਸ਼ਾ ਹੈ। ਉਹਨਾਂ ਨੇ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਇਸ ਪ੍ਰਤੀ ਜਾਗਰੂਕ ਕਰਨ ਲਈ ਗੰਭੀਰਤਾ ਨਾਲ ਯਤਨ ਕਰਨ। ਡਾਕਟਰ ਸੈਣੀ ਨੇ ਪੰਜਾਬ ਦੀਆਂ ਮਾਨਮੱਤੀਆਂ ਸ਼ਖਸੀਅਤਾਂ ਨੂੰ ਯਾਦ ਕਰਕੇ ਕਿਹਾ ਕੀ ਮਾਤਾ ਗੁਜਰੀ, ਮਾਈ ਭਾਗੋ ਸਾਡੀਆਂ ਧਾਰਮਿਕ ਸ਼ਖਸੀਅਤਾਂ ਹਨ। ਇਸੇ ਤਰ੍ਹਾਂ ਕਲਪਨਾ ਚਾਵਲਾ, ਕਿਰਨ ਬੇਦੀ, ਕੋਮਲ ਮਿੱਤਰ ਆਈ.ਏ.ਐਸ, ਹਰਮਨਪ੍ਰੀਤ ਕੌਰ ਕ੍ਰਿਕਟਰ, ਹਰਮਿਲਨ ਬੈਂਸ ਖੇਡਾ ਦੇ ਖੇਤਰ ਵਿੱਚ ਜੇਕਰ ਇਹਨਾਂ ਦੇ ਮਾਂ ਬਾਪ ਵੀ ਭਰੂਣ ਹੱਤਿਆ ਬਾਰੇ ਸੋਚਦੇ ਤਾਂ ਅਸੀਂ ਅਜਿਹੀਆਂ ਮਹਾਨ ਸ਼ਖਸੀਅਤਾਂ ਦੀਆਂ ਸੇਵਾਵਾਂ ਤੋਂ ਵਾਂਝੇ ਰਹਿ ਜਾਣਾ ਸੀ।ਉਹਨਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਲੜਕੀ ਦੇ ਜਨਮ ਸਮੇਂ ਸੰਸਥਾਗਤ ਡਲਿਵਰੀ ਕਰਵਾਉਣ ਤੇ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਉਹਨਾਂ ਦੱਸਿਆ ਕਿ ਲਿੰਗ ਅਨੁਪਾਤ ਵਿੱਚ ਨਾ ਬਰਾਬਰਤਾ ਹੋਣ ਤੇ ਸਮਾਜ ਅੰਦਰ ਬਹੁਤ ਸਾਰੀਆਂ ਬੁਰਾਈਆਂ ਜਨਮ ਲੈਂਦੀਆਂ ਹਨ। ਉਹਨਾਂ ਨੇ ਸਮਾਜ ਦੇ ਵੱਖ-ਵੱਖ ਵਰਗਾਂ ਧਾਰਮਿਕ ਸਮਾਜਿਕ ਵਰਗਾਂ ਨੂੰ ਅਪੀਲ ਕੀਤੀ ਗਈ ਇਸ ਪ੍ਰਤੀ ਇਸ ਬੁਰਾਈ ਨੂੰ ਖਤਮ ਕਰਨ ਲਈ ਲੋਕਾਂ ਨੂੰ ਵੱਧ ਤੋਂ ਵੱਧ ਪ੍ਰੇਰਿਤ ਕਰਨ।

# ਵਿਧਾਇਕ ਲੋਕਤੰਤਰ ਦਾ ਮਜ਼ਬੂਤ ਥੰਮ੍ਹ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਧਾਇਕਾ ਲੋਕਤੰਤਰ ਦਾ ਇੱਕ ਮਜਬੂਤ ਥੰਮ੍ਹ ਹੈ ਅਤੇ ਸਾਰੇ ਮੈਂਬਰਾਂ ਦੀ ਜਿੰਮੇਵਾਰੀ ਹੈ ਕਿ ਇਸ ਨੂੰ ਹੋਰ ਵੱਧ ਸ਼ਸ਼ਕਤ ਬਨਾਉਣ।ਚੁਣੇ ਹੋਏ ਮੈਂਬਰਾਂ ਦੀ ਭੂਮਿਕਾ ਸਿਰਫ ਕਾਨੂੰਨ ਬਨਾਉਣ ਤੱਕ ਸੀਮਤ ਨਹੀਂ ਹੈ, ਸਗੋ ਸਾਰੇ ਮੈਂਬਰਾਂ ਨੂੰ ਆਪਣੇ ਖੇਤਰ ਦੇ ਨਾਗਰਿਕਾਂ ਦੀ ਆਵਾਜ ਨੂੰ ਬੁਲੰਦ ਕਰਨ ਅਤੇ ਉਨ੍ਹਾਂ ਦੀ ਸਮਸਿਆਵਾਂ ਦੇ ਹੱਲ ਈ ਪ੍ਰਭਾਵੀ ਯਤਨ ਕਰਨ ਦੀ ਵੀ ਜਰੂਰਤ ਹੈ।ਮੁੱਖ ਮੰਤਰੀ ਇੱਥੇ ਹਰਿਆਣਾ ਵਿਧਾਨ ਸਭਾ ਵਿਚ ਸੰਸਦੀ ਲੋਕਤੰਤਰ ਖੋਜ ਅਤੇ ਸਿਖਲਾਈ ਸੰਸਥਾਨ (ਪ੍ਰਾਇਡ) ਲੋਕ ਸਭਾ ਦੇ ਸਹਿਯੋਗ ਨਾਲ ਹਰਿਆਣਾ ਵਿਧਾਨ ਸਭਾ ਦੇ ਮੈਂਬਰਾਂ ਲਈ ਪ੍ਰਬੰਧਿਤ ਦੋ ਦਿਨਾਂ ਦੇ ਓਰਿਅਨਟੇਸ਼ਨ ਪ੍ਰੋਗਰਾਮ ਦਾ ਲੋਕ ਸਭਾ ਸਪੀਕਰ ਓਮ ਬਿਰਲਾ ਵੱਲੋਂ ਉਦਘਾਟਨ ਕਰਨ ਬਾਅਦ ਸੈਸ਼ਨ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਵਿਧਾਨ ਸਭਾ ਸਪੀਕਰ ਹਰਵਿੰਦ ਕਲਿਆਣ, ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ, ਉੱਤਰ ਪ੍ਰਦੇਸ਼ ਵਿਧਾਨ ਸਭਾ ਦੇ ਸਪੀਕਰ ਸਤੀਸ਼ ਮਹਾਨਾ, ਹਰਿਆਣਾ ਵਿਧਾਨ ਸਭਾ ਦੇ ਡਿਪਟੀ ਸਪੀਕਰ ਕ੍ਰਿਸ਼ਣ ਲਾਲ ਮਿੱਢਾ, ਵਿਧਾਨ ਸਭਾ ਮੈਂਬਰ ਬੀਬੀ ਬਤਰਾ ਮੌਜੂਦ ਰਹੇ।ਸੈਣੀ ਨੇ ਕਿਹਾ ਕਿ ਜਨਤਾ ਨੇ ਸਾਨੂੰ ਸਾਰਿਆਂ ਨੂੰ ਇੱਕ ਬਹੁਤ ਵੱਡੀ ਜਿੰਮੇਵਾਰੀ ਸੌਂਪ ਕੇ ਸਦਨ ਵਿਚ ਭੇਜਿਆ ਹੈ।ਸਾਰੇ ਮੈਂਬਰ ਵੱਖ-ਵੱਖ ਪਾਰਟੀਆਂ ਅਤੇ ਵੋਟਾਂ ਦੇ ਹੁੰਦੇ ਹੋਏ ਵੀ ਹਰਿਆਣਾ ਸੂਬੇ ਦੀ ਜਨਤਾ ਦੇ ਪ੍ਰਤੀਨਿਧੀ ਹਨ। ਇਸ ਲਈ ਇਸ ਸਦਨ ਵਿਚ ਪ੍ਰਵੇਸ਼ ਕਰਦੇ ਹੀ ਮੈਂਬਰਾਂ ਦੀ ਜਿੰਮੇਵਾਰੀ ਸਦਨ ਨੂੰ ਚਲਾਉਣ ਅਤੇ ਇਸ ਦੀ ਗਰਿਮਾ ਨੂੰ ਬਣਾਏ ਰੱਖਣ ਅਤੇ ਇਸ ਦੇ ਮਾਣ ਨੂੰ ਵਧਾਉਣ ਪ੍ਰਤੀ ਹੋਣੀ ਚਾਹੀਦੀ ਹੈ। ਸਦਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੀ ਜਿੰਮੇਵਾਰੀ ਸਾਡੀ ਸਾਰਿਆਂ ਦੀ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਮੈਂਬਰ ਸਦਨ ਵਿਚ ਬੋਲਦੇ ਹਨ, ਤਾਂ ਯਾਦ ਰੱਖਣ ਕਿ ਉਹ ਸਿਰਫ ਇੱਕ ਵਿਅਕਤੀ ਨਹੀਂ, ਸਗੋ ਲੱਖਾਂ ਨਾਗਰਿਕਾਂ ਦੀ ਆਵਾਜ ਹੈ।

# ਸਰਕਾਰ ਦਾ ਵਤੀਰਾ ਅਨੁਸੂਚਿਤ ਜਾਤੀ ਵਰਗ ਪ੍ਰਤੀ ਅਸੰਵੇਦਨਸ਼ੀਲ : ਕੈਂਥ



**ਮੁਹਾਲੀ,(ਗੁਰਜੀਤ ਬਿੱਲਾ)** ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਪੰਜਾਬ ਨੂੰ ਨੈਸ਼ਨਲ ਸਡਿਊਲਡ ਕਾਸਟਸ ਅਲਾਇੰਸ ਦੇ ਪ੍ਰਧਾਨ ਪਰਮਜੀਤ ਸਿੰਘ ਕੈਂਥ ਵੱਲੋਂ ਹਮਾਇਤ ਦਾ ਐਲਾਨ ਕਰਦਿਆਂ ਕਿਹਾ ਕਿ ਜੋ ਮੋਰਚਾ ਬਲਵਿੰਦਰ ਸਿੰਘ ਕੁੰਭੜਾ ਦੀ ਅਗਵਾਈ ਹੇਠ ਚੱਲ ਰਿਹਾ ਹੈ। ਉਹ ਸਮਾਜ ਦੇ ਹਿੱਤਾ ਦੀ ਤਰਜਮਾਨੀ ਕਰ ਰਿਹਾ ਹੈ।ਚੱਲ ਰਹੇ ਸੰਘਰਸ਼ ਦੀ ਸਾਡੀ ਜੱਥੇਬੰਦੀ ਪੂਰਨ ਹਮਾਇਤ ਕਰਦੀ ਹੈ।ਕੈਂਥ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਪਿੱਛਲੇ ਵਿਧਾਨ ਸਭਾ ਸ਼ੈਸ਼ਨ ਵਿੱਚ ਜ਼ਾਅਲੀ ਸਰਟੀਫਿਕੇਟ ਜਾਰੀ ਕੀਤੇ ਗਏ ਹਨ।ਉਹਨਾਂ ਦੇ ਵਿਰੁੱਧ ਬਣਦੀ ਕਾਨੂੰਨੀ ਪ੍ਰਕਿਰਿਆ ਅਤੇ ਕਾਰਵਾਈ ਤੁਰੰਤ ਅਮਲ ਵਿੱਚ ਲਿਆਉਣ ਲਈ ਆਦੇਸ਼ ਜਾਰੀ ਗਏ ਸਨ।ਉਹਨਾਂ ਤੇ ਕਾਰਵਾਈ ਨਾ ਹੋਣ ਕਾਰਨ ਸਮਾਜ ਵਿੱਚ ਬੇਚੈਨੀ ਅਤੇ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪ੍ਰਤੀ ਸਮਾਜ ਵਿੱਚ ਭਾਰੀ ਰੋਸ ਅਤੇ ਗੁੱਸਾ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇਕਰ ਮਾਨ ਸਰਕਾਰ ਨੇ ਅਨੁਸੂਚਿਤ ਜਾਤੀ ਵਰਗ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਨਾ ਕਰਵਾਇਆ ਤਾਂ ਆਉਣ ਵਾਲੇ ਸਮੇਂ ਦੌਰਾਨ ਸਰਕਾਰ ਵਿਰੁੱਧ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਅਨੁਸੂਚਿਤ ਜਾਤੀਆਂ ਦੇ ਵਿਧਾਇਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਉਂਦੇ ਵਿਧਾਨ ਸਭਾ ਸ਼ੈਸ਼ਨ ਦੌਰਾਨ ਸਰਕਾਰ ਵੱਲੋਂ ਕੀਤੇ ਵਾਅਦੇ ਉਠਾਉਣ, ਕਿਉਂਕਿ ਸਰਕਾਰ ਦਾ ਵਤੀਰਾ ਅਨੁਸੂਚਿਤ ਜਾਤੀ ਵਰਗ ਪ੍ਰਤੀ ਅਸੰਵੇਦਨਸ਼ੀਲ ਹੈ। ਕਿਉਂਕਿ ਅਨੁਸੂਚਿਤ ਜਾਤੀਆਂ ਦੇ ਮੁੱਦਿਆਂ ਨੂੰ ਜਾਣਬੁੱਝ ਕੇ ਦਬਾਉਣ ਅਤੇ ਅਣਗੌਲਿਆਂ ਕੀਤਾ ਜਾ ਰਿਹਾ ਹੈ। ਇਸ ਮੌਕੇ ਮੋਰਚੇ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਕੁੰਭੜਾ, ਹਰਨੇਕ ਸਿੰਘ ਮਲੋਆ, ਜੀਵਨ ਗਰਗ, ਬਾਬੂ ਵੇਦ ਪ੍ਰਕਾਸ਼, ਪ੍ਰੋ. ਗੁਲਾਬ ਸਿੰਘ, ਮਨਜੀਤ ਸਿੰਘ ਆਦਿ ਹਾਜ਼ਰ ਹੋਏ।

# ਭੱਦੀ ਰੋਡ ਦੀ ਤਰਸਯੋਗ ਹਾਲਤ : ਲੱਕੀ



**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਦੇ ਵਿਕਾਸ ਕਾਰਜਾਂ ਸੰਬੰਧੀ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਵੱਲੋਂ ਪਾਰਟੀ ਦਫ਼ਤਰ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ।ਲੱਕੀ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ 3 ਸਾਲ ਤੋਂ ਜਿਆਦਾ ਟਾਈਮ ਹੋ ਗਿਆ ਹੈ ਹੋ ਪਰ ਨਾ ਮਾਤਰ ਵਿਕਾਸ ਹੋਇਆ ਹੈ।ਪਿਛਲੇ ਕੁਝ ਦਿਨਾਂ ਤੋਂ ਬਲਾਚੌਰ ਭੱਦੀ ਰੋਡ ਐਮ ਆਰ ਸਿਟੀ ਸਕੂਲ ਦੇ ਕੋਲ ਸੀਵਰੇਜ ਦਾ ਪਾਣੀ ਲੀਕ ਹੋਣ ਕਾਰਨ ਲੋਕਾਂ ਨੂੰ ਇੱਥੋਂ ਲੰਘਣ ਸਮੇਂ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਾਰਨ ਸੜਕ 'ਤੇ ਵੱਡੇ-ਵੱਡੇ ਟੋਏ ਪੈ ਗਏ ਹਨ, ਜੋ ਕਿਸੇ ਸਮੇਂ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ। ਬਲਾਚੌਰ-ਭੱਦੀ ਸੜਕ ਦੀ ਹਾਲਤ ਇੰਨੀ ਮਾੜੀ ਹੋ ਗਈ ਹੈ ਕਿ ਇੱਥੋਂ ਲੰਘਣਾ ਵੀ ਮੁਸ਼ਕਿਲ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਜਿੱਥੇ ਬਲਾਚੌਰ ਦੀਆਂ ਸੜਕਾਂ ਦਾ ਬੁਰਾ ਹਾਲ ਹੈ, ਉੱਥੇ ਹੀ ਪਿੰਡਾਂ ਦੀਆਂ ਲਿੰਕ ਸੜਕਾਂ ਦਾ ਵੀ ਬੁਰਾ ਹਾਲ ਹੈ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਦਿੱਲੀ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨਾਲ ਕੀਤਾ ਹੈ, ਉਸੇ ਤਰ੍ਹਾਂ ਹੀ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਨਾਲ ਕਰਨਗੇ।ਉਨ੍ਹਾਂ ਦੱਸਿਆ ਕਿ ਭੱਦੀ ਰੋਡ ਤੋਂ ਰੋਜ਼ਾਨਾ ਸੈਂਕੜੇ ਲੋਕ ਲੰਘਦੇ ਹਨ ਪਰ ਸੀਵਰੇਜ ਦਾ ਗੰਦਾ ਪਾਣੀ ਲੀਕ ਹੋਣ ਕਾਰਨ ਸੜਕ 'ਤੇ ਟੋਏ ਪੈ ਜਾਣ ਕਾਰਨ ਸੜਕ ਟੁੱਟ ਚੁੱਕੀ ਹੈ। ਗੰਦਾ ਪਾਣੀ ਬਦਬੂ ਮਾਰਦਾ ਹੈ ਅਤੇ ਬਿਮਾਰੀਆਂ ਨੂੰ ਵੀ ਸੱਦਾ ਦਿੰਦਾ ਹੈ।ਉਨ੍ਹਾਂ ਹਲਕਾ ਬਲਾਚੌਰ ਦੇ ਵਿਧਾਇਕ ਸੰਤੋਸ਼ ਕਟਾਰੀਆ ਨੂੰ ਅਪੀਲ ਕੀਤੀ ਹੈ ਕਿ ਭੱਦੀ ਰੋਡ ਨੂੰ ਜਲਦੀ ਤੋਂ ਜਲਦੀ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਇਸ ਮੌਕੇ ਪਾਰਟੀ ਆਗੂ ਵਰਿੰਦਰ ਕੌਰ ਥਾਂਦੀ, ਸੀਨੀਅਰ ਨੌਜਵਾਨ ਆਗੂ ਸੰਦੀਪ ਸੋਨੂੰ ਭਾਟੀਆ , ਨੌਜਵਾਨ ਆਗੂ ਐਡਵੋਕੇਟ ਅਮਨ ਰਾਣਾ, ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਪੰਕਜ ਕੁਮਾਰ, ਅਜੇ ਕਟਾਰੀਆ, ਬਲਾਚੌਰ ਮੰਡਲ ਪ੍ਰਧਾਨ ਨੰਦ ਕਿਸ਼ੋਰ, ਨਰਿੰਦਰ ਨਾਥ ਸੂਦਨ ਆਦਿ ਹਾਜ਼ਰ ਸਨ।

# ਪੇਂਡੂ ਚੌਕੀਦਾਰਾਂ ਦੇ ਮਾਣ-ਭੱਤੇ 'ਚ ਅੱਠ ਸਾਲ ਬਾਅਦ ਹੋਇਆ ਵਾਧਾ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੀ ਭਲਾਈ ਦੀ ਵਚਨਬੱਧਤਾ ਉਤੇ ਪਹਿਰਾ ਦਿੰਦਿਆਂ ਪੇਂਡੂ ਚੌਕੀਦਾਰਾਂ ਦੇ ਮਾਣ ਭੱਤੇ ਵਿੱਚ ਵਾਧਾ ਕੀਤਾ ਹੈ। ਕੈਬਨਿਟ ਵੱਲੋਂ ਪਾਸ ਕੀਤੇ ਇਸ ਫੈਸਲੇ ਨਾਲ ਸੂਬੇ ਦੇ 9974 ਚੌਕੀਦਾਰਾਂ ਨੂੰ ਸਿੱਧਾ ਫ਼ਾਇਦਾ ਹੋਵੇਗਾ।ਇਸ ਨਾਲ ਪੇਂਡੂ ਚੌਕੀਦਾਰਾਂ ਨੂੰ ਸਾਲਾਨਾ 3 ਕਰੋੜ ਰੁਪਏ ਦਾ ਵਾਧੂ ਫ਼ਾਇਦਾ ਮਿਲੇਗਾ।ਪੰਜਾਬ ਦੇ ਮਾਲ ਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਜਿਸ ਨਾਲ ਕਈ ਵਰਗਾਂ ਦੀਆਂ ਚਿਰਕੋਣੀਆਂ ਮੰਗਾਂ ਪੂਰੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਿੱਚ ਕੈਬਨਿਟ ਵੱਲੋਂ ਕੀਤੇ ਇਕ ਮਹੱਤਵਪੂਰਨ ਫੈਸਲੇ ਵਿੱਚ ਪੇਂਡੂ ਚੌਕੀਦਾਰਾਂ ਦਾ ਮਾਸਿਕ ਮਾਣ-ਭੱਤਾ ਮੌਜੂਦਾ 1250 ਰੁਪਏ ਤੋਂ ਵਧਾ ਕੇ 1500 ਰੁਪਏ ਕਰ ਦਿੱਤਾ ਗਿਆ ਹੈ।1250 ਰੁਪਏ ਪ੍ਰਤੀ ਮਹੀਨਾ ਮਾਣ-ਭੱਤਾ ਸਾਲ 2017 ਤੋਂ ਚੱਲ ਰਿਹਾ ਸੀ। ਅੱਠ ਸਾਲ ਬਾਅਦ ਹੁਣ ਇਹ ਵਾਧਾ ਹੋਇਆ ਹੈ।ਮਾਲ ਮੰਤਰੀ ਮੁੰਡੀਆ ਨੇ ਕਿਹਾ ਕਿ ਪੇਂਡੂ ਚੌਕੀਦਾਰਾਂ ਦੀ ਜਥੇਬੰਦੀਆਂ ਵੱਲੋਂ ਇਹ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ ਜੋ ਕੈਬਨਿਟ ਵੱਲੋਂ ਹੁਣ ਮਨਜ਼ੂਰ ਕੀਤੀ ਗਈ ਹੈ। ਸਰਕਾਰ ਦੇ ਇਸ ਫੈਸਲੇ ਨਾਲ ਸੂਬੇ ਦੇ ਪੇਂਡੂ ਖੇਤਰਾਂ ਵਿੱਚ ਚੌਕੀਦਾਰਾਂ ਦੁਆਰਾ ਡਿਊਟੀ ਨੂੰ ਹੋਰ ਸੁਚਾਰੂ ਢੰਗ ਨਾਲ ਨਿਭਾਉਣ ਵਿੱਚ ਮਦਦ ਮਿਲੇਗੀ।ਸ੍ਰੀ ਮੁੰਡੀਆ ਨੇ ਅੱਗੇ ਕਿਹਾ ਕਿ ਪੇਂਡੂ ਚੌਂਕੀਦਾਰ ਹਿਫ਼ਾਜ਼ਤ ਤੋਂ ਇਲਾਵਾ ਪਿੰਡ ਦੇ ਵਿਕਾਸ ਵਿੱਚ ਉਸਾਰੂ ਭੂਮਿਕਾ ਨਿਭਾਉਂਦੇ ਹਨ। ਇਸ ਤੋਂ ਇਲਾਵਾ ਪਿੰਡ ਦੀ ਪੰਚਾਇਤ ਤੇ ਨੰਬਰਦਾਰਾਂ ਲਈ ਅਹਿਮ ਕੜੀ ਵਜੋਂ ਕੰਮ ਕਰਦੇ ਹਨ।ਮੰਤਰੀ ਮੰਡਲ ਦੀ ਮਨਜ਼ੂਰੀ ਨਾਲ ਹੁਣ ਇਸ ਨੂੰ ਲਾਗੂ ਕਰਨ ਲਈ ਜਲਦ ਹੀ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਜਾਵੇਗਾ।

# ਏ ਆਈ ਸੀ ਟੀ ਈ ਦੇ ਕੈਰੀਅਰ ਪੋਰਟਲ ਫੋਰਮ 'ਚ ਸ਼ਾਮਲ ਹੋਈ ਡਾਕਟਰ ਸੰਜਨਾ ਕਾਲੜਾ




**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਸ੍ਰੀ ਸੁਖਮਨੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇੰਟਰਨੈਸ਼ਨਲ ਪੋਲੀਟੈਕਨਿਕ ਦੇ ਕਾਰਜਕਾਰੀ ਨਿਰਦੇਸ਼ਕ ਡਾਕਟਰ ਸੰਜਨਾ ਕਾਲੜਾ ਦੀ ਅਗਵਾਈ ਵਿੱਚ ਸ੍ਰੀ ਸੁਖਮਨੀ ਗਰੁੱਪ ਆਫ ਇੰਸਟੀਚਿਊਸ਼ਨਜ਼ ਐਸ ਜੀ ਆਈ ਦਿੱਲੀ ਦੀ ਇੱਕ ਟੀਮ ਨੇ ਕੈਂਪਸਿਕ 2025 ਵਿੱਚ ਸ਼ਿਰਕਤ ਕੀਤੀ ਇਹ ਕੈਰੀਅਰ ਪੋਰਟਲ ਵਰਕਸ਼ਾਪ ਆਲ ਇੰਡੀਆ ਕੌਂਸਲ ਆਫ ਟੈਕਨੀਕਲ ਐਜੂਕੇਸ਼ਨ ਏ ਆਈ ਸੀ ਟੀ ਈ ਦੁਆਰਾ ਇੱਕ ਪ੍ਰੋਫੈਸ਼ਨਲ ਪਲੇਟਫਾਰਮ ਅਪਨਾ ਅਤੇ ਇੱਕ ਪੇਸ਼ੇਵਰ ਨੈਟਵਰਕ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਡਾਕਟਰ ਸੰਜਨਾ ਕਾਲੜਾ ਨੇ ਦੱਸਿਆ ਕਿ ਕੈਂਪਸਿਕ 2025 ਇੱਕ ਪ੍ਰਮੁੱਖ ਫੋਰਮ ਹੈ ਜੋ ਕਾਲਜ ਟ੍ਰੇਨਿੰਗ ਅਤੇ ਪਲੇਸਮੈਂਟ ਅਫਸਰਾਂ ਉਦੋਗ ਦੇ ਨੇਤਾਵਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਜੋੜਨ ਲਈ ਤਿਆਰ ਕੀਤਾ ਗਿਆ ਹੈ ਫੋਰਮ ਦਾ ਉਦੇਸ਼ ਕਰਮਚਾਰੀਆਂ ਦੀਆਂ ਚੁਣੌਤੀਆਂ ਨੂੰ ਹੱਲ ਕਰਨਾ, ਹੁਨਰ ਵਿਕਾਸ ਨੂੰ ਅੱਗੇ ਵਧਾਉਣਾ ਅਤੇ ਕਾਲਜ ਗ੍ਰੈਜੂਏਟਾਂ ਲਈ ਪ੍ਰਭਾਵਸ਼ਾਲੀ ਮੌਕੇ ਪੈਦਾ ਕਰਨਾ ਹੈ ਏਆਈ ਸੀ ਟੀ ਈ ਦੇ ਚੇਅਰਮੈਨ ਪ੍ਰੋਫੈਸਰ ਟੀਜੀ ਸੀਤਾਰਾਮ, ਨੇ ਜੋਰ ਦਿੱਤਾ ਕਿ ਏ ਆਈ ਸੀ ਟੀ ਈ ਕੈਰੀਅਰ ਪੋਰਟਲ ਭਾਰਤ ਭਰ ਵਿੱਚ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਲਈ ਕੈਰੀਅਰ ਦੇ ਮੌਕਿਆਂ ਨੂੰ ਬਦਲਣ ਲਈ ਸ਼ੁਰੂ ਕੀਤਾ ਗਿਆ ਸੀ ਸਮਾਗਮ ਦੌਰਾਨ ਮਾਨਯੋਗ ਡਾਕਟਰ ਦਮਨਜੀਤ ਸਿੰਘ ਵਾਈਸ ਚੇਅਰਮੈਨ ਐਸ ਐਸ ਜੀ ਆਈ ਅਤੇ ਡਾਰੈਕਟਰ ਐਸ ਐਸ ਆਈ ਈ ਟੀ ਡੇਰਾਬੱਸੀ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਇਹ ਮਾਨਤਾ ਵਿਦਿਆਰਥੀਆਂ ਨੂੰ ਰੱਖਣ ਅਤੇ ਏ ਆਈ ਸੀ ਟੀ ਈ ਕੈਰੀਅਰ ਪੋਰਟਲ ਨੰਬਰ ਉਤਸਾਹਿਤ ਕਰਨ ਵਿੱਚ ਉਨ੍ਹਾਂ ਦੀਆਂ ਸ਼ਲਾਘਾਯੋਗ ਪਹਿਲਕਦਮੀਆਂ ਲਈ ਸੀ ਡਾਕਟਰ ਦਮਨਜੀਤ ਸਿੰਘ ਦੀ ਤਰਫੋਂ ਡਾਕਟਰ ਸੰਜਨਾ ਕਾਲੜਾ ਨੇ ਸਰਟੀਫਿਕੇਟ ਪ੍ਰਾਪਤ ਕੀਤਾ।

# ਇਮਾਨਦਾਰੀ ਅੱਜ ਵੀ ਜ਼ਿੰਦਾ ਹੈ !

**ਤਲਵੰਡੀ ਚੌਧਰੀਆਂ (ਪਰਸਨ ਲਾਲ ਭੋਲਾ)** ਮਨੁੱਖ ਦੀ ਫਿਤਰਤ ਹੈ ਕਿ ਲਾਲਚ ਨਹੀਂ ਛੱਡਦਾ ਕਿਸੇ ਦੀ ਰਸਤੇ ਵਿੱਚ ਡਿੱਗੀ ਚੀਜ਼ ਅੱਖ ਬਚਾ ਕੇ ਚੁੱਕ ਲੈਂਦਾ ਹੈ ਪਰ ਮੁੜਨ ਦਾ ਹੀਆ ਨਹੀਂ ਕਰਦਾ।ਪਰ ਕੁਝ ਲੋਕ ਅੱਜ ਵੀ ਜ਼ਮੀਰ 'ਤੇ ਕਾਇਮ ਰਹਿੰਦੇ ਹਨ ਅਤੇ ਪਰਮਾਤਮਾ ਦੀ ਰਜ਼ਾ ਵਿੱਚ ਰਹਿੰਦੇ ਆਪਣਾ ਸਬਰ ਸ਼ੁਕਰ ਕਾਇਮ ਰੱਖਦੇ ਹਨ ਬੀਤੇ ਦਿਨੀ ਨਿਸ਼ਾਨ ਸਿੰਘ ਸੰਧੂ ਤਲਵੰਡੀ ਚੌਧਰੀਆਂ ਨੇ ਦੱਸਿਆ ਕਿ ਮੇਰੇ ਘਰਵਾਲੀ ਪਰਮਜੀਤ ਕੌਰ ਦਾ ਖਾਤਾ ਤਲਵੰਡੀ ਚੌਧਰੀਆਂ ਬੈਂਕ ਵਿੱਚ ਹੈ।ਇਸੇ ਹੀ ਬੈਂਕ ਵਿੱਚ ਕਿਸੇ ਹੋਰ ਪਰਮਜੀਤ ਕੌਰ ਦਾ ਖਾਤਾ ਹੈ ਜੋ ਤਲਵੰਡੀ ਚੌਧਰੀਆਂ ਦੀ ਵਸਨੀਕ ਹੈ।ਬੀਤੇ ਕੱਲ੍ਹ ਪਰਮਜੀਤ ਕੌਰ ਨੇ ਆਪਣੇ ਖਾਤੇ ਵਿੱਚ 12 ਹਜ਼ਾਰ ਰੁਪਏ ਜਮ੍ਹਾਂ ਕਰਵਾਏ। ਜੋ ਉਸ ਦੇ ਘਰਵਾਲੀ ਦੇ ਖਾਤੇ ਵਿੱਚ ਜਮ੍ਹਾ ਹੋ ਗਏ।ਮੋਬਾਇਲ 'ਤੇ ਮੈਸੇਜ ਪੜ੍ਹ ਕੇ ਮੇਰੇ ਘਰ ਵਾਲੀ ਪਰਮਜੀਤ ਕੌਰ ਹੈਰਾਨ ਰਹਿ ਗਈ। ਉਹਨੇ ਕਿਹਾ ਕਿ ਇਹ ਪੈਸੇ ਗਲਤੀ ਨਾਲ ਮੇਰੇ ਖਾਤੇ ਵਿੱਚ ਜਮ੍ਹਾ ਹੋ ਗਏ।ਉਹਨਾਂ ਪੁੱਛ ਪੜਤਾਲ ਕਰਨ ਉਪਰੰਤ 12000 ਉਸ ਦੇ ਖਾਤੇ ਵਿੱਚ ਟ੍ਰਾਂਸਫਰ ਕਰ ਦਿੱਤੇ।ਪਰਮਜੀਤ ਕੌਰ ਨੇ ਨਿਸ਼ਾਨ ਸਿੰਘ ਸੰਧੂ ਅਤੇ ਉਸ ਦੀ ਪਤਨੀ ਪਰਮਜੀਤ ਕੌਰ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਦੁਨੀਆਂ ਵਿੱਚ ਅੱਜ ਵੀ ਇਮਾਨਦਾਰੀ ਜਿੰਦਾ ਹੈ।

# ਪਾਵਰ ਲਿਫਟਰ ਰਜਨੀਤ ਕੌਰ ਦੀ ਸਫ਼ਲਤਾ ਦੀ ਗਾਥਾ ਨਵੀਆਂ ਬੁਲੰਦੀਆਂ ਵੱਲ



**ਚੰਡੀਗੜ੍ਹ (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਸ਼ਾਨਦਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।ਇਸ ਦੀ ਇੱਕ ਉਦਾਹਰਣ ਚੰਡੀਗੜ੍ਹ ਵਿਖੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵਿੱਚ ਫ਼ੂਡ ਇੰਸਪੈਕਟਰ ਵਜੋਂ ਤਾਇਨਾਤ ਰਜਨੀਤ ਕੌਰ ਹੈ, ਜੋ ਬਾਡੀ ਬਿਲਡਰ ਦੇ ਨਾਲ-ਨਾਲ ਪਾਵਰਲਿਫਟਰ ਵੀ ਹੈ।ਇਸ ਮਾਨਮੱਤੀ ਖਿਡਾਰਨ ਨੇ ਹਾਲ ਹੀ ਵਿੱਚ 57 ਕਿਲੋਗ੍ਰਾਮ ਸੀਨੀਅਰ ਗਰੁੱਪ ਅਧੀਨ ਉੱਤਰੀ ਭਾਰਤ ਪਾਵਰਲਿਫਟਿੰਗ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ।ਇਸ ਤੋਂ ਇਲਾਵਾ ਉਨ੍ਹਾਂ ਨੇ ਲੇਡੀਜ਼ ਮਾਡਲ ਫਿਜ਼ੀਕ ਕੈਟੇਗਰੀ ਵਿੱਚ ਪਹਿਲੀ ਫਿਜ਼ੀਕ ਸਪੋਰਟਸ ਚੈਂਪੀਅਨਸ਼ਿਪ ਵਿੱਚ ਕਾਂਸੀ ਦਾ ਤਮਗਾ ਵੀ ਜਿੱਤਿਆ।ਉਨ੍ਹਾਂ ਨੇ ਇਸ ਖੇਤਰ ਵਿੱਚ ਬਹੁਤ ਨਾਮਣਾ ਖੱਟਿਆ ਹੈ ਅਤੇ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਵੱਲੋਂ ਮਾਨਤਾ ਪ੍ਰਾਪਤ ਇੰਡੀਅਨ ਬਾਡੀ ਬਿਲਡਰਜ਼ ਫੈਡਰੇਸ਼ਨ ਦੁਆਰਾ ਕਰਵਾਈ ਗਈ 12ਵੀਂ ਮਿਸਟਰ/ਮਿਸ ਚੰਡੀਗੜ੍ਹ ਚੈਂਪੀਅਨਸ਼ਿਪ 2024 ਦੌਰਾਨ ਮਹਿਲਾ ਵਰਗ ਵਿੱਚ ਸੋਨ ਤਮਗਾ ਜਿੱਤਿਆ।ਸੂਬਾ ਸਰਕਾਰ ਦੀਆਂ ਖੇਡ-ਪੱਖੀ ਨੀਤੀਆਂ ਅਤੇ ਬੁਨਿਆਦੀ ਢਾਂਚੇ ਦੀ ਸ਼ਲਾਘਾ ਕਰਦਿਆਂ, ਰਜਨੀਤ ਕੌਰ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ, ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਬਠਿੰਡਾ ਵਿਖੇ ਸੀਨੀਅਰ ਵਰਗ ਭਾਵ 31-40 ਸਾਲ ਵਿੱਚ 57 ਕਿਲੋਗ੍ਰਾਮ ਵਰਗ ਅਧੀਨ ਪਾਵਰ ਲਿਫਟਿੰਗ ਵਿੱਚ ਸੋਨ ਤਮਗਾ ਜਿੱਤਿਆ ਸੀ। ਉਨ੍ਹਾਂ ਨੇ ਗੁਰਾਇਆ ਵਿਖੇ 57 ਕਿਲੋਗ੍ਰਾਮ ਭਾਰ ਵਰਗ ਦੇ ਸੀਨੀਅਰ ਵਰਗ ਵਿੱਚ ਆਯੋਜਿਤ ਬੈਂਚ ਪ੍ਰੈਸ ਮੁਕਾਬਲਾ ਵੀ ਜਿੱਤਿਆ ਸੀ।

# ਮਹਾਂਸ਼ਿਵਰਾਤਰੀ ਦੇ ਮੌਕੇ ਪਹਿਲੇ ਦਿਨ ਪ੍ਰਭਾਤ ਫੇਰੀ ਕੱਢੀ



**ਰਾਹੋਂ, (ਕੁਲਵਿੰਦਰ ਸਿੰਘ ਰਾਹੋਂ):** ਸ਼੍ਰੀ ਮਹਾਸ਼ਿਵਰਾਤਰੀ ਤਿਉਹਾਰ ਦੇ ਮੌਕੇ ਰਾਹੋਂ ਵਿੱਚ ਪ੍ਰਭਾਤਫੇਰੀਆਂ ਬਹੁਤ ਉਤਸ਼ਾਹ ਨਾਲ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਜੋਗੀ ਦੇ ਸੇਵਾਦਾਰ ਕਲੱਬ ਅਤੇ ਮਹਾਸ਼ਿਵਰਾਤਰੀ ਉਤਸਵ ਕਮੇਟੀ ਰਾਹੋਂ ਵੱਲੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਆਯੋਜਿਤ ਇਸ ਜਸ਼ਨ ਦੀ ਸ਼ੁਰੂਆਤ ਪ੍ਰਭਾਤ ਫੇਰੀ ਨਾਲ ਹੋਈ।ਭੋਲੇ ਬਾਬਾ ਦੀ ਮੂਰਤੀ ਬੁੱਧਵਾਰ ਸਵੇਰੇ 3:00 ਵਜੇ ਰਾਹੋਂ ਦੇ ਮੁੱਖ ਬਾਜ਼ਾਰ ਵਿੱਚ ਸਥਿਤ ਬਾਬਾ ਬਾਲਕ ਨਾਥ ਮੰਦਰ (ਜੰਗੀ ਸ਼ਿਵਾਲਾ) ਤੋਂ ਲਈ ਜਾਵੇਗੀ। ਪ੍ਰਭਾਤ ਫੇਰੀ ਸ਼ੁਰੂ ਹੋਣ ਤੋਂ ਪਹਿਲਾਂ, ਸ਼ਿਵ ਭਗਤਾਂ ਵੱਲੋਂ ਬਾਬਾ ਬਾਲਕ ਨਾਥ ਮੰਦਰ (ਜੰਗੀ ਸ਼ਿਵਾਲਾ) ਵਿਖੇ ਪ੍ਰਾਰਥਨਾ ਕੀਤੀ ਗਈ। ਇਸ ਤੋਂ ਬਾਅਦ ਰਾਹੋਂ ਸ਼ਹਿਰ ਹਰ ਹਰ ਮਹਾਦੇਵ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਇਸ ਮੌਕੇ ਪ੍ਰਸਿੱਧ ਪੰਜਾਬੀ ਗਾਇਕ ਆਸ਼ੂ ਦਿਗਵਾ ਅਤੇ ਵਿਜੇ ਵਸ਼ਿਸ਼ਠ ਨੇ ਭਜਨ ਗਾ ਕੇ ਸਾਰੇ ਸ਼ਰਧਾਲੂਆਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।ਇਸ ਮੌਕੇ ਸ਼ਰਧਾਲੂਆਂ ਨੂੰ ਦੁੱਧ, ਰੋਟੀ, ਪਕੌੜੇ, ਸਮੋਸੇ ਅਤੇ ਫਲਾਂ ਦਾ ਲੰਗਰ ਵਰਤਾਇਆ ਜਾਂਦਾ ਹੈ। ਇਸ ਮੌਕੇ ਸ਼ਿਵਰਾਤਰੀ ਮਾਂ ਕਮੇਟੀ ਦੇ ਮੁੱਖ ਸਲਾਹਕਾਰ ਸੁਭਾਸ਼ ਅਰੋੜਾ, ਮਨੀ ਆਹੂਜੀ, ਅਰਵਿੰਦ ਜੋਸ਼ੀ ਲਾਲੀ, ਸੁਰੇਂਦਰ ਛਿੰਦਾ, ਮਨੂ ਚੋਪੜਾ, ਰਵੀ ਨਾਗਪਾਲ, ਮਾਸਟਰ ਰਾਜੇਂਦਰ ਨਾਥ, ਬਲਵਿੰਦਰ ਜਾਂਗੜਾ, ਨੀਰਜ ਚੋਪੜਾ ਲਾਡੀ, ਰਵਿੰਦਰ ਸ਼ਰਮਾ, ਪੰਡਤ ਸਰਵੇਸ਼ ਸ਼ਾਸਤਰੀ, ਮੋਨੂੰ ਸ਼ਰਮਾ, ਵੀ ਰਾਜਾ, ਅਭਿਸ਼ੇਕ ਭੋਗਲ, ਕੇਸ਼ਵ, ਯਤਿਨ, ਬੱਬੂ, ਵੀਰ ਸਿੰਘ ਰੂਬੀ, ਸੰਨੀ ਅਰੋੜਾ, ਅੰਕੁਸ਼ ਅਰੋੜਾ, ਲਵ ਅਰੋੜਾ, ਵਿਪਿਨ ਅਰੋੜਾ, ਤਿਲਕ ਰਾਜ ਬੰਟੀ, ਪਵਨ ਕੁਮਾਰ ਪੰਮਾ ਢੋਲੀ ਆਦਿ ਮੌਜੂਦ ਸਨ।

# ਵਿਗਿਆਨ 'ਚ ਔਰਤਾਂ ਦੇ ਅੰਤਰਰਾਸ਼ਟਰੀ ਦਿਵਸ 'ਤੇ ਮਾਹਿਰਾਂ ਦੀ ਗੱਲਬਾਤ





**ਮੋਹਾਲੀ (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ ਅਲਾਈਡ ਹੈਲਥ ਸਾਇੰਸਿਜ਼ ਨੇ ਵਿਗਿਆਨਕ ਸੰਸਾਰ ਵਿੱਚ ਔਰਤਾਂ ਦੀ ਭੂਮਿਕਾ ਨੂੰ ਉਜਾਗਰ ਕਰਨ ਲਈ 'ਵਿਗਿਆਨ ਵਿੱਚ ਔਰਤਾਂ ਅਤੇ ਲੜਕੀਆਂ ਦਾ ਅੰਤਰਰਾਸ਼ਟਰੀ ਦਿਵਸ' ਮਨਾਇਆ।ਇਸ ਈਵੈਂਟ ਦਾ ਵਿਸ਼ਾ ਸੀ ਐਸ ਟੀ ਈ ਐਮ (ਸਾਇੰਸ, ਟੈਕਨੋਲੋਜੀ, ਇੰਜੀਨੀਅਰਿੰਗ, ਅਤੇ ਗਣਿਤ) ਕਰੀਅਰ ਦੀ ਸਮਝ, ਵਿਗਿਆਨ ਵਿੱਚ ਉਸਦੀ ਆਵਾਜ਼।ਸਮਾਗਮ ਦੀ ਸ਼ੁਰੂਆਤ ਬੀ ਐਮ ਐੱਲ ਐੱਸ 4ਵੇਂ ਸਮੈਸਟਰ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਸਕਿੱਟ ਨਾਲ ਹੋਈ ਜਿਸ ਵਿੱਚ ਇਹ ਸੰਦੇਸ਼ ਦਿੱਤਾ ਗਿਆ ਕਿ ਕਿਵੇਂ ਇੱਕ ਬੱਚੀ ਨੂੰ ਸਿੱਖਿਅਤ ਕਰਕੇ ਸਮਾਜ ਵਿੱਚ ਮਜ਼ਬੂਤ ਅਤੇ ਸੁਤੰਤਰ ਔਰਤਾਂ ਪੈਦਾ ਕੀਤੀਆਂ ਜਾ ਸਕਦੀਆਂ ਹਨ।ਬੀ ਐਮ ਐਲ ਐਸ ਚੌਥੇ ਸਮੈਸਟਰ ਦੀ ਇੱਕ ਹੋਰ ਵਿਦਿਆਰਥਣ ਨੇ ਜੀਵਨ ਦੇ ਵੱਖ-ਵੱਖ ਪਹਿਲੂਆਂ ਵਿੱਚ ਔਰਤਾਂ ਦੀਆਂ ਵੱਖ-ਵੱਖ ਭੂਮਿਕਾਵਾਂ ਨੂੰ ਸਮਝਾਉਂਦੇ ਹੋਏ ਨਾਰੀ ਸ਼ਕਤੀ ਉੱਤੇ ਇੱਕ ਕਵਿਤਾ ਸੁਣਾਈ।ਉਪਰੰਤ ਡਾ. ਪੰਕਜ ਕੌਲ, ਡੀਨ, ਯੂ ਐਸ ਏ ਐੱਚ ਐਸ ਵਲੋਂ ਇੱਕ ਵਿਸ਼ੇਸ਼ ਜਾਣਕਾਰੀ ਭਰੀ ਗੱਲਬਾਤ ਹੋਈ।ਜਿੱਥੇ ਉਹਨਾਂ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ ਦੇ ਖੇਤਰ ਵਿੱਚ ਕਈ ਪ੍ਰਸ਼ੰਸਾਯੋਗ ਔਰਤਾਂ (ਰਾਸ਼ਟਰੀ ਅਤੇ ਅੰਤਰਰਾਸ਼ਟਰੀ) ਅਤੇ ਵਿਗਿਆਨਕ ਭਾਈਚਾਰੇ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ।ਸਾਰੇ ਬੁਲਾਰਿਆਂ ਅਤੇ ਕੁਇਜ਼ ਦੇ ਜੇਤੂਆਂ ਨੂੰ ਡੀਨ ਡਾ ਪੰਕਜ ਕੌਲ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਦੀ ਸਮਾਪਤੀ ਡਾ. ਰਵੀ ਰੰਜਨ, ਐਸੋਸੀਏਟ ਪ੍ਰੋਫੈਸਰ ਦੁਆਰਾ ਇਸ ਵਿਸ਼ੇ 'ਤੇ ਆਪਣੀ ਗੱਲਬਾਤ ਰੱਖ ਕਿ ਕੀਤੀ ਗਈ ।

# 25 ਦੀ ਵਿਸ਼ਾਲ ਸੂਬਾਈ ਰੈਲੀ ਦੀਆਂ ਤਿਆਰੀਆਂ ਨੂੰ ਦਿੱਤੀਆਂ ਅੰਤਮ ਛੋਹਾਂ

**ਜਲੰਧਰ :** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਉਚੇਚੇ ਪੁੱਜੇ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਅਜੋਕੇ ਰਾਜਸੀ ਹਾਲਾਤ ਅਤੇ ਭਵਿੱਖੀ ਕਾਰਜਾਂ ਤੇ ਸੰਗਰਾਮਾਂ ਬਾਰੇ ਵਿਚਾਰ ਸਾਂਝੇ ਕੀਤੇ।ਸੂਬਾ ਸਕੱਤਰ ਕਾਮਰੇਡ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਸਕੱਤਰੇਤ ਵੱਲੋਂ 25 ਫਰਵਰੀ ਨੂੰ ਜਲੰਧਰ ਦੇ ਪੁਡਾ ਗਰਾਊਂਡ ਵਿਖੇ ਕੀਤੀ ਜਾਣ ਵਾਲੀ ਵਿਸ਼ਾਲ ਸੂਬਾਈ ਰੈਲੀ ਦੀਆਂ ਤਿਆਰੀਆਂ ਨੂੰ ਅੰਤਮ ਛੋਹਾਂ ਦਿੱਤੀਆਂ ਗਈਆਂ ਹਨ। ਸਕੱਤਰੇਤ ਨੇ ਪ੍ਰਾਂਤ ਦੀਆਂ ਖੱਬੀਆਂ ਪਾਰਟੀਆਂ ਦੇ ਸਿਰਮੌਰ ਆਗੂਆਂ ਨੂੰ ਰੈਲੀ 'ਚ ਸ਼ਾਮਲ ਹੋਣ ਲਈ ਸੱਦਾ ਪੱਤਰ ਭੇਜਣ ਦਾ ਵੀ ਨਿਰਣਾ ਲਿਆ ਹੈ। ਜਾਮਾਰਾਏ ਨੇ ਦੱਸਿਆ ਹੈ ਕਿ ਲੋਕਾਂ ਦੇ ਭਰਵੇਂ ਹੁੰਗਾਰੇ ਤੋਂ ਆਸ ਬੱਝਦੀ ਹੈ ਕਿ ਇਹ ਰੈਲੀ ਤਾਨਾਸ਼ਾਹੀ ਤਰਜ਼ ਦਾ ਧਰਮ ਆਧਾਰਿਤ ਕੱਟੜ ਪਿਛਾਖੜੀ ਰਾਜ ਕਾਇਮ ਕਰਨ ਵਾਸਤੇ ਮਿਹਨਤਕਸ਼ ਆਵਾਮ ਦੀ ਭਾਈਚਾਰਕ ਸਾਂਝ, ਖਾਸ ਕਰਕੇ ਕਿਰਤੀ ਸ਼੍ਰੇਣੀ ਦੀ ਜਮਾਤੀ ਏਕਤਾ ਨੂੰ ਲੀਰੋ-ਲੀਰ ਕਰਨ ਲਈ ਬਜ਼ਿਦ ਆਰ.ਐਸ.ਐਸ. ਦੀ ਅਗਵਾਈ ਹੇਠਲੇ ਹਿੰਦੂਤਵੀ-ਮਨੂੰਵਾਦੀ, ਫਿਰਕੂ-ਫਾਸਿਸਟਾਂ ਦੇ ਕੋਝੇ ਮਨਸੂਬਿਆਂ ਨੂੰ ਲੋਕ ਸ਼ਕਤੀ ਦੇ ਜ਼ੋਰ ਨਾਲ ਭਾਂਜ ਦੇਣ ਦਾ ਤਾਕਤਵਰ ਜਰੀਆ ਬਣੇਗੀ।ਰੈਲੀ ਰਾਹੀਂ ਦੇਸ਼ ਵਾਸੀਆਂ, ਖਾਸ ਕਰਕੇ ਪੰਜਾਬੀਆਂ ਨੂੰ ਸਾਮਰਾਜੀ ਤੇ ਕਾਰਪੋਰੇਟ ਲੋਟੂਆਂ ਵਲੋਂ ਜਲ, ਜੰਗਲ, ਜ਼ਮੀਨ ਸਣੇ ਦੇਸ਼ ਦੇ ਪਬਲਿਕ ਸੈਕਟਰ, ਸਮੁੱਚੇ ਕੁਦਰਤੀ ਤੇ ਮਾਨਵੀ ਵਸੀਲੇ ਅਤੇ ਕਿਰਤੀ ਵਸੋਂ ਦੀ ਬੇਰਹਿਮ ਲੁੱਟ-ਖਸੁੱਟ ਕਰਨ ਲਈ ਘੜੀਆਂ ਨਵ-ਉਦਾਰਵਾਦੀ ਨੀਤੀਆਂ ਖਿਲਾਫ਼ ਲੜੇ ਜਾ ਰਹੇ ਮਿਹਨਤੀ ਤਬਕਿਆਂ ਦੇ ਘੋਲਾਂ ਨੂੰ ਸਾਂਝੇ ਮੰਚਾਂ ਰਾਹੀਂ ਬੱਝਵਾਂ ਰੂਪ ਦੇਣ ਰਾਹੀਂ ਹੋਰ ਪ੍ਰਚੰਡ ਕਰਨ ਅਤੇ ਬਦਲਵੀਆਂ ਲੋਕ ਪੱਖੀ ਨੀਤੀਆਂ ਵਾਲੇ ਹਕੀਕੀ ਰਾਜਸੀ-ਆਰਥਿਕ ਮੁਤਬਾਦਲ ਦੀ ਕਾਇਮੀ ਲਈ ਫੈਸਲਾਕੁੰਨ ਘੋਲ ਵਿੱਢਣ ਦਾ ਜ਼ੋਰਦਾਰ ਸੰਦੇਸ਼ ਦਿੱਤਾ ਜਾਵੇਗਾ।

## ਜੇ ਐੱਮ ਐੱਸ ਇਮੀਗ੍ਰੇਸ਼ਨ ਨੇ ਕੈਨੇਡਾ ਦਾ ਸੁਪਰ ਵੀਜ਼ਾ ਲਵਾਇਆ



ਬਾਘਾ ਪੁਰਾਣਾ (ਮਨੀ ਸਿੰਗਲਾ )-ਬਾਘਾ-ਪੁਰਾਣਾ ਸ਼ਹਿਰ ਦੀ ਮੰਨੀ ਪ੍ਰਮੰਨੀ ਸੰਸਥਾਂ ਜੇ ਐਮ ਐੱਸ ਇਮੀਗ੍ਰੇਸ਼ਨ ਜੋ ਕਿ ਰਫਿਊਜ਼ ਕੇਸਾ ਨੂੰ ਹੱਲ ਕਰਨ ਵਿੱਚ ਮਾਹਿਰ ਦੇ ਨਾਮ ਨਾਲ ਜਾਣੀ ਜਾਂਦੀ ਹੈ।ਇਸ ਦੇ ਨਾਲ-ਨਾਲ ਹੁਣ ਸੰਸਥਾਂ ਵੱਲੋਂ ਬਹੁਤ ਹੀ ਘੱਟ ਉਮਰ ਵਾਲਿਆਂ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ।ਕਾਮਯਾਬੀ ਦੀ ਇਸ ਲੜੀ ਨੂੰ ਜਾਰੀ ਰੱਖਦਿਆਂ ਸੰਸਥਾਂ ਵੱਲੋਂ ਗੁਰਮੇਲ ਸਿੰਘ ਬਰਾੜ ਅਤੇ ਉਹਨਾਂ ਦੀ ਪਤਨੀ ਬਲਜੀਤ ਕੌਰ ਬਰਾੜ ਵਾਸੀ ਰਾਜਿਆਣਾ ਦਾ ਕੈਨੇਡਾ ਦਾ ਸੁਪਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਗਿਆ ਹੈ।ਗੁਰਮੇਲ ਸਿੰਘ ਬਰਾੜ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਸਨੂੰ ਬਹੁਤ ਹੀ ਜਲਦ ਜੇ ਐਮ ਐੱਸ ਸੰਸਥਾ ਵੱਲੋਂ ਕੈਨੇਡਾ ਦਾ ਸੁਪਰ ਵੀਜ਼ਾ ਪ੍ਰਾਪਤ ਹੋਇਆ ਹੈ।ਇੱਥੇ ਇਹ ਵੀ ਦੱਸਣਯੋਗ ਹੈ ਕਿ ਮਾਹਿਰਾਂ ਦੀ ਦੇਖ-ਰੇਖ ਹੇਠ ਪਹਿਲਾਂ ਵੀਜ਼ੇ ਲਈ ਸਾਰੇ ਦਸਤਾਵੇਜ ਤਸੱਲੀਬਖਸ਼ ਪੂਰੇ ਕੀਤੇ ਜਾਂਦੇ ਹਨ ਅਤੇ ਵਿਦੇਸ਼ਾਂ ਵਿੱਚ ਜਾਣ ਦੇ ਚਾਹਵਾਨਾਂ ਨੂੰ ਪਹਿਲੀ ਵਾਰ ਵਿੱਚ ਹੀ ਸੰਸਥਾਂ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ।ਸੰਸਥਾਂ ਵੱਲੋਂ ਵਿਜ਼ਿਟਰ ਵੀਜ਼ਾ, ਸਪਾਊਸ ਓਪਨ ਵਰਕ ਪਰਮਿਟ, ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤੇ ਜਾਂਦੇ ਹਨ।ਜੇਕਰ ਤੁਸੀਂ ਵੀ ਆਪਣੇ ਵਿਦੇਸ਼ਾਂ ਵਿੱਚ ਘੁੰਮਣ ਜਾਣ ਦੇ ਸੁਪਨਿਆਂ ਨੂੰ ਉੱਚੀ ਉਡਾਣ ਦੇਣਾ ਚਾਹੁੰਦੇ ਹੋ ਤਾਂ ਇੱਕ ਵਾਰ ਸੰਸਥਾਂ ਵਿਖੇ ਪਹੁੰਚ ਕੇ ਆਪਣੇ ਦਸਤਾਵੇਜ ਜ਼ਰੂਰ ਸਾਂਝੇ ਕਰੋ।ਸੰਸਥਾਂ ਦੇ ਡਾਇਰੈਕਟਰ ਹਰਲਾਲ ਸਿੰਘ ਮਾਨ ਨੇ ਵੀਜ਼ਾ ਚਾਹਵਾਨਾਂ ਨੂੰ ਵੀਜ਼ਾ ਸੌਂਪਦਿਆਂ ਵਧਾਈ ਦਿੱਤੀ।

## ਸਹੌਰ 'ਚ ਵਿਸ਼ਾਲ ਨਗਰ ਕੀਰਤਨ ਸਜਾਇਆ



ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)-ਪਿੰਡ ਸਹੌਰ ਵਿਖੇ ਵਿਖੇ ਗੁਰੂ ਰਵਿਦਾਸ ਜੀ ਦਾ ਆਗਮਨ ਦਿਵਸ ਗੁਰਦੁਆਰਾ ਭਗਤ ਰਵਿਦਾਸ ਜੀ ਦੀ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਭੋਗ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਇਸ ਮੌਕੇ ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਦੇ ਰਾਗੀ ਜਥੇ ਅਤੇ ਪ੍ਰਸਿੱਧ ਢਾਡੀ ਜਥੇ ਪਰਵਿੰਦਰ ਸਿੰਘ ਸਹੌਰ ਨੇ ਸ਼੍ਰੋਮਣੀ ਭਗਤ ਰਵਿਦਾਸ ਜੀ ਦੇ ਜੀਵਨ ਬਾਰੇ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਤਿਕਾਰ ਕਮੇਟੀ ਸਹੌਰ ਦੇ ਸੇਵਾਦਾਰ ਨੌਜਵਾਨਾਂ ਨੇ ਸੇਵਾ ਭਾਵਨਾ ਨਾਲ ਜ਼ਿੰਮੇਵਾਰੀ ਨਿਭਾਈ।ਇਸ ਮੌਕੇ ਬਾਬਾ ਜਗਵਿੰਦਰ ਸਿੰਘ ਖਾਲਸਾ, ਕਮੇਟੀ ਪ੍ਰਧਾਨ ਜਵਾਹਰ ਸਿੰਘ, ਕੁਲਵੰਤ ਸਿੰਘ ਫੌਜੀ, ਮਿਸਤਰੀ ਭਾਨ ਸਿੰਘ, ਸੇਵਾਦਾਰ ਗੁਰਮੇਲ ਸਿੰਘ, ਗੁਰਮੀਤ ਸਿੰਘ, ਕੁਲਵਿੰਦਰ ਸਿੰਘ, ਡਾ. ਨਿਰਮਲ ਸਿੰਘ, ਜਗਜੀਤ ਸਿੰਘ, ਦਲਜਿੰਦਰ ਸਿੰਘ, ਹਰਦੀਪ ਸਿੰਘ, ਭਾਈ ਲਖਵੀਰ ਸਿੰਘ ਸਹੌਰ, ਤਰਸੇਮ ਸਿੰਘ, ਹਰਪ੍ਰੀਤ ਸਿੰਘ, ਭੋਲਾ ਸਿੰਘ ਆਦਿ ਹਾਜ਼ਰ ਸਨ।

## ਪ੍ਰੋ. ਕਰਮ ਸਿੰਘ ਦੇ ਜੀਵਨ, ਚਿੰਤਨ ਤੇ ਸਾਹਿਤਕ ਦੇਣ 'ਤੇ ਸੈਮੀਨਾਰ ਅੱਜ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੇਂਡੂ ਸਾਹਿਤ ਸਭਾ (ਰਜਿ.) ਬਾਲਿਆਂਵਾਲੀ ਵੱਲੋਂ ਫ਼ਤਿਹ ਗਰੁੱਪ ਆਫ ਇਸਟੀਚਿਊਸਨਜ਼ ਮੌੜ ਰੋਡ ਰਾਮਪੁਰਾ ਵਿਖੇ ਮਿਤੀ 17 ਫਰਵਰੀ ਨੂੰ ਸਵੇਰੇ 10 ਵਜੇ ਫ਼ਤਿਹ ਗਰੁੱਪ ਦੇ ਸਹਿਯੋਗ ਨਾਲ ਪ੍ਰੋ. ਕਰਮ ਸਿੰਘ ਦਾ ਜੀਵਨ, ਚਿੰਤਨ ਅਤੇ ਸਾਹਿਤਕ ਦੇਣ ਉੱਪਰ ਸੈਮੀਨਾਰ ਕਰਵਾਇਆ ਜਾ ਰਿਹਾ ਹੈ।

ਇਸ ਦੌਰਾਨ ਡਾ. ਜੀਤ ਸਿੰਘ ਜੋਸ਼ੀ ਪ੍ਰੋ. ਕਰਮ ਸਿੰਘ ਦੇ ਜੀਵਨ, ਚਿੰਤਨ ਅਤੇ ਸਾਹਿਤਕ ਬਾਰੇ ਕੁੰਜੀਵਤ ਭਾਸ਼ਣ ਦੇਣਗੇ। ਪ੍ਰੋ. ਜਸਵਿੰਦਰ ਸ਼ਰਮਾ, ਪ੍ਰੋ. ਕਰਮ ਸਿੰਘ ਦੀ ਲਿਖਤ 'ਸੋਹਣੀ' ਬਾਰੇ ਗੱਲਬਾਤ ਕਰਨਗੇ। ਮਾਸਟਰ ਰੇਵਤੀ ਪ੍ਰਸਾਦ ਸ਼ਰਮਾ ਸਮੁੱਚੀ ਕਵੀਸ਼ਰੀ ਪ੍ਰੰਪਰਾ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ। ਉਨ੍ਹਾਂ ਵੱਲੋਂ ਪ੍ਰੋਫੈਸਰ ਸਾਹਿਬ ਦੀ ਲਿਖਤ ਕਿੱਸਾ 'ਸੋਹਣੀ' ਵਿੱਚੋਂ ਛੰਦ ਵੀ ਪੇਸ਼ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜਿੰਦਰ ਕੌਰ, ਗੁਰਮੀਤ ਕੁਮਾਰ ਅਤੇ ਗੁਰਮੇਲ ਸਿੰਘ ਮੇਲਾ ਆਦਿ ਹਾਜ਼ਰ ਸਨ।

## ਪੰਜਾਬ ਪੁਲਸ ਦੇ ਪਾਈਪ ਬੈਂਡ ਨੇ ਮਿਲਟਰੀ ਲਿਟਰੇਚਰ ਫੈਸਟੀਵਲ ਮੌਕੇ ਪੇਸ਼ ਕੀਤਾ ਦੇਸ਼ ਭਗਤੀ ਦਾ ਰੰਗ



ਪਟਿਆਲਾ (ਰਜਿੰਦਰ ਸਿੰਘ ਥਿੰਦ)-ਤੀਜੇ ਮਿਲਟਰੀ ਲਿਟਰੇਚਰ ਫੈਸਟੀਵਲ ਦੌਰਾਨ ਪੰਜਾਬ ਪੁਲਸ ਦੇ ਪਾਈਪ ਬੈਂਡ ਵੱਲੋਂ ਵਜਾਈਆਂ ਗਈਆਂ ਦੇਸ਼ ਭਗਤੀ ਦੀਆਂ ਧੁਨਾਂ ਨੇ ਪਟਿਆਲਾ ਦੀ ਫ਼ਿਜ਼ਾ 'ਚ ਦੇਸ਼ ਭਗਤੀ ਦਾ ਰੰਗ ਬਿਖੇਰਿਆ ਤੇ ਹਰੇਕ ਉਮਰ ਵਰਗ 'ਚ ਜੋਸ਼ੀਲੀਆਂ ਧੁਨਾਂ ਨੇ ਨਵਾਂ ਜੋਸ਼ ਪੈਦਾ ਕੀਤਾ।ਖਾਲਸਾ ਕਾਲਜ ਦੇ ਮੈਦਾਨ 'ਚ ਜੰਗੀ ਸਾਜ਼ੋ ਸਾਮਾਨ ਤੇ ਸਾਹਮਣੇ ਵੱਜ ਰਹੀਆਂ ਦੇਸ਼ ਭਗਤੀ ਦੀਆਂ ਧੁਨਾਂ ਨੇ ਹਰੇਕ ਸਰੋਤੇ ਨੂੰ ਆਪਣੇ ਵੱਲ ਆਕਰਸ਼ਤ ਕੀਤਾ।ਪੰਜਾਬ ਪੁਲਿਸ ਦੇ ਫਸਟ ਆਈ.ਆਰ.ਬੀ. ਬੈਂਡ ਦੇ ਬੈਂਡ ਮਾਸਟਰ ਇੰਸਪੈਕਟਰ ਵਿਕਾਸ ਕੁਮਾਰ ਦੀ ਅਗਵਾਈ ਵਿੱਚ 11 ਮੈਂਬਰੀ ਟੀਮ ਨੇ 'ਦੇਸੋ ਕਾ ਸਰਤਾਜ ਭਾਰਤ', 'ਵੈਲੀ ਆਫ਼ ਦੀ ਗਰੀਨ', 'ਸਾਰੇ ਜਹਾਂ ਸੇ ਅੱਛਾ ਹਿੰਦੋਸਤਾਨ ਹਮਾਰਾ' ਤੇ 'ਕੁੱਕ ਆਫ਼ ਦਾ ਨਾਰਥ' ਵਰਗੀਆਂ ਧੁਨਾਂ ਨਾਲ ਸਰੋਤਿਆਂ ਅੰਦਰ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕੀਤਾ।ਡੀ ਸੀ ਡਾ. ਪ੍ਰੀਤੀ ਯਾਦਵ ਨੇ ਪੰਜਾਬ ਪੁਲਿਸ ਦੇ ਫਸਟ ਆਈ.ਆਰ.ਬੀ. ਬੈਂਡ ਵੱਲੋਂ ਕੀਤੀ ਪੇਸ਼ਕਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਿਲਟਰੀ ਲਿਟਰੇਚਰ ਫੈਸਟੀਵਲ ਵਿਚ ਸ਼ਾਮਲ ਭਾਵੇਂ ਹਰੇਕ ਪੇਸ਼ਕਾਰੀ ਮਹੱਤਵਪੂਰਨ ਰਹੀ ਹੈ, ਪਰ ਬੈਂਡ ਨੇ ਫੈਸਟੀਵਲ ਵਿਚ ਸ਼ਾਮਲ ਹੋਏ ਦਰਸ਼ਕਾਂ ਵਿਚ ਆਪਣੇ ਦੇਸ਼ ਲਈ ਕੁਝ ਕਰਨ ਦਾ ਜਜ਼ਬਾ ਪੈਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਪੇਸ਼ਕਾਰੀਆਂ ਬੱਚਿਆਂ ਤੇ ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਦੇ ਅਨੁਸ਼ਾਸਨ ਵੀ ਪੈਦਾ ਕਰਦੀਆਂ ਹਨ।

## ਦੁਗਾਲ ਸਕੂਲ 'ਚ ਬਣਨ ਵਾਲੇ ਕਮਰੇ ਦੀ ਉਸਾਰੀ ਦਾ ਕੰਮ ਸ਼ੁਰੂ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਰਕਾਰੀ ਐਲੀਮੈਂਟਰੀ ਸਕੂਲ ਦੁਗਾਲ ਵਿਖੇ ਨਾਬਾਰਡ ਅਧੀਨ ਪ੍ਰਾਪਤ ਹੋਈ ਗ੍ਰਾਂਟ ਨਾਲ ਬਣਾਏ ਜਾਣ ਵਾਲੇ ਕਮਰੇ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਗਿਆ।ਗ੍ਰਾਮ ਪੰਚਾਇਤ ਦੇ ਸਰਪੰਚ ਸ਼੍ਰੀਮਤੀ ਸੋਨਾ ਕੌਰ ਦੀ ਦੇਖ-ਰੇਖ ਹੇਠ ਕਰਾਏ ਜਾਣ ਵਾਲੇ ਉਸਾਰੀ ਦੇ ਕੰਮ ਦੀ ਨੀਂਹ ਸਮਾਜ ਸੇਵੀ ਆਗੂ ਜਸਪਾਲ ਸਿੰਘ ਦੇਸਾ ਵੱਲੋਂ ਰੱਖ ਕੇ ਕੰਮ ਦੀ ਸ਼ੁਰੂਆਤ ਕੀਤੀ ਗਈ।ਸਕੂਲ ਦੇ ਮੁੱਖ ਅਧਿਆਪਕ ਰਾਜਪਾਲ ਸਿੰਘ ਵੱਲੋਂ ਬਲਾਕ ਬਲਾਕ ਸਿੱਖਿਆ ਅਫਸਰ ਪ੍ਰੇਮ ਕੁਮਾਰ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਦੀ ਗਿਣਤੀ ਵੱਧ ਹੋਣ ਕਰਕੇ ਕਲਾਸ ਰੂਮ ਦੀ ਘਾਟ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਨੂੰ ਵਿਭਾਗ ਦੇ ਸਹਿਯੋਗ ਨਾਲ ਨਬਾਰਡ ਵੱਲੋਂ ਦਿੱਤੀ ਗਈ ਗ੍ਰਾਂਟ ਨਾਲ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਗ੍ਰਾਮ ਪੰਚਾਇਤ ਤੋਂ ਸਕੂਲ ਦੇ ਗਰਾਊਂਡ ਨੂੰ ਇੰਟਰਲਾਕ ਟਾਇਲਾਂ ਨਾਲ ਪੱਕਿਆ ਕਰਨ ਦੀ ਮੰਗ ਕੀਤੀ, ਜਿਸਨੂੰ ਗ੍ਰਾਮ ਪੰਚਾਇਤ ਦੇ ਨੁਮਾਇੰਦਿਆਂ ਨੇ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।

## ਗੁ: ਦਸ਼ਮੇਸ਼ਸਰ ਮਾਂਗੇਵਾਲ ਨੂੰ ਚੈੱਕ ਤੇ ਚੰਦੋਆ ਸਾਹਿਬ ਭੇਟ



ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ ਤਹਿਤ ਜਥੇਦਾਰ ਪਰਮਜੀਤ ਸਿੰਘ ਖਾਲਸਾ ਮੈਂਬਰ ਅੰਤਰਿੰਗ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਗੁਰਦੁਆਰਾ ਦਸਮੇਸ਼ਸਰ ਸਾਹਿਬ ਪਿੰਡ ਮਾਂਗੇਵਾਲ ਨੂੰ 20 ਹਜ਼ਾਰ ਦੀ ਸਹਾਇਤਾ ਰਾਸ਼ੀ ਦਾ ਚੈੱਕ ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੋਂ ਇੱਕ ਚੰਦੋਆ ਸਾਹਿਬ ਸੈਟ ਨਵੇਂ ਬਣੇ ਦਰਬਾਰ ਸਾਹਿਬ ਮਾਂਗੇਵਾਲ ਨੂੰ ਭੇਟ ਕੀਤਾ ਗਿਆ।ਇਸ ਸਮੇਂ ਭਾਈ ਪਰਮਜੀਤ ਸਿੰਘ ਖ਼ਾਲਸਾ ਨੇ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਘਰਾਂ ਦੀ ਚੜ੍ਹਦੀ ਕਲਾ, ਲੋੜਵੰਦ ਬੇਸਹਾਰਾ ਲੋਕਾਂ, ਕੈਂਸਰ ਪੀੜ੍ਹਤਾਂ ਦੇ ਇਲਾਜ ਲਈ ਵਿਸ਼ੇਸ਼ ਤੌਰ 'ਤੇ ਸਹਾਇਤਾ ਵੰਡੀ ਜਾ ਰਹੀ ਹੈ।

## ਭਾਨ ਸਿੰਘ ਜੱਸੀ ਨੇ ਲੋੜਵੰਦਾਂ ਨੂੰ ਕੰਬਲ, ਜਰਸੀਆਂ ਵੰਡੀਆਂ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਹਮੀਦੀ ਅਤੇ ਠੁੱਲੀਵਾਲ ਵਿਖੇ ਉੱਘੇ ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੋੜਵੰਦਾਂ ਨੂੰ ਕੰਬਲ ਤੇ ਬੱਚਿਆਂ ਨੂੰ ਜਰਸੀਆਂ ਵੰਡੀਆਂ ਗਈਆਂ।ਭਾਨ ਸਿੰਘ ਜੱਸੀ ਨੇ ਕਿਹਾ ਕਿ ਸਾਨੂੰ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦੱਸੇ ਰਾਹਾਂ 'ਤੇ ਚੱਲਦੇ ਹੋਏ ਵਹਿਮਾਂ ਭਰਮਾਂ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਰਵਿਦਾਸ ਮਹਾਰਾਜ ਜੀ ਦੀ ਬਾਣੀ ਨੂੰ ਪੜ੍ਹ ਵਿਚਾਰਨਾ ਅਤੇ ਅਮਲਾਂ ਵਿੱਚ ਲਾਗੂ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਦਿਨਾਂ ਉੱਤੇ ਸਾਨੂੰ ਬੇਗਮਪੁਰੇ ਦੇ ਸਰਬੱਤ ਦੇ ਭਲੇ ਦੇ ਸੰਕਲਪ 'ਤੇ ਚੱਲਦਿਆਂ ਲੋੜਵੰਦਾਂ ਅਤੇ ਗਰੀਬ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ।ਲੋਕ ਭਲਾਈ ਦੇ ਕਾਰਜ ਨਿਰੰਤਰ ਜਾਰੀ ਰੱਖਣ ਬਦਲੇ ਕਮੇਟੀ ਤੇ ਨਗਰ ਪੰਚਾਇਤਾਂ ਵੱਲੋਂ ਭਾਨ ਸਿੰਘ ਜੱਸੀ ਨੂੰ ਸਨਮਾਨਤ ਕੀਤਾ।

# ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਡੀ ਸੀ ਦਫਤਰਾਂ ਅੱਗੇ ਦੂਜਾ ਮਹੀਨਾਵਾਰ ਐਕਸ਼ਨ ਦਿਵਸ 28 ਨੂੰ



ਫ਼ਾਜ਼ਿਲਕਾ (ਰਣਬੀਰ ਕੌਰ ਫਾਬਾਂ)-ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ 'ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ' ਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਪ੍ਰਾਪਤ ਕਰਨ ਲਈ ਪਿਛਲੇ ਮਹੀਨੇ ਤੋਂ ਸ਼ੁਰੂ ਕੀਤੇ ਮਹੀਨਾਵਾਰ 'ਬਨੇਗਾ ਐਕਸ਼ਨ ਡੇਅ' ਨੂੰ ਜਾਰੀ ਰੱਖਦਿਆਂ 28 ਫਰਵਰੀ ਨੂੰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਡੀ.ਸੀ. ਦਫ਼ਤਰਾਂ ਅੱਗੇ ਦੂਜਾ ਮਹੀਨਾਵਾਰੀ 'ਬਨੇਗਾ ਐਕਸ਼ਨ' ਕਰਨ ਦਾ ਐਲਾਨ ਕੀਤਾ ਹੈ।

ਆਨਲਾਈਨ ਪਲੇਟਫਾਰਮ 'ਤੇ ਕੀਤੀ ਗਈ ਵਿਸ਼ੇਸ਼ ਮੀਟਿੰਗ ਵਿੱਚ ਫੈਸਲਾ ਲੈ ਕੇ ਪ੍ਰੋਗਰਾਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਦਾ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੀ ਪ੍ਰਧਾਨਗੀ ਸਰਬ ਭਾਰਤੀ ਨੌਜਵਾਨ ਸਭਾ ਦੀ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਣੀ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਨੇ ਕੀਤੀ।

ਮੀਟਿੰਗ ਵਿੱਚ ਦੋਨਾਂ ਜਥੇਬੰਦੀਆਂ ਦੇ ਕਾਰਕੁੰਨਾਂ ਤੇ ਆਗੂਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਲਏ ਗਏ ਫ਼ੈਸਲਿਆਂ ਬਾਰੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਨੇ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਹਰ ਇੱਕ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦੀ ਪ੍ਰਾਪਤੀ ਲਈ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ ਤੇ ਇਹ ਸੰਘਰਸ਼ ਬਨੇਗਾ ਦੀ ਪ੍ਰਾਪਤੀ ਤੱਕ ਲਗਾਤਾਰ ਜਾਰੀ ਰਹੇਗਾ।ਉਨ੍ਹਾਂ ਅੱਗੇ ਕਿਹਾ ਕਿ ਜਦੋਂ ਇੱਕ ਪਾਸੇ ਦੇਸ਼ ਅਤੇ ਦੁਨੀਆ ਵਿੱਚ ਅਰਟੀਫੀਸ਼ੀਅਲ ਇੰਟੈਲੀਜੈਂਸੀ ਨੇ 60 ਫੀਸਦੀ ਤੱਕ ਨੌਕਰੀਆਂ ਦੇ ਖ਼ਤਮ ਹੋਣ ਦਾ ਖਤਰਾ ਖੜ੍ਹਾ ਕਰ ਦਿੱਤਾ ਹੈ ਤਾਂ ਬਨੇਗਾ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ, ਕਿਉਂਕਿ ਬਨੇਗਾ ਹੀ ਹਰ ਇੱਕ ਲਈ ਯਕੀਨਨ ਰੁਜ਼ਗਾਰ ਦੀ ਗਰੰਟੀ ਕਰਦਾ ਹੈ।ਮੀਟਿੰਗ ਵਿੱਚ ਅਮਰੀਕਾ ਵੱਲੋਂ ਹਥਕੜੀਆਂ ਤੇ ਬੇੜੀਆਂ ਵਿੱਚ ਜਕੜ ਕੇ ਭਾਰਤੀਆਂ ਨੂੰ ਡਿਪੋਰਟ ਕਰਨ ਦੀ ਕਾਰਵਾਈ ਨੂੰ ਗ਼ੈਰ ਮਨੁੱਖੀ ਕਰਾਰ ਦਿੰਦਿਆਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਆਗੂਆਂ ਨੇ ਕਿਹਾ ਕਿ ਰੁਜ਼ਗਾਰ ਦੀ ਭਾਲ ਲਈ ਪ੍ਰਵਾਸ ਸਦੀਆਂ ਤੋਂ ਚੱਲਦਾ ਆ ਰਿਹਾ ਚਾਹੇ ਉਹ ਕਨੂੰਨਨ ਹੋਵੇਗਾ ਜਾਂ ਗ਼ੈਰ ਕਨੂੰਨਨ, ਪਰ ਅੰਤਰਰਾਸ਼ਟਰੀ ਅਦਾਲਤੀ ਕਾਨੂੰਨ ਕਿਸੇ ਵੀ ਪ੍ਰਵਾਸੀ ਪ੍ਰਤੀ ਅਜਿਹਾ ਗ਼ੈਰ ਮਨੁੱਖੀ ਵਿਵਹਾਰ ਕਰਨ ਦੀ ਇਜਾਜ਼ਤ ਨਹੀਂ ਦਿੰਦਾ।

## ਮੁੱਖ ਮੰਤਰੀ ਦੇ ਜੱਦੀ ਪਿੰਡ ਦੀ ਕੰਧ 'ਤੇ ਲਿਖੇ ਮਿਲੇ ਖਾਲਿਸਤਾਨੀ ਨਾਅਰੇ

ਸੰਗਰੂਰ (ਪ੍ਰਵੀਨ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੰਗਰੂਰ ਨੇੜਲੇ ਜੱਦੀ ਪਿੰਡ ਸਤੌਜ ਵਿਖੇ ਇਕ ਸਰਕਾਰੀ ਇਮਾਰਤ 'ਤੇ ਕਥਿਤ ਤੌਰ 'ਤੇ ਖਾਲਿਸਤਾਨੀ ਨਾਅਰੇ ਲਿਖਣ ਅਤੇ ਝੰਡਾ ਲਹਿਰਾਉਣ ਦੇ ਮਾਮਲੇ ਸਬੰਧੀ ਜਾਣਕਾਰੀ ਮਿਲੀ ਹੈ। ਜਿਸ ਨੂੰ ਦਿਨ ਚੜ੍ਹਦਿਆਂ ਹੀ ਮਿਟਾ ਦਿੱਤਾ ਗਿਆ। ਇਸ ਨਾਲ "ਸਿੱਖਸ ਫ਼ਾਸ ਜਸਟਿਸ" ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨਾਲ ਸਬੰਧਤ ਇਕ ਵੀਡੀਓ ਵੀ ਵਾਇਰਲ ਹੋਈ ਹੈ। ਵੀਡੀਓ ਅਨੁਸਾਰ ਜਿਥੇ ਪੰਨੂ ਸਕੂਲ ਦੀ ਕੰਧ ਉਪਰ ਝੰਡਾ ਲਹਿਰਾਉਣ ਦਾ ਦਾਅਵਾ ਕਰ ਰਿਹਾ ਹੈ, ਉਥੇ ਅੰਮ੍ਰਿਤਸਰ 'ਚ ਉਤਾਰੇ ਅਮਰੀਕੀ ਫ਼ੌਜ ਦੇ ਜਹਾਜ਼ ਦਾ ਵੀ ਜ਼ਿਕਰ ਕਰ ਰਿਹਾ ਹੈ। ਉਧਰ ਪਿੰਡ ਸਤੌਜ ਦੀ ਪੰਚਾਇਤ ਨੇ ਵਾਇਰਲ ਵੀਡੀਓ ਦਾ ਖੰਡਨ ਕੀਤਾ ਹੈ। ਪਿੰਡ ਦੇ ਸਰਪੰਚ ਹਰਬੰਸ ਸਿੰਘ ਹੈਪੀ ਅਤੇ ਪੰਚਾਂ ਨੇ ਕਿਹਾ ਕਿ ਉਨ੍ਹਾਂ ਨੇ ਪਿੰਡ ਦੀਆਂ ਸਾਰੀਆਂ ਸਰਕਾਰੀ ਇਮਾਰਤਾਂ ਦੀ ਜਾਂਚ ਕੀਤੀ ਹੈ ਅਤੇ ਅਜਿਹਾ ਕੁਝ ਵੀ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਇਹ ਜਾਣਬੁੱਝ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਇਸ ਸਬੰਧੀ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਹਿਲ ਨੇ ਕਿਹਾ ਕਿ ਇਸ ਸਬੰਧੀ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਤੇ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਵਿਗਿਆਨ ਮੇਲੇ 'ਚ ਵਿਦਿਆਰਥੀਆਂ ਨੇ ਦਿਖਾਈ ਪ੍ਰਤਿਭਾ



ਸਿਰਸਾ (ਸੁਰਿੰਦਰ ਪਾਲ ਸਿੰਘ)-ਸਰਕਾਰੀ ਹਾਈ ਸਕੂਲ ਪਿੰਡ ਗੁਦਰਾਣਾ ਦੇ ਵਿਹੜੇ ਵਿੱਚ ਸਟੈਮ ਮੇਲੇ ਵਿੱਚ 6 ਵੀਂ ਤੋਂ10 ਵੀਂ ਜਮਾਤ ਦੇ ਵਿਦਿਆਰਥੀਆਂ ਨੇ ਕਈ ਤਰ੍ਹਾਂ ਦੇ ਮਾਡਲ ਤਿਆਰ ਕੀਤੇ ਅਤੇ ਵਿਗਿਆਨ ਅਤੇ ਗਣਿਤ ਵਿੱਚ ਰੁਚੀ ਪੈਦਾ ਕਰਨ ਅਤੇ ਤਕਨੀਕੀ ਸਿੱਖਿਆ ਨੂੰ ਨਿਖਾਰਨ ਲਈ ਵੱਖ-ਵੱਖ ਤਰ੍ਹਾਂ ਦੇ ਮਾਡਲਾਂ ਦੀ ਪ੍ਰਦਰਸ਼ਨੀ ਲਾਈ। ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸਰਕਾਰੀ ਹਾਈ ਸਕੂਲ ਗੁਦਰਾਣਾ ਦੇ ਕਾਰਜਕਾਰੀ ਮੁੱਖ ਅਧਿਆਪਕ ਬਲਜਿੰਦਰ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਗਣਿਤ ਅਤੇ ਵਿਗਿਆਨ ਨਾਲ ਸਬੰਧਤ ਵੱਖ ਮਾਡਲ ਪ੍ਰਦਰਸ਼ਿਤ ਕਰਕੇ ਅਤੇ ਉਨ੍ਹਾਂ ਬਾਰੇ ਦਰਸ਼ਕਾਂ ਨੂੰ ਜਾਣਕਾਰੀ ਦੇ ਕੇ ਆਪਣੀ ਕਲਾ ਦਾ ਉਤਮ ਪ੍ਰਦਰਸ਼ਨ ਕੀਤਾ। ਬਲਜਿੰਦਰ ਸਿੰਘ ਅਤੇ ਐਸ ਐਮ ਸੀ ਪ੍ਰਧਾਨ ਵੱਲੋਂ ਪ੍ਰਦਰਸ਼ਨੀ ਦਾ ਨਿਰੀਖਣ ਕਰਦੇ ਹੋਏ ਵਿਦਿਆਥੀਆਂ ਦੁਆਰਾ ਤਿਆਰ ਕੀਤੇ ਮਾਡਲਾਂ ਦੀ ਪ੍ਰਸ਼ੰਸਾ ਤ ਹੌਸਲਾ ਅਫ਼ਜਾਈ ਕੀਤੀ। ਉਨ੍ਹਾਂ ਕਿਹਾ ਕਿ ਅਜੋਕੇ ਮਨੁੱਖ ਦਾ ਗਿਆਨ ਵਿਗਿਆਨ ਨਾਲ ਲੈਸ ਹੋਣਾ ਸਮੇਂ ਦੀ ਮੁੱਖ ਲੋੜ ਹੈ। ਇਸ ਸਟੈਮ ਮੇਲੇ ਵਿੱਚ ਵਿਗਿਆਨ ਅਧਿਆਪਕ ਵਿਕਾਸ, ਗਣਿਤ ਅਧਿਆਪਿਕਾ ਸ਼੍ਰੀਮਤੀ ਰਾਜਵਿੰਦਰ ਕੌਰ ਸਮੇਤ ਸਟਾਫ਼ ਮੈਂਬਰ ਅਤੇ ਪਿੰਡ ਗੁਦਰਾਣਾ ਦੇ ਪਤਵੰਤੇ ਮੌਜੂਦ ਸਨ।

## ਪਦਮਸ੍ਰੀ ਜਗਜੀਤ ਸਿੰਘ ਦਰਦੀ ਨੂੰ ਡਾਕਟਰ ਆਫ ਫਿਲਾਸਫੀ ਦੀ ਡਿਗਰੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਦੇਸ਼ ਭਗਤ ਯੂਨੀਵਰਸਿਟੀ ਦੇ 12ਵੇਂ ਡਿਗਰੀ ਵੰਡ ਸਮਾਰੋਹ ਮੌਕੇ ਚੜ੍ਹਦੀਕਲਾ ਦੇ ਚੇਅਰਮੈਨ ਪਦਮਸ੍ਰੀ ਜਗਜੀਤ ਸਿੰਘ ਦਰਦੀ ਨੂੰ ਅੱਜ ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਅਤੇ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਡਾਕਟਰ ਆਫ ਫਿਲਾਸਫੀ ਦੀ ਡਿਗਰੀ ਪ੍ਰਦਾਨ ਕੀਤੀ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਨਵੀਂ ਦਿੱਲੀ ਦੀ ਸੈਂਟਰਲ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ: ਸ਼੍ਰੀਨਿਵਾਸ ਵਰਖੇਦੀ, ਜਸਪਾਲ ਸਿੰਘ ਬਿੰਦਰਾ ਕਾਰਜਕਾਰੀ ਚੇਅਰਮੈਨ ਅਤੇ ਡਾਇਰੈਕਟਰ ਸੈਂਟਰਮ ਕੈਪੀਟਲ ਮਿਲ, ਗਿਆਨ ਸਿੰਘ ਸੰਧੂ ਅਤੇ ਪੁਡਾ ਦੇ ਸੇਵਾ ਮੁਕਤ ਮੁੱਖ ਪ੍ਰਸ਼ਾਸਕ ਹਰਦੇਵ ਸਿੰਘ ਨੂੰ ਆਨਰੇਰੀ ਡਾਕਟਰੇਟ ਦੀ ਡਿਗਰੀ ਪ੍ਰਦਾਨ ਕੀਤੀ।ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦੇ ਚਾਂਸਲਰ ਡਾ. ਰਾਜੀਵ ਸੂਦ, ਡਾ. ਵਰਿੰਦਰ ਗਰਗ ਓ ਐਸ ਡੀ ਪੀ ਜੀ ਆਈ ਐਮ ਈ ਆਰ, ਲੰਦਨ ਅਤੇ ਬੇਸਟ ਉਦਯੋਗਪਤੀ ਰੇਹਾਨਾ ਬਾਨੋ ਨੂੰ ਸਰਵੋਤਮ ਲੀਡਰ ਵਜੋਂ ਸਨਮਾਨਤ ਕੀਤਾ ਗਿਆ। ਯੂਨੀਵਰਸਿਟੀ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਅਤੇ ਵਿਧਾਇਕ ਗੈਰੀ ਬੜਿੰਗ ਦਾ ਵੀ ਸਨਮਾਨ ਕੀਤਾ। ਡਿਗਰੀ ਵੰਡ ਸਮਾਰੋਹ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਯੂਨੀਵਰਸਿਟੀ ਦੇ ਪ੍ਰੋ. ਚਾਂਸਲਰ ਡਾ. ਤੇਜਿੰਦਰ ਕੌਰ, ਸੀਟੀ ਯੂਨੀਵਰਸਿਟੀ ਦੇ ਚਾਂਸਲਰ ਅਤੇ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਸੇਂਟ ਸੋਲਜ਼ਰ ਗਰੁੱਪ ਆਫ ਇੰਸਟੀਚਿਊਟ ਦੇ ਚੇਅਰਮੈਨ ਅਨਿਲ ਚੋਪੜਾ, ਯੂਨੀਵਰਸਿਟੀ ਦੇ ਪ੍ਰਧਾਨ ਡਾ. ਸੰਦੀਪ ਸਿੰਘ, ਉਪ ਪ੍ਰਧਾਨ ਹਰਸ਼ ਸਦਾਵਰਤੀ ਅਤੇ ਡਾ. ਵਰਿੰਦਰ ਸਿੰਘ ਆਦਿ ਨੇ ਵੀ ਵਿਚਾਰ ਪੇਸ਼ ਕੀਤੇ। ਸਮਾਗਮ ਵਿਚ ਚੜ੍ਹਦੀ ਕਲਾ ਗਰੁੱਪ ਦੇ ਮੁੱਖ ਸੰਪਾਦਕ ਜਗਜੀਤ ਸਿੰਘ 'ਦਰਦੀ' ਦੀ ਧਰਮ ਪਤਨੀ ਜਸਵਿੰਦਰ ਕੌਰ 'ਦਰਦੀ', ਸੰਪਾਦਕ ਹਰਪ੍ਰੀਤ ਸਿੰਘ 'ਦਰਦੀ' ਨੇ ਸ਼ਿਰਕਤ ਕੀਤੀ।

## ਦਲਜੀਤ ਸਿੰਘ ਨੇ ਐੱਸ ਐੱਚ ਓ ਥਾਣਾ ਸਦਰ ਦਾ ਅਹੁਦਾ ਸੰਭਾਲਿਆ



ਬੁਢਲਾਡਾ (ਅਸ਼ੋਕ ਲਾਕੜਾ)-ਮਾਨਸਾ ਜ਼ਿਲ੍ਹੇ ਦੇ ਐਸ.ਐਸ.ਪੀ. ਭਗੀਰਥ ਮੀਨਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਥਾਣਾ ਸਦਰ ਬੁਢਲਾਡਾ ਦੇ ਨਵ-ਨਿਯੁਕਤ ਐਸ.ਐਚ.ਓ. ਦਲਜੀਤ ਸਿੰਘ ਨੇ ਅਹੁਦਾ ਸੰਭਾਲਿਆ।ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਥਾਣਾ ਸਦਰ ਬੁਢਲਾਡਾ ਵਿਖੇ ਬਤੌਰ ਐਸ.ਐੱਚ.ਓ. ਨਿਯੁਕਤੀ ਕਰਨ ਤੇ ਜ਼ਿਲ੍ਹਾ ਮਾਨਸਾ ਦੇ ਐਸ.ਐਸ.ਪੀ. ਭਗੀਰਥ ਮੀਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਐਸ.ਐੱਚ.ਓ. ਵਜੋਂ ਨਿਯੁਕਤੀ ਹੋਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਅਤੇ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾ ਪਿੰਡਾਂ ਦੇ ਸਰਪੰਚਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਛੋਟੇ ਮੋਟੇ ਝਗੜੇ ਆਪਣੇ ਪਿੰਡ ਵਿੱਚ ਹੀ ਮੁਕਾਏ ਜਾਣ ਅਤੇ ਨਸ਼ਿਆਂ ਦਾ ਪਿੰਡਾਂ ਵਿੱਚ ਵਪਾਰ ਕਰਨ ਵਾਲੇ ਵਿਅਕਤੀਆਂ ਦੀ ਪੁਲਸ ਨੂੰ ਸੂਚਨਾ ਦਿੱਤੀ ਜਾਵੇ ਅਤੇ ਉਨ੍ਹਾਂ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

# ਡਾ. ਸਰਬਜੀਤ ਕੌਰ ਨੇ ਬਤੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਵਿਖੇ ਸੇਵਾਵਾਂ ਦੀ ਕੀਤੀ ਸ਼ੁਰੂਆਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ)-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਡਾ. ਸਰਬਜੀਤ ਕੌਰ ਨੇ ਬਤੌਰ ਪ੍ਰਿੰਸੀਪਲ ਆਪਣੀਆਂ ਸੇਵਾਵਾਂ ਦੀ ਸ਼ੁਰੂਆਤ ਕੀਤੀ।ਇਸ ਮੌਕੇ ਐਸ ਜੀ ਪੀ ਸੀ ਦੇ ਸਕੱਤਰ ਐਜੂਕੇਸ਼ਨ ਅਤੇ ਡਾਇਰੈਕਟਰ ਡਾਇਰੈਕਟੋਟੇਟ ਆਫ ਐਜੂਕੇਸ਼ਨ ਸੁਖਮਿੰਦਰ ਸਿੰਘ ਦੀ ਅਗਵਾਈ ਵਿੱਚ ਉਨ੍ਹਾਂ ਨੂੰ ਆਪਣੀ ਡਿਊਟੀ 'ਤੇ ਜੁਆਇਨ ਕਰਵਾਇਆ ਗਿਆ। ਉਨ੍ਹਾਂ ਨਾਲ ਡਾ. ਧਰਮਿੰਦਰ ਸਿੰਘ ਪ੍ਰਿੰਸੀਪਲ ਖਾਲਸਾ ਕਾਲਜ ਪਟਿਆਲਾ, ਡਾ. ਗੁਰਜੀਤ ਸਿੰਘ, ਪ੍ਰਿੰਸੀਪਲ ਖਾਲਸਾ ਕਾਲਜ ਗੁਰਦਾਸ ਨੰਗਲ, ਡਾ. ਰੁਪਿੰਦਰ ਸਿੰਘ ਪ੍ਰਿੰਸੀਪਲ ਖਾਲਸਾ ਕਾਲਜ ਸਤਲਾਣੀ ਸਾਹਿਬ, ਡਾ. ਮਨਜੀਤ ਕੌਰ ਪ੍ਰਿੰਸੀਪਲ ਜੇ ਡੀ ਕਾਲਜ ਸ੍ਰੀ ਮੁਕਤਸਰ ਸਾਹਿਬ, ਡਾ. ਰਮਨਪ੍ਰੀਤ ਕੌਰ ਪ੍ਰਿੰਸੀਪਲ ਖਾਲਸਾ ਕਾਲਜ, ਕਰਹਾਲੀ ਸਾਹਿਬ, ਡਾ. ਕਰਮਬੀਰ ਸਿੰਘ ਪ੍ਰਿੰਸੀਪਲ ਖਾਲਸਾ ਕਾਲਜ ਜ਼ੀਰਕਪੁਰ, ਡਾ. ਰਜਿੰਦਰ ਕੌਰ ਪ੍ਰਿੰਸੀਪਲ ਖਾਲਸਾ ਕਾਲਜ ਝਾੜ ਸਾਹਿਬ, ਡਾ. ਤ੍ਰਿਪਤਾ ਪਰਮਾਰ ਪ੍ਰਿੰਸੀਪਲ ਐਸ ਡੀ ਐਸ ਕਾਲਜ ਲੋਪੋ ਮੋਗਾ, ਡਾ. ਸੁਸ਼ੀਲ ਨਾਰੰਗ ਪ੍ਰਿੰਸੀਪਲ ਕਨਵੇ ਕਾਲਜ ਆਫ ਐਜੂਕੇਸ਼ਨ ਅਬੋਹਰ, ਡਾ. ਪੀਪਲ ਨਾਰੰਗ, ਡਾ. ਪ੍ਰਦੀਪ ਕੁਮਾਰ ਅਬੋਹਰ ਅਤੇ ਸਮੂਹ ਸਟਾਫ ਗੁਰੂ ਰਾਮਦਾਸ ਐਜੂਕੇਸ਼ਨ ਕਾਲਜ ਜਲਾਲਾਬਾਦ ਨੇ ਉਨ੍ਹਾਂ ਦੇ ਜੁਆਇਨ ਕਰਨ ਸਮੇਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਦੀ ਸਥਾਨਕ ਪ੍ਰਬੰਧਕੀ ਕਮੇਟੀ ਵੱਲੋਂ ਉਨ੍ਹਾਂ ਨੂੰ ਨਿੱਘਾ ਜੀ ਆਇਆਂ ਕਿਹਾ ਗਿਆ। ਇਸ ਮੌਕੇ 'ਤੇ ਸਥਾਨਕ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ, ਹੀਰਾ ਸਿੰਘ ਚੜ੍ਹੇਵਾਨ, ਹਰਤੇਜ ਸਿੰਘ ਭੁੱਲਰ ਅਤੇ ਸਰੂਪ ਸਿੰਘ ਨੰਦਗੜ੍ਹ ਅਤੇ ਸਮੂਹ ਸਟਾਫ ਸਮੂਹ ਸਟਾਫ ਵੱਲੋਂ ਪ੍ਰਿੰਸੀਪਲ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ ਗਏ।ਪ੍ਰਿੰਸੀਪਲ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਮਿਲ ਕੇ ਕੰਮ ਕਰਨ, ਕਾਲਜ ਨੂੰ ਹੋਰ ਉੱਚੀਆਂ ਬੁਲੰਦੀਆਂ 'ਤੇ ਲਿਜਾਣ ਲਈ ਵਚਨਬੱਧਤਾ ਪ੍ਰਗਟ ਕੀਤੀ।ਸੁਖਮਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਆਸ਼ੀਰਵਾਦ ਦਿੰਦੇ ਹੋਏ ਸ਼ੁੱਭਕਾਮਨਾਵਾਂ ਦਿੱਤੀਆਂ।

## ਸ਼ਹੀਦ ਜੈਮਲ ਸਿੰਘ ਦੀ ਛੇਵੀਂ ਬਰਸੀ ਮਨਾਈ



ਕੋਟ ਈਸੇ ਖਾਂ (ਅਰੋੜਾ)-ਸ਼ਹੀਦ ਜੈਮਲ ਸਿੰਘ ਦੀ ਛੇਵੀਂ ਬਰਸੀ ਮੌਕੇ ਸ੍ਰੀ ਸਹਿਜ ਪਾਠ ਤੇ ਭੋਗ ਪਾਏ ਗਏ ਅਤੇ ਗੁਰੂ ਕੇ ਲੰਗਰ ਵੀ ਵਰਤਾਏ ਗਏ। ਸ਼ਹੀਦ ਜੈਮਲ ਸਿੰਘ ਦੀ ਬਰਸੀ 'ਤੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਵੀ ਸ਼ਹੀਦ ਜੈਮਲ ਸਿੰਘ ਨੂੰ ਸ਼ਰਧਾਂਜਲੀ ਦਿੱਤੀ।ਉਨ੍ਹਾਂ ਕਿਹਾ ਕਿ ਸ਼ਹੀਦ ਜੈਮਲ ਸਿੰਘ ਵਰਗੇ ਰਹਿੰਦੀ ਦੁਨੀਆਂ ਤੱਕ ਅਮਰ ਰਹਿਣਗੇ, ਕਿਉਂਕਿ ਉਨ੍ਹਾਂ ਨੇ ਸਾਡੀ ਖਾਤਰ ਸਾਡੇ ਦੇਸ਼ ਦੀ ਖਾਤਰ ਸ਼ਹੀਦੀ ਦਾ ਜਾਮ ਪੀਤਾ।ਧੰਨ ਨੇ ਉਹ ਮਾਤਾ ਪਿਤਾ ਜਿਨ੍ਹਾਂ ਨੇ ਅਜਿਹੇ ਹੀਰੇ ਨੂੰ ਜਨਮ ਦਿੱਤਾ।ਅੰਤ ਵਿੱਚ ਸ਼ਹੀਦ ਭਾਈ ਜੈਮਲ ਸਿੰਘ ਦੇ ਮਾਤਾ ਸਰਦਾਰਨੀ ਸੁਖਵਿੰਦਰ ਕੌਰ ਅਤੇ ਪਿਤਾ ਸਰਦਾਰ ਜਸਵੰਤ ਸਿੰਘ ਨੂੰ ਸ਼ਹੀਦ ਜੈਮਲ ਸਿੰਘ ਯੁਵਕ ਸੇਵਾਵਾਂ ਕਲੱਬ ਦੇ ਮੈਂਬਰਾਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁਰਜੀਤ ਸਿੰਘ ਖਾਲਿਸਤਾਨੀ, ਅਮੀਰ ਸ਼ਰਮਾ, ਅਰਸ਼ਦੀਪ ਸਿੰਘ, ਬੀਰਇੰਦਰਜੀਤ ਸਿੰਘ, ਵਜੀਰ ਸਿੰਘ ਫੌਜੀ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤ ਹਾਜ਼ਰ ਸੀ।

# ਛੀਨਾ ਵੱਲੋਂ ਨਿਗਮ ਅਧਿਕਾਰੀਆਂ ਨਾਲ ਵਿਕਾਸ ਕਾਰਜਾਂ ਸੰਬੰਧੀ ਚਰਚਾ



ਲੁਧਿਆਣਾ (ਰਾਜ ਸਿੰਗਲਾ)-ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਜਿੰਦਰਪਾਲ ਕੌਰ ਛੀਨਾ ਵੱਲੋਂ ਸਥਾਨਕ ਬਾਪੂ ਮਾਰਕੀਟ ਮੁੱਖ ਦਫਤਰ ਵਿਖੇ ਨਗਰ ਨਿਗਮ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਵਿਚਾਰ ਵਟਾਂਦਰੇ ਕੀਤੇ ਗਏ। ਵਿਧਾਇਕ ਛੀਨਾ ਵੱਲੋਂ ਆਗਾਮੀ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਤੋਂ ਬਚਾਅ ਲਈ ਅਗਾਊਂ ਪ੍ਰਬੰਧਾਂ 'ਤੇ ਜ਼ੋਰ ਦਿੱਤਾ।ਮੀਟਿੰਗ ਦੌਰਾਨ ਨਗਰ ਨਿਗਮ ਦੇ ਜ਼ੋਨਲ ਕਮਿਸ਼ਨਰ ਗੁਰਪਾਲ ਸਿੰਘ ਦੇ ਨਾਲ ਪ੍ਰਾਪਰਟੀ ਟੈਕਸ, ਓ ਐਂਡ ਐਮ ਅਤੇ ਬੀ ਐਂਡ ਆਰ ਸਾਖਾਵਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।ਵਿਧਾਇਕ ਛੀਨਾ ਨੇ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਬਰਸਾਤੀ ਮੌਸਮ ਦੀ ਆਮਦ ਤੋਂ ਪਹਿਲਾਂ ਸੜਕਾਂ ਕਿਨਾਰੇ ਬਣੇ ਨਾਲਿਆਂ ਦੀ ਸਫ਼ਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਚੱਲ ਰਹੇ ਪ੍ਰੋਜੈਕਟਾਂ ਵਿੱਚ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਤੋਂ ਬਚਾਅ ਲਈ ਹਰ ਸੰਭਵ ਯਤਨ ਕੀਤੇ ਜਾਣ।ਵਿਧਾਇਕ ਛੀਨਾ ਅਤੇ ਜ਼ੋਨਲ ਕਮਿਸ਼ਨਰ ਵੱਲੋਂ ਵਸਨੀਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਖੁੱਲ੍ਹੇ ਸਥਾਨਾਂ ਵਿੱਚ ਕੂੜਾ ਨਾ ਸੁੱਟਣ ਕਿਉਂਕਿ ਕੂੜਾ ਸੀਵਰੇਜ ਸਿਸਟਮ ਨੂੰ ਬਲਾਕ ਕਰ ਦਿੰਦਾ ਹੈ ਅਤੇ ਗਲੀਆਂ ਵਿੱਚ ਪਾਣੀ ਭਰ ਜਾਂਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਨਿਗਮ ਦਫ਼ਤਰਾਂ ਵਿੱਚ ਆਪਣਾ ਕੰਮ ਕਰਵਾਉਣ ਵਾਲੇ ਕਿਰਤੀ ਲੋਕਾਂ ਨੂੰ ਖੱਜਲ-ਖੁਆਰ ਨਾ ਕੀਤਾ ਜਾਵੇ।ਵਿਧਾਇਕ ਛੀਨਾ ਨੇ ਅਧਿਕਾਰੀਆਂ ਨੂੰ ਡੇਂਗੂ, ਮਲੇਰੀਆ ਆਦਿ ਮੱਛਰਾਂ ਤੋਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਪ੍ਰਭਾਵੀ ਕਦਮ ਚੁੱਕਣ ਲਈ ਵੀ ਕਿਹਾ ਅਤੇ ਸਿਹਤ ਵਿਭਾਗ ਅਤੇ ਨਗਰ ਨਿਗਮ ਵੱਲੋਂ ਟੀਮਾਂ ਦਾ ਗਠਨ ਕੀਤਾ ਜਾਵੇ। ਇਸ ਤੋਂ ਇਲਾਵਾ ਨਗਰ ਨਿਗਮ ਦੇ ਸਫ਼ਾਈ ਕਰਮਚਾਰੀ ਨੂੰ ਇਹ ਯਕੀਨੀ ਬਣਾਉਦ ਲਈ ਕਿਹਾ ਕਿ ਨਿਯਮਤ ਤੌਰ 'ਤੇ ਸਫ਼ਾਈ, ਕੂੜਾ-ਕਰਕਟ, ਪਾਣੀ ਭਰਨ, ਗੰਦਗੀ ਆਦਿ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਨਿਪਟਾਰਾ ਕੀਤਾ ਜਾਵੇ।

## ਦੁਕਾਨਾਂ ਅੱਗੇ ਪਿਆ ਸਮਾਨ ਟ੍ਰੈਫਿਕ ਸਮੱਸਿਆ ਦਾ ਕਾਰਨ ਬਣਿਆ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਮੇਨ ਚੌਕ ਹਰ ਸਮੇਂ ਟ੍ਰੈਫਿਕ ਦੀਆਂ ਸੁਰਖੀਆਂ ਵਿੱਚ ਰਹਿੰਦਾ ਹੈ। ਦੁਕਾਨਾਂ ਅੱਗੇ ਪਿਆ ਸਮਾਨ ਤੇ ਅੱਗੇ ਲਾਈਆਂ ਗਈਆਂ ਰੇਹੜੀਆਂ ਟ੍ਰੈਫਿਕ ਦੀ ਵੱਡੀ ਸਮੱਸਿਆ ਦਾ ਕਾਰਣ ਬਣਦੇ ਹਨ।

ਈ ਓ ਤੂਰ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਕਿਹਾ ਕਿ ਦੁਕਾਨਦਾਰਾਂ ਨੂੰ ਵਾਰ-ਵਾਰ ਕਹਿਣ 'ਤੇ ਉਹ ਆਪਣਾ ਸਮਾਨ ਦੁਕਾਨਾਂ ਅੱਗੇ ਲੈ ਆਉਂਦੇ ਹਨ, ਪਰ ਪ੍ਰਸ਼ਾਸਨ ਵੱਲੋਂ ਵਾਰ ਵਾਰ ਕਹਿਣ 'ਤੇ ਦੁਕਾਨਦਾਰ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆਉਂਦੇ।

ਪ੍ਰਸ਼ਾਸਨ ਨੂੰ ਠੋਸ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੁ ਲੋਕਾਂ ਨੂੰ ਟੈਰਿਫਕ ਤੋਂ ਰਾਹਤ ਦਿਵਾਈ ਜਾ ਸਕੇ।

## ਦ ਕਿੰਡਰ ਗਾਰਟਨ ਸਕੂਲ 'ਚ ਸਪੋਰਟਸ ਮੀਟ



ਨਾਭਾ (ਵਰਿੰਦਰ ਵਰਮਾ)-ਦ ਕਿੰਡਰਗਾਰਟਨ ਵਿਖੇ ਸ਼ਨੀਵਾਰ ਨੂੰ ਸਕੂਲ ਚੇਅਰਮੈਨ ਸੰਦੀਪ ਬਾਂਸਲ ਅਤੇ ਸਕੂਲ ਡਾਇਰੈਕਟਰ ਅੰਸ਼ੂ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਾਭਾ ਦੇ ਕਿੰਡਰਗਾਰਟਨ ਸਕੂਲ ਵਿਖੇ ਇੱਕ ਸਪੋਰਟਸ ਮੀਟ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਜਮਾਤ ਮੌਂਟ-1 ਤੋਂ ਜਮਾਤ ਮੌਂਟ-3 ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵੱਖ-ਵੱਖ ਖੇਡ ਮੁਕਾਬਲਿਆਂ ਰਿੰਗ ਵਿਦ ਬਾਲ, ਕੌਨ ਵਿਦ ਬਾਲ, ਡੱਡੂ ਰੇਸ, ਸਕ੍ਰੋਲ ਲਾਇਕ ਏ ਟਾਂਡਲਰ, ਮੇਕ ਏ ਪਾਥ ਵਿਦ ਹੁਲਾ ਹੂਪ ਆਦਿ ਵਿੱਚ ਭਾਗ ਲੈਣ ਵਾਲੇ ਛੋਟੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਸ਼ਲਾਘਾਯੋਗ ਸੀ। ਸਕੂਲ ਪ੍ਰਿੰਸੀਪਲ ਪੂਨਮ ਰਾਣੀ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੰਦੇ ਹੋਏ ਕਿਹਾ ਕਿ ਖੇਡਾਂ ਤੋਂ ਨਾ ਸਿਰਫ਼ ਚੰਗੀ ਸਿਹਤ ਮਿਲਦੀ ਹੈ ਸਗੋਂ ਰੁਜ਼ਗਾਰ, ਸ਼ੁਹਰਤ ਅਤੇ ਇੱਜ਼ਤ ਵੀ ਮਿਲਦੀ ਹੈ।ਸਕੂਲ ਦੇ ਵਾਈਸ ਪ੍ਰਿੰਸੀਪਲ ਦਿਵਿਆ ਸ਼ਰਮਾ ਨੇ ਕਿਹਾ ਕਿ ਸਰੀਰਕ ਵਿਕਾਸ ਲਈ ਖੇਡਾਂ ਦਾ ਜੀਵਨ ਵਿਚ ਬਹੁਤ ਮਹੱਤਵ ਹੈ, ਇਸ ਲਈ ਸਾਰੇ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਖੇਡਾਂ ਵਿਚ ਰੁਚੀ ਵਧਾਉਣੀ ਚਾਹੀਦੀ ਹੈ।

## ਮਾਤਾ ਗੁਜਰੀ ਕਾਲਜ ਵੱਲੋਂ ਵਿੱਦਿਅਕ ਦੌਰਾ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਵੱਲੋਂ ਐਮ ਐਸ ਸੀ ਆਨਰਜ਼ ਮਾਈਕ੍ਰੋਬਾਇਓਲੋਜੀ, ਐਮ.ਐਸ.ਸੀ. ਬਾਇਓਟੈਕਨਾਲੋਜੀ ਤੇ ਡਿਪਲੋਮਾ ਡੇਅਰੀ ਸਾਇੰਸ ਦੇ ਵਿਦਿਆਰਥੀਆਂ ਵੱਲੋਂ ਵੇਰਕਾ ਮੋਹਾਲੀ ਡੇਅਰੀ ਵਿਖੇ ਵਿੱਦਿਅਕ ਦੌਰਾ ਕਰਵਾਇਆ ਗਿਆ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਨੂੰ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਵਿਵਹਾਰਿਕ ਸਿੱਖਿਆ ਪ੍ਰਦਾਨ ਕਰਨ ਵਿੱਚ ਸਹਾਇਕ ਸਿੱਧ ਹੁੰਦੇ ਹਨ।ਮਾਈਕਰੋਬਾਇਓਲੋਜੀ ਵਿਭਾਗ ਦੇ ਮੁਖੀ ਡਾ. ਸੌਰਵ ਗੁਪਤਾ ਨੇ ਦੱਸਿਆ ਕਿ ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਪਲਾਂਟ ਦੇ ਕਰਮਚਾਰੀਆਂ ਵੱਲੋਂ ਪਲਾਂਟ ਵਿੱਚ ਬਣਨ ਵਾਲੇ ਵੱਖੋ-ਵੱਖਰੇ ਦੁੱਧ ਉਤਪਾਦਾਂ, ਦੁੱਧ ਦੀ ਗੁਣਵੱਤਾ ਜਾਂਚ ਅਤੇ ਦੁੱਧ ਦੀ ਸਾਂਭ-ਸੰਭਾਲ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨਾਲ ਵਿਭਾਗ ਦੇ ਡਾ. ਅਪਰਾਜਿਤਾ ਗੁਪਤਾ ਅਤੇ ਪ੍ਰੋ. ਈਸ਼ਾ ਵੀ ਹਾਜ਼ਰ ਰਹੇ ਜਿਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਮਹੱਤਵਪੂਰਨ ਵਿਹਾਰਕ ਜਾਣਕਾਰੀ ਮੁਹੱਈਆ ਕਰਵਾਈ ਗਈ।

# ਮੰਗਾਂ ਨਾ ਮੰਨੀਆਂ ਤਾਂ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ 22 ਨੂੰ : ਸੂਬਾ ਪ੍ਰਧਾਨ



ਮਲੋਟ (ਓਮ ਪ੍ਰਕਾਸ਼ ਸ਼ੇਖੂ)-ਬੀਤੇ ਦਿਨੀਂ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ.) ਪਾਵਰਕਾਮ ਅਤੇ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਪੰਜਾਬ ਦੀ ਸਟੇਟ ਦੀ ਮੀਟਿੰਗ ਸੂਬਾ ਪ੍ਰਧਾਨ ਅਵਿਨਾਸ਼ ਚੰਦਰ ਸ਼ਰਮਾ ਦੀ ਅਗਵਾਈ ਵਿੱਚ ਲੁਧਿਆਣਾ ਵਿਖੇ ਕਾਮਰੇਡਾਂ ਦੇ ਦਫਤਰ ਹਰਨਾਮ ਨਗਰ ਵਿਖੇ ਹੋਈ।

ਮੀਟਿੰਗ ਦੀ ਕਾਰਵਾਈ ਤੋਂ ਪਹਿਲਾਂ ਵਿਛੜੇ ਹੋਏ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਜਨਰਲ ਸਕੱਤਰ ਧਨਵੰਤ ਸਿੰਘ ਭੱਠਲ ਨੇ ਅਜੰਡਿਆਂ ਦੀ ਵਿਆਖਿਆ ਕੀਤੀ। ਬੁਲਾਰਿਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਬੋਰਡ ਮੈਨੇਜਮੈਂਟ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਅਣਗੌਲਿਆ ਕੀਤਾ ਹੋਇਆ ਹੈ। ਜਿਸ ਕਰਕੇ ਪੈਨਸ਼ਨਰਾਂ ਵਿੱਚ ਸਖਤ ਰੋਸ ਹੈ। ਮੀਟਿੰਗ ਵਿੱਚ ਪੰਜਾਬ ਸਰਕਾਰ ਅਤੇ ਬੋਰਡ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਮੰਗਾਂ ਜਿਵੇਂ 2.59 ਦੇ ਗੁਣਾਂਕ ਨਾਲ ਪੈਨਸ਼ਨ ਵਿੱਚ ਸੋਧ ਕਰਨਾ, ਸੋਧੀ ਹੋਈ ਪੈਨਸ਼ਨ ਦਾ ਸਾਢੇ ਪੰਜ ਸਾਲ ਦਾ ਬਕਾਇਆ ਦੇਣਾ, ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ ਦੇਣਾ, ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਦੇਣਾ ਆਦਿ ਮੰਗਾਂ ਮੰਗ ਪੱਤਰ ਅਨੁਸਾਰ ਲਾਗੂ ਕਰਨਾ।ਜੋ ਕਿ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਤੁਰੰਤ ਲਾਗੂ ਕਰੇ। ਅੱਜ ਦੀ ਮੀਟਿੰਗ ਵਿੱਚ ਪੈਨਸ਼ਨਰ ਆਗੂਆ ਨੇ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਨੇ ਮੰਗਾਂ ਨੂੰ ਅਣਗੌਲਿਆ ਕੀਤਾ ਤਾ 22 ਮਾਰਚ ਨੂੰ ਸੂਬਾ ਪਧਰ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਦੀ ਰਿਹਾਇਸ਼ ਅਗੇ ਲਾਮਿਸਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਜੇਕਰ ਫਿਰ ਵੀ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਨੇ ਸਾਡੀਆਂ ਮੰਗਾਂ ਨਾ ਲਾਗੂ ਕੀਤੀਆਂ ਤਾਂ ਇਸ ਬਜਟ ਸੈਸ਼ਨ ਦੌਰਾਨ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਲਗਾਤਾਰ ਬਜਟ ਸੈਸ਼ਨ ਦਾ ਵਿਰੋਧ ਕੀਤਾ ਜਾਵੇਗਾ।ਅੱਜ ਦੀ ਮੀਟਿੰਗ ਵਿੱਚ ਸੁਵਿੰਦਰਪਾਲ ਸਿੰਘ ਮੋਲੋਵਾਲੀ ਸੀਨੀਅਰ ਮੀਤ ਪ੍ਰਧਾਨ, ਦੇਵਰਾਜ, ਸ੍ਰੀ ਰਾਮ ਜੱਗੀ, ਮੁਖਤਾਰ ਮੁਹਾਵਾ, ਬਿਕਰਮਜੀਤ ਸਾਰੇ ਮੀਤ ਪ੍ਰਧਾਨ, ਸ਼ਿਵ ਕੁਮਾਰ ਤਿਵਾੜੀ ਉਪ ਜਨਰਲ ਸਕੱਤਰ, ਡੀ ਕੇ ਮਹਿਤਾ ਵਿੱਤ ਸਕੱਤਰ, ਜੋਗਿੰਦਰ ਸਿੰਘ ਮੱਲਣ ਪ੍ਰੈਸ ਸਕੱਤਰ, ਸਿਕੰਦਰ ਸਿੰਘ ਜਥੇਬੰਦਕ ਸਕੱਤਰ ਅਤੇ ਸ਼ਿੰਦਰ ਸਿੰਘ ਧੌਲਾ ਆਡੀਟਰ ਮੀਟਿੰਗ ਵਿੱਚ ਸ਼ਾਮਲ ਸਨ।

## ਗੁਰੂ ਨਾਨਕ ਨੈਸ਼ਨਲ ਕਾਲਜ 'ਚ ਪੇਪਰ ਰੀਡਿੰਗ ਮੁਕਾਬਲੇ



ਦੋਰਾਹਾ (ਹਰਮਿੰਦਰ ਸੇਠ)-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਸਮਾਜ ਸ਼ਾਸਤਰ ਵਿਭਾਗ ਵੱਲੋਂ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ 'ਯੰਗ ਰੈਵੋਲਿਊਸ਼ਨਿਸਟ ਇਨ ਇੰਡੀਆ' ਵਿਸ਼ੇ 'ਤੇ ਪੇਪਰ ਰੀਡਿੰਗ ਅਤੇ ਪੀ ਪੀ ਟੀ ਪੇਸ਼ਕਾਰੀ ਦਾ ਮੁਕਾਬਲਾ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਸਮਾਜ ?ਸ਼ਾਸਤਰ ਵਿਭਾਗ ਦੇ ਮੁਖੀ ਪ੍ਰੋ. ਨਿਧੀ ਸਰੂਪ ਦੀ ਅਗਵਾਈ ਹੇਠ ਕਰਵਾਏ ਗਏ ਇਸ ਮੁਕਾਬਲੇ ਦਾ ਮਕਸਦ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ ਤਾਂ ਕਿ ਉਨ੍ਹਾਂ ਨੂੰ ਸਾਡੇ ਇਤਿਹਾਸ ਵਿੱਚ ਨੌਜਵਾਨਾਂ ਦੀਆਂ ਕ੍ਰਾਂਤੀਕਾਰੀ, ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਗਤੀਵਿਧੀਆਂ ਦਾ ਪਤਾ ਲੱਗ ਸਕੇ ਜਿਸ ਤੋਂ ਉਹ ਪ੍ਰੇਰਿਤ ਹੋ ਕੇ ਆਪਣਾ ਤੇ ਸਮਾਜ ਦਾ ਨਾਂਅ ਰੌਸ਼ਨ ਕਰਨ ਦੇ ਕਾਬਲ ਬਣ ਸਕਣ।ਇਸ ਗਤੀਵਿਧੀ ਵਿੱਚ ਐੱਮ ਏ ਤੇ ਬੀ ਏ ਦੇ 18 ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੁਕਾਬਲੇ ਵਿੱਚ ਗੁਰਸਿਮਰ ਕੌਰ, ਜਸਵਿੰਦਰ ਸਿੰਘ ਤੇ ਪਰਵੀਨ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਤ 'ਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਦੁਆਰਾ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਕੁਲਵਿੰਦਰ ਕੌਰ ਵੱਲੋਂ ਨਿਭਾਈ ਗਈ।ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਮਾਤਾ ਗੁਜਰੀ ਕਾਲਜ ਵਿਖੇ ਫ਼ੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਸੁਯੋਗ ਅਗਵਾਈ ਹੇਠ ਰੀਜ਼ਨਲ ਸੈਂਟਰ ਫ਼ਾਰ ਐਂਟਰਪ੍ਰੀਨਿਓਰਸ਼ਿਪ ਡਿਵੈਲਪਮੈਂਟ ਚੰਡੀਗੜ੍ਹ ਦੇ ਸਹਿਯੋਗ ਨਾਲ ਮਾਤਾ ਗੁਜਰੀ ਕਾਲਜ ਵਿਖੇ ਇੱਕ ਹਫ਼ਤੇ ਦਾ ਫ਼ੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ ਹੋ ਗਿਆ।ਇਸ ਐਫ਼ ਡੀ ਪੀ ਦਾ ਮੁੱਖ ਉਦੇਸ਼ ਪੰਜਾਬ ਭਰ ਵਿੱਚ ਐਸ ਜੀ ਪੀ ਸੀ ਅਧੀਨ ਆਉਂਦੇ ਕਾਲਜਾਂ ਦੇ ਫੈਕਲਟੀ ਮੈਂਬਰਾਂ ਦੀ ਅਧਿਆਪਨ ਸਮਰੱਥਾ ਅਤੇ ਤਕਨੀਕੀ ਵਿਕਾਸ ਵਿੱਚ ਵਾਧਾ ਕਰਨਾ ਸੀ।ਇਸ ਪ੍ਰੋਗਰਾਮ ਦੌਰਾਨ ਉੱਘੇ ਮਾਹਿਰ ਬੁਲਾਰਿਆਂ ਦੁਆਰਾ ਟੀਚਾ ਨਿਰਧਾਰਨ, ਉਦਯੋਗ ਰੁਝਾਨ ਅਤੇ ਸਰਕਾਰੀ ਯੋਜਨਾਵਾਂ ਜਿਵੇਂ ਪ੍ਰਾਈਮ ਮਿਨਿਸਟਰਜ਼ ਐਮਪਲੌਏਮੈਂਟ ਜੈਨਰੇਸ਼ਨ ਪ੍ਰੋਗਰਾਮ, ਸਟੈਂਡ-ਅੱਪ ਇੰਡੀਆ ਅਤੇ ਸਟਾਰਟ-ਅੱਪ ਆਦਿ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ ਗਈ।ਸਮਾਪਤੀ ਸੈਸ਼ਨ ਮੌਕੇ ਰੀਜ਼ਨਲ ਸੈਂਟਰ ਫ਼ਾਰ ਐਂਟਰਪ੍ਰੀਨਿਓਰਸ਼ਿਪ ਡਿਵੈਲਪਮੈਂਟ ਚੰਡੀਗੜ੍ਹ ਦੇ ਡਾਇਰੈਕਟਰ ਸ੍ਰ. ਪਰਮਜੀਤ ਸਿੰਘ, ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਅਤੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖਿਆ ਸਕੱਤਰ ਇੰਜੀਨੀਅਰ ਸ੍ਰ. ਸੁਖਮਿੰਦਰ ਸਿੰਘ ਨੇ ਅਜਿਹੇ ਪ੍ਰਭਾਵਸ਼ਾਲੀ ਅਤੇ ਉਪਯੋਗੀ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਆਯੋਜਨ ਕਰਨ ਲਈ ਆਯੋਜਕਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਫ਼ੈਕਲਟੀ ਮੈਂਬਰਾਂ ਨੂੰ ਆਧੁਨਿਕ ਅਧਿਆਪਨ ਤਕਨੀਕਾਂ ਅਤੇ ਐਂਟਰਪ੍ਰੀਨਿਓਰਸ਼ਿਪ ਵਿਕਾਸ ਸਬੰਧੀ ਅਪਡੇਟ ਰਹਿਣ 'ਤੇ ਜ਼ੋਰ ਦਿੱਤਾ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮਾਂ ਦੇ ਮਹੱਤਵ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਦੁਆਰਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਰੀਜ਼ਨਲ ਸੈਂਟਰ ਫ਼ਾਰ ਐਂਟਰਪ੍ਰੀਨਿਓਰਸ਼ਿਪ ਡਿਵੈਲਪਮੈਂਟ ਚੰਡੀਗੜ੍ਹ, ਮਾਹਿਰ ਬੁਲਾਰਿਆਂ, ਕਾਲਜ ਦੇ ਪ੍ਰੋਫ਼ੈਸਰ ਡਾ. ਜਗਦੀਸ਼ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਪ੍ਰਬੰਧਕੀ ਟੀਮ ਦਾ ਸਮਾਗਮ ਸਫ਼ਲ ਬਣਾਉਣ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਅਖੀਰ ਵਿੱਚ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਫੈਕਲਟੀ ਮੈਂਬਰਾਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

## ਉਦੇਕਰਨ 'ਚ ਅੱਜ ਲਾਇਆ ਜਾਵੇਗਾ ਖ਼ੂਨਦਾਨ ਕੈਂਪ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਇੱਥੋਂ ਦੇ ਨੇੜਲੇ ਪਿੰਡ ਉਦੇਕਰਨ ਵਿਖੇ ਸ਼ਹੀਦ ਦੀਪ ਸਿੱਧੂ ਯਾਦਗਾਰੀ ਤੀਸਰੇ ਫੁਟਬਾਲ ਟੂਰਨਾਮੈਂਟ ਮੌਕੇ ਖ਼ੂਨਦਾਨ ਕੈਂਪ ਲਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਸ਼ਹੀਦ ਦੀਪ ਸਿੱਧੂ ਦੀ ਯਾਦ 'ਚ ਇਹ ਖ਼ੂਨਦਾਨ ਕੈਂਪ ਨਗਰ ਨਿਵਾਸੀਆਂ ਅਤੇ ਸਿੱਧੂ ਪਰਵਾਰ ਦੀ ਮਦਦ ਨਾਲ ਸਿਰੇ ਚਾੜ੍ਹਿਆ ਜਾਵੇਗਾ।

ਇਸ ਮੌਕੇ ਅਤੁਲਿਆ ਬਲੱਡ ਸੈਂਟਰ ਸ੍ਰੀ ਮੁਕਤਸਰ ਸਾਹਿਬ ਆਪਣੀਆਂ ਸੇਵਾਵਾਂ ਪ੍ਰਦਾਨ ਕਰਨਗੇ।ਸਾਰੇ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ, ਸਰਟੀਫਿਕੇਟ ਅਤੇ ਮੈਡਲਾਂ ਨਾਲ ਸਨਮਾਨਤ ਕੀਤਾ ਜਾਵੇਗਾ। ਦੀਪ ਸਿੱਧੂ ਪਰਵਾਰ ਅਤੇ ਸੰਕਲਪ ਸੋਸਾਇਟੀ ਦੇ ਅਹੁਦੇਦਾਰਾਂ ਨੇ ਖ਼ੂਨਦਾਨੀ ਵੀਰਾਂ ਦੇ ਭੈਣਾਂ ਨੂੰ ਇਸ ਖ਼ੂਨਦਾਨ ਕੈਂਪ ਵਿੱਚ ਪੁੱਜ ਕੇ ਵੱਧ ਤੋਂ ਵੱਧ ਖ਼ੂਨਦਾਨ ਕਰਨ ਦੀ ਅਪੀਲ ਕੀਤੀ।

## ਗੁਰੂ ਨਾਨਕ ਕਾਲਜ 'ਚ ਸੱਤ ਰੋਜ਼ਾ ਵਰਕਸ਼ਾਪ



ਬੁਢਲਾਡਾ (ਅਸ਼ੋਕ ਲਾਕੜਾ)-ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਮਿਲੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਖ਼ੁਦਮੁਖ਼ਤਿਆਰ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਕੈਰੀਅਰ ਗਾਈਡੈਂਸ ਅਤੇ ਪਲੇਸਮੈਂਟ ਸੈੱਲ ਦੁਆਰਾ ਸੱਤ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਇਹ ਵਰਕਸ਼ਾਪ ਮਹਿੰਦਰਾ ਪ੍ਰਾਈਡ ਕਲਾਸਰੂਮ-ਨੰਦੀ ਫਾਊਂਡੇਸ਼ਨ ਵੱਲੋਂ ਸਕੱਤਰ ਸਿੱਖਿਆ ਸੁਖਮਿੰਦਰ ਸਿੰਘ ਦੇ ਵਿਸ਼ੇਸ਼ ਉਪਰਾਲੇ ਨਾਲ ਲਗਾਈ ਗਈ ਹੈ, ਜਿਸ ਦਾ ਮਕਸਦ ਰੁਜ਼ਗਾਰ ਯੋਗਤਾ ਵਧਾਉਣਾ ਅਤੇ ਸਾਫਟ ਸਕਿੱਲ ਵਿਚ ਵਿਦਿਆਰਥੀਆਂ ਨੂੰ ਮਾਹਰ ਬਣਾਉਣਾ ਹੈ।ਵਰਕਸ਼ਾਪ ਦੇ ਕੋਆਰਡੀਨੇਟਰ ਡਾ. ਨੀਤਿਕਾ ਨੇ ਕਿਹਾ ਕਿ ਇਸ ਵਰਕਸ਼ਾਪ ਵਿਚ ਸ਼ਖ਼ਸੀਅਤ ਵਿਕਾਸ, ਵੱਡੀਆਂ ਕੰਪਨੀਆਂ ਵਿਚ ਇੰਟਰਵਿਊ ਦੇ ਹੁਨਰ, ਰੈਜ਼ਿਊਮੇ ਰਾਈਟਿੰਗ, ਸੰਚਾਰ ਹੁਨਰ ਅਤੇ ਕਰੀਅਰ ਮਾਰਗਦਰਸ਼ਨ ਸਬੰਧੀ ਮਹਿੰਦਰਾ ਪ੍ਰਾਈਡ ਕਲਾਸਰੂਮ-ਨੰਦੀ ਫਾਊਂਡੇਸ਼ਨ ਦੇ ਵਿਸ਼ੇਸ਼ਗ ਰਵਿੰਦਰ ਸਿੰਘ ਅਤੇ ਸ੍ਰੀਮਤੀ ਰੁਬੀਨਾ ਡੈਨੀਅਲ ਕਲਾਸਾਂ ਲਗਾਉਣਗੇ।ਇਸ ਸਿਖਲਾਈ ਦਾ ਉਦੇਸ਼ ਵਿਦਿਆਰਥੀਆਂ ਨੂੰ ਵੱਖ ਵੱਖ ਥਾਵਾਂ ਤੇ ਹੋਣ ਵਾਲੀਆਂ ਪਲੇਸਮੈਂਟ ਡਰਾਈਵਾਂ ਅਤੇ ਵੱਖ-ਵੱਖ ਕਰੀਅਰ ਵਿਕਲਪਾਂ ਲਈ ਤਿਆਰ ਕਰਨਾ ਹੈ।100 ਤੋਂ ਵੱਧ ਵਿਦਿਆਰਥਣਾਂ ਇਸ ਵਰਕਸ਼ਾਪ ਵਿੱਚ ਹਿੱਸਾ ਲੈ ਰਹੀਆਂ ਹਨ।

# ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲਣ ਲਈ ਸ਼ੈਰੀ ਕਲਸੀ ਵੱਲੋਂ ਅਧਿਕਾਰੀਆਂ ਤੇ ਸਰਪੰਚਾਂ ਨਾਲ ਮੀਟਿੰਗ



**ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)**-ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ (ਵਿਧਾਇਕ ਹਲਕਾ ਬਟਾਲਾ) ਵੱਲੋਂ ਬਲਾਕ ਕਾਹਨੂੰਵਾਨ ਦੇ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲਣ ਲਈ ਅਧਿਕਾਰੀਆਂ ਤੇ ਸਰਪੰਚਾਂ ਨਾਲ ਮੀਟਿੰਗ ਕੀਤੀ ਅਤੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ਼ ਕਰਨ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਤਾਂ ਜੋ ਲੋਕ ਸਰਕਾਰ ਦੀਆਂ ਵੱਖ ਵੱਖ ਸਹੂਲਤਾਂ ਦਾ ਲਾਭ ਹਾਸਿਲ ਕਰ ਸਕਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਬੀਡੀਪੀਓ ਗੁਰਪ੍ਰੀਤ ਸਿੰਘ ਭੁੱਲਰ ਅਤੇ ਪਿੰਡਾਂ ਦੇ ਸਰਪੰਚ ਮੌਜੂਦ ਸਨ। ਮੀਟਿੰਗ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਸੁਹਿਰਦ ਯਤਨ ਕੀਤੇ ਜਾ ਰਹੇ ਹਨ ਅਤੇ ਸੂਬੇ ਵਿੱਚ ਮੁੜ ਸੁਨਹਿਰੀ ਦੌਰ ਲਿਆਉਣ ਲਈ ਪਿੰਡਾਂ ਦਾ ਚਹੁੰਮੁਖੀ ਵਿਕਾਸ ਕਰਨ ਲਈ ਸਾਰੇ ਅਧਿਕਾਰੀ ਤਨਦੇਹੀ ਅਤੇ ਈਮਾਨਦਾਰੀ ਨਾਲ ਡਿਊਟੀ ਕਰਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਜਿੰਨੇ ਵੀ ਦਿਹਾਤੀ ਪ੍ਰੋਜੈਕਟ ਅਤੇ ਕਾਰਜ ਚੱਲ ਰਹੇ ਹਨ ਉਨ੍ਹਾਂ ਨੂੰ ਸਮਾਂਬੱਧ ਪੂਰਾ ਕੀਤਾ ਜਾਵੇ। ਵਿਕਾਸ ਕਾਰਜਾਂ ਵਿੱਚ ਦੇਰੀ ਅਤੇ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜਾਣਬੁੱਝ ਕੇ ਅਣਗਹਿਲੀ ਕਰਨ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਮਗਨਰੇਗਾ ਦੇ ਜੌਬ ਕਾਰਡ ਬਣਾਉਣ ਲਈ ਪਿੰਡਾਂ 'ਚ ਲਗਾਏ ਵਿਸ਼ੇਸ਼ ਕੈਂਪਾਂ ਬਾਰੇ ਵੀ ਜਾਣਕਾਰੀ ਲਈ ਅਤੇ ਜਿੱਥੇ ਕੋਈ ਕਮੀ ਪਾਈ ਗਈ, ਉਸਨੂੰ ਤੁਰੰਤ ਦਰੁਸਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵੱਧ ਤੋਂ ਵੱਧ ਰੋਜ਼ਗਾਰ ਦੇਣ ਲਈ ਹਰੇਕ ਲੋੜਵੰਦ ਦਾ ਨਰੇਗਾ ਕਾਰਡ ਬਣਾਇਆ ਜਾਵੇ। ਉਨ੍ਹਾਂ ਨੇ ਪਿੰਡਾਂ ਦੇ ਸਰਪੰਚਾਂ ਨੂੰ ਪੂਰੀ ਮਿਹਨਤ ਤੇ ਤਨਦੇਹੀ ਨਾਲ ਵਿਕਾਸ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਪਿੰਡਾਂ ਅੰਦਰ ਵਿਕਾਸ ਕਾਰਜਾਂ ਨੂੰ ਨਿਸ਼ਚਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇਗਾ ਅਤੇ ਵਿਕਾਸ ਕਾਰਜਾਂ ਵਿੱਚ ਕੋਈ ਢਿੱਲਮੱਠ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਪਿੰਡਾਂ ਦੇ ਸਰਪੰਚਾਂ ਵੱਲੋਂ ਵੀ ਪਿੰਡਾਂ ਅੰਦਰ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਸਬੰਧੀ ਆਪਣੀ ਗੱਲ ਰੱਖੀ। ਮੀਟਿੰਗ ਵਿੱਚ ਪਿੰਡ ਬੁੱਟਰ ਕਲਾਂ ਦੇ ਸਰਪੰਚ ਗੁਰਿੰਦਰ ਸਿੰਘ, ਸੇਖਵਾਂ ਦੇ ਸਰਪੰਚ ਜੋਗਿੰਦਰ ਸਿੰਘ, ਠੀਕਰੀਵਾਲ ਦੇ ਸਰਪੰਚ ਰਚਨਾ ਰਾਣੀ, ਤੱਤਲਾ ਦੇ ਸਰਪੰਚ ਸ੍ਰੀਮਤੀ ਕੁਲਵਿੰਦਰ ਕੌਰ, ਕੋਟ ਬੁੱਢਾ ਦੇ ਸਰਪੰਚ ਮਲਕੀਤ ਸਿੰਘ, ਠੀਕਰੀਵਾਲ ਉੱਚਾ ਪਿੰਡ ਦੇ ਸਰਪੰਚ ਮਨਪ੍ਰੀਤ ਸਿੰਘ ਤੋਂ ਇਲਾਵਾ ਗਗਨ ਬਟਾਲਾ, ਮਲਕੀਤ ਸਿੰਘ, ਪਵਨ ਕੁਮਾਰ, ਬਲਜੀਤ ਸਿੰਘ ਨਿੱਕੂ, ਕੁਲਦੀਪ ਧਾਰੀਵਾਲ ਅਤੇ ਮੁਨੀਸ਼ ਕੁਮਾਰ ਕਾਕਾ ਵੀ ਮੌਜੂਦ ਸਨ।

# ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ 'ਚ ਪਬਲਿਕ ਦੇ ਇਕੱਠੇ ਹੋਣ 'ਤੇ ਪਾਬੰਦੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੈਂਟਰਲ ਬੋਰਡ ਆਫ਼ ਸਕੈਂਡਰੀ ਐਜੂਕੇਸ਼ਨ ਵੱਲੋਂ ਦਸਵੀਂ ਅਤੇ ਬਾਰਵੀਂ ਦੀਆਂ ਪ੍ਰੀਖਿਆਵਾਂ 15 ਫਰਵਰੀ 2025 ਤੋਂ 4 ਅਪ੍ਰੈਲ 2025 ਤੱਕ ਬੋਰਡ ਵੱਲੋਂ ਸਥਾਪਤ ਕੇਂਦਰਾਂ ਵਿੱਚ ਕਰਵਾਈਆਂ ਜਾ ਰਹੀਆਂ ਹਨ।ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਹਰਜਿੰਦਰ ਸਿੰਘ ਬੇਦੀ ਆਈਏਐੱਸ ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਸਥਾਪਿਤ ਕੀਤੇ ਗਏ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ 100 ਮੀਟਰ ਦੇ ਘੇਰੇ ਵਿੱਚ ਲੋਕਾਂ ਦੇ ਇਕੱਠੇ ਹੋਣ 'ਤੇ 15 ਫਰਵਰੀ ਤੋਂ 4 ਅਪ੍ਰੈਲ 2025 ਤੱਕ ਪਾਬੰਦੀ ਲਗਾ ਦਿੱਤੀ ਹੈ।ਇਹ ਹੁਕਮ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗਾ ਜੋ ਇਨ੍ਹਾਂ ਪ੍ਰੀਖਿਆਵਾਂ ਵਿੱਚ ਡਿਊਟੀ 'ਤੇ ਹੋਣਗੇ।ਇਹ ਹੁਕਮ ਇੱਕਤਰਫ਼ਾ ਪਾਸ ਕਰਕੇ ਸਮੂਹ ਸਧਾਰਨ ਜਨਤਾ ਨੂੰ ਸੰਬੋਧਨ ਕੀਤਾ ਗਿਆ ਹੈ।

# ਧਾਲੀਵਾਲ ਤੇ ਈ ਟੀ ਓ ਦੇਰ ਰਾਤ ਅਮਰੀਕਾ ਤੋਂ ਵਤਨ ਪਰਤੇ ਨੌਜਵਾਨਾਂ ਨੂੰ ਮਿਲਣ ਹਵਾਈ ਅੱਡੇ 'ਤੇ ਪਹੁੰਚੇ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ਨਰਿੰਦਰ ਜੀਤ ਸਿੰਘ)**-ਅਮਰੀਕਾ ਵਿੱਚ ਗੈਰ ਕਾਨੂੰਨੀ ਢੰਗ ਨਾਲ ਦਾਖਲ ਹੋਏ ਭਾਰਤੀ ਜੋ ਕਿ ਬੀਤੀ ਰਾਤ ਅਮਰੀਕੀ ਫੌਜ ਦੇ ਹਵਾਈ ਜਹਾਜ਼ ਰਾਹੀਂ ਦੇਸ਼ ਨਿਕਾਲੇ ਤੋਂ ਬਾਅਦ ਅੰਮ੍ਰਿਤਸਰ ਪੁੱਜੇ, ਨੂੰ ਲੈਣ ਲਈ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਹਰਭਜਨ ਸਿੰਘ ਈਟੀਓ ਦੇਰ ਰਾਤ ਅੱਡੇ ਉਤੇ ਪੁੱਜੇ।

ਉਨ੍ਹਾਂ ਉਕਤ ਨੌਜਵਾਨਾਂ ਨੂੰ ਹੌਸਲਾ ਦਿੱਤਾ ਅਤੇ ਕਿਹਾ ਕਿ ਭਾਵੇਂ ਤੁਹਾਡਾ ਆਰਥਿਕ ਤੌਰ ਉਤੇ ਵੱਡਾ ਨੁਕਸਾਨ ਹੋਇਆ ਹੈ ਪਰ ਇਹ ਦਿਨ ਹੁਣ ਪਿਛਲੀਆਂ ਗਲਤੀਆਂ ਵੱਲ ਵੇਖਣ ਦੇ ਨਹੀਂ ਬਲਕਿ ਹੌਸਲਾ ਰੱਖ ਕੇ ਨਵੀਂ ਸ਼ੁਰੂਆਤ ਕਰਨ ਦੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਤੁਹਾਡੇ ਨਾਲ ਹਰ ਤਰ੍ਹਾਂ ਸਾਥ ਦੇਵੇਗੀ ਅਤੇ ਜਿੰਨਾ ਵੀ ਏਜੰਟਾਂ ਨੇ ਤੁਹਾਨੂੰ ਗੁੰਮਰਾਹ ਕਰਕੇ ਤੁਹਾਡੀ ਆਰਥਿਕ ਲੁੱਟ ਕੀਤੀ ਹੈ ਉਨਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਕੇ ਨਿਆਂ ਦਿਵਾਇਆ ਜਾਵੇਗਾ। ਮਿਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਭਾਵਕ ਹੁੰਦੇ ਧਾਲੀਵਾਲ ਨੇ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਵਿਸ਼ੇਸ਼ ਤੌਰ ਉਤੇ ਮਿਲਣ ਪੁੱਜੇ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਨੂੰ ਇਨ੍ਹਾਂ ਨੌਜਵਾਨਾਂ ਦੀ ਗੱਲ ਉਨ੍ਹਾਂ ਨਾਲ ਕਰਨੀ ਚਾਹੀਦੀ ਸੀ।ਧਾਲੀਵਾਲ ਨੇ ਕਿਹਾ ਕਿ ਇਹ ਨੌਜਵਾਨ ਅਮਰੀਕਾ ਵਿੱਚ ਕਿਸੇ ਸ਼ੌਕ ਲਈ ਨਹੀਂ, ਬਲਕਿ ਰੋਜ਼ੀ ਰੋਟੀ ਲਈ ਲੱਖਾਂ ਰੁਪਏ ਖਰਚ ਕਰਕੇ ਪਹੁੰਚੇ ਸਨ।

ਇਸ ਮੌਕੇ ਹਰਭਜਨ ਸਿੰਘ ਨੇ ਕਿਹਾ ਕਿ ਇਹ ਦੋ ਦੇਸ਼ਾਂ ਦਾ ਆਪਸੀ ਮੁੱਦਾ ਹੈ, ਜਿਸ ਉੱਤੇ ਰਾਜ ਸਰਕਾਰਾਂ ਕੁਝ ਨਹੀਂ ਕਰ ਸਕਦੀਆਂ, ਬਲਕਿ ਕੇਂਦਰ ਸਰਕਾਰ ਖਾਸ ਤੌਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਗੱਲਬਾਤ ਕਰਕੇ ਇਹ ਮਸਲਾ ਅਜੇ ਵੀ ਹੱਲ ਕਰ ਸਕਦੇ ਹਨ ਤਾਂ ਜੋ ਉੱਥੇ ਸੰਕਟ ਵਿੱਚ ਪਏ ਹੋਰ ਨੌਜਵਾਨਾਂ ਨੂੰ ਇਸ ਤਰ੍ਹਾਂ ਦੀ ਕਾਰਵਾਈ ਦਾ ਸਾਹਮਣਾ ਨਾ ਕਰਨਾ ਪਵੇ।

# ਸੜਕ ਹਾਦਸੇ 'ਚ 19 ਸਾਲਾ ਨੌਜਵਾਨ ਦੀ ਮੌਤ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਿੰਡ ਠੀਕਰੀਵਾਲ ਸਰਾਂ ਦੇ ਇੱਕ 19 ਸਾਲਾ ਨੌਜਵਾਨ ਦੀ ਸੜਕ ਹਾਦਸੇ ਵਿੱਚ ਮੌਤ ਹੋਣ ਦਾ ਦੁਖਦਾਈ ਸਮਾਚਾਰ ਮਿਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਾਰ ਚਾਲਕ ਨੌਜਵਾਨ ਜਸ਼ਨਪ੍ਰੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਠੀਕਰੀਵਾਲ ਸਰਾਂ ਕਾਰ ਨੰਬਰ ਪੀਬੀ 10 ਡੀ ਏ 0922 'ਤੇ ਸਵਾਰ ਹੋ ਕੇ ਆਪਣੇ ਪਿੰਡ ਨੂੰ ਜਾ ਰਿਹਾ ਸੀ। ਜਦੋਂ ਉਹ ਪਿੰਡ ਕੋਟ ਧੰਦਲ ਇੱਕ ਨਿੱਜੀ ਸਕੂਲ ਦੇ ਕੋਲ ਪਹੁੰਚਿਆ ਤਾਂ ਅਚਾਨਕ ਕਾਰ ਦਾ ਸੰਤੁਲਨ ਵਿਗੜ ਗਿਆ ਜਿਸ ਕਾਰਨ ਉਸ ਦੀ ਕਾਰ ਬੇਕਾਬੂ ਹੋ ਕੇ ਸੜਕ ਹਾਦਸੇ ਦਾ ਸ਼ਿਕਾਰ ਹੋ ਗਈ।

ਇਸ ਹਾਦਸੇ ਵਿੱਚ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ।ਕਾਰ ਵੀ ਬੁਰੀ ਤਰ੍ਹਾਂ ਨੁਕਸਾਨੀ ਗਈ।ਮ੍ਰਿਤਕ ਜਸ਼ਨਪ੍ਰੀਤ ਸਿੰਘ ਦਾ ਉਸ ਦੇ ਪਿੰਡ ਠੀਕਰੀਵਾਲ ਸਰਾਂ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਉਧਰ ਦੂਜੇ ਪਾਸੇ ਪੁਲਸ ਅਧਿਕਾਰੀਆਂ ਦਾ ਕਹਿਣਾ ਸੀ ਕਿ ਪਰਿਵਾਰ ਵੱਲੋਂ ਕੋਈ ਵੀ ਪੁਲਸ ਕਾਰਵਾਈ ਨਹੀਂ ਕਰਵਾਈ ਗਈ।

# ਦਸਵੀਂ ਤੇ ਬਾਰ੍ਹਵੀਂ ਜਮਾਤ ਦੀ ਪ੍ਰੀਖਿਆ 'ਚ ਸਫਲਤਾ ਲਈ ਕੀਤੀ ਅਰਦਾਸ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਵਿਦਿਆਰਥੀਆਂ ਅਤੇ ਸਮੂਹ ਸਟਾਫ ਵੱਲੋਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀ ਹੋਣ ਵਾਲੀ ਪ੍ਰੀਖਿਆ ਲਈ ਚੌਪਈ ਸਾਹਿਬ ਦਾ ਪਾਠ ਅਤੇ ਅਰਦਾਸ ਕੀਤੀ ਗਈ। ਸੀ. ਬੀ. ਐੱਸ. ਈ. ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀ ਪ੍ਰੀਖਿਆ ਸ਼ੁਰੂ ਹੋ ਗਈ ਹੈ।ਇਸ ਨੂੰ ਮੁੱਖ ਰੱਖਦੇ ਹੋਏ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਪ੍ਰੀਖਿਆ ਵਿੱਚੋਂ ਚੰਗੇ ਨੰਬਰ ਪ੍ਰਾਪਤ ਕਰਨ ਦੀ ਕਾਮਨਾ ਨੂੰ ਲੈ ਕੇ ਵਾਹਿਗੁਰੂ ਅੱਗੇ ਚੌਪਈ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ।ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਨੇ ਕਿਹਾ ਕਿ ਪ੍ਰੀਖਿਆ ਦੀ ਤਿਆਰੀ ਪੂਰੀ ਕਰਨ ਦੇ ਨਾਲ ਪਰਮਾਤਮਾ ਅੱਗੇ ਅਰਦਾਸ ਕਰਨਾ ਵੀ ਬਹੁਤ ਜ਼ਰੂਰੀ ਹੈ ਤਾਂ ਜੋ ਪਰਮਾਤਮਾ ਬੱਚਿਆਂ ਦੇ ਅੰਗ ਸੰਗ ਸਹਾਈ ਹੋਣ ਅਤੇ ਬੱਚੇ ਹਰ ਮੈਦਾਨ ਫਤਿਹ ਕਰਨ।

ਉਨ੍ਹਾਂ ਨੇ ਕਿਹਾ ਕਿ ਮੈਂ ਪਰਮਾਤਮਾ ਅੱਗੇ ਅਰਦਾਸ ਕਰਦੀ ਹਾਂ ਕਿ ਦਸਵੀਂ ਜਮਾਤ ਦੀ ਪ੍ਰੀਖਿਆ ਦੇ ਰਹੇ ਵਿਦਿਆਰਥੀ ਆਪਣੀ ਪ੍ਰੀਖਿਆ ਨੂੰ ਵਧੀਆ ਤਰੀਕੇ ਨਾਲ ਦੇਣ ਅਤੇ ਵਧੀਆ ਨੰਬਰ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ।

# ਜ਼ਿਲ੍ਹਾ ਟਰਾਂਸਪੋਰਟ ਵਿਭਾਗ ਦਾ ਕੰਮ ਸੁਚਾਰੂ ਰੂਪ 'ਚ ਨਾ ਚਲਣ ਕਰਕੇ ਲੋਕ ਹੋ ਰਹੇ ਨੇ ਖੱਜਲ-ਖੁਆਰ



**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਅੰਦਰ ਟਰਾਂਸਪੋਰਟ ਵਿਭਾਗ ਦਾ ਕੰਮ ਸਥਾਈ ਤੌਰ 'ਤੇ ਨਾ ਚਲਣ ਕਰਕੇ ਲੋਕਾਂ ਨੂੰ ਭਾਰੀਆਂ ਮੁਸ਼ਕਲਾਂ ਦਾ ਪਿਛਲੇ ਤਿੰਨ ਮਹੀਨਿਆਂ ਤੋਂ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਪਾਸੇ ਪੰਜਾਬ ਸਰਕਾਰ ਗੰਭੀਰ ਨਾ ਹੋਣ ਕਰਕੇ ਲੋਕਾਂ ਵਿਚ ਹਾਹਾਕਾਰ ਮਚੀ ਹੋਈ ਹੈ। ਜਦੋਂ ਗੁਰਦਾਸਪੁਰ ਜ਼ਿਲ੍ਹਾ ਟਰਾਂਸਪੋਰਟ ਦਫ਼ਤਰ ਦਾ ਦੌਰਾ ਕੀਤਾ ਤਾਂ ਉਥੇ ਮੌਜੂਦ ਮੁਲਾਜ਼ਮਾਂ ਨੇ ਦੱਸਿਆ ਕਿ ਪਿਛਲੇ ਤਿੰਨ ਮਹੀਨਿਆਂ ਤੋਂ ਦਫ਼ਤਰੀ ਕੰਮ ਤਾਂ ਹੋ ਰਹੇ ਹਨ ਸਿਰਫ਼ ਪ੍ਰੀਟਿੰਗ ਦਾ ਕੰਮ ਨਾ ਹੋਣ ਕਾਰਨ ਮਹਿਕਮੇ ਨੂੰ ਵੀ ਕਾਫ਼ੀ ਔਕੜਾਂ ਪੇਸ਼ ਆ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਮਾਰਟ ਚਿੱਪ ਕੰਪਨੀ ਨੇ ਵਿਭਾਗ ਨਾਲ ਹੋਇਆ ਠੇਕਾ ਛੱਡ ਦਿੱਤਾ ਹੈ ਅਤੇ ਅਜੇ ਤੀਕ ਕੋਈ ਨਵੀਂ ਕੰਪਨੀ ਨਾਲ ਕੋਈ ਵੀ ਠੇਕਾ ਨਹੀਂ ਹੋ ਸਕਿਆ ਜਿਸ ਕਰਕੇ ਲੋਕ ਤੇ ਮਹਿਕਮੇ ਦੇ ਮੁਲਾਜ਼ਮ ਪ੍ਰੇਸ਼ਾਨੀ ਦੇ ਆਲਮ ਵਿਚ ਹਨ। ਕਈ ਵਾਰ ਲੋਕ ਲਾਈਸੈਂਸ ਪ੍ਰਾਪਤ ਕਰਨ ਪ੍ਰਤੀ ਮੁਲਾਜ਼ਮਾਂ ਨਾਲ ਝਗੜਾ ਕਰਦੇ ਵੀ ਦੇਖੇ ਗਏ ਹਨ। ਲੋਕਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਕ ਪਾਸੇ ਪੰਜਾਬ ਸਰਕਾਰ ਲੋਕਾਂ ਨੂੰ ਇਕ ਫ਼ੋਨ ਕਾਲ 'ਤੇ ਘਰ ਅੰਦਰ ਹੀ ਸੇਵਾਵਾਂ ਪ੍ਰਦਾਨ ਕਰਨ ਦੀਆਂ ਗੱਲਾਂ ਕਰ ਰਹੀ ਹੈ ਤਾਂ ਜੋ ਲੋਕਾਂ ਦੀ ਖੱਜਲ ਖੁਆਰੀ ਬੰਦ ਹੋ ਸਕੇ ਪਰ ਦੂਜੇ ਪਾਸੇ ਟਰਾਂਸਪੋਰਟ ਦਫ਼ਤਰ ਗੁਰਦਾਸਪੁਰ ਵਿਖੇ ਕੰਮ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਡਰਾਈਵਿੰਗ ਲਾਇਸੰਸ ਦਾ ਸਮਾਂ ਪੂਰਾ ਹੋਣ ਵਾਲੇ ਲਾਇਸੰਸਾਂ ਨੂੰ ਗੇਨਿਊ ਕਰਨ ਲਈ ਕੋਈ ਵੀ ਅਧਿਕਾਰੀ ਸਮਰੱਥ ਦਿਖਾਈ ਨਹੀਂ ਦੇ ਰਿਹਾ। ਇਸ ਦੌਰਾਨ ਡਰਾਈਵਿੰਗ ਟੈਸਟ ਟਰੈਕ ਨਜ਼ਰ ਆ ਰਹੇ ਹਨ। ਲਾਇਸੰਸ ਨਾ ਬਣਨ ਕਾਰਨ ਲੋਕਾਂ ਨੂੰ ਚਲਾਨ ਹੋਣ ਤੋਂ ਬਾਅਦ ਭਾਰੀ ਜੁਰਮਾਨੇ ਭੁਗਤਣੇ ਪੈ ਰਹੇ ਹਨ। ਉਨ੍ਹਾਂ ਕਿਹਾ ਪੰਜਾਬ ਸਰਕਾਰ ਨੂੰ ਇਸ ਗੱਲ ਦਾ ਪਹਿਲਾਂ ਦੀ ਅੰਦਾਜ਼ਾ ਸੀ ਪਰ ਫ਼ਿਰ ਵੀ ਸਰਕਾਰ ਵਲੋਂ ਇਸ ਦੇ ਹੱਲ ਲਈ ਕੋਈ ਯਤਨ ਨਹੀਂ ਕੀਤੇ ਗਏ ਜਿਸ ਦਾ ਨਤੀਜਾ ਲੋਕ ਭੁਗਤ ਰਹੇ ਹਨ।

ਵਿਦੇਸ਼ ਜਾਣ ਵਾਲੇ ਲੋਕਾਂ ਦੇ ਅੰਤਰਰਾਸ਼ਟਰੀ ਲਾਇਸੰਸ ਬਣਾਉਣ ਦੇ ਕੰਮ ਵਿਚ ਵੀ ਵਿਘਨ ਪਾਇਆ ਜਾ ਰਿਹਾ ਹੈ। ਜਦੋਂ ਇਸ ਸਬੰਧੀ ਡੀਟੀਓ ਦਫ਼ਤਰ ਦੇ ਇਕ ਅਧਿਕਾਰੀ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

# ਥਾਣਾ ਸਦਰ ਤੋਂ ਗੋਇੰਦਵਾਲ ਬਾਈਪਾਸ ਨੂੰ ਜਾਂਦੀ ਸੜਕ 'ਤੇ ਨਜਾਇਜ਼ ਪਾਰਕਿੰਗ ਨੂੰ ਰੋਕਣ ਦੀ ਮੰਗ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਤਰਨ ਤਾਰਨ ਸ਼ਹਿਰ ਤੋਂ ਗੋਇੰਦਵਾਲ ਸਾਹਿਬ ਨੂੰ ਜਾਣ ਵਾਲੀ ਸੜਕ ਤੇ ਰੋਜ਼ਾਨਾ ਭਾਰੀ ਜਾਮ ਲੱਗਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਦਾ ਮੁੱਖ ਕਾਰਨ ਸ਼ਹਿਰ ਦੀਆਂ ਸੜਕਾਂ 'ਤੇ ਹੁੰਦੀ ਨਾਜਾਇਜ਼ ਪਾਰਕਿੰਗ ਹੈ। ਥਾਣਾ ਸਦਰ ਤੋਂ ਗੋਇੰਦਵਾਲ ਸਾਹਿਬ ਨੂੰ ਜਾਂਦੀ ਸੜਕ ਉਪਰ ਵਾਹਨਾਂ ਦਾ ਭਾਰੀ ਜਾਮ ਲੱਗਾ ਰਹਿੰਦਾ ਹੈ, ਜਿਸ ਕਾਰਨ ਇਥੋਂ ਲੰਘਣ ਵਾਲੇ ਰਾਹਗੀਰਾਂ ਨੂੰ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪ੍ਰੰਤੂ ਟ੍ਰੈਫਿਕ ਪੁਲਸ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਹੀ। ਇਸ ਸੜਕ 'ਤੇ ਥਾਣਾ ਸਦਰ, ਪ੍ਰਾਈਵੇਟ ਹਸਪਤਾਲ, ਸਕੂਲ ਤੇ ਮੰਦਰ ਮੌਜੂਦ ਹਨ ਅਤੇ ਇਹ ਸੜਕ ਗੋਇੰਦਵਾਲ ਬਾਈਪਾਸ ਨੂੰ ਸ਼ਹਿਰ ਨਾਲ ਜੋੜਦੀ ਹੈ, ਜਿਸ ਕਾਰਨ ਇਸ ਸੜਕ ਉਪਰ ਭਾਰੀ ਆਵਾਜਾਈ ਰਹਿੰਦੀ ਹੈ। ਸੜਕ ਦੇ ਦੋਵਾਂ ਪਾਸਿਆਂ ਉਪਰ ਕਾਰਾਂ ਅਤੇ ਹੋਰ ਵਾਹਨ ਲੋਕਾਂ ਵੱਲੋਂ ਬਿਨਾਂ ਪਾਰਕਿੰਗ ਤੋਂ ਖੜੇ ਕੀਤੇ ਹੋਏ ਹਨ। ਟ੍ਰੈਫਿਕ ਪੁਲਸ ਦਾ ਇਸ ਸੜਕ ਵੱਲ ਕੋਈ ਧਿਆਨ ਨਹੀਂ ਜਾ ਰਿਹਾ, ਜਿਸ ਕਾਰਨ ਲੋਕ ਮੁਸ਼ਕਿਲਾਂ ਵਿਚ ਵਾਧਾ ਹੋ ਰਿਹਾ ਹੈ।ਇਸ ਸੰਬੰਧੀ ਐਂਟੀ ਕੁਰੱਪਸ਼ਨ ਸੋਸਾਇਟੀ ਦੇ ਪ੍ਰਧਾਨ ਬੀ. ਐੱਸ. ਸਾਹਿਲ ਅਤੇ ਭਾਜਪਾ ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਦਿਨੇਸ਼ ਜੋਸ਼ੀ ਨੇ ਦੱਸਿਆ ਕਿ ਸ਼ਹਿਰ ਵਿਚ ਦਿਨੋਂ ਦਿਨ ਟ੍ਰੈਫਿਕ ਵਿਚ ਵਾਧਾ ਹੋ ਰਿਹਾ ਹੈ ਅਤੇ ਗੋਇੰਦਵਾਲ ਬਾਈਪਾਸ ਨੂੰ ਜਾਣ ਵਾਲੀ ਸੜਕ ਉਪਰ ਲੋਕਾਂ ਵੱਲੋਂ ਬਿਨਾਂ ਪਾਰਗਿੰਗ ਵਾਹਨ ਖੜੇ ਕੀਤੇ ਹੋਏ ਹਨ, ਜਿਸ ਦੇ ਕਾਰਨ ਸੜਕ ਦਾ ਰਸਤਾ ਤੰਗ ਹੋ ਜਾਂਦਾ ਹੈ। ਇਸ ਸੜਕ 'ਤੇ ਕਈ ਪ੍ਰਾਈਵੇਟ ਹਸਪਤਾਲ ਹਨ। ਕਈ ਵਾਰ ਤਾਂ ਐਂਬੂਲੈਂਸਾਂ ਵੀ ਇਸ ਜਾਮ ਵਿਚ ਫਸੀਆਂ ਰਹਿੰਦੀਆਂ ਹਨ। ਮਾਤਾ ਕੌਲਾਂ ਦੇਵੀ ਦਾ ਮੰਦਰ ਵੀ ਮੌਜੂਦ ਹੈ। ਉਥੇ ਰੋਜ਼ਾਨਾ ਸ਼ਰਧਾਲੂ ਨਤਮਸਤਕ ਹੋਣ ਜਾਂਦੇ ਹਨ ਅਤੇ ਸੰਗਤਾਂ ਵੀ ਪ੍ਰੇਸ਼ਾਨ ਹੁੰਦੀਆਂ ਹਨ।ਉਨ੍ਹਾਂ ਐੱਸ. ਐੱਸ. ਪੀ. ਅਭਿਮਨਿਊ ਰਾਣਾ, ਐਸ.ਪੀ. ਟ੍ਰੈਫਿਕ ਪਰਵਿੰਦਰ ਕੌਰ, ਟ੍ਰੈਫਿਕ ਇੰਚਾਰਜ ਰਾਣੀ ਕੌਰ ਪਾਸੋਂ ਮੰਗ ਕੀਤੀ ਕਿ ਗੋਇੰਦਵਾਲ ਬਾਈਪਾਸ ਨੂੰ ਜਾਣ ਵਾਲੀ ਥਾਣਾ ਸਦਰ ਵਾਲੀ ਸੜਕ ਉਪਰ ਲੱਗੇ ਰਹਿੰਦੇ ਟ੍ਰੈਫਿਕ ਜਾਮ ਨੂੰ ਸੰਚਾਰੂ ਢੰਗ ਨਾਲ ਚਲਾਉਣ ਲਈ ਉਚਿਤ ਕਦਮ ਚੁੱਕੇ ਜਾਣ।

# ਮਾਲ ਮਹਿਕਮਾ ਗੁਰਦਾਸਪੁਰ ਦਾ ਪਟਵਾਰਖ਼ਾਨਾ ਬੁਨਿਆਦੀ ਸਹੂਲਤਾਂ ਤੋਂ ਸੱਖਣਾ, ਮੁਲਾਜ਼ਮ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**-ਮਾਲ ਮਹਿਕਮਾ ਸਭ ਤੋਂ ਪ੍ਰਭਾਵਸ਼ਾਲੀ ਮਹਿਕਮਾ ਹੈ ਅਤੇ ਕਿਸਾਨਾਂ ਦਾ ਨਿਤ ਮਾਲ ਵਿਭਾਗ ਨਾਲ ਨਾਤਾ ਪੈਂਦਾ ਹੈ ਪਰ ਗੁਰਦਾਸਪੁਰ ਦਾ ਪਟਵਾਰਖ਼ਾਨਾ ਬੁਨਿਆਦੀ ਸਹੂਲਤਾਂ ਤੋਂ ਬਿਲਕੁਲ ਸਖਣਾ ਹੋਣ ਕਰਕੇ ਪਟਵਾਰੀਆਂ, ਕਾਨੂੰਗੋ ਅਤੇ ਮਹਿਲਾਵਾਂ ਪਟਵਾਰੀਆਂ ਨੂੰ ਕਾਫ਼ੀ ਦਿਕਤਾਂ ਪੇਸ਼ ਆ ਰਹੀਆਂ ਹਨ। ਇਸ ਪਾਸੇ ਮਾਲ ਮਹਿਕਮਾ ਗੰਭੀਰ ਨਾ ਹੋਣ ਕਰਕੇ ਕਿਸਾਨਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਸ ਸਬੰਧੀ ਆਪਣੇ ਕੰਮ ਕਰਵਾਉਣ ਆਏ ਕਿਸਾਨਾਂ ਨੇ ਦੱਸਿਆ ਕਿ ਉਹ ਇਹ ਇਮਾਰਤ ਕਰੀਬ 1986 ਵਿਚ ਪਟਵਾਰੀਆਂ ਦੇ ਕੰਮਕਾਜ ਵਾਸਤੇ ਬਣਾਈ ਗਈ ਸੀ ਅਤੇ ਉਸ ਤੋਂ ਬਾਅਦ ਮਾਲ ਮਹਿਕਮੇ ਨੇ ਇਸ ਪਾਸੇ ਕੋਈ ਵੀ ਧਿਆਨ ਨਹੀਂ ਦਿੱਤਾ। ਉਨ੍ਹਾਂ ਦੱਸਿਆ ਕਿ ਪਟਵਾਰ ਖ਼ਾਨੇ ਵਿਚ ਬਾਥਰੂਮ, ਪੀਣ ਵਾਲੇ ਪਾਣੀ ਦੀ ਬਹੁਤ ਵੱਡੀ ਸਮੱਸਿਆ ਹੈ। ਉਨ੍ਹਾਂ ਦੱਸਿਆ ਕਿ ਇਸ ਦਫ਼ਤਰ ਅੰਦਰ ਬਿਜਲੀ ਦੇ ਸਵਿੱਚ ਵੀ ਨੰਗੇ ਪਏ ਹਨ ਜੋ ਕਿਸੇ ਸਮੇਂ ਵੀ ਹਾਦਸੇ ਦਾ ਕਾਰਨ ਬਣ ਸਕਦੇ ਹਨ। ਉਨ੍ਹਾਂ ਦਸਿਆ ਕਿ ਪਹਿਲਾਂ ਦਫ਼ਤਰ ਵਿਚ ਮਹਿਲਾ ਪਟਵਾਰੀ ਨਹੀਂ ਸੀ ਹੁੰਦੀਆਂ ਅਤੇ ਹੁਣ ਮਹਿਕਮੇ ਵਲੋਂ ਮਹਿਲਾ ਪਟਵਾਰੀਆਂ ਨੂੰ ਵੀ ਭਰਤੀ ਕੀਤਾ ਜਾ ਰਿਹਾ ਹੈ। ਪਟਵਾਰ ਖ਼ਾਨਾ ਸਹੂਲਤਾਂ ਤੋਂ ਸਖਣਾ ਹੋਣ ਕਾਰਨ ਲੋਕਾਂ ਨੂੰ ਕਾਫ਼ੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਸਰਕਲ ਦੇ ਪਟਵਾਰਖ਼ਾਨੇ ਵਿਚ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਈਆਂ ਜਾਣ ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਹੋ ਸਕੇ।

ਇਸ ਸਬੰਧੀ ਜਦੋਂ ਤਹਿਸੀਲਦਾਰ ਰਤਨਜੀਤ ਖੁੱਲਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੰਜਾਬ ਸਰਕਾਰ ਨੂੰ ਲਿਖਿਆ ਹੋਇਆ ਹੈ ਅਤੇ ਆਉਣ ਵਾਲੇ ਬਜਟ ਸ਼ੈਸਨ ਵਿਚ ਪਟਵਾਰਖ਼ਾਨੇ ਵਿਚ ਆ ਰਹੀਆਂ ਕਮੀਆਂ ਪੇਸ਼ੀਆਂ ਨੂੰ ਦੂਰ ਕਰ ਦਿੱਤਾ ਜਾਵੇਗਾ।

# ਟਰੱਕ ਤੇ ਟਰਾਲੀ ਵਿਚਾਲੇ ਟੱਕਰ; ਟਰੈਕਟਰ ਚਾਲਕ ਦੀ ਮੌਤ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਿੰਡ ਢੀਂਡਸਾ ਤੇ ਹੰਬੋਵਾਲ ਦੇ ਨਜ਼ਦੀਕ ਇੱਕ ਟਰੱਕ ਟਿੱਪਰ ਦੇ ਵੱਲੋਂ ਗੰਨਿਆਂ ਨਾਲ ਭਰੀ ਟਰੈਕਟਰ ਟਰਾਲੀ ਨੂੰ ਟੱਕਰ ਮਾਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਇਸ ਹਾਦਸੇ ਵਿੱਚ ਟਰੈਕਟਰ ਟਰਾਲੀ ਚਾਲਕ ਦੀ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਕਾਹਨੂੰਵਾਨ ਦੇ ਐੱਸ ਐੱਚ ਓ ਕੁਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਟਰੈਕਟਰ ਟਰਾਲੀ ਚਾਲਕ ਜਸਵੰਤ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਸਿੱਧਪੁਰ ਜੋ ਕਿ ਟਰੈਕਟਰ ਟਰਾਲੀ ਦੇ ਉੱਪਰ ਗੰਨਾ ਲੱਦ ਕੇ ਕੀੜੀ ਮਿੱਲ ਨੂੰ ਜਾ ਰਿਹਾ ਸੀ। ਜਦੋਂ ਉਹ ਹੰਬੋਵਾਲ ਢੀਂਡਸਾ ਪਿੰਡ ਦੇ ਕੋਲ ਪਹੁੰਚਿਆ, ਤਾਂ ਇੱਕ ਟਰੱਕ ਵੱਲੋਂ ਉਸਨੂੰ ਟੱਕਰ ਮਾਰ ਦਿੱਤੀ ਜਿਸਦੇ ਸਿੱਟੇ ਵਜੋਂ ਟਰੈਕਟਰ ਚਾਲਕ ਦੀ ਮੌਤ ਹੋ ਗਈ ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਉਨ੍ਹਾਂ ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲੈ ਲਿਆ ਗਿਆ ਅਤੇ ਦੋਵਾਂ ਵਾਹਨਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਟਰੈਕਟਰ ਚਾਲਕ ਮ੍ਰਿਤਕ ਵਿਅਕਤੀ ਦਾ ਪੋਸਟਮਾਰਟਮ ਕਰਵਾਉਣ ਦੇ ਲਈ ਸਿਵਲ ਹਸਪਤਾਲ ਵਿੱਚ ਭੇਜ ਦਿੱਤਾ ਗਿਆ ।ਟਰੱਕ ਚਾਲਕ ਨੂੰ ਗ੍ਰਿਫਤਾਰ ਕਰ ਲਿਆ ਗਿਆ।ਪੁਲਸ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਟਰੱਕ ਚਾਲਕ ਜਗਜੀਤ ਸਿੰਘ ਵਾਸੀ ਪਿੰਡ ਢੇਸੀਆਂ ਦੇ ਖਿਲਾਫ ਬਣਦੀਆਂ ਧਾਰਾਵਾਂ ਦੇ ਤਹਿਤ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਆਪਣੇ ਦਫ਼ਤਰ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਮੌਕੇ ਉਨ੍ਹਾਂ ਨੇ ਅਧਿਕਾਰੀਆਂ ਨੂੰ ਲੋਕਾਂ ਦੇ ਜਾਇਜ਼ ਮਸਲਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੀਆਂ ਹਦਾਇਤਾਂ ਦਿੱਤੀਆਂ।ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸਰਕਾਰ ਵੱਲੋਂ ਲੋਕਾਂ ਦੇ ਮਸਲੇ ਬਿਨਾਂ ਕਿਸੇ ਭੇਦ-ਭਾਵ ਦੇ ਹੱਲ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸਾਲ ਜ਼ਿਲ੍ਹਾ ਗੁਰਦਾਸਪੁਰ ਵਿੱਚ ਵਿਕਾਸ ਕਾਰਜਾਂ ਦੀ ਗਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿਹਤ, ਸਿੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਦੀ ਨਵੀਂ ਕ੍ਰਾਂਤੀ ਲਿਆਂਦੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਦਿੱਤੀ ਜਾ ਰਹੀ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਸਹੂਲਤ ਨੇ ਸੂਬਾ ਵਾਸੀਆਂ ਦੇ ਕਰੋੜਾਂ ਰੁਪਏ ਬਚਾਏ ਹਨ।ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ ਸਹੂਲਤ ਸਦਕਾ 90 ਫੀਸਦੀ ਤੋਂ ਵੱਧ ਘਰਾਂ ਦੇ ਜ਼ੀਰੋ ਬਿੱਲ ਆ ਰਹੇ ਹਨ ਅਤੇ ਲੋਕ ਬਿਜਲੀ ਬਿੱਲਾਂ ਦੀ ਉਹ ਰਾਸ਼ੀ ਆਪਣੇ ਬੱਚਿਆਂ ਤੇ ਪਰਿਵਾਰ ਦੀ ਬਿਹਤਰੀ ਲਈ ਖਰਚ ਕਰ ਰਹੇ ਹਨ।

ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਵੀਂ ਕ੍ਰਾਂਤੀ ਲਿਆਉਂਦਿਆਂ ਸਕੂਲ ਆਫ਼ ਐਮੀਨੈਂਸ ਸ਼ੁਰੂ ਕੀਤੇ ਗਏ ਹਨ।ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਮੀਲ ਪੱਥਰ ਸਾਬਤ ਹੋਏ ਹਨ।ਉਨ੍ਹਾਂ ਕਿਹਾ ਕਿ ਸੂਬਾ ਵਾਸੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਹਨ।

# ਰੋਜ਼ਗਾਰ ਦੀ ਕਿੱਲਤ ਨੇ ਭਾਰਤੀ ਨੌਜਵਾਨਾਂ ਨੂੰ ਅਮਰੀਕਾ ਜਾਣ ਲਈ ਮਜਬੂਰ ਕੀਤਾ : ਦਦੇਹਰ ਸਾਹਿਬ

**ਚੋਹਲਾ ਸਾਹਿਬ (ਰਮਨ ਚੱਢਾ)**-ਸਾਡੇ ਦੇਸ਼ ਦਾ ਪ੍ਰਧਾਨ ਮੰਤਰੀ ਮੋਦੀ ਪਰਵਾਸੀ ਭਾਰਤੀਆਂ ਦੀ ਮਦਦ ਕਰਨ ਦੀ ਬਜਾਏ ਅਮਰੀਕਾ ਨਾਲ ਵਪਾਰ ਸਾਂਝਾ ਕਰ ਰਿਹਾ ਹੈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲਾ ਕਾਰਜਕਾਰੀ ਕਮੇਟੀ ਦੇ ਮੈਂਬਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਜਦੋਂ ਦੇਸ਼ ਦੀ ਆਜ਼ਾਦੀ ਦੀ ਲੜਾਈ ਚਲਦੀ ਸੀ ਉਸ ਵਕਤ ਵੀ ਬੀਜੇਪੀ ਦੇ ਆਗੂਆਂ ਨੇ ਅੰਗਰੇਜ਼ਾਂ ਨੂੰ ਕਿਹਾ ਸੀ ਕਿ ਅਸੀਂ ਦੇਸ਼ ਭਗਤਾਂ ਦੇ ਨਾਲ ਨਹੀਂ ਅਸੀਂ ਤੁਹਾਡੇ ਨਾਲ ਹਾਂ। ਉਸੇ ਦੀ ਤਰਜ਼ ਤੇ ਸਾਡੇ ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਟਰੰਪ ਨੂੰ ਕਹਿ ਰਿਹਾ ਹੈ ਕਿ ਗੈਰ ਕਾਨੂੰਨੀ ਭਾਰਤੀ ਕੋਈ ਵੀ ਅਮਰੀਕਾ ਵਿੱਚ ਰਹਿਣ ਨਾ ਦਿੱਤਾ ਜਾਵੇ ਕਿਉਂਕਿ ਉਹ ਆਪਣੀਆਂ ਜਾਇਦਾਦਾਂ ਵੇਚ ਕੇ ਰੁਜ਼ਗਾਰ ਵਾਸਤੇ ਅਮਰੀਕਾ ਗਏ ਹਨ। ਜੇ ਸਾਡੇ ਦੇਸ਼ ਦੀ ਸਰਕਾਰ ਉਨ੍ਹਾਂ ਨੂੰ ਰੁਜ਼ਗਾਰ ਦੇਵੇ ਤਾਂ ਉਨ੍ਹਾਂ ਨੂੰ ਅਮਰੀਕਾ ਜਾਣ ਦੀ ਕੀ ਲੋੜ ਸੀ। ਹੁਣ ਇਹ ਸਰਕਾਰ ਮਸਲਾ ਹੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਅਮਰੀਕਾ ਵਿੱਚੋਂ ਕਢਵਾ ਰਹੀ ਹੈ। ਕਾਮਰੇਡ ਨੇ ਕਿਹਾ ਕੇ ਬੀਜੇਪੀ ਦਾ ਦੇਸ਼ ਵਿੱਚੋਂ ਸਫਾਇਆ ਕਰਨਾ ਚਾਹੀਦਾ ਹੈ। ਹਰਿਆਣਾ ਅਤੇ ਦਿੱਲੀ ਦੀਆਂ ਚੋਣਾਂ ਦੀ ਭਾਜਪਾ ਦੀ ਜਿੱਤ ਕਾਂਗਰਸ ਪਾਰਟੀ ਦੀ ਨਾਲਾਇਕੀ ਦਾ ਸਿੱਟਾ ਹੈ। ਜੇ ਇਸੇ ਤਰ੍ਹਾਂ ਹੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਰਿਹਾ ਤਾਂ ਬੀਜੇਪੀ ਪੰਜਾਬ 'ਤੇ ਕਾਬਜ਼ ਹੋ ਸਕਦੀ ਹੈ। ਉਨ੍ਹਾਂ ਧਰਮ ਨਿਰਪੱਖ ਪਾਰਟੀਆਂ ਨੂੰ ਅਪੀਲ ਕੀਤੀ ਕਿ ਪੰਜਾਬ 'ਚੋਂ ਬੀਜੇਪੀ ਦਾ ਸਫਾਇਆ ਕਰਨ ਵਾਸਤੇ ਪੂਰੀਆਂ ਪਾਰਟੀਆਂ ਨੂੰ ਇੱਕ ਮੁੱਠ ਹੋਣਾ ਚਾਹੀਦਾ ਹੈ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਨੂੰ ਵੀ ਅਪੀਲ ਕੀਤੀ ਕਿ ਉਹ ਧਰਮਨਿਰਪੱਖ ਪਾਰਟੀਆਂ ਦਾ ਸਾਥ ਦੇਵੇ ਤਾਂ ਹੀ ਕਿਸਾਨਾਂ ਅਤੇ ਪੰਜਾਬ ਦਾ ਭਲਾ ਹੋ ਸਕਦਾ।

# ਸਿਆਸੀ ਲੋਕ ਪਰਵਾਸੀ ਪੀੜਤਾਂ ਦੇ ਸਵਾਗਤ ਦੀ ਥਾਂ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਅੱਗੇ ਆਉਣ: ਬਾਬਾ ਬਲਬੀਰ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**—ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਅਮਰੀਕਾ ਵੱਲੋਂ ਪ੍ਰਵਾਸੀਆਂ ਦੀ ਵਾਪਸੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅਮਰੀਕਾ ਤੋਂ 119 ਪ੍ਰਵਾਸੀ ਭਾਰਤੀਆਂ ਦਾ ਦੂਜਾ ਜਥਾ ਵਾਪਸ ਆ ਗਿਆ ਹੈ।ਉਨ੍ਹਾਂ ਕਿਹਾ ਇਨ੍ਹਾਂ 'ਚੋਂ 67 ਪਰਵਾਸੀ ਪੰਜਾਬ ਦੇ ਹਨ ਜਦਕਿ 8 ਗੁਜਰਾਤ, 33 ਹਰਿਆਣਾ ਨਾਲ ਸਬੰਧਤ ਹਨ।ਇਸ ਤੋਂ ਪਹਿਲਾਂ 104 ਨੌਜਵਾਨਾਂ ਨੂੰ ਵਾਪਸ ਭਾਰਤ ਭੇਜਿਆ ਜਾ ਚੁੱਕਾ ਹੈ।ਇਹ ਵੀ ਦੱਸਿਆ ਜਾ ਰਿਹਾ ਹੈ ਕਿ 17940 ਲੋਕਾਂ ਦੀ ਅਮਰੀਕਾ ਵੱਲੋਂ ਨਿਸ਼ਾਨਦੇਹੀ ਕੀਤੀ ਗਈ ਹੈ, ਜਦ ਚਾਹੇ ਇਨ੍ਹਾਂ ਨੂੰ ਵੀ ਵਾਪਸ ਭੇਜਿਆ ਜਾ ਸਕਦਾ ਹੈ।ਸਤ ਲੱਖ ਤੋਂ ਵੱਧ ਲੋਕ ਅਮਰੀਕਾ ਵਿੱਚ ਗੈਰ ਕਨੂੰਨੀ ਪ੍ਰਵਾਸੀ ਹਨ।ਵਾਪਸ ਆਏ ਨੌਜਵਾਨਾਂ ਦੇ ਭਾਰਤ ਤੋਂ ਅਮਰੀਕਾ ਜਾਣ 'ਤੇ ਪਰ ਵਿਅਕਤੀ 50 ਤੋਂ 60 ਲੱਖ ਰੁਪਏ ਖਰਚ ਆਇਆ ਸੀ ਅਤੇ ਇਨ੍ਹਾਂ 'ਚੋਂ ਕਈਆਂ ਨੂੰ ਉੱਥੇ ਪਹੁੰਚਿਆਂ ਅਜੇ ਕੋਈ ਬਹੁਤਾ ਸਮਾਂ ਵੀ ਨਹੀਂ ਹੋਇਆ।ਇਨ੍ਹਾਂ ਦੇ ਪਰਿਵਾਰਾਂ ਲਈ ਇਹ ਬਹੁਤ ਹੀ ਗਹਿਰੇ ਸੰਕਟ ਵਾਲੀ ਸਥਿਤੀ ਹੈ।ਪ੍ਰਧਾਨ ਮੰਤਰੀ ਮੋਦੀ ਵਲੋਂ ਇਸ ਮਾਮਲੇ ਤੇ ਅਮਰੀਕਾ ਸਰਕਾਰ ਨਾਲ ਗੱਲ ਤੱਕ ਨਹੀਂ ਛੇੜੀ ਗਈ।ਉਨ੍ਹਾਂ ਕਿਹਾ ਕਿ ਰਾਜਸੀ ਨੇਤਾਂ ਤੇ ਧਨਾਢ ਲੋਕ ਅੱਗੇ ਹੋ ਕੇ ਸਵਾਗਤ ਕਰ ਰਹੇ ਹਨ ਪਰ ਅਫਸੋਸ ਹੈ ਜੇਕਰ ਇਹ ਸਾਰੇ ਲੋਕ ਸਰਕਾਰੀ ਤੇ ਗ਼ੈਰ ਸਰਕਾਰੀ ਤੌਰ 'ਤੇ ਪੀੜਤ ਲੋਕਾਂ ਦੀ ਮਦਦ ਲਈ ਅੱਗੇ ਆ ਜਾਣ ਤਾਂ ਮਸਲਾ ਹਲ ਸਮਝੋ।ਪੰਜਾਬ ਦੇ ਲੋਕਾਂ ਨੂੰ ਇਨ੍ਹਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਇੱਕ ਲਿਖਤੀ ਬਿਆਨ ਵਿੱਚ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਭਾਰਤ ਨੂੰ ਇਸ ਪੱਖ ਤੇ ਵੀ ਵਿਚਾਰ ਕਰਨ ਦੀ ਲੋੜ ਹੈ, ਕਿ ਵੱਡੀ ਗਿਣਤੀ ਵਿੱਚ ਭਾਰਤੀ ਅਜਿਹਾ ਗੈਰ-ਕਾਨੂੰਨੀ ਪ੍ਰਵਾਸ ਕਿਉਂ ਤੇ ਕਿਵੇਂ ਕਰਦੇ ਹਨ? ਸਰਕਾਰ ਨੂੰ ਉਨ੍ਹਾਂ ਟਰੈਵਲ ਏਜੰਟਾਂ 'ਤੇ ਵੀ ਸ਼ਿਕਜਾ ਕੱਸਣ ਦੀ ਜ਼ਰੂਰਤ ਹੈ, ਜੋ ਅਜਿਹਾ ਕਰਨ ਲਈ ਲੋਕਾਂ ਨੂੰ ਉਕਸਾਉਂਦੇ ਹਨ ਅਤੇ ਆਪਣੀਆਂ ਫੀਸਾਂ ਲੈਣ ਲਈ ਲੋਕਾਂ ਨੂੰ ਅੰਨ੍ਹੇ ਖੂਹਾਂ ਵਿਚ ਧੱਕਣ ਦਾ ਕੰਮ ਕਰਦੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਵਾਸ਼ਿੰਗਟਨ ਫੇਰੀ ਸਮੇਂ ਟਰੰਪ ਨਾਲ ਇਸ ਮਾਮਲੇ ਬਾਰੇ ਚਰਚਾ ਕਰਨੀ ਮੁਨਾਸਬ ਨਹੀਂ ਸਮਝੀ।ਪ੍ਰਧਾਨ ਮੰਤਰੀ ਵੱਲੋਂ ਅਮਰੀਕਾ ਵੱਲੋਂ ਡਿਪੋਰਟ ਕੀਤੇ ਨੌਜਵਾਨਾਂ ਨੂੰ ਵਾਪਸ ਲੈਣ ਲਈ ਤਿਆਰ ਹਾਂ ਦੇ ਬਿਆਨ ਤੇ ਬਾਬਾ ਬਲਬੀਰ ਸਿੰਘ ਨੇ ਗਹਿਰਾ ਦੁੱਖ ਜ਼ਾਹਿਰ ਕੀਤਾ।ਉਨ੍ਹਾਂ ਕਿਹਾ ਕਿ ਮੁਸੀਬਤ ਮਾਰੇ ਨੌਜਵਾਨਾਂ ਦੇ ਮੁੜ ਵਸੇਬੇ ਬਾਰੇ ਵੀ ਸੋਚ ਵਿਚਾਰ ਕਰਨ ਦੇ ਨਾਲ ਨਾਲ ਇਹ ਵੀ ਸੋਚਣ ਦੀ ਲੋੜ ਹੈ ਕਿ ਸਾਡੇ ਰਾਜ ਵਿਚ ਅਜਿਹੇ ਹਾਲਾਤ ਕਿਉਂ ਬਣੇ ਹਨ। ਰੁਜ਼ਗਾਰ ਦੇ ਵਧੇਰੇ ਚੰਗੇ ਸੁਪਨਿਆਂ ਨੂੰ ਸੁਰਜੀਤ ਕਰਨ ਲਈ ਪ੍ਰਵਾਸ ਕਰਨ ਵਾਲੇ ਨੌਜਵਾਨਾਂ ਦਾ ਸਿਰਨਾਵਾਂ ਕੰਗਾਲੀ ਮੰਦਹਾਲੀ ਨਹੀਂ ਬਣਨਾ ਚਾਹੀਦਾ।ਸਾਡੇ ਨੌਜਵਾਨ ਲੱਖਾਂ ਰੁਪਏ ਖਰਚ ਕੇ ਅਤੇ ਆਪਣੀਆਂ ਜਾਨਾਂ ਦਾਅ 'ਤੇ ਲਾ ਕੇ ਵਿਦੇਸ਼ਾਂ ਵੱਲ ਕਿਉਂ ਭੱਜ ਰਹੇ ਹਨ।ਇਨ੍ਹਾਂ ਕਾਰਨਾਂ ਅਤੇ ਹਾਲਾਤ ਬਾਰੇ ਨਿੱਠ ਕੇ ਪੜਚੋਲ ਜਾਂ ਚਰਚਾ ਨਹੀਂ ਕੀਤੀ ਜਾਂਦੀ।ਉਨ੍ਹਾਂ ਕਿਹਾ ਇਹ ਠੀਕ ਹੈ ਕਿ ਕੁਝ ਲੋਕ ਬਿਹਤਰ ਜ਼ਿੰਦਗੀ ਦੇ ਸੁਪਨਿਆਂ ਨੂੰ ਸਾਕਾਰ ਕਰਨ ਦੇ ਮਨਸ਼ੇ ਨਾਲ ਵਿਦੇਸ਼, ਖਾਸਕਰ ਵਿਕਸਤ ਦੇਸ਼ਾਂ ਦਾ ਰੁਖ਼ ਕਰਦੇ ਹਨ ਪਰ ਇਸ ਸਬੰਧੀ ਭਾਰਤ ਨੂੰ ਗੰਭੀਰਤਾ ਨਾਲ ਸਵੈ ਪੜਚੋਲ ਕਰਨ ਦੀ ਸਖ਼ਤ ਲੋੜ ਹੈ।

# ਨੌਜਵਾਨ ਆਗੂ ਸਤਪਾਲ ਸਿੰਘ ਪੰਡੋਰੀ ਰਣ ਸਿੰਘ ਦੇ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਪਿੰਡ ਪੰਡੋਰੀ ਰਣ ਸਿੰਘ ਇਕਾਈ ਦੇ ਕਿਸਾਨ ਆਗੂ ਗੁਰਮੀਤ ਸਿੰਘ ਪੰਡੋਰੀ ਰਣ ਸਿੰਘ, ਤਾਇਆ ਲਖਵਿੰਦਰ ਸਿੰਘ ਪੰਡੋਰੀ ਰਣ ਸਿੰਘ ਦਾ ਭਤੀਜਾ ਨੌਜਵਾਨ ਆਗੂ ਸਤਪਾਲ ਸਿੰਘ ਪੰਡੋਰੀ ਰਣ ਸਿੰਘ ਦਾ 22 ਸਾਲ ਵਿੱਚ ਦਿਲ ਦਾ ਦੌਰਾ ਪੈਣ ਨਾਲ ਦਿਹਾਂਤ ਹੋ ਗਿਆ।ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਪੰਡੋਰੀ ਰਣ ਸਿੰਘ ਵਿਖੇ ਕਰ ਦਿੱਤਾ ਗਿਆ।

ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦੋਬੁਰਜੀ, ਪ੍ਰਧਾਨ ਪ੍ਰਗਟ ਸਿੰਘ ਪੰਡੋਰੀ ਰਣਸਿੰਘ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਕਿ ਇਹ ਨੌਜਵਾਨ ਸ਼ੰਭੂ ਮੋਰਚੇ ਵਿੱਚ ਲਗਾਤਾਰ ਆਪਣੀਆਂ ਹਾਜ਼ਰੀਆਂ ਲਵਾਉਂਦਾ ਰਿਹਾ। ਉਸ ਦੇ ਜਾਣ ਨਾਲ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੂੰ ਵੀ ਬਹੁਤ ਵੱਡਾ ਘਾਟਾ ਪਿਆ ਹੈ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂਆਂ ਵੱਲੋਂ ਨੌਜਵਾਨ ਆਗੂ ਸਤਪਾਲ ਸਿੰਘ ਪੰਡੋਰੀ ਰਣ ਸਿੰਘ ਨੂੰ ਜਥੇਬੰਦੀ ਦਾ ਝੰਡਾ ਪਾ ਕੇ ਸ਼ਰਧਾਂਜਲੀ ਦਿੱਤੀ ਗਈ।

ਓਂਕਾਰ ਸਿੰਘ ਪੰਡੋਰੀ ਰਣ ਸਿੰਘ, ਆਲਮਬੀਰ ਸਿੰਘ ਪੰਡੋਰੀ ਰਣ ਸਿੰਘ, ਕੁਲਵਿੰਦਰ ਸਿੰਘ ਪੰਡੋਰੀ ਰਣ ਸਿੰਘ, ਧਰਮਪਾਲ ਸਿੰਘ ਪੰਡੋਰੀ ਰਣ ਸਿੰਘ, ਜਗਦੀਸ਼ ਸਿੰਘ ਪੰਡੋਰੀ ਰਣ ਸਿੰਘ, ਰਾਜੂ ਸਿੰਘ ਪੰਡੋਰੀ ਰਣ ਸਿੰਘ, ਬਾਜ ਸਿੰਘ ਪੰਡੋਰੀ ਰਣ ਸਿੰਘ, ਸੁੱਖਾ ਸਿੰਘ ਪੰਡੋਰੀ ਰਣ ਸਿੰਘ, ਜਸਬੀਰ ਸਿੰਘ ਪੰਡੋਰੀ ਰਣ ਸਿੰਘ, ਗੁਰਲਾਲ ਸਿੰਘ ਪੰਡੋਰੀ ਰਣ ਸਿੰਘ, ਹਰਪਾਲ ਸਿੰਘ ਪੰਡੋਰੀ ਰਣ ਸਿੰਘ, ਪ੍ਰਮਜੀਤ ਸਿੰਘ ਪੰਡੋਰੀ ਰਣ ਸਿੰਘ, ਸੁੱਖਾ ਸਿੰਘ ਪੰਡੋਰੀ ਰਣ ਸਿੰਘ ਨੇ ਸਤਪਾਲ ਸਿੰਘ ਦੀ ਮੌਤ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

# 4,474 ਸਰਕਾਰੀ ਇਮਾਰਤਾਂ 'ਤੇ ਸੋਲਰ ਪੈਨਲ ਲਗਾ ਕੇ ਸਾਲਾਨਾ 4.9 ਕਰੋੜ ਯੂਨਿਟ ਗਰੀਨ ਊਰਜਾ ਕੀਤੀ ਜਾ ਰਹੀ ਹੈ ਪੈਦਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪਾਵਰ ਸੈਕਟਰ ਨੂੰ ਕਾਰਬਨ-ਮੁਕਤ ਕਰਨ ਅਤੇ ਊਰਜਾ ਦੇ ਰਵਾਇਤੀ ਸਰੋਤਾਂ 'ਤੇ ਸੂਬੇ ਦੀ ਨਿਰਭਰਤਾ ਨੂੰ ਘਟਾਉਣ ਵੱਲ ਅਹਿਮ ਪੁਲਾਂਘ ਪੁੱਟਦਿਆਂ ਪੰਜਾਬ ਸਰਕਾਰ ਵੱਲੋਂ 4,474 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਸੋਲਰ ਫੋਟੋਵੋਲਟੇਇਕ (ਪੀ.ਵੀ.) ਪੈਨਲ ਲਗਾਏ ਗਏ ਹਨ।ਇਸ ਤੋਂ ਇਲਾਵਾ ਸੂਬਾ ਸਰਕਾਰ ਨੇ ਵਿੱਤੀ ਸਾਲ 2025-26 ਦੌਰਾਨ ਬਾਕੀ ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਸੋਲਰ ਪੈਨਲ ਲਗਾ ਕੇ ਸੂਰਜੀ ਊਰਜਾ ਵਿੱਚ 20 ਮੈਗਾਵਾਟ ਦਾ ਹੋਰ ਵਾਧਾ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਅੱਜ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਦਸੰਬਰ 2024 ਤੱਕ ਸੂਬੇ ਭਰ ਵਿੱਚ 4,474 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ 34 ਮੈਗਾਵਾਟ ਦੀ ਸਮਰੱਥਾ ਵਾਲੇ ਸੋਲਰ ਪੀ ਵੀ ਪੈਨਲ ਲਗਾਏ ਗਏ ਹਨ। ਛੱਤਾਂ 'ਤੇ ਲਗਾਏ ਗਏ ਇਹ ਸੋਲਰ ਪੈਨਲ ਸਾਲਾਨਾ 4.9 ਕਰੋੜ ਯੂਨਿਟ ਤੋਂ ਵੱਧ ਬਿਜਲੀ ਪੈਦਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਗਰਿੱਡ ਨਾਲ ਜੁੜੇ ਇਹ ਸੋਲਰ (ਪੀ.ਵੀ.) ਪੈਨਲ ਖਪਤਕਾਰ ਪੱਧਰ 'ਤੇ ਬਿਜਲੀ ਪੈਦਾ ਕਰਦੇ ਹਨ, ਜੋ ਵੰਡ ਦੌਰਾਨ ਹੋਣ ਵਾਲੇ ਲੌਸ ਨੂੰ ਘੱਟ ਕਰਨ ਵਿੱਚ ਮਦਦ ਕਰਦੇ ਹਨ। ਇਹਨਾਂ ਪੈਨਲਾਂ ਰਾਹੀਂ ਪੈਦਾ ਹੋਣ ਵਾਲੀ ਬਿਜਲੀ ਮੰਗ ਅਤੇ ਸਪਲਾਈ ਦੇ ਪਾੜੇ ਨੂੰ ਦੂਰ ਕਰਨ ਵਿੱਚ ਵੀ ਸਹਾਇਤਾ ਕਰਦੀ ਹੈ, ਜੋ ਪੀ ਐਸ ਪੀ ਸੀ ਐਲ ਨੂੰ ਬਿਜਲੀ ਰੈਗੂਲੇਟਰੀ ਕਮਿਸ਼ਨ ਵੱਲੋਂ ਨਿਰਧਾਰਤ ਨਵਿਆਉਣਯੋਗ ਊਰਜਾ ਖਰੀਦ ਸੰਬੰਧੀ ਜ਼ਿੰਮੇਵਾਰੀ ਦੇ ਟੀਚਿਆਂ ਨੂੰ ਪੂਰਾ ਕਰਨ ਦੇ ਸਮਰੱਥ ਬਣਾਉਂਦੀ ਹੈ।ਗਰਿੱਡ ਨਾਲ ਜੁੜਿਆ ਇਹ ਸਿਸਟਮ ਦਿਨ ਦੇ ਸਮੇਂ ਬਿਜਲੀ ਪੈਦਾ ਕਰਦਾ ਹੈ ਅਤੇ ਵਾਧੂ ਬਿਜਲੀ ਨੂੰ ਗਰਿੱਡ ਵਿੱਚ ਵਾਪਸ ਭੇਜਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਸਾਫ਼-ਸੁਥਰਾ ਵਾਤਾਵਰਣ ਪ੍ਰਦਾਨ ਕਰਨ ਦੇ ਉਦੇਸ਼ ਨਾਲ ਗਰੀਨ ਊਰਜਾ ਸੰਬੰਧੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ।ਅਮਨ ਅਰੋੜਾ ਨੇ ਕਿਹਾ ਕਿ ਸੋਲਰ ਪੀ ਵੀ ਸਿਸਟਮ ਨਾ ਸਿਰਫ਼ ਵਾਤਾਵਰਣ ਪੱਖੀ ਹੈ ਬਲਕਿ ਜਲਵਾਯੂ ਪਰਿਵਰਤਨ ਨਾਲ ਨਜਿੱਠਣ ਲਈ ਗ੍ਰੀਨਹਾਊਸ ਗੈਸਾਂ ਦੇ ਨਿਕਾਸ ਨੂੰ ਘਟਾਉਣ ਵਿੱਚ ਵੀ ਮਦਦ ਕਰਦਾ ਹੈ।ਸੌਰ ਊਰਜਾ ਦੀ ਵਰਤੋਂ ਕਰਕੇ, ਸੂਬਾ ਸਰਕਾਰ ਦਾ ਉਦੇਸ਼ ਜੈਵਿਕ ਈਂਧਣ 'ਤੇ ਨਿਰਭਰਤਾ ਨੂੰ ਘਟਾ ਕੇ ਸਥਾਈ ਊਰਜਾ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਹੈ ਅਤੇ ਊਰਜਾ ਕੁਸ਼ਲਤਾ ਵਧਾਉਣਾ ਹੈ ਜਿਸ ਨਾਲ ਬਿਜਲੀ ਦੀ ਖਪਤ ਉੱਤੇ ਹੋਣ ਵਾਲੀ ਲਾਗਤ ਵਿੱਚ ਕਾਫ਼ੀ ਬੱਚਤ ਹੋਵੇਗੀ।

# ਸੇਂਟ ਸੋਲਜਰ ਪਬਲਿਕ ਸਕੂਲ 'ਚ 12ਵੀਂ ਜਮਾਤ ਲਈ ਨਿੱਘੀ ਵਿਦਾਇਗੀ ਪਾਰਟੀ



**ਜਲੰਧਰ (ਇਕਬਾਲ ਸਿੰਘ ਉਭੀ)** ਡਿਵਾਈਨ ਪਬਲਿਕ ਸਕੂਲ, ਮਾਡਲ ਹਾਊਸ ਦੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਬਾਹਰ ਜਾਣ ਵਾਲੇ ਬੈਚ ਲਈ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੱਭਿਆਚਾਰਕ ਪ੍ਰੋਗਰਾਮ, ਭਾਸ਼ਣਾਂ ਅਤੇ ਸੀਨੀਅਰ ਵਿਦਿਆਰਥੀਆਂ ਨੂੰ ਵਿਦਾਇਗੀ ਦਿੰਦੇ ਹੋਏ ਪੁਰਸਕਾਰਾਂ ਦੀ ਪੇਸ਼ਕਸ਼ ਕੀਤੀ ਗਈ।ਇਸ ਸਮਾਗਮ ਦੀ ਸ਼ੁਰੂਆਤ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਅਨੁਰਾਧਾ ਸ਼ਰਮਾ ਦੁਆਰਾ ਉਦਘਾਟਨ ਸਮਾਰੋਹ ਨਾਲ ਹੋਈ। ਜੂਨੀਅਰ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਅਤੇ ਆਪਣੇ ਸੀਨੀਅਰਾਂ ਪ੍ਰਤੀ ਧੰਨਵਾਦ ਪ੍ਰਗਟ ਕੀਤਾ।ਕਈ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਅਕਾਦਮਿਕ ਪ੍ਰਾਪਤੀਆਂ, ਪਾਠਕ੍ਰਮ ਤੋਂ ਬਾਹਰ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਲਈ ਵੱਖ-ਵੱਖ ਸਿਰਲੇਖਾਂ ਜਿਵੇਂ ਕਿ: ਵਿਦਿਆਰਥੀ ਆਫ਼ ਦ ਈਅਰ, ਮਿਸਟਰ/ਮਿਸ ਫੇਅਰਵੈੱਲ ਆਦਿ ਨਾਲ ਸਨਮਾਨਿਤ ਕੀਤਾ ਗਿਆ।ਸਾਰੇ ਵਿਦਿਆਰਥੀ ਡਾਂਸ ਫਲੋਰ 'ਤੇ ਨੱਚੇ।ਸਕੂਲ ਭਾਈਚਾਰੇ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ।ਸਟੂਡੈਂਟ ਆਫ ਦ ਈਅਰ ਐਵਾਰਡ 12ਵੀਂ ਜਮਾਤ ਦੇ ਸਚਿਤ ਸ਼ਰਮਾ ਅਤੇ ਗੁਰਲੀਨ ਕੌਰ ਨੂੰ, 10ਵੀਂ ਜਮਾਤ ਦੇ ਅਭਿਜੀਤ ਸਿੰਘ ਅਤੇ ਤਵਲੀਨ ਕੌਰ ਨੂੰ ਮਿਲਿਆ, ਮਿਸਟਰ ਫੇਅਰਵੈਲ ਦਾ ਖਿਤਾਬ 12ਵੀਂ ਜਮਾਤ ਦੇ ਜਸਕਰਨ ਸਿੰਘ ਅਤੇ ਮਿਸ ਫੇਅਰਵੈਲ ਯਸ਼ਿਕਾ ਸੁਮਨ ਨੂੰ ਅਤੇ ਮਿਸ ਫੇਅਰਵੈਲ ਦਾ ਖਿਤਾਬ 10ਵੀਂ ਜਮਾਤ ਦੇ ਸਹਿਜਦੀਪ ਸਿੰਘ ਨੂੰ ਅਤੇ ਮਿਸ ਫੇਅਰਵੈਲ ਦਾ ਖਿਤਾਬ ਸ਼ੁਭ ਪ੍ਰੀਤ ਕੌਰ ਨੂੰ ਦਿੱਤਾ ਗਿਆ।ਇਸ ਮੌਕੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਬਿਹਤਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਕਾਂਗਰਸ ਨੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਤਿਆਰੀਆਂ ਆਰੰਭੀਆਂ : ਸੱਚਰ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਮਜੀਠਾ ਦੇ ਕਾਂਗਰਸ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਮਜੀਠਾ ਹਲਕੇ ਦੇ ਕਾਂਗਰਸ ਦੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ ਕਰਕੇ ਅਗਾਮੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀਆਂ ਦੀਆਂ ਚੋਣਾਂ ਲਈ ਸਰਗਰਮੀਆਂ ਤੇਜ਼ ਕਰਨ ਵਾਸਤੇ ਕਿਹਾ ਕਿ ਜਲਦ ਹੀ ਹਲਕੇ ਦੇ ਸੀਨੀਅਰ ਕਾਂਗਰਸੀ ਆਗੂਆਂ, ਵਰਕਰਾਂ, ਸਰਪੰਚਾਂ, ਪੰਚਾਂ ਤੇ ਮੋਹਤਬਰਾਂ ਦੀ ਮੀਟਿੰਗ ਬੁਲਾਕੇ ਸਾਰੀ ਰਣਨੀਤੀ ਤੈਅ ਕਰ ਲਈ ਜਾਵੇਗੀ। ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਜਲਦ ਹੀ ਮਹਿਕਮਾ ਪੰਚਾਇਤੀ ਰਾਜ ਵੱਲੋਂ ਬਲਾਕ ਸੰਮਤੀਆਂ ਤੇ ਜ਼ਿਲਾ ਪ੍ਰੀਸ਼ਦ ਦੇ ਜ਼ੋਨਾਂ ਦੀ ਵਿਸਥਾਰਪੂਰਵਕ ਜਾਣਕਾਰੀ ਉਪਰੰਤ ਹਰ ਪਿੰਡ ਪੱਧਰ ਤੇ ਮੀਟਿੰਗਾਂ ਸ਼ੁਰੂ ਕਰਾਂਗੇ। ਸੱਚਰ ਨੇ ਕਿਹਾ ਕਿ ਬਦਲਾਅ ਵਾਲੀ ਸਰਕਾਰ ਤੋਂ ਲੋਕਾਂ ਦਾ ਮੋਹ ਬੁਰੀ ਤਰ੍ਹਾਂ ਭੰਗ ਹੋ ਚੁੱਕਾ ਹੈ। ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਵੀ ਸਰਕਾਰ ਵੱਲੋਂ ਕੋਈ ਗ੍ਰਾਂਟ ਜਾਂ ਵਿਕਾਸ ਕਾਰਜ ਨਹੀਂ ਕਰਵਾਏ ਗਏ। ਜੇ ਅੱਜ ਵੀ ਕਿਸੇ ਪਿੰਡ ਵਿੱਚ ਤੇਸੀ ਜਾਂ ਕੰਰਡੀ ਖੜਕਦੀ ਹੈ ਤਾਂ ਸਾਡੀ ਪਿਛਲੀ ਕਾਂਗਰਸ ਸਰਕਾਰ ਵੇਲੇ ਦੀਆਂ ਦਿੱਤੀਆਂ ਹੋਈਆਂ ਗਰਾਂਟਾਂ ਜਾਂ ਕੇਂਦਰ ਦੀ ਨਰੇਗਾ ਸਕੀਮ ਕਰਕੇ। ਹੁਣ ਦਿੱਲੀ ਦੇ ਸੂਝਵਾਨ ਵੋਟਰਾਂ ਨੇ ਬੁਰੀ ਤਰਾਂ ਨਕਾਰ ਕੇ ਖਾਸ ਤੌਰ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਵੀ ਬੁਰੀ ਤਰਾਂ ਹਰਾ ਕੇ ਸਾਰੇ ਦੇਸ਼ ਵਿੱਚ ਸੁਨੇਹਾ ਦਿੱਤਾ ਕਿ ਲੋਕ ਤੁਹਾਡੇ ਅਸਲੀ ਚਿਹਰੇ ਨੂੰ ਪਛਾਣ ਚੁੱਕੇ ਹਨ। ਇਸ ਲਈ ਅਸੀਂ ਬਲਾਕ ਸੰਮਤੀਆਂ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਜਿੱਤਾਂਗੇ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜ ਪਾਲ ਸਿੰਘ ਸੋਹੀਆਂ, ਬਲਾਕ ਕਾਂਗਰਸ ਤਰਸਿੱਕਾ ਦੇ ਪ੍ਰਧਾਨ ਸਤਨਾਮ ਸਿੰਘ ਕਾਜੀਕੋਟ, ਬਲਾਕ ਕਾਂਗਰਸ ਕਮੇਟੀ ਮਜੀਠਾ ਸ਼ਹਿਰੀ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ, ਬਲਜੀਤ ਸਿੰਘ ਵਡਾਲਾ ਵੀ ਹਾਜ਼ਰ ਸਨ ।

# ਕਟਾਰੂਚੱਕ ਨੇ ਮਮੂਨ-ਮਾਧੋਪੁਰ ਡਿਫੈਂਸ ਸੜਕ ਨੂੰ ਮਜ਼ਬੂਤ ਤੇ ਚੌੜਾ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ



**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਦੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਇਲਾਕੇ ਦੇ ਲੋਕਾਂ ਦੀ ਲੰਮੇ ਸਮੇਂ ਤੋਂ ਚਲੀ ਆ ਰਹੀ ਮੰਗ ਪੂਰੀ ਕਰਦਿਆਂ ਮਮੂਨ ਤੋਂ ਮਾਧੋਪੁਰ ਤੱਕ ਡਿਫੈਂਸ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ।ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਟਾਰੂਚੱਕ ਨੇ ਦੱਸਿਆ ਕਿ ਕਰੀਬ 16 ਕਿਲੋਮੀਟਰ ਲੰਮੀ ਇਹ ਸੜਕ 10 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ ਰਿਕਾਰਡ ਸਮੇਂ ਵਿੱਚ ਤਿਆਰ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਚੌੜਾਈ ਪਹਿਲਾਂ 23 ਫੁੱਟ ਸੀ ਜਿਸ ਨੂੰ ਹੁਣ ਵਧਾ ਕੇ 33 ਫੁੱਟ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਮੂਨ ਤੋਂ ਮਾਧੋਪੁਰ ਡਿਫੈਂਸ ਰੋਡ ਤੇ ਆਵਾਜਾਈ ਵਧੇਰੇ ਹੋਣ ਕਰਕੇ ਇਥੇ ਭਿਆਨਕ ਹਾਦਸੇ ਵਾਪਰ ਰਹੇ ਸਨ ਅਤੇ ਕਈ ਕੀਮਤੀ ਜਾਨਾਂ ਚਲੀਆਂ ਗਈਆਂ ਜਿਸ ਕਾਰਨ ਇਸ ਸੜਕ ਨੂੰ ਚੌੜਾ ਅਤੇ ਮਜ਼ਬੂਤ ਕਰਨ ਦੀ ਮੰਗ ਉਠ ਰਹੀ ਸੀ।ਅੱਜ 10 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ 16 ਕਿਲੋਮੀਟਰ ਲੰਮੀ ਇਸ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ ਹੈ ਜਿਸ ਨੂੰ 23 ਫੁੱਟ ਦੀ ਥਾਂ ਹੁਣ 33 ਫੁੱਟ ਚੌੜਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਤੋਂ ਇਲਾਵਾ ਮਮੂਨ ਕੈਂਟ ਜਿੱਥੇ ਸਾਡੀ ਆਰਮੀ ਮੌਜੂਦ ਹੈ, ਉਸ ਨੂੰ ਵੀ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਵਿੱਚ ਇਹ ਸੜਕ ਸਭ ਤੋਂ ਚੌੜੀ ਹੋਵੇਗੀ।

ਮੰਤਰੀ ਨੇ ਕਿਹਾ ਕਿ ਸੜਕ ਦਾ ਕੰਮ ਰਿਕਾਰਡ ਸਮੇਂ ਵਿੱਚ ਅਤੇ ਬੜੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਅਤੇ ਸੜਕ ਠੇਕੇਦਾਰ ਨੂੰ ਵੀ ਹਦਾਇਤ ਕੀਤੀ ਕਿ ਲੋਕਾਂ ਦੇ ਟੈਕਸਾਂ ਦਾ ਪੈਸਾ ਮੁਕੰਮਲ ਤੌਰ ਤੇ ਲੋਕਾਂ ਲਈ ਹੀ ਖਰਚਿਆ ਜਾਵੇ ਅਤੇ ਇਸ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਮਮੂਨ ਚੌਂਕ ਦੇ ਦੁਕਾਨਦਾਰਾਂ ਚੌਂਕ ਨਜ਼ਦੀਕ ਇੱਕ ਪਬਲਿਕ ਟਾਇਲਟ ਬਣਾਉਣ ਦੀ ਮੰਗ ਰੱਖੀ ਜਿਸ ਨੂੰ ਬਣਾਉਣ ਲਈ ਮੰਤਰੀ ਨੇ ਸਹਿਮਤੀ ਜਤਾਈ। ਇਸ ਮੌਕੇ ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਪਰੇਟ ਬੈਂਕ, ਸਾਹਿਬ ਸਿੰਘ ਸਾਬਾ ਆਮ ਆਦਮੀ ਪਾਰਟੀ, ਭਾਨੂੰ ਠਾਕੁਰ ਆਮ ਆਦਮੀ ਪਾਰਟੀ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਐਡਵੋਕੇਟ ਰਮੇਸ਼ ਕੁਮਾਰ, ਕਮਲ ਨਾਇਨ, ਐੱਸਡੀਓ ਰੋਹਿਨ ਸੈਣੀ, ਜੇ. ਈ. ਦੀਪਕ ਕੁਮਾਰ, ਮਨਦੀਪ, ਅੰਬਿਤ ਜੇਈ, ਪ੍ਰਧਾਨ ਸੰਜੀਵ ਮਹਾਜਨ, ਕਰਨੈਲ ਚੰਦ, ਪੀਆਰਓ ਮਨਦੀਪ ਗਿੱਲ, ਉਪ ਪ੍ਰਧਾਨ ਸੁਮਿਤ ਮਹਾਜਨ, ਸੀਨੀਅਰ ਉਪ ਪ੍ਰਧਾਨ ਹਰੀ ਸਿੰਘ, ਹਰੀਸ਼ ਚੰਦੇਲ ਅਤੇ ਹੋਰ ਵਪਾਰ ਮੰਡਲ ਮਮੂਨ ਦੇ ਅਹੁਦੇਦਾਰ ਸ਼ਾਮਲ ਸਨ।

